ਬੁੱਧਵਾਰ, 14 ਜਨਵਰੀ, 2026
1 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 225

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 14 JANUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਈਰਾਨ ਨਾਲ ਵਪਾਰ ਕਰਨ ਵਾਲਿਆਂ 'ਤੇ ਲਾਵਾਂਗੇ 25 ਫੀਸਦੀ ਟੈਕਸ : ਟਰੰਪ

**ਵਾਸ਼ਿੰਗਟਨ** : ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਹੈ ਕਿ ਜੋ ਵੀ ਦੇਸ਼ ਈਰਾਨ ਨਾਲ ਵਪਾਰ ਕਰਦਾ ਹੈ ਤਾਂ ਉਸ 'ਤੇ 25 ਫੀਸਦੀ ਟੈਕਸ ਲਾਇਆ ਜਾਵੇਗਾ। ਇਹ ਹੁਕਮ ਫੌਰੀ ਲਾਗੂ ਹੋ ਗਏ ਹਨ। ਟਰੰਪ ਨੇ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਇਹ ਜਾਣਕਾਰੀ ਦਿੱਤੀ ਹੈ। ਦੂਜੇ ਪਾਸੇ ਵ੍ਹਾਈਟ ਹਾਊਸ ਵੱਲੋਂ ਇਸ ਟੈਕਸ ਸੰਬੰਧੀ ਕੋਈ ਦਸਤਾਵੇਜ਼ ਜਾਰੀ ਨਹੀਂ ਕੀਤਾ ਗਿਆ। ਇਹ ਫੈਸਲਾ ਉਸ ਵੇਲੇ ਕੀਤਾ ਗਿਆ ਹੈ ਜਦੋਂ ਈਰਾਨ ਵਿਚ ਸਰਕਾਰ ਵਿਰੋਧੀ ਪ੍ਰਦਰਸ਼ਨ ਜਾਰੀ ਹਨ । ਇਸ ਵੇਲੇ ਈਰਾਨ ਨਾਲ ਮੁੱਖ ਤੌਰ 'ਤੇ ਚੀਨ, ਸੰਯੁਕਤ ਅਰਬ ਅਮੀਰਾਤ ਅਤੇ ਭਾਰਤ ਵਪਾਰ ਕਰ ਰਹੇ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਕ ਦਿਨ ਪਹਿਲਾਂ ਕਿਹਾ ਸੀ ਕਿ ਪ੍ਰਦਰਸ਼ਨਕਾਰੀਆਂ ਖਿਲਾਫ਼ ਹਿੰਸਕ ਕਾਰਵਾਈ ਨੂੰ ਲੈ ਕੇ ਈਰਾਨ 'ਤੇ ਹਮਲਾ ਕਰਨ ਦੀ ਧਮਕੀ ਦੇਣ ਤੋਂ ਬਾਅਦ ਤਹਿਰਾਨ ਵਾਸ਼ਿੰਗਟਨ ਨਾਲ ਗੱਲਬਾਤ ਕਰਨਾ ਚਾਹੁੰਦਾ ਹੈ।





ਚੀਨ ਦੇ ਸਰਕਾਰੀ ਮੀਡੀਆ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐੱਕਸ' 'ਤੇ ਏ ਆਈ (ਆਰਟੀਫਿਸ਼ੀਅਲ ਇੰਟੈਲੀਜੈਂਸ) ਵੀਡੀਓ ਸਾਂਝੀ ਕੀਤੀ ਹੈ, ਜਿਸ ਵਿੱਚ ਇੱਕ ਕਿਰਦਾਰ ਨੂੰ ਅਮਰੀਕੀ ਝੰਡੇ ਵਾਲੀ ਟੋਪੀ ਪਾਈ ਦਿਖਾਇਆ ਗਿਆ ਹੈ, ਜਿਸ ਦਾ ਸਿੱਧਾ ਇਸ਼ਾਰਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲ ਹੈ। ਉਸ ਹੇਠਾਂ ਕੈਪਸ਼ਨ ਦਿੱਤੀ ਹੈ : ਤੁਹਾਡਾ ਤੇਲ, ਤੁਹਾਡੀ ਜ਼ਮੀਨ, ਇਹ ਸਭ ਮੇਰਾ ਸ਼ਿਕਾਰ ਹੈ। ਮਾਦੁਰੋ ਨੂੰ ਹਟਾਉਣਾ ਇੱਕ ਛੋਟੀ ਜਿਹੀ ਖੇਡ ਹੈ। ਮੇਰੇ ਲਈ ਅੰਤਰਰਾਸ਼ਟਰੀ ਨਿਯਮ ਕੋਈ ਮਾਇਨੇ ਨਹੀਂ ਰੱਖਦੇ। ਮੈਨੂੰ ਕਿਸੇ ਦੀ ਇਜਾਜ਼ਤ ਦੀ ਲੋੜ ਨਹੀਂ। ਮੇਰੇ ਕੋਲ ਬਹੁਤ ਵੱਡੀ ਫੌਜ ਹੈ। ਮੈਂ ਜੋ ਚਾਹਾਂ ਉਹ ਕਰ ਸਕਦਾ ਹਾਂ ਅਤੇ ਜੋ ਚਾਹਾਂ ਉਹ ਖੋਹ ਸਕਦਾ ਹਾਂ। ਇਹ ਵੀਡੀਓ ਅਜਿਹੇ ਸਮੇਂ ਆਈ ਹੈ, ਜਦੋਂ ਟਰੰਪ ਨੇ ਵੈਨੇਜ਼ੁਏਲਾ ਦੇ ਤੇਲ 'ਤੇ ਕਬਜ਼ਾ ਕਰਨ ਤੋਂ ਬਾਅਦ ਗ੍ਰੀਨਲੈਂਡ ਨੂੰ ਹਥਿਆਉਣ 'ਤੇ ਵੀ ਨਜ਼ਰਾਂ ਟਿਕਾ ਦਿੱਤੀਆਂ ਹਨ। ਇਸ ਤੋਂ ਇਲਾਵਾ ਈਰਾਨ ਦੀ ਸਰਕਾਰ ਨੂੰ ਵੀ ਹਮਲੇ ਦੀਆਂ ਧਮਕੀਆਂ ਦੇ ਰਿਹਾ ਹੈ। ਚੀਨ ਨੇ ਇਸ ਵੀਡੀਓ ਰਾਹੀਂ ਦੁਨੀਆ ਨੂੰ ਇਹ ਦਿਖਾਉਣ ਦੀ ਕੋਸ਼ਿਸ਼ ਕੀਤੀ ਹੈ ਕਿ ਅਮਰੀਕਾ ਧੱਕੇਸ਼ਾਹ ਦੇਸ਼ ਵਜੋਂ ਉਭਰ ਰਿਹਾ ਹੈ, ਜੋ ਕਿਸੇ ਵੀ ਕਾਨੂੰਨ ਨੂੰ ਨਹੀਂ ਮੰਨਦਾ।

## ਜੇ ਇੰਨਾ ਪਿਆਰ ਹੈ ਤਾਂ ਕੁੱਤਿਆਂ ਨੂੰ ਘਰ ਲੈ ਜਾਓ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਦੇਸ਼ ਵਿੱਚ ਅਵਾਰਾ ਕੁੱਤਿਆਂ ਦੇ ਵਧਦੇ ਹਮਲਿਆਂ 'ਤੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਕਿਹਾ ਹੈ ਕਿ ਹੁਣ ਕੁੱਤੇ ਦੇ ਵੱਢਣ ਦੀਆਂ ਘਟਨਾਵਾਂ ਲਈ ਸੂਬਾ ਸਰਕਾਰਾਂ ਨੂੰ 'ਭਾਰੀ ਮੁਆਵਜ਼ਾ' ਦੇਣ ਲਈ ਕਿਹਾ ਜਾਵੇਗਾ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਐਨ.ਵੀ. ਅੰਜਾਰੀਆ ਦੀ ਬੈਂਚ ਨੇ ਪਿਛਲੇ ਪੰਜ ਸਾਲਾਂ ਤੋਂ ਅਵਾਰਾ ਪਸ਼ੂਆਂ ਬਾਰੇ ਨਿਯਮਾਂ ਨੂੰ ਲਾਗੂ ਕਰਨ ਵਿੱਚ ਸਰਕਾਰਾਂ ਦੀ ਨਾਕਾਮੀ 'ਤੇ ਡੂੰਘੀ ਚਿੰਤਾ ਪ੍ਰਗਟਾਈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਕੁੱਤਾ ਕਿਸੇ ਬੱਚੇ ਜਾਂ ਬਜ਼ੁਰਗ ਨੂੰ ਜ਼ਖ਼ਮੀ ਕਰਦਾ ਹੈ ਜਾਂ ਉਸ ਕਾਰਨ ਮੌਤ ਹੁੰਦੀ ਹੈ, ਤਾਂ ਇਸ ਦੀ ਸਿੱਧੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ ਕਿਉਂਕਿ ਉਹ ਜਨਤਕ ਸੁਰੱਖਿਆ ਦੇ ਨਿਯਮ ਲਾਗੂ ਕਰਨ ਵਿੱਚ ਅਸਫ਼ਲ ਰਹੀ ਹੈ। ਅਦਾਲਤ ਨੇ ਸਿਰਫ਼ ਸਰਕਾਰਾਂ ਨੂੰ ਹੀ ਨਹੀਂ, ਸਗੋਂ ਕੁੱਤਿਆਂ ਨੂੰ ਖਾਣਾ ਖੁਆਉਣ ਵਾਲੇ (ਫੀਡਰਾਂ) ਅਤੇ ਜਾਨਵਰ ਪ੍ਰੇਮੀਆਂ ਨੂੰ ਵੀ ਘੇਰੇ ਵਿੱਚ ਲਿਆ ਹੈ। ਬੈਂਚ ਨੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਜੇਕਰ ਕੋਈ ਕੁੱਤਾ ਹਮਲਾ ਕਰਦਾ ਹੈ ਤਾਂ ਖਾਣਾ ਖੁਆਉਣ ਵਾਲਿਆਂ ਦੀ ਜਵਾਬਦੇਹੀ ਵੀ ਤੈਅ ਕੀਤੀ ਜਾਵੇਗੀ। ਜਸਟਿਸ ਨਾਥ ਨੇ ਸਵਾਲ ਕੀਤਾ, "ਜੇਕਰ ਤੁਹਾਨੂੰ ਇਹਨਾਂ ਜਾਨਵਰਾਂ ਨਾਲ ਇੰਨਾ ਪਿਆਰ ਹੈ ਤਾਂ ਤੁਸੀਂ ਇਨ੍ਹਾਂ ਨੂੰ ਆਪਣੇ ਘਰ ਕਿਉਂ ਨਹੀਂ ਲੈ ਜਾਂਦੇ ?

## ਡਿਲੀਵਰੀ 'ਚ 10 ਮਿੰਟ ਦੀ ਡੈੱਡਲਾਈਨ ਖ਼ਤਮ



**ਨਵੀਂ ਦਿੱਲੀ** : ਕੇਂਦਰ ਸਰਕਾਰ ਦੇ ਸਖ਼ਤ ਦਬਾਅ ਤੋਂ ਬਾਅਦ ਦੇਸ਼ ਦੀਆਂ ਪ੍ਰਮੁੱਖ ਡਿਲੀਵਰੀ ਕੰਪਨੀਆਂ ਨੇ 10 ਮਿੰਟ ਦੇ ਅੰਦਰ ਸਾਮਾਨ ਪਹੁੰਚਾਉਣ ਦੀ ਵਿਵਾਦਤ ਸ਼ਰਤ ਨੂੰ ਵਾਪਸ ਲੈ ਲਿਆ ਹੈ। ਕੇਂਦਰੀ ਕਿਰਤ ਮੰਤਰੀ ਮਨਸੁਖ ਮਾਂਡਵੀਆ ਨੇ ਬਲਿੰਕਿਟ, ਜ਼ੈਪਟੋ, ਜ਼ੋਮੈਟੋ ਅਤੇ ਸਵਿਗੀ ਵਰਗੇ ਪਲੇਟਫਾਰਮਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ, ਜਿਸ ਵਿੱਚ ਡਿਲੀਵਰੀ ਦੇ ਘੱਟ ਸਮੇਂ ਕਾਰਨ ਵਰਕਰਾਂ 'ਤੇ ਪੈ ਰਹੇ ਮਾਨਸਿਕ ਅਤੇ ਸਰੀਰਕ ਦਬਾਅ ਦਾ ਮੁੱਦਾ ਚੁੱਕਿਆ ਗਿਆ। ਬਲਿੰਕਿਟ ਨੇ ਪਹਿਲ ਕਰਦਿਆਂ ਆਪਣੀ ਬ੍ਰਾਂਡਿੰਗ ਵਿੱਚੋਂ '10 ਮਿੰਟ' ਦਾ ਸ਼ਬਦ ਹਟਾ ਦਿੱਤਾ ਹੈ ਅਤੇ ਹੁਣ ਆਪਣੀ ਟੈਗਲਾਈਨ ਬਦਲ ਕੇ '30,000 ਤੋਂ ਵੱਧ ਉਤਪਾਦ ਤੁਹਾਡੇ ਬੂਹੇ 'ਤੇ' ਕਰ ਦਿੱਤੀ ਹੈ। ਆਉਣ ਵਾਲੇ ਦਿਨਾਂ ਵਿੱਚ ਬਾਕੀ ਕੰਪਨੀਆਂ ਵੱਲੋਂ ਵੀ ਅਜਿਹੇ ਕਦਮ ਚੁੱਕੇ ਜਾਣ ਦੀ ਉਮੀਦ ਹੈ ਤਾਂ ਜੋ ਡਿਲੀਵਰੀ ਕਾਮਿਆਂ ਲਈ ਕੰਮ ਦੇ ਹਾਲਾਤ ਸੁਖਾਵੇਂ ਬਣਾਏ ਜਾ ਸਕਣ। ਦੱਸ ਦੇਈਏ ਕਿ ਰਾਘਵ ਚੱਢਾ ਨੇ ਸੰਸਦ ਦੇ ਸਰਦੀਆਂ ਦੇ ਸੈਸ਼ਨ ਵਿੱਚ ਗਿਗ ਅਤੇ ਪਲੇਟਫਾਰਮ ਵਰਕਰਾਂ ਦਾ ਮੁੱਦਾ ਉਠਾਇਆ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਵਰਕਰਾਂ ਦੀਆਂ ਸਥਿਤੀਆਂ ਰੋਜ਼ਾਨਾ ਦਿਹਾੜੀਦਾਰ ਮਜ਼ਦੂਰਾਂ ਨਾਲੋਂ ਵੀ ਮਾੜੀਆਂ ਹੋ ਗਈਆਂ ਹਨ।

ਡਿਲੀਵਰੀ ਬੁਆਏ, ਰਾਈਡਰ, ਡਰਾਈਵਰ ਅਤੇ ਟੈਕਨੀਸ਼ੀਅਨ ਸਤਿਕਾਰ, ਸੁਰੱਖਿਆ ਅਤੇ ਉਚਿਤ ਤਨਖਾਹ ਦੇ ਹੱਕਦਾਰ ਹਨ। ਉਨ੍ਹਾਂ ਮੰਗ ਕੀਤੀ ਕਿ 10-ਮਿੰਟ ਦੀ ਡਿਲੀਵਰੀ ਦੇ ਕਲਚਰ ਨੂੰ ਖਤਮ ਕੀਤਾ ਜਾਵੇ। ਗਿਗ ਵਰਕਰਾਂ ਨੂੰ ਦੂਜੇ ਕਰਮਚਾਰੀਆਂ ਵਾਂਗ ਹੀ ਲਾਭ ਮਿਲਣੇ ਚਾਹੀਦੇ ਹਨ।

## ਮੁੱਖ ਮੰਤਰੀ 10 ਵਜੇ ਹੀ ਪੇਸ਼ ਹੋਣ ਲਈ ਤਿਆਰ



**ਅੰਮ੍ਰਿਤਸਰ** : ਮੁੱਖ ਮੰਤਰੀ ਭਗਵੰਤ ਮਾਨ ਦਾ ਰੁਝੇਵਾਂ ਦੱਸ ਕੇ ਸ੍ਰੀ ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ 15 ਜਨਵਰੀ ਨੂੰ ਉਨ੍ਹਾਂ ਨਾਲ ਮਿਲਣ ਦਾ ਸਮਾਂ ਬਦਲ ਦਿੱਤਾ ਗਿਆ ਸੀ, ਪਰ ਦੂਜੇ ਪਾਸੇ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ 15 ਜਨਵਰੀ ਦਾ ਦਿਨ ਸਿਰਫ ਸ੍ਰੀ ਅਕਾਲ ਤਖਤ ਨੂੰ ਹੀ ਸਮਰਪਿਤ ਕੀਤਾ ਹੋਇਆ ਹੈ ਅਤੇ ਉਹ ਸਵੇਰੇ 10 ਵਜੇ ਪੇਸ਼ ਹੋਣ ਲਈ ਤਿਆਰ ਹਨ। ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖਤ ਵੱਲੋਂ ਹੁਣ ਇਹ ਸਮਾਂ ਸਵੇਰ 10 ਵਜੇ ਦੀ ਥਾਂ ਸ਼ਾਮ 4:30 ਵਜੇ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਬਦਲੇ ਗਏ ਸਮੇਂ ਸੰਬੰਧੀ ਆਪਣੀਆਂ ਭਾਵਨਾਵਾਂ ਦਾ ਖੁਲਾਸਾ ਆਪਣੇ ਸੋਸ਼ਲ ਮੀਡੀਆ ਖਾਤੇ ਐਕਸ ਰਾਹੀਂ ਕੀਤਾ ਹੈ। ਜਥੇਦਾਰ ਨੂੰ ਸੰਬੋਧਨ ਹੁੰਦਿਆਂ ਉਨ੍ਹਾਂ ਕਿਹਾ, 'ਮੇਰਾ 15 ਜਨਵਰੀ ਨੂੰ ਕੋਈ ਹੋਰ ਰੁਝੇਵਾਂ ਨਹੀਂ, ਮੈਂ ਰਾਸ਼ਟਰਪਤੀ ਦੇ ਦਫ਼ਤਰ ਵਿਖੇ ਵੀ ਸੂਚਨਾ ਦੇ ਦਿੱਤੀ ਹੈ। 15 ਜਨਵਰੀ ਦਾ ਦਿਨ ਆਪ ਜੀ ਦੇ ਆਦੇਸ਼ ਮੁਤਾਬਿਕ ਪੂਰੀ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਸਮਾਂ ਬਦਲਣ ਸੰਬੰਧੀ ਕੋਈ ਵੀ ਅਧਿਕਾਰਤ ਪੱਤਰ ਜਾਂ ਬਿਆਨ ਮੇਰੇ ਜਾਂ ਦਫ਼ਤਰ ਵੱਲੋਂ ਜਾਰੀ ਨਹੀਂ ਕੀਤਾ ਗਿਆ।

## ਠੰਢ ਨੇ ਸ਼ਿਕੰਜਾ ਕੱਸਿਆ, ਪਾਰਾ 0.6 ਡਿਗਰੀ

**ਚੰਡੀਗੜ੍ਹ** : ਪੰਜਾਬ ਤੇ ਚੰਡੀਗੜ੍ਹ ਸੀਤ ਲਹਿਰ ਦੀ ਲਪੇਟ ਵਿੱਚ ਹਨ। ਚੰਡੀਗੜ੍ਹ ਵਿੱਚ ਘੱਟੋ-ਘੱਟ ਤਾਪਮਾਨ 2.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਪਿਛਲੇ 9 ਸਾਲਾਂ ਵਿੱਚ ਸ਼ਹਿਰ ਵਿੱਚ ਸਭ ਤੋਂ ਘੱਟ ਤਾਪਮਾਨ ਦਰਜ ਕੀਤਾ ਗਿਆ ਹੈ। ਤਾਪਮਾਨ ਵਿਚ ਤੇਜ਼ੀ ਨਾਲ ਆਈ ਗਿਰਾਵਟ ਕਾਰਨ ਲੋਕਾਂ ਦੇ ਹੱਥ-ਪੈਰ ਸੁੰਨ ਹੋ ਰਹੇ ਹਨ। ਦੂਜੇ ਪਾਸੇ ਪਹਾੜਾਂ ਵਿਚ ਠੰਢ ਵਧਣ ਤੇ ਬਰਫੀਲੀਆਂ ਹਵਾਵਾਂ ਨੇ ਠੰਢ ਨੂੰ ਹੋਰ ਵਧਾ ਦਿੱਤਾ ਹੈ। ਇਸ ਦੌਰਾਨ ਚੰਡੀਗੜ੍ਹ ਤੇ ਮੋਹਾਲੀ ਦੀ ਹੱਦ 'ਤੇ ਪੈਂਦੇ ਸੈਕਟਰ ਸੰਘਣੀ ਧੁੰਦ ਦੀ ਮਾਰ ਹੇਠ ਆਏ। ਇਸ ਦੌਰਾਨ ਦਿਸਣ ਹੱਦ ਪੰਜਾਹ ਮੀਟਰ ਦੇ ਕਰੀਬ ਹੀ ਰਹੀ। ਸਵੇਰ ਵੇਲੇ ਤਾਪਮਾਨ 8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਸੈਕਟਰ-50 ਤੇ 49 ਤੇ ਗਊਸ਼ਾਲਾ ਤੋਂ ਚੰਡੀਗੜ੍ਹ ਦੇ ਸੈਕਟਰ-43 ਦੇ ਬੱਸ ਸਟੈਂਡ ਨੂੰ ਜਾਂਦੀ ਸੜਕ ਦੇ ਆਲੇ-ਦੁਆਲੇ ਵੀ ਸੰਘਣੀ ਧੁੰਦ ਦੇਖਣ ਨੂੰ ਮਿਲੀ। ਚੰਡੀਗੜ੍ਹ ਵਿਚ ਭਾਵੇਂ ਧੁੰਦ ਪਈ, ਪਰ ਇਹ ਸੰਘਣੀ ਨਹੀਂ ਸੀ। ਮੋਹਾਲੀ ਵਿਚ ਸਵੇਰੇ ਪੰਜ ਵਜੇ ਧੁੰਦ ਨਹੀਂ ਸੀ, ਪਰ ਸੱਤ ਵਜੇ ਤੋਂ ਬਾਅਦ ਧੁੰਦ ਸੰਘਣੀ ਹੋ ਗਈ। ਉੱਤਰੀ ਖਿੱਤੇ ਵਿਚ ਇਸ ਵੇਲੇ ਹੱਡ ਚੀਰਵੀਂ ਠੰਢ ਸ਼ੁਰੂ ਹੋ ਗਈ ਹੈ। ਸੈਕਟਰ-45 ਦੇ ਮਜ਼ਦੂਰਾਂ ਦੇ ਖੜ੍ਹਨ ਵਾਲੀ ਥਾਂ 'ਤੇ ਟਾਂਵੇਂ-ਟਾਂਵੇਂ ਲੋਕ ਦੇਖਣ ਨੂੰ ਮਿਲੇ ਜਦ ਕਿ ਆਮ ਦਿਨਾਂ ਵਿਚ ਇੱਥੇ ਸੱਤ ਵਜੇ ਤੋਂ ਹੀ ਮਜ਼ਦੂਰਾਂ ਦੀ ਆਮਦ ਸ਼ੁਰੂ ਹੋ ਜਾਂਦੀ ਹੈ। ਪੰਜਾਬ ਵਿਚ ਮੰਗਲਵਾਰ ਨੂੰ ਲੋਹੜੀ ਮੌਕੇ ਠੰਢ ਦਾ ਰੈਡ ਅਲਰਟ ਜਾਰੀ ਕੀਤਾ ਗਿਆ ਹੈ। ਇਸ ਸੀਜ਼ਨ ਵਿਚ ਪਹਿਲੀ ਵਾਰ ਮੌਸਮ ਵਿਭਾਗ ਨੇ ਅਜਿਹਾ ਅਲਰਟ ਜਾਰੀ ਕਰਦਿਆਂ ਕਿਹਾ ਹੈ ਕਿ 15 ਜਨਵਰੀ ਤੱਕ ਸੀਤ ਲਹਿਰ ਤੋਂ ਰਾਹਤ ਨਹੀਂ ਮਿਲੇਗੀ। ਠੰਢ ਕਾਰਨ ਬਠਿੰਡਾ ਵਿਚ ਘੱਟ ਤੋਂ ਘੱਟ ਤਾਪਮਾਨ 0.6 ਡਿਗਰੀ ਸੈਲਸੀਅਸ ਪੁੱਜ ਗਿਆ ਹੈ, ਜੋ ਸ਼ਿਮਲਾ ਨਾਲੋਂ ਵੀ ਠੰਢਾ ਹੈ। ਇਸ ਠੰਢ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੇ ਵੀ ਲੋਕਾਂ ਨੂੰ ਠੰਢ ਤੋਂ ਬਚਣ ਦੀ ਸਲਾਹ ਦਿੱਤੀ ਹੈ। ਮੌਸਮ ਵਿਭਾਗ ਅਨੁਸਾਰ 17 ਤੇ 18 ਜਨਵਰੀ ਨੂੰ ਕਈ ਥਾਵਾਂ 'ਤੇ ਮੀਂਹ ਪੈ ਸਕਦਾ ਹੈ।



## ਸਿੱਟ ਦੀ ਟੀਮ ਐੱਸ ਜੀ ਪੀ ਸੀ ਦੇ ਚੰਡੀਗੜ੍ਹ ਦਫਤਰ ਪੁੱਜੀ

**ਚੰਡੀਗੜ੍ਹ** : ਗੁਰੂ ਗ੍ਰੰਥ ਸਾਹਿਬ ਦੇ ਲਾਪਤਾ ਸਰੂਪਾਂ ਦੇ ਮਾਮਲੇ ਵਿਚ ਗਠਿਤ ਵਿਸ਼ੇਸ਼ ਜਾਂਚ ਟੀਮ ਐੱਸ ਪੀ ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਮੰਗਲਵਾਰ ਐਸ ਜੀ ਪੀ ਸੀ ਦੇ ਸਥਾਨਕ ਦਫ਼ਤਰ ਵਿਚ ਪੁੱਜੀ, ਜਿੱਥੇ ਉਨ੍ਹਾਂ ਸਕੱਤਰ ਸੁਖਮਿੰਦਰ ਸਿੰਘ ਨਾਲ ਮੁਲਾਕਾਤ ਕੀਤੀ ਤੇ ਲੋੜੀਂਦਾ ਰਿਕਾਰਡ ਮੰਗਿਆ। ਉਨ੍ਹਾ ਅਰਜ਼ੀ ਦਿੱਤੀ ਕਿ ਵਿਸ਼ੇਸ਼ ਜਾਂਚ ਟੀਮ ਨੂੰ ਰਿਕਾਰਡ ਮੁਹੱਈਆ ਕਰਵਾਇਆ ਜਾਵੇ। ਸਕੱਤਰ ਨੇ ਪੁਲੀਸ ਟੀਮ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਸੰਬੰਧੀ ਉਚ ਅਧਿਕਾਰੀਆਂ ਨਾਲ ਰਾਬਤਾ ਬਣਾਉਣ ਤੋਂ ਬਾਅਦ ਹੀ ਦੱਸ ਸਕਦੇ ਹਨ।

ਜ਼ਿਕਰਯੋਗ ਹੈ ਕਿ ਲਾਪਤਾ ਸਰੂਪ ਮਾਮਲੇ ਵਿੱਚ 7 ਦਸੰਬਰ ਨੂੰ ਥਾਣਾ ਇਸਲਾਮਾਬਾਦ ਵਿਖੇ ਆਈ ਪੀ ਸੀ ਦੀ ਧਾਰਾ 295, 295ਏ, 120 ਬੀ, 409 ਅਤੇ 465 ਹੇਠ ਕੇਸ ਦਰਜ ਕੀਤਾ ਗਿਆ ਸੀ। ਇਸ ਮਾਮਲੇ ਵਿੱਚ 16 ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਸੀ, ਇਨ੍ਹਾਂ ਵਿੱਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਤੇ ਮੌਜੂਦਾ ਕਰਮਚਾਰੀ ਅਤੇ ਹੋਰ ਸ਼ਾਮਿਲ ਸਨ।

## ਚੰਡੀਗੜ੍ਹ 'ਚ ਸਕੂਲ 18 ਤੱਕ ਰਹਿਣਗੇ ਬੰਦ

**ਚੰਡੀਗੜ੍ਹ** : ਚੰਡੀਗੜ੍ਹ ਦੇ ਸਕੂਲਾਂ ਵਿਚ ਸਰਦੀ ਦੀਆਂ ਛੁੱਟੀਆਂ ਵਧਾ ਦਿੱਤੀਆਂ ਹਨ। ਹੁਣ ਚੰਡੀਗੜ੍ਹ ਵਿਚ ਸਕੂਲ 19 ਜਨਵਰੀ ਨੂੰ ਖੁੱਲ੍ਹਣਗੇ। ਇਹ ਛੁੱਟੀਆਂ ਹੱਡ ਚੀਰਵੀਂ ਠੰਢ ਹੋਣ ਕਰਕੇ ਵਧਾਈਆਂ ਗਈਆਂ ਹਨ। ਯੂ ਟੀ ਦੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਨਿਰਮਲਾ ਨੇ ਮੰਗਲਵਾਰ ਨੂੰ ਹੁਕਮ ਜਾਰੀ ਕਰਦਿਆਂ ਕਿਹਾ ਕਿ ਸਕੂਲਾਂ ਦੇ ਪਹਿਲਾਂ ਵਾਲੇ ਹੁਕਮਾਂ ਵਿਚ ਵਾਧਾ ਕੀਤਾ ਗਿਆ ਹੈ ਤੇ ਛੁੱਟੀਆਂ 17 ਤੱਕ ਵਧਾਈਆਂ ਗਈਆਂ ਹਨ, 18 ਜਨਵਰੀ ਨੂੰ ਐਤਵਾਰ ਹੈ ਤੇ ਹੁਣ ਸਕੂਲ 19 ਨੂੰ ਖੁੱਲ੍ਹਣਗੇ। ਸਕੂਲ ਆਪਣੇ ਹਿਸਾਬ ਨਾਲ ਵਿਦਿਆਰਥੀਆਂ ਨੂੰ ਆਨਲਾਈਨ ਜਮਾਤਾਂ ਲਾ ਸਕਣਗੇ, ਪਰ ਅੱਠਵੀਂ ਜਮਾਤ ਤੇ ਨੌਵੀਂ ਤੇ ਗਿਆਰ੍ਹਵੀਂ ਜਮਾਤ ਲਈ ਸਕੂਲ ਫਿਜ਼ੀਕਲੀ ਬੰਦ ਰਹਿਣਗੇ। ਬੋਰਡ ਜਮਾਤਾਂ ਵਾਲੇ ਵਿਦਿਆਰਥੀਆਂ ਨੂੰ ਸਕੂਲ ਸੱਦਿਆ ਜਾ ਸਕਦਾ ਹੈ ਤੇ ਸ਼ਾਮ ਦੀਆਂ ਸ਼ਿਫਟਾਂ ਵਿਚ ਚਲਦੇ ਸਕੂਲ ਸਵੇਰ ਵਾਲੀਆਂ ਸ਼ਿਫਟਾਂ ਵਿਚ ਹੀ ਚਲਾਏ ਜਾ ਸਕਣਗੇ।

## ਫਾਜ਼ਿਲਕਾ 'ਚ ਹੋਵੇਗਾ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਗਮ

**ਚੰਡੀਗੜ੍ਹ** : ਗਣਤੰਤਰ ਦਿਵਸ ਦਾ ਸੂਬਾ ਪੱਧਰੀ ਸਮਾਗਮ ਪਟਿਆਲਾ ਤੋਂ ਫਾਜ਼ਿਲਕਾ ਤਬਦੀਲ ਕਰ ਦਿੱਤਾ ਗਿਆ ਹੈ। ਹੁਣ ਰਾਜਪਾਲ ਫਾਜ਼ਿਲਕਾ ਵਿੱਚ ਝੰਡਾ ਲਹਿਰਾਉਣਗੇ, ਜਦ ਕਿ ਪਟਿਆਲਾ ਵਿਚ ਕੌਮੀ ਝੰਡਾ ਸਿੱਖਿਆ ਮੰਤਰੀ ਹਰਜੋਤ ਬੈਂਸ ਲਹਿਰਾਉਣਗੇ। ਪਹਿਲਾਂ ਰਾਜ ਪੱਧਰੀ ਸਮਾਗਮ ਪਟਿਆਲਾ ਵਿੱਚ ਹੋਣਾ ਸੀ।

## ਈਰਾਨ ਵੱਲੋਂ ਵਿਦੇਸ਼ 'ਚ ਫੋਨ ਕਰਨ ਦੀ ਖੁੱਲ੍ਹ

**ਦੁਬਈ** : ਈਰਾਨ ਨੇ ਮਹਿੰਗਾਈ ਅਤੇ ਮੁਦਰਾ ਦੇ ਮੁੱਲ ਵਿੱਚ ਗਿਰਾਵਟ ਨੂੰ ਲੈ ਕੇ ਦੇਸ਼-ਵਿਆਪੀ ਵਿਰੋਧ ਪ੍ਰਦਰਸ਼ਨਾਂ ਦਰਮਿਆਨ ਮੰਗਲਵਾਰ ਪਹਿਲੀ ਵਾਰ ਲੋਕਾਂ ਨੂੰ ਆਪਣੇ ਮੋਬਾਇਲ ਫੋਨਾਂ ਰਾਹੀਂ ਦੇਸ਼ ਤੋਂ ਬਾਹਰ ਰਹਿੰਦੇ ਆਪਣੇ ਸਕੇ-ਸਬੰਧੀਆਂ ਨੂੰ ਫੋਨ ਕਰਨ ਦੀ ਖੁੱਲ੍ਹ ਦੇ ਦਿੱਤੀ ਹੈ। ਹਾਲਾਂ ਕਿ ਇੰਟਰਨੈੱਟ ਜਾਂ ਟੈਕਸਟ (ਮੈਸੇਜਿੰਗ) ਸੇਵਾਵਾਂ 'ਤੇ ਲੱਗੀਆਂ ਪਾਬੰਦੀਆਂ ਅਜੇ ਵੀ ਜਾਰੀ ਹਨ। ਪਿਛਲੇ ਕਈ ਦਿਨਾਂ ਤੋਂ ਜਾਰੀ ਦੇਸ਼-ਵਿਆਪੀ ਵਿਰੋਧ ਪ੍ਰਦਰਸ਼ਨਾਂ ਵਿਚ ਜਾਨਾਂ ਗੁਆਉਣ ਵਾਲੇ ਲੋਕਾਂ ਦੀ ਗਿਣਤੀ ਵਧ ਕੇ 646 ਹੋ ਗਈ ਹੈ।

## ਅਮਰੀਕਾ ਨੇ ਪਿਛਲੇ ਸਾਲ ਲੱਖ ਤੋਂ ਵੱਧ ਵੀਜ਼ੇ ਕੀਤੇ ਰੱਦ

**ਵਾਸ਼ਿੰਗਟਨ** : ਅਮਰੀਕਾ ਵਿਚ ਰਹਿਣ ਦੇ ਚਾਹਵਾਨਾਂ ਦੇ ਸਾਲ 2025 ਦੌਰਾਨ ਇਕ ਲੱਖ ਤੋਂ ਵੱਧ ਵੀਜ਼ੇ ਰੱਦ ਕੀਤੇ ਗਏ ਹਨ। ਅਮਰੀਕਾ ਨੇ ਇਸ ਪਿੱਛੇ ਅਪਰਾਧਿਕ ਗਤੀਵਿਧੀਆਂ ਦਾ ਹਵਾਲਾ ਦਿੱਤਾ ਹੈ। ਰੱਦ ਕੀਤੇ ਗਏ ਵੀਜ਼ਿਆਂ ਵਿਚ ਵਿਦਿਆਰਥੀ ਵੀਜ਼ੇ ਵੀ ਸ਼ਾਮਲ ਹਨ। ਵਿਦੇਸ਼ ਵਿਭਾਗ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਹ ਅਮਰੀਕਾ ਨੂੰ ਸੁਰੱਖਿਅਤ ਰੱਖਣ ਲਈ ਅਪਰਾਧਿਕ ਬਿਰਤੀ ਵਾਲੇ ਲੋਕਾਂ ਨੂੰ ਦੇਸ਼ ਨਿਕਾਲਾ ਦੇਣਾ ਜਾਰੀ ਰੱਖਣਗੇ। ਵਿਦੇਸ਼ ਵਿਭਾਗ ਦੇ ਪ੍ਰਿੰਸੀਪਲ ਡਿਪਟੀ ਬੁਲਾਰੇ ਟੌਮੀ ਪਿਗੋਟ ਨੇ ਕਿਹਾ ਕਿ ਵਿਦੇਸ਼ ਵਿਭਾਗ ਨੇ ਹੁਣ 1,00,000 ਤੋਂ ਵੱਧ ਵੀਜ਼ੇ ਰੱਦ ਕਰ ਦਿੱਤੇ ਹਨ, ਜਿਨ੍ਹਾਂ ਵਿੱਚ ਲੱਗਭੱਗ 8,000 ਵਿਦਿਆਰਥੀ ਵੀਜ਼ੇ ਵੀ ਸ਼ਾਮਲ ਹਨ। ਇਸ ਤੋਂ ਇਲਾਵਾ 2,500 ਵਿਸ਼ੇਸ਼ ਵੀਜ਼ੇ ਉਨ੍ਹਾਂ ਵਿਅਕਤੀਆਂ ਦੇ ਰੱਦ ਕੀਤੇ ਗਏ ਹਨ, ਜਿਨ੍ਹਾਂ ਦਾ ਅਪਰਾਧਿਕ ਕਿਰਦਾਰ ਸਾਹਮਣੇ ਆਇਆ ਹੈ। ਫੌਕਸ ਨਿਊਜ਼ ਦੀ ਇੱਕ ਰਿਪੋਰਟ ਅਨੁਸਾਰ 2025 ਵਿੱਚ ਰੱਦ ਕੀਤੇ ਗਏ ਵੀਜ਼ਿਆਂ ਦੀ ਗਿਣਤੀ 2024 ਵਿੱਚ ਰੱਦ ਕੀਤੇ ਗਏ 40,000 ਵੀਜ਼ਿਆਂ ਨਾਲੋਂ ਦੁੱਗਣੀ ਤੋਂ ਵੀ ਵੱਧ ਹੈ, ਜੋ ਸਾਬਕਾ ਰਾਸ਼ਟਰਪਤੀ ਜੋਇ ਬਾਇਡਨ ਪ੍ਰਸ਼ਾਸਨ ਵੱਲੋਂ ਆਖਰੀ ਸਾਲ ਵਿਚ ਰੱਦ ਕੀਤੇ ਗਏ ਸੀ।

## ਬਰਾੜ ਤੇ ਧਾਲੀਵਾਲ ਵੱਲੋਂ 12 ਦੀ ਹੜਤਾਲ ਦੀ ਕਾਮਯਾਬੀ ਲਈ ਡਟਣ ਦਾ ਸੱਦਾ





**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ 10 ਕੇਂਦਰੀ ਟਰੇਡ ਯੂਨੀਅਨ ਸੰਗਠਨਾਂ ਅਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ 12 ਫਰਵਰੀ ਨੂੰ ਮੁਲਾਜ਼ਮਾਂ, ਮਜਦੂਰਾਂ, ਮਿਹਨਤਕਸ਼ ਲੋਕਾਂ, ਕਿਸਾਨਾਂ, ਬੇਰੁਜਗਾਰਾਂ, ਖੇਤ ਮਜਦੂਰਾਂ, ਮਨਰੇਗਾ ਵਰਕਰਾਂ, ਸਕੀਮ ਵਰਕਰਾਂ, ਨੌਜਵਾਨਾਂ, ਵਿਦਿਆਰਥੀਆਂ ਆਦਿ ਸਭਨਾਂ ਦੇ ਭਖਦੇ ਮੁੱਦਿਆਂ ਨੂੰ ਲੈ ਕੇ ਦੇਸ਼-ਵਿਆਪੀ ਇੱਕ ਰੋਜ਼ਾ ਹੜਤਾਲ ਕੀਤੀ ਜਾ ਰਹੀ ਹੈ। ਪੰਜਾਬ ਏਟਕ ਅਤੇ ਇਸ ਨਾਲ ਸੰਬੰਧਤ ਮੁਲਾਜ਼ਮਾਂ—ਮਜ਼ਦੂਰਾਂ ਦੀਆਂ ਸਭ ਜਥੇਬੰਦੀਆਂ ਇਸ ਹੜਤਾਲ ਦੀ ਤਿਆਰੀ ਵਿੱਚ ਜੁੱਟ ਗਈਆਂ ਹਨ ਅਤੇ ਵੱਖ-ਵੱਖ ਟਰੇਡ ਯੂਨੀਅਨਾਂ ਅਤੇ ਕਿਸਾਨ ਜਥੇਬੰਦੀਆਂ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ। 16 ਜਨਵਰੀ ਨੂੰ ਐੱਸ ਕੇ ਐੱਮ ਅਤੇ ਟਰੇਡ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਮਨਰੇਗਾ, ਬਿਜਲੀ ਬਿੱਲ 2025, ਚਾਰ ਲੇਬਰ ਕੋਡਜ਼, ਸੀਡ ਬਿੱਲ ਆਦਿ ਮੁੱਦਿਆਂ ਨੂੰ ਲੈ ਕੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦੇ ਸਾਹਮਣੇ 12 ਤੋਂ 3 ਵਜੇ ਸ਼ਾਮ ਤੱਕ ਵਿਸ਼ਾਲ ਧਰਨੇ ਦਿੱਤੇ ਜਾਣਗੇ, ਜਿਹਨਾਂ ਵਿੱਚ ਘੱਟੋ-ਘੱਟ ਡੇਢ ਲੱਖ ਤੋਂ ਵੱਧ ਕਿਸਾਨ ਅਤੇ ਟਰੇਡ ਯੂਨੀਅਨਾਂ ਨਾਲ ਸੰਬੰਧਤ ਕਰਮਚਾਰੀ ਅਤੇ ਮਜ਼ਦੂਰ ਸ਼ਾਮਲ ਹੋਣਗੇ। ਇਨ੍ਹਾਂ ਧਰਨਿਆਂ ਵਿੱਚ ਵੀ 12 ਫਰਵਰੀ ਦੀ ਦੇਸ਼-ਵਿਆਪੀ ਹੜਤਾਲ ਵਿੱਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਜਾਵੇਗੀ।

12 ਫਰਵਰੀ ਦੀ ਦੇਸ਼-ਵਿਆਪੀ ਹੜਤਾਲ ਜਿਹਨਾਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੈ, ਉਨ੍ਹਾਂ ਦਾ ਵੇਰਵਾ ਦੱਸਦਿਆਂ ਬਰਾੜ ਅਤੇ ਧਾਲੀਵਾਲ ਨੇ ਕਿਹਾ ਕਿ ਕਾਰਪੋਰੇਟਾਂ ਵਲੋਂ ਕੀਤੀ ਜਾ ਰਹੀ ਸਮੁੱਚੇ ਦੇਸ਼ ਵਾਸੀਆਂ ਦੀ ਲੁੱਟ ਅਤੇ ਕਾਰਪੋਰੇਟਾਂ ਦੇ ਮੁਨਾਫਿਆਂ ਵਿੱਚ ਅਥਾਹ ਵਾਧਾ ਕਰਨ ਦੇ ਰਸਤੇ ਵਿੱਚ ਅੜਿੱਕਾ ਬਣਦੇ 44 ਕੇਂਦਰੀ ਲੇਬਰ ਕਾਨੂੰਨਾਂ ਦਾ ਖਾਤਮਾ ਕਰਕੇ ਕਾਰਪੋਰੇਟ ਪੱਖੀ ਚਾਰ ਲੇਬਰ ਕੋਡਜ਼ ਬਣਾ ਦਿੱਤੇ ਗਏ ਹਨ, ਜਿਨ੍ਹਾਂ ਰਾਹੀਂ ਮਜ਼ਦੂਰਾਂ ਅਤੇ ਮਿਹਨਤਕਸ਼ ਲੋਕਾਂ ਦੇ ਕਾਨੂੰਨੀ ਹੱਕ ਖੋਹ ਲਏ ਗਏ ਹਨ ਅਤੇ ਕਾਰਪੋਰੇਟਾਂ ਲਈ ਲੁੱਟ ਦਾ ਰਾਹ ਪੱਧਰਾ ਕਰ ਦਿੱਤਾ ਗਿਆ ਹੈ। ਕੰਟਰੈਕਟ ਆਊਟਸੋਰਸ ਵਰਕਰਾਂ ਨੂੰ ਸਾਲਾਂਬੱਧੀ ਸਮੇਂ ਤੋਂ ਰੈਗੂਲਰ ਨਹੀਂ ਕੀਤਾ ਜਾ ਰਿਹਾ। ਪਬਲਿਕ ਸੈਕਟਰ ਦੇ ਅਦਾਰੇ ਜਿਹੜੇ ਦੇਸ਼ ਦੀ ਤਰੱਕੀ ਅਤੇ ਬਿਹਤਰ ਰੁਜਗਾਰ ਦੇ ਮੁੱਖ ਸੋਮੇ ਰਹੇ ਹਨ, ਉਨ੍ਹਾਂ ਨੂੰ ਕੌਡੀਆਂ ਦੇ ਭਾਅ ਕਾਰਪੋਰੇਟਾਂ ਦੇ ਹਵਾਲੇ ਕਰਕੇ ਨਿੱਜੀਕਰਨ ਕੀਤਾ ਜਾ ਰਿਹਾ ਹੈ। ਬੇਰੁਜ਼ਗਾਰੀ ਦਾ ਕੋਈ ਹੱਲ ਨਹੀਂ, ਵਿਦਿਆ ਦਾ ਨਿੱਜੀਕਰਨ ਕਰਕੇ ਗਰੀਬਾਂ ਲਈ ਮਹਿੰਗੀ ਵਿਦਿਆ ਵੱਸ ਤੋਂ ਬਾਹਰ ਕਰ ਦਿੱਤੀ ਗਈ ਹੈ। 25 ਕਰੋੜ ਤੋਂ ਵੱਧ ਮਨਰੇਗਾ ਵਰਕਰਾਂ ਲਈ ਕੁਝ ਨਾ ਕੁਝ ਰੁਜ਼ਗਾਰ ਦਾ ਸਾਧਨ ਬਣੇ ਨਰੇਗਾ ਕਾਨੂੰਨ ਨੂੰ ਖਤਮ ਕਰਕੇ ਨਵਾਂ ਨਾਂ ਰੱਖਕੇ ਇਸ ਦਾ ਮੂਲ ਸਰੂਪ ਹੀ ਬਦਲ ਦਿੱਤਾ ਗਿਆ, ਜੋ ਕਿ ਮਨਰੇਗਾ ਖਤਮ ਕਰਨ ਦਾ ਹੀ ਢੰਗ ਲੱਭਿਆ ਗਿਆ ਹੈ, ਘੱਟੋ-ਘੱਟ ਉਜਰਤਾਂ 35 ਹਜ਼ਾਰ ਰੁਪਏ ਨਹੀਂ ਕੀਤੀਆਂ ਜਾ ਰਹੀਆਂ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ, ਸਕੀਮ ਵਰਕਰਾਂ ਨੂੰ ਵਰਕਰ ਦਾ ਦਰਜਾ ਵੀ ਨਹੀਂ ਦਿੱਤਾ ਜਾ ਰਿਹਾ ਅਤੇ ਉਨ੍ਹਾਂ ਨੂੰ

• ਬਾਕੀ ਸਫਾ 2 'ਤੇ

## ਪਾਰਦਰਸ਼ੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹਾਂ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੁੱਧ 'ਜ਼ੀਰੋ-ਟਾਲਰੈਂਸ' ਨੀਤੀ ਨੂੰ ਦੁਹਰਾਉਂਦੇ ਹੋਏ, ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਕਿਹਾ ਕਿ ਵਿੱਤ ਵਿਭਾਗ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾ ਸਪੱਸ਼ਟ ਕੀਤਾ ਕਿ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਚਾਹੇ ਉਹ ਕਿੰਨੇ ਵੀ ਉੱਚੇ ਅਹੁਦੇ 'ਤੇ ਕਿਉਂ ਨਾ ਹੋਵੇ। ਵਿੱਤ ਮੰਤਰੀ ਨੇ ਦੱਸਿਆ ਕਿ ਸਾਲ 2022 ਦੇ ਅੱਧ ਵਿੱਚ ਖ਼ਜ਼ਾਨਾ ਅਤੇ ਲੇਖਾ ਸ਼ਾਖਾ (ਮੁੱਖ ਦਫ਼ਤਰ) ਅਤੇ ਵੱਖ-ਵੱਖ ਜ਼ਿਲ੍ਹਾ ਖ਼ਜ਼ਾਨਾ ਦਫ਼ਤਰਾਂ ਵਿੱਚ ਤਾਇਨਾਤ ਚਾਰ ਮੁਲਾਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਸਨ। ਉਨ੍ਹਾ ਕਿਹਾ ਕਿ ਸ਼ਿਕਾਇਤਾਂ ਮਿਲਦੇ ਹੀ ਵਿਭਾਗ ਨੇ ਬਿਨਾਂ ਕਿਸੇ ਦੇਰੀ ਦੇ ਕਾਰਵਾਈ ਕੀਤੀ। ਇਨ੍ਹਾਂ ਚਾਰੇ ਅਧਿਕਾਰੀਆਂ ਨੂੰ ਤੁਰੰਤ ਮੁਅੱਤਲ ਕਰ ਦਿੱਤਾ ਗਿਆ ਅਤੇ ਮਾਮਲਾ ਡੂੰਘਾਈ ਨਾਲ ਜਾਂਚ ਲਈ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤਾ ਗਿਆ। ਵਿਭਾਗੀ ਜਾਂਚ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਨੇ ਦੱਸਿਆ ਕਿ ਮੁਕੰਮਲ ਜਾਂਚ ਤੋਂ ਬਾਅਦ ਦਸੰਬਰ 2025 ਵਿੱਚ ਨਿਰਣਾਇਕ ਕਾਰਵਾਈ ਕੀਤੀ ਗਈ। ਉਨ੍ਹਾ ਦੱਸਿਆ ਕਿ ਸੁਪਰਡੈਂਟ ਗ੍ਰੇਡ-2 ਦੇ ਅਹੁਦੇ 'ਤੇ ਤਾਇਨਾਤ ਇੱਕ ਅਧਿਕਾਰੀ ਨੂੰ ਸੇਵਾ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਹੈ, ਜਦੋਂ ਕਿ ਬਾਕੀ ਤਿੰਨ ਕਰਮਚਾਰੀਆਂ ਨੂੰ ਸੇਵਾ ਨਿਯਮਾਂ ਅਨੁਸਾਰ ਸਖ਼ਤ ਸਜ਼ਾ ਦਿੱਤੀ ਗਈ। ਵਿੱਤ ਮੰਤਰੀ ਨੇ ਦੱਸਿਆ ਕਿ ਜਾਂਚ ਦੌਰਾਨ ਵਿਜੀਲੈਂਸ ਬਿਊਰੋ ਅੰਮ੍ਰਿਤਸਰ ਰੇਂਜ ਵੱਲੋਂ ਬਰਖ਼ਾਸਤ ਕੀਤੇ ਸੁਪਰਡੈਂਟ ਗ੍ਰੇਡ-2 ਵਿਰੁੱਧ ਐਫ.ਆਈ.ਆਰ ਦਰਜ ਕੀਤੀ ਗਈ। ਉਕਤ ਮੁਲਜ਼ਮ ਨੂੰ 11 ਜਨਵਰੀ ਨੂੰ ਗ੍ਰਿਫ਼ਤਾਰ ਕੀਤਾ

• ਬਾਕੀ ਸਫਾ 2 'ਤੇ

## ਪਾਕਿਸਤਾਨ 'ਚ ਅਮਨ ਕਮੇਟੀ ਦੇ 4 ਮੈਂਬਰਾਂ ਦੀ ਹੱਤਿਆ

**ਪੇਸ਼ਾਵਰ** : ਪਾਕਿਸਤਾਨ ਦੇ ਸੂਬੇ ਖ਼ੈਬਰ ਪਖ਼ਤੂਨਖ਼ਵਾ ਵਿੱਚ ਮੰਗਲਵਾਰ ਨੂੰ ਅਣਪਛਾਤੇ ਹਮਲਾਵਰਾਂ ਨੇ ਇੱਕ ਸਥਾਨਕ ਪੀਸ ਕਮੇਟੀ ਦੇ ਚਾਰ ਮੈਂਬਰਾਂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਅਧਿਕਾਰੀਆਂ ਅਨੁਸਾਰ ਇਹ ਘਟਨਾ ਉੱਤਰੀ ਵਜ਼ੀਰਸਤਾਨ ਦੀ ਸਰਹੱਦ ਨਾਲ ਲੱਗਦੇ ਬੰਨੂ ਜ਼ਿਲ੍ਹੇ ਵਿੱਚ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਹਮਲਾਵਰਾਂ ਨੇ ਜ਼ਿਲ੍ਹੇ ਦੇ ਮਜ਼ੰਗ ਚੌਕ ਨੇੜੇ ਕਮੇਟੀ ਮੈਂਬਰਾਂ 'ਤੇ ਘਾਤ ਲਗਾ ਕੇ ਹਮਲਾ ਕੀਤਾ ਅਤੇ ਉਨ੍ਹਾਂ ਨੂੰ ਮੌਕੇ 'ਤੇ ਹੀ ਮੌਤ ਦੇ ਘਾਟ ਉਤਾਰ ਦਿੱਤਾ। ਇਸ ਘਟਨਾ ਤੋਂ ਇੱਕ ਦਿਨ ਪਹਿਲਾਂ ਵੀ ਸੂਬੇ ਵਿੱਚ ਇੱਕ ਪੁਲਸ ਗੱਡੀ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ ਧਮਾਕੇ ਵਿੱਚ ਇੱਕ ਸੀਨੀਅਰ ਅਧਿਕਾਰੀ ਸਮੇਤ 6 ਪੁਲਸ ਮੁਲਾਜ਼ਮਾਂ ਦੀ ਮੌਤ ਹੋ ਗਈ ਸੀ। ਤਾਜ਼ਾ ਹਮਲੇ ਤੋਂ ਬਾਅਦ ਪੂਰੇ ਇਲਾਕੇ ਵਿੱਚ ਭਾਰੀ ਤਣਾਅ ਪਾਇਆ ਜਾ ਰਿਹਾ ਹੈ।

## ਤਨਖਾਹ ਤੇ ਪੈਨਸ਼ਨ ਨਾ ਮਿਲਣ 'ਤੇ ਪੀ ਆਰ ਟੀ ਸੀ ਕਾਮੇ ਭਾਰੀ ਦੁਖੀ

**ਪਟਿਆਲਾ** : ਪੀ ਆਰ ਟੀ ਸੀ ਵਰਕਰਜ਼ ਐਕਸ਼ਨ ਕਮੇਟੀ ਵਿੱਚ ਸ਼ਾਮਲ ਏਟਕ, ਇੰਟਕ, ਐੱਸ ਸੀ/ ਬੀ ਸੀ, ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਦੇ ਨੁਮਾਇੰਦਿਆਂ ਨਿਰਮਲ ਸਿੰਘ ਧਾਲੀਵਾਲ ਕਨਵੀਨਰ, ਮੈਂਬਰਾਂ ਬਲਦੇਵ ਰਾਜ ਬੱਤਾ, ਰਾਕੇਸ਼ ਕੁਮਾਰ ਦਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਨੇ ਮੰਗਲਵਾਰ ਜਾਰੀ ਬਿਆਨ 'ਚ ਕਿਹਾ ਕਿ ਪੰਜਾਬ ਸਰਕਾਰ ਦੇ ਜ਼ਾਲਮਾਨਾ ਆਰਥਕ ਵਤੀਰੇ ਦੇ ਕਾਰਨ ਪੀ ਆਰ ਟੀ ਸੀ ਦੇ ਸਮੁੱਚੇ ਵਰਕਰਾਂ ਅਤੇ ਪੈਨਸ਼ਨਰਾਂ ਨੂੰ ਹਰ ਮਹੀਨੇ ਘੱਟੋ-ਘੱਟ ਗੁਜ਼ਾਰੇ ਲਈ ਮਿਲਣ ਵਾਲੀ ਤਨਖਾਹ ਅਤੇ ਪੈਨਸ਼ਨ ਵੀ 20-20 ਦਿਨ ਲੇਟ ਮਿਲਦੀ ਆ ਰਹੀ ਹੈ। ਇਸ ਤਰ੍ਹਾਂ ਦੇ ਸਰਕਾਰੀ ਦੁਰਪ੍ਰਬੰਧ ਕਾਰਨ ਪੀ ਆਰ ਟੀ ਸੀ ਦੇ ਵਰਕਰਾਂ ਨੂੰ ਜਿੱਥੇ ਆਪਣਾ ਰੋਜ਼ਾਨਾ ਦਾ ਗੁਜ਼ਾਰਾ ਕਰਨਾ ਤਾਂ ਔਖਾ ਹੋ ਹੀ ਰਿਹਾ ਹੈ, ਉਥੇ ਹੀ ਸਮਾਜਕ ਤੌਰ 'ਤੇ ਵੀ ਨਮੋਸ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਹੁਣ ਪੀ ਆਰ ਟੀ ਸੀ ਦੇ ਵਰਕਰਾਂ ਨੂੰ ਬੈਂਕਾਂ ਸਮੇਤ ਕੋਈ ਵੀ ਸੰਸਥਾ ਕਰਜ਼ਾ ਜਾਂ ਉਧਾਰ ਨਹੀਂ ਦਿੰਦੀ, ਪਰ ਹੰਕਾਰ ਦੇ ਘੋੜੇ 'ਤੇ ਸਵਾਰ ਸਰਕਾਰ ਨੂੰ ਕੋਈ ਸ਼ਰਮਿੰਦਗੀ ਦਾ ਅਹਿਸਾਸ ਨਹੀਂ ਕਿ ਉਸ ਦੀ ਮਿਹਨਤਕਸ਼ ਜਮਾਤ ਨੂੰ ਜੇ ਸਮੇਂ ਸਿਰ ਉਜਰਤ ਨਹੀਂ ਮਿਲਦੀ ਤਾਂ ਉਹਨਾਂ ਨੂੰ ਕਿਸ ਤਰ੍ਹਾਂ ਦੀਆਂ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੋਵੇਗਾ। ਵਰਕਰਾਂ ਵਿੱਚ ਪੰਜਾਬ ਸਰਕਾਰ ਤੇ ਗੁੱਸਾ ਇਸ ਕਰਕੇ ਹੈ ਕਿ ਉਹ ਮੁਫਤ ਸਫਰ ਸਹੂਲਤਾਂ ਬਦਲੇ ਬਣਦੀ ਰਾਸ਼ੀ ਪੀ ਆਰ ਟੀ ਸੀ ਨੂੰ ਨਹੀਂ ਦੇ ਰਹੀ, ਜਿਹੜੀ ਕਿ 600 ਕਰੋੜ ਰੁਪਏ ਤੋਂ ਵੀ ਵੱਧ ਦੀ ਪੈਂਡਿੰਗ ਹੋ ਚੁੱਕੀ ਹੈ। ਸਰਕਾਰ ਦੇ ਹੁਕਮਾਂ ਮੁਤਾਬਕ ਰੋਜ਼ਾਨਾ ਸਵਾ ਕਰੋੜ ਰੁਪਏ ਦਾ ਸਫਰ ਔਰਤਾਂ ਅਤੇ ਹੋਰ ਲਾਭਪਾਤਰੀਆਂ ਨੂੰ ਪੀ ਆਰ ਟੀ ਸੀ ਵੱਲੋਂ ਮੁਫ਼ਤ ਕਰਵਾਇਆ ਜਾਂਦਾ ਹੈ। ਪੰਜਾਬ ਸਰਕਾਰ ਵੱਲੋਂ ਪੀ ਆਰ ਟੀ ਸੀ ਵਿੱਚ ਤਾਇਨਾਤ ਕੀਤੇ ਸਿਆਸੀ ਨੁਮਾਇੰਦੇ ਚੇਅਰਮੈਨ, ਵਾਈਸ ਚੇਅਰਮੈਨ ਅਤੇ 5-6 ਬੋਰਡ ਮੈਂਬਰ ਮੂਕ-ਦਰਸ਼ਕ ਬਣ ਕੇ ਵਰਕਰਾਂ ਦੀ ਆਰਥਕ ਮੰਦਹਾਲੀ ਵੇਖ ਰਹੇ ਹਨ। ਕੋਈ ਜਤਨ ਨਹੀਂ ਕਰ ਰਹੇ ਕਿ ਸਰਕਾਰ ਤੋਂ ਕੋਈ ਪੈਸਾ ਲਿਆਂਦਾ ਜਾਵੇ, ਸਗੋਂ ਥੋੜ੍ਹੇ ਦਿਨਾਂ ਬਾਅਦ ਸੈਂਕੜੇ ਬੱਸਾਂ ਸਵਾਰੀਆਂ ਨੂੰ ਦਿਕਤਾਂ ਵਿੱਚ ਪਾ ਕੇ ਸਿਆਸੀ ਰੈਲੀਆਂ ਲਈ ਵਰਤੀਆਂ ਜਾਂਦੀਆਂ ਹਨ। ਅੱਜ ਵੀ ਸੈਂਕੜਿਆਂ ਦੀ ਤੈਦਾਦ ਵਿੱਚ ਬੱਸਾਂ ਮੁਕਤਸਰ ਮਾਘੀ ਦੇ ਮੌਕੇ 'ਤੇ ਕੀਤੀ ਜਾ ਰਹੀ ਸਿਆਸੀ ਰੈਲੀ ਵਿੱਚ ਭੇਜੀਆਂ ਜਾ ਰਹੀਆਂ ਹਨ। ਹੋਰ ਪਤਾ ਲਗਾ ਹੈ ਕਿ 18 ਜਨਵਰੀ ਨੂੰ ਮਜੀਠਾ ਵਿਖੇ ਰੈਲੀ ਕੀਤੀ ਜਾ ਰਹੀ ਹੈ, ਉਸ ਲਈ ਵੀ ਬੱਸਾਂ ਭੇਜੀਆਂ ਜਾਣਗੀਆਂ, ਜਦ ਕਿ ਅਜਿਹੀ ਸੇਵਾ ਪ੍ਰਾਈਵੇਟ ਬੱਸਾਂ ਤੋਂ ਨਹੀਂ ਲਈ ਜਾਂਦੀ, ਸਗੋਂ ਉਹਨਾਂ ਲਈ ਤਾਂ ਦੁੱਗਣੀ ਆਮਦਨ ਦਾ ਸਾਧਨ ਬਣ ਜਾਂਦੀਆਂ ਹਨ। ਐਕਸ਼ਨ ਕਮੇਟੀ ਦੇ ਐਲਾਨ ਕੀਤਾ ਕਿ ਜੇਕਰ 18 ਜਨਵਰੀ ਤੋਂ ਪਹਿਲਾਂ ਵਰਕਰਾਂ ਦੀ ਤਨਖਾਹ ਅਤੇ ਪੈਨਸ਼ਨ ਦੀ ਅਦਾਇਗੀ ਨਾ ਕੀਤੀ ਗਈ ਤਾਂ 18 ਜਨਵਰੀ ਵਾਲੀ ਮਜੀਠਾ ਰੈਲੀ ਲਈ ਵਰਕਰ ਬੱਸਾਂ ਲੈ ਕੇ ਨਹੀਂ ਜਾਣਗੇ।

ਐਕਸ਼ਨ ਕਮੇਟੀ ਦੇ ਆਗੂਆਂ ਖਦਸ਼ਾ ਜ਼ਾਹਰ ਕੀਤਾ ਕਿ ਜੇਕਰ ਸਰਕਾਰ ਦਾ ਅਤੇ ਪ੍ਰਬੰਧਕਾਂ ਦਾ ਇਹੀ ਰਵੱਈਆ ਰਿਹਾ ਤਾਂ ਪੀ ਆਰ ਟੀ ਸੀ ਇਕ ਗਹਿਰੇ ਮਾਲੀ ਸੰਕਟ ਦਾ ਸ਼ਿਕਾਰ ਹੋ ਜਾਏਗੀ। ਸਰਕਾਰ ਦੀ ਤਾਂ ਨਿਯਤ ਵੀ ਇਹੀ ਨਜ਼ਰ ਆ ਰਹੀ, ਕਿਉਂਕਿ ਪਿਛਲੇ 4 ਸਾਲਾਂ ਤੋਂ ਇੱਕ ਵੀ ਨਵੀਂ ਬੱਸ ਪੀ ਆਰ ਟੀ ਸੀ ਵਿੱਚ ਨਹੀਂ ਪੈਣ ਦਿੱਤੀ ਗਈ। ਪਹਿਲੀਆਂ ਬੱਸਾਂ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਟੀਮ ਟਰੰਪ ਦੀ ਉਹਦੇ ਤੋਂ ਵੱਧ ਕਾਹਲੀ,
ਪੇਚਾ ਲੱਗੀ ਹੈ ਨਵਾਂ ਇੱਕ ਪਾਉਣ ਬੇਲੀ।
ਪਾਰਲੀਮੈਂਟ ਵਿੱਚ ਬਿੱਲ ਆ ਪੇਸ਼ ਕੀਤਾ,
ਲੱਗੀ ਟਰੰਪ ਨੂੰ ਪਾਵਰ ਦਿਵਾਉਣ ਬੇਲੀ।
ਗਰੀਨਲੈਂਡ 'ਤੇ ਕਹਿੰਦੇ ਆ ਕਰ ਕਬਜ਼ਾ,
ਲਾਂਬੂ ਨਵੇਂ ਉਹ ਲੱਗੀ ਹੈ ਲਾਉਣ ਬੇਲੀ।
ਸੱਤਵੇਂ ਅਸਮਾਨ 'ਤੇ ਜਦੋਂ ਟਰੰਪ ਘੁੰਮਦਾ,
ਲੱਗੀ ਕੁਝ ਹੋਰ ਵੀ ਫੂਕ ਛਕਾਉਣ ਬੇਲੀ।
ਸੱਬ ਸੰਸਾਰ ਦੀ ਕਹਿੰਦੇ ਆ ਯੂ ਐੱਨ ਓ,
ਉਹਨੂੰ ਰੱਫੜ ਤੋਂ ਫਰਕ ਨਾ ਕੋਈ ਬੇਲੀ।
ਲੱਗਣ ਜੰਗਾਂ, ਪਰ ਉਹ ਨਾ ਦਖਲ ਦੇਂਦੀ,
ਹੁੰਦੀ ਹੋਈ ਵੀ ਹੋ ਗਈ ਅਣਹੋਈ ਬੇਲੀ।

-ਤੀਸ ਮਾਰ ਖਾਂ

## ਸੋਨੇ ਦੀ ਚੋਰੀ : ਚੌਧਰੀ ਗ੍ਰਿਫ਼ਤਾਰ, ਪਨੇਸਰ ਹਾਲੇ ਵੀ ਫਰਾਰ



ਅਰਸਲਾਨ ਚੌਧਰੀ, ਪਨੇਸਰ

**ਟੋਰਾਂਟੋ** : ਕੈਨੇਡਾ ਦੇ ਪੀਲ ਖੇਤਰ ਵਿੱਚ ਪੁਲਸ ਨੇ ਦੇਸ਼ ਵਿਚ ਸੋਨੇ ਦੀ ਸਭ ਤੋਂ ਵੱਡੀ ਚੋਰੀ ਨਾਲ ਸੰਬੰਧਤ ਇਕ ਜਣੇ ਨੂੰ ਗ੍ਰਿਫ਼ਤਾਰ ਕੀਤਾ ਹੈ । ਇਹ ਮਾਮਲਾ 2.2 ਕਰੋੜ ਡਾਲਰ ਤੋਂ ਵੱਧ ਮੁੱਲ ਦੀਆਂ ਸੋਨੇ ਦੀਆਂ ਬਾਰਾਂ ਦੀ ਚੋਰੀ ਨਾਲ ਸੰਬੰਧਤ ਹੈ। ਇਹ ਦੇਸ਼ ਦੇ ਇਤਿਹਾਸ ਵਿੱਚ ਸੋਨੇ ਦੀ ਸਭ ਤੋਂ ਵੱਡੀ ਚੋਰੀ ਹੈ। ਪੀਲ ਖੇਤਰੀ ਪੁਲਸ ਦੀ ਵੈੱਬਸਾਈਟ 'ਤੇ ਕਿਹਾ ਗਿਆ ਹੈ ਕਿ 43 ਸਾਲਾ ਅਰਸਲਾਨ ਚੌਧਰੀ ਨੂੰ ਸੋਮਵਾਰ ਨੂੰ ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਸ ਵੇਲੇ ਗ੍ਰਿਫਤਾਰ ਕੀਤਾ ਗਿਆ ਜਦੋਂ ਉਹ ਦੁਬਈ, ਸੰਯੁਕਤ ਅਰਬ ਅਮੀਰਾਤ ਤੋਂ ਇੱਕ ਉਡਾਣ ਰਾਹੀਂ ਇੱਥੇ ਆਇਆ। ਪੁਲਸ ਨੇ ਕਿਹਾ ਹੈ ਕਿ ਚੌਧਰੀ ਦਾ ਕੋਈ ਪੱਕਾ ਪਤਾ ਨਹੀਂ ਹੈ। ਪਹਿਲਾਂ ਰਿਪੋਰਟ ਵਿੱਚ ਕਿਹਾ ਗਿਆ ਸੀ ਕਿ ਉਹ ਮਿਸੀਸਾਗਾ ਨਾਲ ਸੰਬੰਧਤ ਹੈ। ਚੌਧਰੀ ਨੂੰ ਬਰੈਂਪਟਨ ਵਿੱਚ ਓਨਟਾਰੀਓ ਕੋਰਟ ਆਫ਼ ਜਸਟਿਸ ਵਿੱਚ ਪੇਸ਼ ਕੀਤਾ ਗਿਆ। ਇਹ ਮਾਮਲਾ 17 ਅਪਰੈਲ, 2023 ਦਾ ਹੈ, ਜਦੋਂ ਸਵਿਟਜ਼ਰਲੈਂਡ ਦੇ ਜ਼ਿਊਰਿਕ ਤੋਂ ਇੱਕ ਉਡਾਣ ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਸਾਮਾਨ ਲੈ ਕੇ ਉੱਤਰੀ, ਜਿਸ ਵਿਚ 400 ਕਿਲੋ ਦੀ .9999-ਸ਼ੁੱਧ ਸੋਨੇ ਦੀ ਖੇਪ ਸੀ। ਇਸ ਵਿਚ 6,600 ਸੋਨੇ ਦੀਆਂ ਬਾਰਾਂ ਸਨ, ਜਿਨ੍ਹਾਂ ਦਾ ਮੁੱਲ 20 ਮਿਲੀਅਨ ਡਾਲਰ ਤੋਂ ਵੱਧ ਸੀ। ਇਸ ਖੇਪ ਨੂੰ ਹਵਾਈ ਅੱਡੇ 'ਤੇ ਉਤਾਰਿਆ ਗਿਆ ਸੀ ਅਤੇ ਇੱਕ ਵੱਖਰੇ ਸਥਾਨ 'ਤੇ ਲਿਜਾਇਆ ਗਿਆ ਸੀ, ਪਰ ਕੁਝ ਘੰਟਿਆਂ ਬਾਅਦ ਹੀ ਇਸ ਸੋਨੇ ਦੇ ਗਾਇਬ ਹੋਣ ਦੀ ਰਿਪੋਰਟ ਮਿਲੀ।

ਪੁਲਸ ਨੇ ਚੋਰੀ ਤੋਂ ਬਾਅਦ ਜਾਂਚ ਸ਼ੁਰੂ ਕੀਤੀ ਤੇ ਇਸ ਮਾਮਲੇ ਵਿੱਚ ਦਸ ਵਿਅਕਤੀਆਂ ਦੀ ਪਛਾਣ ਕੀਤੀ, ਜਿਨ੍ਹਾਂ ਨੂੰ ਵਾਰੰਟ ਜਾਰੀ ਕੀਤੇ ਗਏ ਤੇ 21 ਤੋਂ ਵੱਧ ਦੋਸ਼ ਲਗਾਏ ਗਏ। ਇਸ ਮਾਮਲੇ ਵਿਚ ਦੋ ਵਿਅਕਤੀ ਹਾਲੇ ਵੀ ਫਰਾਰ ਹਨ, ਜਿਨ੍ਹਾਂ ਵਿੱਚ ਬਰੈਂਪਟਨ ਤੋਂ 33 ਸਾਲਾ ਸਿਮਰਨ ਪ੍ਰੀਤ ਪਨੇਸਰ ਸ਼ਾਮਲ ਹੈ, ਜੋ ਏਅਰ ਕੈਨੇਡਾ ਦਾ ਸਾਬਕਾ ਕਰਮਚਾਰੀ ਸੀ। ਪਨੇਸਰ ਭਾਰਤ ਵਿੱਚ ਰਹਿ ਰਿਹਾ ਮੰਨਿਆ ਜਾਂਦਾ ਹੈ। ਇਸ ਮਾਮਲੇ ਦਾ ਇਕ ਹੋਰ ਮੁਲਜ਼ਮ 36 ਸਾਲਾ ਪ੍ਰਸਾਥ ਪਰਮਾਲਿੰਗਮ ਹੈ, ਜੋ ਬਰੈਂਪਟਨ ਦਾ ਰਹਿਣ ਵਾਲਾ ਹੈ।

## ਗੱਡੀਆਂ ਚੁੱਕਣ ਦੇ ਦੋਸ਼ 'ਚ ਫੜੇ



**ਵੈਨਕੂਵਰ** : ਉਂਟਾਰੀਓ ਦੀ ਪੀਲ ਪੁਲਸ ਨੇ ਬਰੈਂਪਟਨ ਦੇ ਇੱਕ ਘਰ 'ਤੇ ਛਾਪਾ ਮਾਰ ਕੇ ਤਿੰਨ ਚੋਰੀ ਕੀਤੇ ਟਰੱਕ ਬਰਾਮਦ ਕੀਤੇ ਹਨ, ਜਿਨ੍ਹਾਂ ਨੂੰ ਜਾਲ੍ਹੀ ਨੰਬਰਾਂ ਪਲੇਟਾਂ ਲਾਈਆਂ ਹੋਈਆਂ ਸਨ। ਪੁਲਸ ਨੇ ਉਸ ਘਰ ਵਿੱਚੋਂ ਅੰਮ੍ਰਿਤਪਾਲ ਖਟੜਾ (28), ਗੁਰਤਾਸ ਭੁੱਲਰ (33) ਤੇ ਮਨਦੀਪ ਕੌਰ (32) ਨੂੰ ਗ੍ਰਿਫਤਾਰ ਕਰ ਲਿਆ।

ਪੁਲਸ ਦੋ ਜਣਿਆਂ ਨੂੰ ਅਗਲੇ ਦਿਨਾਂ ਵਿੱਚ ਅਦਾਲਤ 'ਚ ਪੇਸ਼ ਕਰੇਗੀ, ਜਦਕਿ ਨੂੰ ਪੁੱਛਗਿੱਛ ਤੋਂ ਬਾਅਦ ਕੁਝ ਸ਼ਰਤਾਂ ਤਹਿਤ ਜ਼ਮਾਨਤ 'ਤੇ ਘਰ ਭੇਜ ਦਿੱਤਾ ਗਿਆ ਹੈ। ਪੁਲਸ ਨੇ ਦੱਸਿਆ ਕਿ ਫੜਿਆ ਗਿਆ ਗਰੋਹ ਉਸ ਦੀ ਨਜ਼ਰ ਹੇਠ ਸੀ। ਇਹ ਲੋਕ ਮਹਿੰਗੇ ਵਾਹਨ ਚੋਰੀ ਕਰਕੇ ਉਨ੍ਹਾਂ 'ਤੇ ਜਾਲ੍ਹੀ ਨੰਬਰ ਪਲੇਟਾਂ ਲਗਾ ਕੇ ਵੇਚਦੇ ਸਨ।

## ਮਨਰੇਗਾ ਬਚਾਓ ਸੰਗਰਾਮ ਰੈਲੀ 'ਚ ਹਜ਼ਾਰਾਂ ਲੋਕ ਪਹੁੰਚੇ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਾਂਗਰਸ ਪਾਰਟੀ ਕੇਂਦਰ ਸਰਕਾਰ ਦੇ ਵਿਕਾਸ ਭਾਰਤ-ਰੋਜ਼ਗਾਰ ਏਵਮ ਅਜੀਵਿਕਾ ਮਿਸ਼ਨ (ਗ੍ਰਾਮੀਣ) (ਜੀ ਰਾਮ ਜੀ) ਦੇ ਖ਼ਿਲਾਫ ਵਿਰੋਧ ਵਜੋਂ ਗੁਰੂਹਰਸਹਾਏ ਵਿੱਚ ਰਮਿੰਦਰ ਸਿੰਘ ਆਵਲਾ ਦੀ ਅਗਵਾਈ ਵਿੱਚ ਮਨਰੇਗਾ ਬਚਾਓ ਤਹਿਤ ਵਿਸ਼ਾਲ ਰੈਲੀ ਕੀਤੀ ਗਈ।ਜਿਸ ਵਿੱਚ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਤੇ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ, ਚਰਨਜੀਤ ਸਿੰਘ ਚੰਨੀ, ਪਰਮਿੰਦਰ ਸਿੰਘ ਪਿੰਕੀ, ਕੈਪਟਨ ਸੰਦੀਪ ਸੰਧੂ, ਭਰਤ ਭੂਸ਼ਣ ਆਸ਼ੂ, ਰਾਣਾ ਗੁਰਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਭੂਪੇਸ਼ ਬਘੇਲ ਨੇ ਕਿਹਾ ਕਿ ਮਨਰੇਗਾ ਸਕੀਮ ਨੂੰ ਬਚਾਉਣ ਲਈ ਉਨ੍ਹਾਂ ਦੀ ਡਿਊਟੀ ਕੁੱਲ ਹਿੰਦ ਕਾਂਗਰਸ ਪ੍ਰਧਾਨ ਮਲਿਕਅਰਜੁਨ ਖੜਗੇ ਤੇ ਰਾਹੁਲ ਗਾਂਧੀ ਨੇ ਵਰਕਰਾਂ ਨੂੰ ਲਾਮਬੰਦ ਕਰਨ ਲਾਈ ਹੈ।ਇਸ ਉਦੇਸ਼ ਲਈ ਰਾਜ ਵਿੱਚ ਮਨਰੇਗਾ ਬਚਾਓ ਅੰਦੋਲਨ ਸ਼ੁਰੂ ਕੀਤਾ। ਉਨ੍ਹਾਂ ਦੱਸਿਆ ਕਿ ਕਾਂਗਰਸ ਪਾਰਟੀ ਵੱਲੋਂ ਸ਼ੁਰੂ ਕੀਤੀ ਮਨਰੇਗਾ ਯੋਜਨਾ ਨੂੰ ਬੰਦ ਕਰਨ ਜਾਂ ਸੋਧਣ ਦੀ ਕੋਈ ਵੀ ਕਾਰਵਾਈ ਪ੍ਰਵਾਨ ਨਹੀਂ ਹੋਵੇਗੀ।ਉਹ ਇਸ ਲੜਾਈ ਨੂੰ ਲੋਕਾਂ ਤੱਕ ਲੈ ਜਾਣਗੇ।ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਦੱਸਿਆ ਕਿ ਮਨਰੇਗਾ ਯੋਜਨਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਵੱਲੋਂ ਮਜ਼ਦੂਰਾਂ ਲਈ ਸ਼ੁਰੂ ਕੀਤੀ ਗਈ ਸੀ, ਪਰ ਕੇਂਦਰ ਸਰਕਾਰ ਇਸ ਨੂੰ ਬੰਦ ਕਰ ਰਹੀ ਹੈ।ਹੁਣ ਉਹ ਲੋਕਾਂ ਵਿੱਚ ਜਾ ਰਹੇ ਹਨ ਅਤੇ ਗਰੀਬਾਂ ਦੀ ਆਵਾਜ਼ ਬਣ ਕੇ ਲੜ ਰਹੇ ਹਨ।

# ਰਮਿੰਦਰ ਆਵਲਾ ਦੀ ਅਗਵਾਈ 'ਚ ਮਨਰੇਗਾ ਬਚਾਓ ਸੰਗਰਾਮ ਰੈਲੀ

### ਰੈਲੀ ਦਾ ਵੱਡਾ ਇਕੱਠ 2027 'ਚ ਕਾਂਗਰਸ ਸਰਕਾਰ ਬਣਾਉਣ ਦੇ ਦ੍ਰਿੜ੍ਹ ਇਰਾਦੇ ਦੀ ਗਵਾਹੀ ਭਰਦਾ ਹੈ : ਭੂਪੇਸ਼ ਬਘੇਲ, ਵੜਿੰਗ, ਚੰਨੀ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਹਲਕਾ ਗੁਰੂ ਹਰਸਹਾਏ ਦੀ ਦਾਣਾ ਮੰਡੀ ਵਿੱਚ ਕਾਂਗਰਸ ਦੀ ਰੈਲੀ ਉਸ ਵੇਲੇ ਯਾਦਗਾਰੀ ਹੋ ਨਿੱਬੜੀ, ਜਦੋਂ ਹਜ਼ਾਰਾਂ ਦੀ ਤਾਦਾਦ ਵਿੱਚ ਕਾਂਗਰਸੀ ਵਰਕਰਾਂ ਦੀ ਮੌਜੂਦਗੀ ਨਾਲ ਰੈਲੀ ਨੇ ਵਿਸ਼ਾਲ ਰੂਪ ਧਾਰ ਲਿਆ।ਸਾਬਕਾ ਵਿਧਾਇਕ ਰਮਿੰਦਰ ਆਂਵਲਾ ਦੀ ਅਗਵਾਈ ਵਿੱਚ ਗੁਰੂ ਹਰਸਹਾਏ ਵਿੱਚ ਕਾਂਗਰਸ ਪਾਰਟੀ ਵੱਲੋਂ ਮਨਰੇਗਾ ਬਚਾਓ ਸੰਗਰਾਮ ਰੈਲੀ ਕੀਤੀ ਗਈ।ਇਸ ਰੈਲੀ ਵਿੱਚ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ, ਕਾਂਗਰਸ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਲੀਡਰ ਆਫ ਆਪੋਜ਼ੀਸ਼ਨ ਪ੍ਰਤਾਪ ਸਿੰਘ ਬਾਜਵਾ, ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਵਿਧਾਇਕ ਰਾਣਾ ਗੁਰਜੀਤ ਸਿੰਘ, ਸਾਬਕਾ ਵਿਧਾਇਕ ਦਵਿੰਦਰ ਘੁਬਾਇਆ, ਪਰਮਿੰਦਰ ਸਿੰਘ ਪਿੰਕੀ, ਕਿੱਕੀ ਢਿੱਲੋਂ, ਭਾਰਤ ਭੂਸ਼ਨ ਆਸ਼ੂ ਸਮੇਤ ਅਨੇਕਾਂ ਆਗੂ ਪੁੱਜੇ।ਰੈਲੀ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਨਿਸ਼ਾਨੇ ਸਾਧੇ ਤੇ ਇੱਥੇ ਪੰਜਾਬ ਕਾਂਗਰਸ ਵੱਲੋਂ ਮਗਨਰੇਗਾ ਬਚਾਓ ਸੰਗਰਾਮ ਰੈਲੀ ਵਿੱਚ ਕੇਂਦਰ ਸਰਕਾਰ ਨੂੰ ਮਜ਼ਦੂਰ ਵਿਰੋਧੀ ਕਰਾਰ ਦਿੰਦਿਆਂ ਮਗਨਰੇਗਾ ਨੂੰ ਬਚਾਉਣ ਲਈ ਵੱਡੀ ਲੜਾਈ ਲੜਨ ਦੇ ਪ੍ਰੋਗਰਾਮ ਦਾ ਐਲਾਨ ਕੀਤਾ।ਭੂਪੇਸ਼ ਬਗੇਲ ਇੰਚਾਰਜ ਪੰਜਾਬ ਕਾਂਗਰਸ ਕਮੇਟੀ ਨੇ ਕਿਹਾ ਕਿ ਰਾਹੁਲ ਗਾਂਧੀ ਤੇ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੇਸ਼ ਦੇ ਮਜ਼ਦੂਰਾਂ ਲਈ ਮਨਰੇਗਾ ਨੂੰ ਬਚਾਉਣ ਲਈ ਲੜਾਈ ਲੜੇਗੀ।ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਮਜ਼ਬੂਤੀ ਨਾਲ ਮਨਰੇਗਾ ਦੇ ਮੂਲ ਰੂਪ ਵਿੱਚ ਬਹਾਲੀ ਤੱਕ ਲੜਾਈ ਲੜੇਗੀ ਤੇ ਤਿੰਨ ਕਾਲੇ ਖੇਤੀ ਕਾਨੂੰਨਾਂ ਵਾਂਗ ਦੇਸ਼ ਵਾਸੀਆਂ ਦੇ ਸਾਥ ਨਾਲ ਇਸ ਫਰਮਾਨ ਨੂੰ ਵੀ ਵਾਪਸ ਕਰਵਾ ਕੇ ਰਹੇਗੀ।ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨੇ ਕਿਹਾ ਕਿ ਕਾਂਗਰਸ, ਕੇਂਦਰ ਤੇ ਪੰਜਾਬ ਸਰਕਾਰ ਨਾਲ ਲੜਾਈ ਲੜੇਗੀ।ਇਨ੍ਹਾਂ ਰੈਲੀਆਂ ਤੋਂ ਬਾਅਦ ਪੰਜਾਬ ਵਿੱਚ ਭਾਜਪਾ ਵਾਲਿਆਂ ਦੇ ਘਰਾਂ ਦਾ ਘਿਰਾਓ ਕੀਤਾ ਜਾਵੇਗਾ, ਉਨ੍ਹਾਂ ਨੇ ਸੁਨੀਲ ਜਾਖੜ ਨੂੰ ਕਾਂਗਰਸ ਦਾ ਭਗੌੜਾ ਵੀ ਕਰਾਰ ਦਿੱਤਾ।

ਕਾਂਗਰਸ ਦੇ ਸਾਬਕਾ ਵਿਧਾਇਕ ਰਮਿੰਦਰ ਆਵਲਾ ਨੇ ਕਿਹਾ ਕਿ ਫਿਰੋਜ਼ਪੁਰ ਇੱਕ ਬਾਰਡਰ ਇਲਾਕਾ ਹੈ ਜੋ ਕਿ ਕਾਫੀ ਪਿਛੜਿਆ ਹੋਇਆ ਹੈ।ਫਿਰੋਜ਼ਪੁਰ ਦੇ ਕਾਂਗਰਸੀ ਵਰਕਰ, ਜੋ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਹਨ, ਉਹ ਕਾਂਗਰਸ ਦੀ ਰੀੜ੍ਹ ਦੀ ਹੱਡੀ ਹਨ ਤੇ ਕਾਂਗਰਸ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਨ। ਸਰਕਾਰ ਆਉਣ 'ਤੇ ਇਨ੍ਹਾਂ ਦੀਆਂ ਜੋ ਕੱਚੀਆਂ ਜ਼ਮੀਨਾਂ ਪੱਕੀਆਂ ਕੀਤੀਆਂ ਜਾਣ ਤੇ ਇਨ੍ਹਾਂ ਨੂੰ ਉਸ ਦੇ ਮਾਲਿਕਾਨਾ ਹੱਕ ਮਿਲਣ।ਉਨ੍ਹਾਂ ਕਿਹਾ ਕਿ ਮਨਰੇਗਾ ਨਾਲ ਆਮ ਗਰੀਬ ਦਾ ਚੁੱਲ੍ਹਾ ਬਲਦਾ ਹੈ, ਜਿਸ ਨੂੰ ਮੋਦੀ ਸਰਕਾਰ ਨੇ ਬੁਝਾਉਣ ਦਾ ਕੰਮ ਕੀਤਾ ਹੈ, ਉੱਥੇ ਹੀ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਸਰਕਾਰ ਆਉਣ 'ਤੇ ਮਜ਼ਦੂਰਾਂ ਨੂੰ ਮਨਰੇਗਾ ਦੇ ਰੂਪ ਵਿੱਚ ਦਿੱਤੇ ਜਾਣ ਵਾਲਾ ਭੱਤਾ ਕਾਂਗਰਸ ਸਰਕਾਰ ਹੀ ਦੇਵੇਗੀ ਤਾਂ ਕਿ ਲੋਕਾਂ ਨੂੰ ਰੁਜ਼ਗਾਰ ਮਿਲੇ।ਉਨ੍ਹਾਂ ਕਿਹਾ ਕਿ ਕਈ ਗਰੰਟੀਆਂ ਕਾਂਗਰਸ ਲੈ ਕੇ ਆਏਗੀ, ਜਿਸ ਨਾਲ ਆਮ ਲੋਕਾਂ ਦਾ ਭਲਾ ਹੋਵੇਗਾ।ਇਸ ਮੌਕੇ ਕਾਂਗਰਸੀ ਆਗੂਆਂ ਵਿੱਚ ਭੀਮ ਕੰਬੋਜ, ਰਿੰਕੂ ਸੋਢੀ, ਪ੍ਰੀਤਮ ਬੇਦੀ, ਰਜਿੰਦਰ ਭਠੇਜਾ, ਸ਼ਵਿੰਦਰ ਸਿੰਘ ਸਿੱਧੂ, ਅਮਰੀਕ ਸਿੰਘ ਬਾਬਾ ਫਾਰਮ, ਸਿਮੂ ਪਾਸੀ, ਵੇਦ ਪ੍ਰਕਾਸ਼ ਕੰਬੋਜ, ਜਸਵੰਤ ਜੁਆਏ ਸਿੰਘ ਵਾਲਾ, ਕਰਤਾਰ ਸਿੰਘ ਤੇ ਹੋਰ ਵੀ ਕਈ ਹਾਜ਼ਰ ਸਨ।

## ਪਾਣੀ ਦੀ ਕਿੱਲਤ ਨੂੰ ਲੈ ਕੇ ਲੋਕਾਂ 'ਚ ਹਾਹਾਕਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਟਿਆਲਾ ਮੰਡੀ 'ਚ ਪਿਛਲੇ ਪੰਜ ਦਿਨਾਂ ਤੋਂ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਪਈ ਹੈ, ਜਿਸ ਕਾਰਨ ਲੋਕਾਂ ਵਿੱਚ ਹਾਹਾਕਾਰ ਮੱਚੀ ਪਈ ਹੈ। ਕਈ ਘਰਾਂ 'ਚ ਪਾਣੀ ਦੀ ਇੱਕ ਵੀ ਬੂੰਦ ਨਾ ਹੋਣ ਕਾਰਨ ਇਸ਼ਨਾਨ ਕਰਨਾ ਤਾਂ ਦੂਰ ਮੂੰਹ-ਹੱਥ ਧੋਣ ਯੋਗਾ ਪਾਣੀ ਵੀ ਨਹੀ ਹੈ।ਇਹ ਸਾਰੀ ਨਗਰ ਕੌਂਸਲ ਦੀ ਲਾਪ੍ਰਵਾਹੀ ਹੈ।ਨਗਰ ਕੌਂਸਲ ਦਫ਼ਤਰ ਅਨੁਸਾਰ ਪਟਿਆਲਾ ਮੰਡੀ ਵਿੱਚ ਤਿੰਨ ਪਾਣੀ ਦੀਆਂ ਮੋਟਰਾਂ ਚੱਲਦੀਆਂ ਹਨ।ਇੱਕ ਮੋਟਰ ਗੁਰੂ ਨਾਨਕ ਪਾਰਕ ਵਿਖੇ ਹੈ, ਦੂਜੀਆਂ ਦੋ ਨਗਰ ਕੌਂਸਲ ਦਫਤਰ ਵਿਖੇ ਹਨ, ਜਿਹੜੀਆਂ ਸਵੇਰੇ ਪੰਜ ਵਜੇ ਤੋਂ 9 ਵਜੇ ਤੇ ਸ਼ਾਮ ਪੰਜ ਵਜੇ ਤੋਂ ਰਾਤ 9 ਵਜੇ ਤੱਕ ਚੱਲਦੀਆਂ ਹਨ।ਸ਼ਹਿਰ ਦੀ 80% ਆਬਾਦੀ ਨਗਰ ਕੌਂਸਲ ਦੇ ਪਾਣੀ 'ਤੇ ਨਿਰਭਰ ਹੈ।ਹੁਣ ਨਗਰ ਕੌਂਸਲ ਵਿਖੇ ਮੇਨ ਮੋਟਰ ਪੰਜ ਦਿਨਾਂ ਤੋਂ ਖਰਾਬ ਪਈ ਹੈ।ਇੱਕ ਮੋਟਰ ਪਹਿਲਾਂ ਹੀ ਖਰਾਬ ਪਈ ਹੈ।ਸਿਰਫ ਇਕ ਮੋਟਰ 'ਤੇ ਹੀ ਪਟਿਆਲਾ ਮੰਡੀ, ਸਹੀਦ ਭਗਤ ਸਿੰਘ ਕਲੋਨੀ, ਫਰੀਦ ਨਗਰ, ਰਾਧਾ ਸਵਾਮੀ ਕਲੋਨੀ, ਗਾਂਧੀ ਨਗਰ ਤੋ ਇਲਾਵਾ ਹੋਰ ਏਰੀਆ ਨਿਰਭਰ ਹੈ। ਜੇਕਰ ਇਹ ਮੋਟਰ ਲਗਾਤਾਰ 24 ਘੰਟੇ ਚਲਾਈ ਜਾਵੇ ਤਾਂ ਵੀ ਪਾਣੀ ਮੰਗ ਪੂਰੀ ਨਹੀਂ ਹੋ ਸਕਦੀ।ਜਦੋਂ ਘਰਾਂ 'ਚ ਮੋਟਰ ਜਾਂ ਟੁੱਲੂ ਪੰਪ ਖਰਾਬ ਹੋ ਜਾਵੇ ਤਾਂ ਮਿਸਤਰੀ ਅਪਨੇ ਕੋਲੋਂ ਕੋਈ ਮੋਟਰ ਲਾ ਕੇ ਆਰਜ਼ੀ ਪ੍ਰਬੰਧ ਕਰ ਦਿੰਦਾ ਹੈ।ਖਬਰ ਲਿਖੇ ਜਾਣ ਤੱਕ ਘਰਾਂ ਵਿੱਚ ਪਾਣੀ ਦੀ ਇੱਕ ਬੂੰਦ ਨਹੀਂ ਸੀ।

## ਨੀਂਹ ਪੱਥਰਾਂ 'ਤੇ ਖਰਚਾ ਨਾ ਕਰਨ ਦਾ ਵਾਅਦਾ ਕਰਕੇ ਇੱਕੋ ਪੁਲ਼ 'ਤੇ ਤਿੰਨ ਨੀਂਹ ਪੱਥਰ ਲਾਏ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਨੀਂਹ ਪੱਥਰਾਂ 'ਤੇ ਖਰਚਾ ਨਾ ਕਰਨ ਦੇ ਦਾਅਵੇ ਨਾਲ ਸਰਕਾਰ ਬਣਾਉਣ ਵਾਲੇ ਆਮ ਆਦਮੀ ਪਾਰਟੀ 'ਤੇ ਮੁੱਖ ਮੰਤਰੀ ਤੇ ਸ਼ਹਿਰੀ ਐਮ.ਐਲ.ਏ ਵੱਲੋਂ ਇੱਕੋ ਪੁੱਲ ਉੱਪਰ ਹੁਣ ਤੱਕ ਤਿੰਨ ਨੀਂਹ ਪੱਥਰ ਰੱਖ ਦਿੱਤੇ ਗਏ ਹਨ।ਭਵਿੱਖ ਵਿੱਚ ਇੱਕ ਹੋਰ ਨੀਂਹ ਪੱਥਰ ਇਸ ਪੁੱਲ ਉੱਪਰ ਲੱਗਣ ਦੀ ਸੰਭਾਵਨਾ ਤੋਂ ਇਨਕਰ ਨਹੀਂ ਕੀਤਾ ਜਾ ਸਕਦਾ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਾਇਬਰੇਰੀ ਨੂੰ ਲੋਕਾਂ ਲਈ ਸਮਰਪਤ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ ਹੈ।ਇਸ ਤੋਂ ਇੱਕ ਦਿਨ ਪਹਿਲਾਂ ਉਨ੍ਹਾਂ ਬਠਿੰਡਾ ਦਾ ਸਭ ਤੋਂ ਪਹਿਲਾਂ ਤੇ ਪੁਰਾਣਾ ਪੁਲ਼ ਢਾਹ ਕੇ ਉਸ ਥਾਂ ਨਵੇਂ ਬਣਾਏ ਗਏ ਮੁਲਤਾਨੀਆ ਓਵਰਬ੍ਰਿਜ ਪੁਲ ਨੂੰ ਵੀ ਚਾਲੂ ਕਰਨ ਦਾ ਉਦਘਾਟਨ ਕਰਨ ਦਾ ਨੀਂਹ ਪੱਥਰ ਆਪਣੇ ਲਾਮ ਲਸ਼ਕਰ ਨੂੰ ਨਾਲ ਲੈ ਕੇ ਰੱਖਿਆ ਗਿਆ ਹੈ।ਇਸ ਪੁਲ ਉੱਪਰ ਪਹਿਲਾਂ ਵੀ ਮੁਲਤਾਨੀਆ ਰੋਡ ਵਾਲੇ ਪਾਸੇ ਰੇਲਵੇ ਕਵਾਟਰਾਂ ਵਾਲੀ ਕੰਧ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੇ ਲਾਮ ਲਸ਼ਕਰ ਨਾਲ ਆ ਕੇ ਕਰੀਬ ਦੋ ਸਾਲ ਪਹਿਲਾਂ ਕੰਮ ਸ਼ੁਰੂ ਕਰਨ ਦੇ ਲਈ ਪਹਿਲਾਂ ਵੀ ਇੱਕ ਨੀਂਹ ਪੱਥਰ ਰੱਖਿਆ ਗਿਆ ਸੀ।ਫਿਰ ਇਸੇ ਪੁਲ ਹੇਠ ਪਲੇਅਗਰਾਉਂਡ ਬਣਾਉਣ ਦਾ ਇੱਕ ਹੋਰ ਨੀਹ ਪੱਥਰ ਸ਼ਹਿਰੀ ਐਮਐਲਏ ਜਗਰੂਪ ਸਿੰਘ ਗਿੱਲ ਆਪਣੇ ਨਾਲ ਪੂਰਾ ਲਾਮ ਲਸ਼ਕਰ ਲਿਆ ਕੇ ਰੱਖਿਆ ਗਿਆ ਹੈ।ਭਵਿੱਖ ਵਿੱਚ ਇਸ ਓਵਰਬ੍ਰਿਜ ਪੁਲ ਉੱਪਰ ਇੱਕ ਹੋਰ ਨੀਹ ਪੱਥਰ ਰੱਖਣ ਦੀ ਸੰਭਾਵਨਾ ਸੰਭਾਵਨਾ ਹੈ।ਇਹ ਨੀਂਹ ਪੱਥਰ ਇਸ ਪੁਲ਼ ਨੂੰ ਸਿਦਕੀ ਬਜ਼ਾਰ ਨਾਲ ਜੋੜਨ ਲਈ ਨਿਰਮਾਣ ਕੀਤੀਆਂ ਜਾ ਰਹੀਆਂ ਪੌੜੀਆਂ ਦੇ ਉਦਘਾਟਨ ਦਾ ਹੋਵੇਗਾ।ਜ਼ਿਕਰਯੋਗ ਹੈ ਕਿ ਮੁੱਖ- ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਹ ਵੀ ਦਾਅਵਾ ਕੀਤਾ ਗਿਆ ਸੀ ਕਿ ਉਹ ਨਿਰਮਾਣ ਕੀਤੇ ਪ੍ਰੋਜੈਕਟਾਂ ਉਪਰ ਪੱਥਰਾਂ ਉੱਪਰ ਆਪਣਾ ਨਾਂਅ ਨਾ ਲਿਖ ਕੇ ਕੰਮ ਕਰਨ ਵਾਲੇ ਇੰਜਨੀਅਰਾਂ, ਮਜਦੂਰਾਂ ਦਾ ਨਾਂਅ ਲਿਖਣਗੇ।ਇਸ ਤਰ੍ਹਾਂ ਦੇ ਨੀਂਹ-ਪੱਥਰ ਉਨ੍ਹਾਂ ਵੱਲੋਂ ਕੁਝ ਸਮਾਂ ਪਹਿਲਾਂ ਰੱਖੇ ਵੀ ਗਏ ਹਨ।

## ਨਸ਼ੇ ਸਿਰਫ ਇੱਕ ਵਿਅਕਤੀ ਨੂੰ ਨਹੀਂ, ਸਗੋਂ ਪੂਰੇ ਪਰਵਾਰ ਤੇ ਸਮਾਜ ਨੂੰ ਗੰਭੀਰ ਨੁਕਸਾਨ ਪਹੁੰਚਾਉਂਦੇ : ਕਟਾਰੀਆ

### 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਰੈਲੀ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਹੋਈ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ ਦੇ ਦੂਜੇ ਪੜਾਅ ਵਿੱਚ ਨਗਰ ਪੰਚਾਇਤ ਮੱਖੂ ਵੱਲੋਂ ਸ਼ਹਿਰ ਦੀਆਂ ਵੱਖ ਵੱਖ ਵਾਰਡਾਂ ਵਿੱਚ ਜਾਗਰੂਕਤਾ ਰੈਲੀਆਂ ਕੱਢੀਆਂ ਜਾ ਰਹੀਆਂ ਹਨ।'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 'ਆਪ' ਆਗੂ ਮਨਜਿੰਦਰ ਸਿੰਘ ਦੀ ਅਗਵਾਈ ਵਿੱਚ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਕਟਾਰੀਆ ਵੱਲੋਂ ਵਾਰਡ ਨੰਬਰ 11 'ਚ 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਰੈਲੀ ਕੱਢੀ ਗਈ।ਇਸ ਰੈਲੀ ਦੌਰਾਨ ਨਸ਼ਿਆਂ ਨੂੰ ਨਾ ਕਰੋ, ਸਿਹਤ ਮੰਦ ਜੀਵਨ-ਖੁਸ਼ਹਾਲ ਪਿੰਡ ਅਤੇ ਨਸ਼ੇ ਛੱਡੋ, ਭਵਿੱਖ ਬਣਾਓ ਵਰਗੇ ਨਾਅਰੇ ਲਗਾ ਕੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਪ੍ਰਧਾਨ ਨਰਿੰਦਰ ਕਟਾਰੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਰੈਲੀ ਦਾ ਮੁੱਖ ਉਦੇਸ਼ ਨਸ਼ਿਆਂ ਦੇ ਵਧਦੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਸੁਚੇਤ ਕਰਨਾ ਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੀ ਕੋਸ਼ਿਸ਼ ਨੂੰ ਮਜ਼ਬੂਤ ਕਰਨਾ ਹੈ।ਨਸ਼ੇ ਸਿਰਫ ਇੱਕ ਵਿਅਕਤੀ ਨੂੰ ਹੀ ਨਹੀਂ, ਸਗੋਂ ਪੂਰੇ ਪਰਵਾਰ ਤੇ ਸਮਾਜ ਨੂੰ ਗੰਭੀਰ ਨੁਕਸਾਨ ਪਹੁੰਚਾਉਂਦੇ ਹਨ।ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਸਿਰਫ ਸਰਕਾਰ ਜਾਂ ਪੁਲਸ ਪ੍ਰਸ਼ਾਸਨ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਇਸ ਮੌਕੇ 'ਆਪ' ਆਗੂ ਮਨਜਿੰਦਰ ਸਿੰਘ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਹਿਰ ਵਿੱਚ ਰੈਲੀਆਂ ਕੱਢੀਆਂ ਜਾ ਰਹੀਆਂ ਹਨ, ਜਿਸ ਦਾ ਮੁੱਖ ਮਕਸਦ ਨਸ਼ੇ ਰੂਪੀ ਕੋਹੜ ਖਿਲਾਫ ਇੱਕ ਲੋਕ ਲਹਿਰ ਨੂੰ ਪੈਦਾ ਕਰਨਾ ਹੈ ਤਾਂ ਜੋ ਨਸ਼ੇ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਇਸ ਮੌਕੇ ਹੀਰਾ ਗਿੱਲ, ਸੋਨੂੰ ਸੂਦ, ਹੀਰਾ ਸਿੰਘ ਐਮ ਸੀ ਆਦਿ ਹਾਜ਼ਰ ਸਨ।

## ਸਾਰੇ ਤਿਉਹਾਰ ਇਕਜੁਟ ਹੋ ਕੇ ਮਨਾਉਣ ਨਾਲ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ : ਜਸਦੀਪ ਖੰਨਾ, ਅਮਰਦੀਪ ਖੰਨਾ



**ਨਾਭਾ (ਵਰਿੰਦਰ ਵਰਮਾ)**-ਨਗਰ ਕੌਂਸਲ ਵਿਖੇ ਪ੍ਰਧਾਨ ਜਸਦੀਪ ਸਿੰਘ ਖੰਨਾ ਨੇ ਸਟਾਫ਼ ਨਾਲ ਲੋਹੜੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰਧਾਨ ਜਸਦੀਪ ਸਿੰਘ ਖੰਨਾ ਨੇ ਸ਼ਹਿਰ ਵਾਸੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ।ਪ੍ਰਧਾਨ ਜਸਦੀਪ ਸਿੰਘ ਖੰਨਾ ਦੇ ਪਿਤਾ ਸਾਬਕਾ ਇੰਪਰੂਵਮੈਂਟ ਟਰਸਟ ਚੇਅਰਮੈਨ ਅਮਰਦੀਪ ਸਿੰਘ ਖੰਨਾ ਮੌਜੂਦ ਸਨ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਭਾਰਤ ਤਿਉਹਾਰਾਂ ਦਾ ਦੇਸ਼ ਹੈ।ਸਾਲ ਦੇ 12 ਮਹੀਨਿਆਂ 'ਚੋਂ ਕੋਈ ਵੀ ਅਜਿਹਾ ਮਹੀਨਾ ਨਹੀਂ, ਜਦੋਂ ਕੋਈ ਤਿਉਹਾਰ ਨਾ ਮਨਾਇਆ ਜਾਂਦਾ ਹੋਵੇ।ਭਾਰਤ ਦਾ ਸਮੁੱਚਾ ਜਨ-ਜੀਵਨ ਤਿਉਹਾਰਾਂ ਨਾਲ ਜੁੜਿਆ ਹੈ।ਇਸੇ ਤਰ੍ਹਾਂ ਮਾਘੀ ਤੋਂ ਇਕ ਦਿਨ ਪਹਿਲਾਂ ਲੋਹੜੀ ਦਾ ਤਿਉਹਾਰ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਤਿਉਹਾਰ ਦੇ ਅਰਥ ਤਿਲ+ਰਿਓੜੀ ਤੋਂ ਹਨ।ਤਿਲ ਤੇ ਰਿਓੜੀ ਦਾ ਤਿਉਹਾਰ ਹੋਣ ਕਾਰਨ ਇਸ ਦਾ ਪੁਰਾਤਨ ਨਾਂਅ ਤਿਲੋੜੀ ਸੀ, ਜੋ ਸਮੇਂ ਨਾਲ ਬਦਲਦਾ-ਬਦਲਦਾ 'ਲੋਹੜੀ' ਬਣ ਗਿਆ।ਇਹ ਤਿਉਹਾਰ ਪੰਜਾਬ ਦੇ ਹਰ ਘਰ 'ਚ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਕਜੁਟ ਹੋ ਕੇ ਸਾਰੇ ਤਿਉਹਾਰ ਮਨਾਉਣ ਨੂੰ ਪਹਿਲ ਕਰਨੀ ਚਾਹੀਦੀ ਹੈ, ਅਜਿਹਾ ਕਰਨ ਨਾਲ ਆਪਸੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੁੰਦੀ ਹੈ।

## ਸਿਵਲ ਹਸਪਤਾਲ 'ਚ ਨਵਜੰਮੀਆਂ ਬੇਟੀਆਂ ਦੀ ਲੋਹੜੀ ਮਨਾਈ



**ਸਮਰਾਲਾ (ਸੁਰਜੀਤ ਸਿੰਘ)**-ਸਿਵਲ ਹਸਪਤਾਲ ਵਿਖੇ ਮੈਡੀਕਲ ਅਫ਼ਸਰ ਡਾ ਲਖਵਿੰਦਰ ਸਿੰਘ ਦੀ ਅਗਵਾਈ ਵਿੱਚ ਨਵਜੰਮੀਆਂ ਧੀਆਂ ਦੀ ਲੋਹੜੀ ਉਨ੍ਹਾਂ ਦੇ ਮਾਪਿਆਂ, ਹਾਜ਼ਰ ਸਟਾਫ, ਮਰੀਜ਼ਾਂ ਤੇ ਸ਼ਹਿਰ ਦੇ ਹੋਰ ਪਤਵੰਤਿਆਂ ਦੀ ਹਾਜ਼ਰੀ ਵਿੱਚ ਮਨਾਈ ਗਈ।ਸਮਾਗਮ ਵਿੱਚ ਪੰਜ ਨਵਜੰਮੀਆ ਲੜਕੀਆਂ ਤੇ ਉਨ੍ਹਾਂ ਦੇ ਮਾਪੇ ਬੜੇ ਉਤਸ਼ਾਹ ਨਾਲ ਸ਼ਾਮਲ ਹੋਏ।ਮੈਡੀਕਲ ਅਫਸਰ ਡਾਕਟਰ ਲਖਵਿੰਦਰ ਸਿੰਘ ਨੇ ਕਿਹਾ ਕਿ ਅਜੋਕੇ ਯੁੱਗ ਵਿੱਚ ਲੜਕੇ ਤੇ ਲੜਕੀਆਂ ਵਿੱਚ ਕੋਈ ਅੰਤਰ ਨਹੀਂ ਹੈ, ਲੜਕੀਆਂ-ਲੜਕਿਆਂ ਦੇ ਮੁਕਾਬਲੇ ਕਈ ਖੇਤਰਾਂ ਵਿੱਚ ਮੋਹਰੀ ਹਨ ਤੇ ਦੇਸ਼ ਦੇ ਉੱਚ ਅਹੁਦੇ ਤੇ ਬਿਰਾਜਮਾਨ ਹਨ।ਇਸ ਲਈ ਸਾਨੂੰ ਰੂੜੀਵਾਦੀ ਸੋਚ ਤਿਆਗ ਕੇ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਸਤਿਕਾਰ ਦੇਣਾ ਚਾਹੀਦਾ ਹੈ ਤੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦੇ ਤਹਿਤ ਲੜਕੀਆਂ ਨੂੰ ਵੱਧ ਤੋਂ ਵੱਧ ਸਿੱਖਿਆ ਪ੍ਰਦਾਨ ਕਰਕੇ ਇਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਯਤਨ ਕਰਦੇ ਰਹਿਣਾ ਚਾਹੀਦਾ ਹੈ।ਸਮਾਜ ਵਿੱਚੋਂ ਭਰੂਣ ਹੱਤਿਆ ਵਰਗੀਆਂ ਕੁਰੀਤੀਆਂ ਨੂੰ ਖਤਮ ਕਰਕੇ ਚੰਗਾ ਸਮਾਜ ਸਿਰਜਣਾ ਸਮੇਂ ਦੀ ਮੁੱਖ ਲੋੜ ਹੈ।ਸਮਾਗਮ ਦੌਰਾਨ ਨਵਜੰਮੀਆ ਬੱਚੀਆਂ ਨੂੰ ਨਵੇਂ ਕੱਪੜੇ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮੂੰਗਫਲੀਆਂ ਅਤੇ ਰਿਓੜੀਆਂ ਵੰਡੀਆਂ ਗਈਆਂ।

## ਇਲੈਕਟਰੋ ਹੋਮਿਓਥੈਪੀ ਦੇ ਬਾਨੀ ਡਾ. ਸੀ ਸੀ ਮੈਟੀ ਦੇ ਜਨਮ ਦਿਹਾੜੇ ਮੌਕੇ ਸਮਾਗਮ





**ਕੋਟਕਪੂਰਾ (ਰਛਪਾਲ ਭੁੱਲਰ)**-ਇਲੈਕਟਰੋ ਹੋਮਿਓਪੈਥੀ ਡਾਕਟਰਜ਼ ਐਸੋਸੀਏਸ਼ਨ ਪੰਜਾਬ ਦੀ ਪ੍ਰਬੰਧਕੀ ਕਮੇਟੀ ਅਤੇ ਏ ਐਂਡ ਡੀ ਹਰਬਲ ਰਿਸਰਚ ਅਪ੍ਰੇਸ਼ਨ ਦੇ ਸਾਂਝੇ ਉਦਮ ਸਦਕਾ ਸਥਾਨਕ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਿਖੇ ਇਲੈਕਟਰੋ ਹੋਮਿਓਪੈਥੀ ਚਿਕਿਤਸਾ ਪ੍ਰਣਾਲੀ ਦੇ ਬਾਨੀ ਡਾ ਸੀ ਸੀ ਮੈਟੀ ਦਾ 217ਵਾਂ ਜਨਮ ਦਿਹਾੜਾ ਮਨਾਇਆ ਗਿਆ। ਜਿਸ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬਤੌਰ ਮੁੱਖ ਮਹਿਮਾਨ, ਜਦਕਿ ਗੁਰਦਿੱਤ ਸਿੰਘ ਸੇਖੋਂ ਵਿਧਾਇਕ ਫਰੀਦਕੋਟ, ਅਮੋਲਕ ਸਿੰਘ ਵਿਧਾਇਕ ਜੈਤੋਂ ਅਤੇ ਅੰਮ੍ਰਿਤਪਾਲ ਸਿੰਘ ਸੁਖਾਨੰਦ ਵਿਧਾਇਕ ਬਾਘਾਪੁਰਾਣਾ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਜਥੇਬੰਦੀ ਦੇ ਸੂਬਾਈ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਕਰਦਿਆਂ ਸੂਬੇ ਭਰ ਦੇ ਵੱਖ-ਵੱਖ ਹਿੱਸੇ ਤੋਂ ਆਏ ਡਾਕਟਰਾਂ ਅਤੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਮੰਚ ਸੰਚਾਲਕ ਡਾ. ਗਗਨ ਅਰੋੜਾ ਸਮੇਤ ਡਾ. ਤਰਸੇਮ ਸਿੰਘ ਗੜ੍ਹਸ਼ੰਕਰ, ਡਾ. ਬੀ.ਐਸ. ਬੈਂਸ ਚੰਡੀਗੜ੍ਹ, ਡਾ. ਪ੍ਰੀਤਮ ਸਿੰਘ ਛੌਕਰ ਆਦਿ ਬੁਲਾਰਿਆਂ ਨੇ ਇਲੈਕਟਰੋ ਹੋਮਿਓਪੈਥੀ ਦੀ ਮੌਜੂਦਾ ਕਾਨੂੰਨੀ ਸਥਿਤੀ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਡਾ. ਰਣਜੀਤ ਸਿੰਘ ਪੰਨੂੰ, ਡਾ. ਜਸਵਿੰਦਰ ਸਿੰਘ, ਡਾ. ਦਿਲਬਾਗ ਸਿੰਘ ਅਤੇ ਡਾ. ਪ੍ਰਭਜੋਤ ਸਿੰਘ ਨੇ ਇਲੈਕਟਰੋ ਹੋਮਿਓਪੈਥੀ ਦੇ ਇਲਾਜ ਦੇ ਫਾਇਦਿਆਂ ਬਾਰੇ ਚਾਨਣਾ ਪਾਇਆ। ਮੁੱਖ ਮਹਿਮਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਪੰਜਾਬ ਰਾਜ ਵਿੱਚ ਇਲੈਕਟਰੋ ਹੋਮਿਓਪੈਥੀ ਨੂੰ ਮਾਨਤਾ ਦਿਵਾਉਣ ਲਈ ਇਕ ਮੰਗ ਪੱਤਰ ਵੀ ਸੌਂਪਿਆ ਗਿਆ। ਆਗੂਆਂ ਨੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਕਿ ਰਾਜਸਥਾਨ ਸਰਕਾਰ ਪਹਿਲਾਂ ਹੀ ਇਸ ਪੈਥੀ ਨੂੰ ਮਾਨਤਾ ਦੇ ਚੁੱਕੀ ਹੈ ਅਤੇ ਮਹਾਂਰਾਸ਼ਟਰ ਐਫ ਡੀ ਏ ਨੇ ਵੀ ਕਰੋਸ ਅਤੇ ਜਿੰਮਪਲ ਵਿਧੀ ਰਾਹੀਂ ਇਲੈਕਟਰੋ ਹੋਮਿਓਪੈਥਿਕ ਦਵਾਈਆਂ ਤਿਆਰ ਕਰਨ ਨੂੰ ਮਨਜ਼ੂਰੀ ਦਿੱਤੀ ਹੋਈ ਹੈ, ਇਸ ਲਈ ਪੰਜਾਬ ਵਿੱਚ ਵੀ ਇਸ ਨੂੰ ਬਣਦਾ ਦਰਜਾ ਦਿੱਤਾ ਜਾਵੇ। ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖਸੀਅਤਾਂ ਡਾ. ਜਸਵਿੰਦਰ ਸਿੰਘ ਅਜੀਤਵਾਲ, ਡਾ. ਭੁਪਿੰਦਰ ਸਿੰਘ ਹਰੀਕੇ ਕਲਾਂ, ਡਾ. ਗੁਰਬਚਨ ਸਿੰਘ ਥਰਾਜ, ਡਾ. ਇੰਦਰਜੀਤ ਸਿੰਘ ਨਥਾਣਾ, ਡਾ. ਰੇਸ਼ਮ ਸਿੰਘ ਪਥਰਾਲਾ, ਡਾ. ਜਗਸੀਰ ਸਿੰਘ ਖਾਰਾ, ਡਾ. ਗੁਰਮੇਲ ਸਿੰਘ ਬਰਗਾੜੀ, ਡਾ. ਤੇਜਿੰਦਰ ਸਿੰਘ ਸਮਾਧ ਭਾਈ, ਡਾ. ਦਲਜੀਤ ਸਿੰਘ ਮੋਗਾ, ਡਾ. ਕੁਲਵੰਤ ਸਿੰਘ ਹੁਸ਼ਿਆਰਪੁਰ, ਡਾ. ਜੋਗਿੰਦਰ ਸ਼ਰਮਾ ਆਗਰਾ, ਡਾ. ਮੁਨੀਸ਼ ਚੰਦਰ ਬਘੇਲ ਆਗਰਾ, ਡਾ. ਜੋਤੀ ਰਾਣੀ, ਡਾ. ਜਗਦੀਪ ਕੌਰ, ਡਾ. ਬਲਜੀਤ ਕੌਰ, ਡਾ ਦਲਜੀਤ ਕੌਰ, ਡਾ. ਤੇਜਵੰਤ ਕੌਰ ਅਤੇ ਡਾ. ਪ੍ਰਿੰਸੀ ਅਰੋੜਾ ਆਦਿ ਸਮੇਤ ਪੰਜਾਬ ਭਰ ਦੇ ਪਿੰਡਾਂ, ਸ਼ਹਿਰਾਂ, ਕਸਬਿਆਂ ਤੋਂ ਇਲਾਵਾ ਗੁਆਂਢੀ ਰਾਜਾਂ ਤੋਂ ਵੀ 200 ਤੋਂ ਵੱਧ ਡਾਕਟਰਾਂ ਦੀ ਹਾਜ਼ਰੀ ਵਿੱਚ ਕੇਕ ਕੱਟਣ ਦੀ ਰਸਮ ਵੀ ਅਦਾ ਕੀਤੀ ਗਈ। ਸਮਾਗਮ ਨੂੰ ਹੋਰ ਰੰਗਾਰੰਗ ਬਣਾਉਂਦਿਆਂ ਬਾਬਾ ਫਰੀਦ ਗੁਰੂਕੁਲ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਡਾਂਸ ਵੀ ਪੇਸ਼ ਕੀਤਾ ਗਿਆ।

## ਤਰਕਸ਼ੀਲ ਸੁਸਾਇਟੀ ਜ਼ਿਲ੍ਹਾ ਪੱਧਰੀ ਧਰਨਿਆਂ 'ਚ ਕਰੇਗੀ ਭਰਵੀਂ ਸ਼ਮੂਲੀਅਤ

**ਬਰਨਾਲਾ (ਰਾਜਿੰਦਰ ਬਰਾੜ)**-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬਿਜਲੀ ਸੋਧ ਬਿੱਲ, ਬੀਜ ਸੋਧ ਬਿੱਲ, ਕਿਰਤ ਕਾਨੂੰਨ ਨੂੰ ਰੱਦ ਕਰਾਉਣ ਤੇ ਮਨਰੇਗਾ ਐਕਟ ਦੇ ਪੁਰਾਣੇ ਸਰੂਪ ਦੀ ਬਹਾਲੀ ਲਈ 16 ਜਨਵਰੀ ਨੂੰ ਦਿੱਤੇ ਜਾ ਰਹੇ ਜ਼ਿਲ੍ਹਾ ਪੱਧਰੀ ਧਰਨਿਆਂ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਅਮਰੀਕਾ ਵੱਲੋਂ ਵੈਨਜ਼ੂਏਲਾ ਉਤੇ ਕੀਤੇ ਫਾਸ਼ੀ ਹਮਲੇ ਤੇ ਰਾਸ਼ਟਰਪਤੀ ਅਤੇ ਉਸਦੀ ਪਤਨੀ ਨੂੰ ਅਗਵਾ ਕਰਕੇ ਅਮਰੀਕਾ ਲਿਜਾਣ ਦੀ ਤਾਨਾਸ਼ਾਹੀ ਕਾਰਵਾਈ ਨੂੰ ਸਾਮਰਾਜੀ ਜਬਰ ਦੀ ਇੰਤਹਾ ਕਰਾਰ ਦਿੰਦਿਆਂ ਉਨ੍ਹਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ। ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਰਾਜਪਾਲ ਬਠਿੰਡਾ, ਜਸਵੰਤ ਮੁਹਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ ਭਵਨ ਬਰਨਾਲਾ ਤੋਂ ਜਾਰੀ ਪ੍ਰੈਸ ਬਿਆਨ ਵਿੱਚ ਕਿਹਾ ਕਿ ਮੋਦੀ ਸਰਕਾਰ ਵੱਲੋਂ ਵਿਸ਼ਵ ਵਪਾਰ ਸੰਗਠਨ ਤੇ ਸਾਮਰਾਜੀ ਦੇਸ਼ਾਂ ਦੇ ਦਬਾਅ ਹੇਠ ਬਿਜਲੀ ਸੋਧ ਬਿੱਲ, ਬੀਜ ਸੋਧ ਬਿੱਲ, ਕਿਰਤ ਕਾਨੂੰਨ ਤੇ ਮਨਰੇਗਾ ਸੋਧ ਵਰਗੇ ਕਿਸਾਨ-ਮਜ਼ਦੂਰ-ਮੁਲਾਜ਼ਮ-ਆਮ ਲੋਕ ਵਿਰੋਧੀ ਬਸਤੀਵਾਦੀ ਕਾਲੇ ਕਾਨੂੰਨਾਂ ਅਤੇ ਕਾਰਪੋਰੇਟ ਪੱਖੀ ਨੀਤੀਆਂ ਰਾਹੀਂ ਦੇਸ਼ ਵਿੱਚ ਜਨਤਕ ਖੇਤਰ ਨੂੰ ਖਤਮ ਕੀਤਾ ਜਾ ਰਿਹਾ ਹੈ, ਜਿਸਦੇ ਨਤੀਜੇ ਵਜੋਂ ਵੱਧ ਰਹੀ ਅੱਤ ਦੀ ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ, ਗ਼ਰੀਬੀ, ਫ਼ਿਰਕੂ ਹਿੰਸਾ, ਕਾਰਪੋਰੇਟ ਲੁੱਟ, ਦਹਿਸ਼ਤ ਤੇ ਅਣਐਲਾਨੀ ਐਮਰਜੈਂਸੀ ਨੇ ਆਮ ਜਨਤਾ ਦਾ ਜਿਊਣਾ ਮੁਹਾਲ ਕਰ ਦਿੱਤਾ ਹੈ।

## ਮਾਹਲਾ 2027 'ਚ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ : ਰੋਡੇ, ਬਰਾੜ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਲੋਕਾਂ ਦੇ ਹਰਮਨ ਪਿਆਰੇ ਨੇਤਾ ਹਨ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਹ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਜੀਵ ਕੁਮਾਰ ਬਿੱਟੂ ਰੋਡੇ ਸਾਬਕਾ ਚੇਅਰਮੈਨ ਤੇ ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ ਨੇ ਇੱਕ ਸਾਂਝੇ ਬਿਆਨ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿਚ ਖੜ੍ਹ ਕੇ ਸੇਵਾ ਕੀਤੀ ਹੈ ਤੇ ਹਰ ਵਰਗ ਦੇ ਲੋਕਾਂ ਨਾਲ ਸਿੱਧਾ ਸੰਪਰਕ ਰੱਖਿਆ ਹੈ।ਚਾਹੇ ਕਿਸਾਨ ਹੋਣ, ਮਜ਼ਦੂਰ, ਨੌਜਵਾਨ ਜਾਂ ਵਪਾਰੀ ਵਰਗ, ਹਰ ਕੋਈ ਉਨ੍ਹਾਂ ਨੂੰ ਇੱਕ ਇਮਾਨਦਾਰ, ਸਾਫ਼-ਸੁਥਰੀ ਛਵੀ ਵਾਲੇ ਤੇ ਦਲੇਰ ਨੇਤਾ ਵਜੋਂ ਮੰਨਦਾ ਹੈ।ਇਹੀ ਕਾਰਨ ਹੈ ਕਿ ਅੱਜ ਹਲਕੇ ਅੰਦਰ ਉਨ੍ਹਾਂ ਦੀ ਪਕੜ ਲਗਾਤਾਰ ਮਜ਼ਬੂਤ ਹੋ ਰਹੀ ਹੈ।ਸੰਜੀਵ ਕੁਮਾਰ ਬਿੱਟੂ ਰੋਡੇ ਨੇ ਕਿਹਾ ਕਿ ਜਥੇਦਾਰ ਮਾਹਲਾ ਨੇ ਸਿਆਸਤ ਨੂੰ ਸੇਵਾ ਦਾ ਮਾਧਿਅਮ ਬਣਾਇਆ ਹੈ, ਨਾ ਕਿ ਨਿੱਜੀ ਲਾਭ ਦਾ।ਉਨ੍ਹਾਂ ਵੱਲੋਂ ਹਲਕੇ ਵਿਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਗਈ ਹੈ ਤੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਉੱਚ ਅਧਿਕਾਰੀਆਂ ਤੇ ਸਰਕਾਰ ਤੱਕ ਪਹੁੰਚਾ ਕੇ ਹੱਲ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਗਏ ਹਨ। ਇਸ ਮੌਕੇ ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ ਨੇ ਆਖਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਹਮੇਸ਼ਾ ਨੌਜਵਾਨਾਂ ਨੂੰ ਸਹੀ ਦਿਸ਼ਾ ਵੱਲ ਲਿਜਾਣ, ਰੋਜ਼ਗਾਰ ਦੇ ਮੌਕੇ ਵਧਾਉਣ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਹੈ।ਨੌਜਵਾਨ ਵਰਗ ਦਾ ਭਰੋਸਾ ਹੀ 2027 ਦੀ ਜਿੱਤ ਦੀ ਸਭ ਤੋਂ ਵੱਡੀ ਨਿਸ਼ਾਨੀ ਹੈ।ਦੋਵੇਂ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਹਲਕੇ ਅੰਦਰ ਲੋਕ ਸੰਪਰਕ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ ਅਤੇ ਹਰ ਪਿੰਡ ਤੇ ਵਾਰਡ ਵਿੱਚ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਜਾਵੇਗੀ।ਉਨ੍ਹਾਂ ਪੂਰਾ ਵਿਸ਼ਵਾਸ ਜ਼ਾਹਰ ਕੀਤਾ ਕਿ ਲੋਕਾਂ ਦਾ ਅਟੁੱਟ ਸਮਰਥਨ ਮਿਲਣ ਕਾਰਨ ਜਥੇਦਾਰ ਤੀਰਥ ਸਿੰਘ ਮਾਹਲਾ 2027 ਵਿੱਚ ਵੱਡੀ ਲੀਡ ਨਾਲ ਜਿੱਤ ਦਰਜ ਕਰਨਗੇ।

## 'ਆਪ' ਨੇ ਪੰਜਾਬ ਦੇ ਸਿਹਤ ਖੇਤਰ 'ਚ ਲਿਖੀ ਨਵੀਂ ਇਤਿਹਾਸਕ ਇਬਾਰਤ : ਸ਼ਾਮ ਸਿੰਗਲਾ

**ਧੂਰੀ (ਮੋਹਿਤ ਗਰਗ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਿਹਤ ਢਾਂਚੇ ਵਿੱਚ ਇਨਕਲਾਬੀ ਬਦਲਾਅ ਲਿਆਉਣ ਜਾ ਰਹੀ ਹੈ।ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ ਨੇ ਦੱਸਿਆ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ 22 ਜਨਵਰੀ ਤੋਂ ਕੀਤੀ ਜਾ ਰਹੀ ਹੈ, ਜੋ ਹਰ ਪੰਜਾਬੀ ਲਈ ਸਿਹਤ ਸੁਰੱਖਿਆ ਦੀ ਮਜ਼ਬੂਤ ਢਾਲ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਯੋਜਨਾ ਅਧੀਨ ਸੂਬੇ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਾਇਆ ਜਾਵੇਗਾ।ਇਸ ਸਕੀਮ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਇਸ ਦਾ ਲਾਭ ਲੈਣ ਲਈ ਕਿਸੇ ਵੀ ਆਮਦਨ ਵਰਗ ਦੀ ਕੋਈ ਸ਼ਰਤ ਨਹੀਂ ਹੈ। ਅਮੀਰ-ਗਰੀਬ ਹਰ ਵਰਗ ਦਾ ਨਾਗਰਿਕ ਇਸ ਦਾ ਹੱਕਦਾਰ ਹੋਵੇਗਾ।ਸ਼ਾਮ ਸਿੰਗਲਾ ਨੇ ਦੱਸਿਆ ਕਿ ਇਸ ਵੱਡੀ ਯੋਜਨਾ ਵਿੱਚ ਪੰਜਾਬ ਦੇ ਸਰਕਾਰੀ ਕ੍ਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਕੀਤਾ ਗਿਆ ਹੈ। ਆਧਾਰ ਕਾਰਡ ਅਤੇ ਵੋਟਰ ਕਾਰਡ ਦੇ ਆਧਾਰ 'ਤੇ ਪੰਜਾਬ ਦਾ ਹਰ ਨਿਵਾਸੀ ਇਸ ਸਕੀਮ ਦਾ ਲਾਭ ਲੈ ਸਕੇਗਾ।ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਇਸ ਯੋਜਨਾ ਦਾ ਦਾਇਰਾ ਕਾਫੀ ਵਿਸ਼ਾਲ ਰੱਖਿਆ ਹੈ।ਸੂਬੇ ਦੇ ਸਾਰੇ ਸਰਕਾਰੀ ਮੈਡੀਕਲ ਕਾਲਜਾਂ ਦੇ ਨਾਲ-ਨਾਲ ਕਰੀਬ 650 ਨਿੱਜੀ ਹਸਪਤਾਲਾਂ ਨੂੰ ਵੀ ਇਸ ਸਕੀਮ ਨਾਲ ਜੋੜਿਆ ਗਿਆ ਹੈ।ਇਹ ਯੋਜਨਾ ਖਾਸ ਤੌਰ 'ਤੇ ਮੱਧ ਵਰਗੀ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ, ਜੋ ਮਹਿੰਗੇ ਇਲਾਜ ਕਾਰਨ ਅਕਸਰ ਕਰਜ਼ੇ ਦੇ ਬੋਝ ਹੇਠ ਆ ਜਾਂਦੇ ਸਨ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸਰਗਰਮੀਆਂ ਤੇਜ਼ : ਗਗਨਜੀਤ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਪਾਰਟੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਨੌਜਵਾਨ ਵਰਗ ਨੂੰ ਚੋਣ ਮੈਦਾਨ ਵਿੱਚ ਉਤਾਰਨ ਅਤੇ ਪੰਥਕ ਵਿਚਾਰਧਾਰਾ ਨੂੰ ਮਜ਼ਬੂਤ ਕਰਦੇ ਹੋਏ ਪੰਜਾਬ 'ਚ ਪੰਥਕ ਸਰਕਾਰ ਬਣਾਉਣ ਦਾ ਮੁੱਖ ਟੀਚਾ ਰੱਖਿਆ ਗਿਆ ਹੈ। ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਗਗਨਜੀਤ ਸਿੰਘ ਬਰਨਾਲਾ ਨੇ ਪਿੰਡ ਚੰਨਣਵਾਲ, ਛੀਨੀਵਾਲ ਕਲਾਂ ਅਤੇ ਮਹਿਲ ਕਲਾਂ ਵਿੱਚ ਪਾਰਟੀ ਵਰਕਰਾਂ ਨਾਲ ਮੀਟਿੰਗਾਂ ਕਰਨ ਉਪਰੰਤ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਹੈ ਕਿ 'ਸ਼੍ਰੋਮਣੀ ਅਕਾਲੀ ਦਲ ਪੰਜਾਬ' ਨਾਂਅ ਨੂੰ ਚੋਣ ਕਮਿਸ਼ਨ ਕੋਲ ਰਜਿਸਟਰ ਕਰਵਾਇਆ ਜਾਵੇ ਅਤੇ ਪਾਰਟੀ ਲਈ ਇਤਿਹਾਸਕ ਚੋਣ ਨਿਸ਼ਾਨ ਤੀਰ-ਕਮਾਨ ਅਲਾਟ ਕਰਨ ਦੀ ਮੰਗ ਕੀਤੀ ਗਈ ਹੈ। ਬਰਨਾਲਾ ਨੇ ਕਿਹਾ ਕਿ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਬਣਾਉਣ ਲਈ ਪਿੰਡ, ਸਰਕਲ, ਜ਼ਿਲ੍ਹਾ ਅਤੇ ਸੂਬਾ ਪੱਧਰ 'ਤੇ ਵਰਕਰਾਂ ਨਾਲ ਪੰਥਕ ਵਿਚਾਰਧਾਰਾ ਸੰਬੰਧੀ ਮੀਟਿੰਗਾਂ ਦੀ ਲੜੀ ਸ਼ੁਰੂ ਕੀਤੀ ਗਈ ਹੈ, ਤਾਂ ਜੋ ਪੰਥ ਦਰਦੀ ਸ਼ਕਤੀਆਂ ਨੂੰ ਇੱਕ ਮੰਚ 'ਤੇ ਇਕੱਠਾ ਕੀਤਾ ਜਾ ਸਕੇ। ਉਨ੍ਹਾਂ ਆਪ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਸਿਰ ਹਜ਼ਾਰਾਂ ਕਰੋੜ ਰੁਪਏ ਦਾ ਕਰਜ਼ਾ ਚੜ੍ਹ ਚੁੱਕਾ ਹੈ। ਪਰ ਸਰਕਾਰ ਵਲੋਂ ਫਿਰ ਵੀ ਸੰਕੋਚ ਕਰਨ ਦੀ ਥਾਂ ਪੈਸੇ ਨੂੰ ਬੇਲੋੜਾ ਪਾਣੀ ਵਾਂਗ ਵਹਾਇਆ ਜਾ ਰਿਹਾ ਹੈ। ਬਰਨਾਲਾ ਨੇ ਦਾਅਵਾ ਕੀਤਾ ਕਿ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਕੀਤੀਆਂ ਗਈਆਂ ਨਿਯੁਕਤੀਆਂ ਅਤੇ ਪੰਥਕ ਨੀਤੀਆਂ ਨੂੰ ਅੱਗੇ ਵਧਾਉਂਦਿਆਂ, ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਪੰਥਕ ਸੋਚ ਵਾਲੇ ਲੋਕਾਂ ਨੂੰ ਇਕੱਠਾ ਕਰਕੇ ਪੰਜਾਬ ਵਿੱਚ ਇੱਕ ਮਜ਼ਬੂਤ ਪੰਥਕ ਸਰਕਾਰ ਕਾਇਮ ਕੀਤੀ ਜਾਵੇਗੀ। ਇਸ ਮੌਕੇ ਸੀਨੀਅਰ ਆਗੂ ਗੁਰਮੇਲ ਸਿੰਘ ਛੀਨੀਵਾਲ, ਗੁਰਦੀਪ ਸਿੰਘ ਚੰਨਣਵਾਲ, ਪ੍ਰਿਤਪਾਲ ਸਿੰਘ ਛੀਨੀਵਾਲ, ਤਜਿੰਦਰਦੇਵ ਸਿੰਘ ਮਿੰਟੂ, ਕਿਸਾਨ ਆਗੂ ਸ਼ਿੰਗਾਰਾ ਸਿੰਘ ਛੀਨੀਵਾਲ, ਪੰਚ ਗੁਰਪ੍ਰੀਤ ਸਿੰਘ, ਸਤਨਾਮ ਸਿੰਘ, ਮੰਦਰ ਸਿੰਘ ਛੀਨੀਵਾਲ, ਮਨੋਹਰ ਸਿੰਘ, ਪਾਲ ਸਿੰਘ ਛੀਨੀਵਾਲ ਆਦਿ ਹਾਜ਼ਰ ਸਨ।

## ਨਗਰ ਪੰਚਾਇਤ ਨੇ ਪਲਾਸਟਿਕ ਫ੍ਰੀ ਤੇ ਗਰੀਨ ਲੋਹੜੀ ਮਨਾਉਣ ਲਈ ਪ੍ਰੇਰਤ ਕੀਤਾ



**ਕੋਟ ਈਸੇ ਖਾਂ (ਅਰੋੜਾ)**-ਨਗਰ ਪੰਚਾਇਤ ਦੇ ਕਾਰਜ ਸਾਧਕ ਅਫ਼ਸਰ ਸ਼੍ਰੀ ਅਮਰਇੰਦਰ ਸਿੰਘ ਦੀ ਯੋਗ ਅਗਵਾਈ ਹੇਠ ਮੇਨ ਬਾਜ਼ਾਰ ਤੇ ਸਬਜ਼ੀ ਵਾਲੀਆਂ ਦੁਕਾਨਾਂ ਫ਼ਲਾਂ ਵਾਲੀਆਂ ਦੁਕਾਨਾਂ ਤੇ ਜਾਗਰੂਕਤਾ ਮੁਹਿੰਮ ਚਲਾਈ ਗਈ।ਸਾਰੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ ਕਿ ਇਹ ਲੋਹੜੀ ਅਸੀਂ ਪਲਾਸਟਿਕ ਫ੍ਰੀ ਤੇ ਗਰੀਨ ਲੋਹੜੀ ਮਨਾਉਣੀ ਹੈ, ਜਿਸ ਦੇ ਤਹਿਤ ਅਸੀਂ ਆਪਣੀਆਂ ਦੁਕਾਨਾਂ ਤੇ ਕਿਸੇ ਵੀ ਤਰ੍ਹਾਂ ਦੀ ਪਲਾਸਟਿਕ ਦੀ ਵਰਤੋਂ ਨਹੀਂ ਕਰਾਂਗੇ ਤੇ ਨਾਲ-ਨਾਲ ਸਾਰੇ ਹੀ ਸ਼ਹਿਰ ਵਾਸੀਆਂ ਨੂੰ ਅਸੀਂ ਗਰੀਨ ਲੋਹੜੀ ਦਾ ਸੁਨੇਹਾ ਦੇਵਾਂਗੇ। ਸੈਨਟਰੀ ਇੰਸਪੈਕਟਰ ਸ਼੍ਰੀ ਦਵਿੰਦਰ ਸਿੰਘ ਵੱਲੋਂ ਸ਼ਹਿਰਵਾਸੀ ਨੂੰ ਅਪੀਲ ਕੀਤੀ ਗਈ ਕਿ ਇਸ ਲੋਹੜੀ ਦੇ ਤਿਉਹਾਰ ਤੇ ਅਸੀਂ ਸਭ ਨੇ ਰਲ-ਮਿਲ ਕੇ ਇਹ ਤਿਉਹਾਰ ਮਨਾਉਣਾ ਹੈ ਤੇ ਨਾਲ-ਨਾਲ ਸ਼ਹਿਰ ਦੀ ਸੁੰਦਰਤਾ ਤੇ ਸਫ਼ਾਈ ਦਾ ਖਾਸ ਧਿਆਨ ਰੱਖਣਾ ਹੈ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਤੇ ਅਸੀਂ ਰਲ-ਮਿਲ ਕੇ ਇਹ ਪ੍ਰਣ ਲਈਏ ਕਿ ਅਸੀਂ ਆਪਣੇ ਘਰ ਵਿੱਚ ਗਿੱਲਾ ਤੇ ਸੁੱਕਾ ਕੂੜਾ ਵੱਖੋ-ਵੱਖਰਾ ਰੱਖਾਂਗੇ ਅਤੇ ਘਰ ਵਿੱਚ ਹੀ ਖਾਦ ਬਣਾਉਣੀ ਸ਼ੁਰੂ ਕਰਾਂਗੇ।

## ਮਾਲਵਾ ਕਾਲਜ 'ਚ ਲੋਹੜੀ ਦਾ ਤਿਉਹਾਰ ਮਨਾਇਆ



**ਸਰਦੂਲਗੜ੍ਹ (ਪੱਤਰ ਪ੍ਰੇਰਕ)**-ਮਾਲਵਾ ਗਰੁੱਪ ਆਫ਼ ਕਾਲਜਿਜ ਸਰਦੂਲੇਵਾਲਾ ਦੇ ਵਿਹੜੇ ਵਿਖੇ ਸੰਸਥਾ ਦੀਆਂ ਵਿਦਿਆਰਥਣਾਂ ਤੇ ਸਟਾਫ ਮੈਬਰਾਂ ਨੇ ਸਮੂਹਿਕ ਰੂਪ ਵਿੱਚ ਲੋਹੜੀ ਮਨਾਈ। ਮੈਨੇਜਿੰਗ ਡਾਇਰੈਕਟਰ ਰਾਜ ਸੋਢੀ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਜਿੱਥੇ ਲੋਹੜੀ ਅਤੇ ਮਾਘੀ ਦੀ ਵਧਾਈ ਦਿੱਤੀ, ਉੱਥੇ ਉਨ੍ਹਾਂ ਵਿਦਿਆਰਥਣਾਂ ਨੂੰ ਪੰਜਾਬ ਦੇ ਇਤਿਹਾਸ ਵਿੱਚ ਇਨ੍ਹਾਂ ਤਿਉਹਾਰਾਂ ਦੀ ਮਹੱਤਤਾ ਬਾਰੇ ਜਾਣੂ ਕਰਾਇਆ ਅਤੇ ਨਾਲ ਹੀ ਵਾਤਾਵਰਨ ਸੰਭਾਲ, ਸਵੱਛ ਭਾਰਤ ਅਭਿਆਨ ਦਾ ਹਿੱਸਾ ਬਣਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਜੇਕਰ ਸਾਡਾ ਆਲਾ-ਦੁਆਲਾ ਤੇ ਵਾਤਾਵਰਨ ਸਾਫ ਹੋਵੇਗਾ, ਅਸੀਂ ਤੰਦਰੁਸਤ ਜੀਵਨ ਦਾ ਆਨੰਦ ਮਾਣ ਸਕਦੇ ਹਾਂ। ਇਹ ਤਿਉਹਾਰ ਸਾਡੇ ਆਪਸੀ ਭਾਈਚਾਰੇ ਦੇ ਪ੍ਰਤੀਕ ਵਜੋਂ ਵੀ ਮਨਾਏ ਜਾਣੇ ਚਾਹੀਦੇ ਹਨ ਤਾਂ ਜੁ ਅਸੀਂ ਆਪਣੇ ਆਲੇ ਦੁਆਲੇ ਇੱਕ ਚੰਗੇ ਸਮਾਜ ਦੀ ਸਿਰਜਣਾ ਕਰਨ ਵਿੱਚ ਯੋਗਦਾਨ ਪਾ ਸਕੀਏ। ਹੁਣ ਸਮਾਂ ਆ ਗਿਆ ਹੈ ਕਿ ਜੇਕਰ ਅਸੀਂ ਸਾਰਿਆਂ ਨੇ ਆਪਣਾ ਬਣਦਾ ਯੋਗਦਾਨ ਨਾ ਪਾਇਆ ਤਾਂ ਜਲਦ ਹੀ ਸਾਨੂੰ ਇਸ ਦੇ ਭਿਆਨਕ ਨਤੀਜੇ ਭੁਗਤਣੇ ਪੈ ਸਕਦੇ ਹਨ।

## ਮੇਲਾ ਮਾਘੀ ਦੇ ਮੱਦੇਨਜ਼ਰ ਛੁੱਟੀ ਘੋਸ਼ਿਤ : ਜ਼ਿਲ੍ਹਾ ਮੈਜਿਸਟਰੇਟ

**ਸ੍ਰੀ ਮੁਕਤਸਰ ਸਾਹਿਬ( ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਮੈਜਿਸਟਰੇਟ ਸ੍ਰੀ ਅਭਿਜੀਤ ਕਪਲਿਸ਼ ਨੇ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ 1881 ਦੀ ਧਾਰਾ 25 ਤਹਿਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 14 ਜਨਵਰੀ 2026 ਨੂੰ ਮੇਲਾ ਮਾਘੀ ਦੇ ਮੱਦੇਨਜ਼ਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਦਫ਼ਤਰਾਂ/ਅਦਾਰਿਆਂ/ਬੋਰਡਾਂ/ਕਾਰਪੋਰੇਸ਼ਨਾਂ/ਬੈਂਕਾਂ ਵਿੱਚ ਛੁੱਟੀ ਘੋਸ਼ਿਤ ਕੀਤੀ ਹੈ

## ਬੱਚਿਆਂ ਨਾਲ ਲੋਹੜੀ ਦਾ ਤਿਉਹਾਰ ਮਨਾਇਆ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਨਫੈਡਰੇਸ਼ਨ ਫਾਰ ਚੈਲੇਂਜਡ ਵਲੋਂ 13 ਜਨਵਰੀ ਨੂੰ ਸ੍ਰੀਜਨ ਵਿਕਾਸ ਡੇ ਕੇਅਰ ਸੈਂਟਰ, ਪਿੰਡ ਫਤਿਹਪੁਰ ਅਰਾਈਆਂ ਸੀ.ਐਫ.ਸੀ ਭਵਨ ਵਿਖੇ ਬੱਚਿਆਂ ਨਾਲ ਲੋਹੜੀ ਦਾ ਤਿਉਹਾਰ ਮਨਾਇਆ ਗਿਆ ।ਇਸ ਮੌਕੇ ਰੋਟੇਰੀਅਨ ਨਿਕੇਸ਼ ਜਿੰਦਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਕ੍ਰਿਸ਼ਨ ਕੁਮਾਰ ਵਰਮਾ, ਮਨਧੀਰ ਮੋਹਨ ਮਹਿਮਾਨਾਂ ਵਜੋਂ ਮੌਜੂਦ ਹੋਏ ।ਇਸ ਮੌਕੇ ਤੇ ਸੰਸਥਾ ਦੇ ਪ੍ਰਧਾਨ ਮਨਮੋਹਨ ਜਰਗਰ , ਅਨਿਲ ਕੁਮਾਰ ਅਤੇ ਸਟਾਫ ਮੈਂਬਰ ਰਾਜਵੀਰ ਕੌਰ, ਸਤਨਾਮ ਸਿੰਘ, ਰਵਿੰਦਰ ਸਿੰਘ, ਰਜਨੀ ਡੀਓਰਾ, ਸੁਖਵਿੰਦਰ ਕੋਰ, ਗੁਰਦੀਪ ਕੌਰ, ਜਸਵੰਤ ਸਿੰਘ, ਬਹਾਦਰ ਸਿੰਘ, ਮੁਸਕਾਨ, ਅੰਨਯਾ ਵਰਮਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਵੀ ਹਿੱਸਾ ਲਿਆ।

## ਸਫਾ 1 ਦੇ ਬਾਕੀ...

### ਬਰਾੜ ਤੇ ਧਾਲੀਵਾਲ ਵੱਲੋਂ ...

ਰੈਗੂਲਰ ਵੀ ਨਹੀਂ ਕੀਤਾ ਜਾ ਰਿਹਾ।ਬਿਜਲੀ ਬਿੱਲ 2025 ਰਾਹੀਂ ਬਿਜਲੀ ਖੇਤਰ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ।ਇੰਸ਼ੋਰੈਂਸ ਸੈਕਟਰ ਵਿੱਚ 100 ਫੀਸਦੀ ਵਿਦੇਸ਼ੀ ਨਿਵੇਸ਼ ਖੋਲ੍ਹ ਦਿੱਤਾ ਗਿਆ ਹੈ।ਪੰਜਾਬ ਏਟਕ ਵੱਲੋਂ ਸਭ ਸੰਬੰਧਤ ਮੁਲਾਜਮ, ਮਜ਼ਦੂਰ ਜਥੇਬੰਦੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਹੜਤਾਲ ਦੀ ਤਿਆਰੀ ਜ਼ੋਰਦਾਰ ਤਰੀਕੇ ਨਾਲ ਸ਼ੁਰੂ ਕਰ ਦਿੱਤੀ ਜਾਵੇ।ਪੰਜਾਬ ਏਟਕ ਦੀ ਵਰਕਿੰਗ ਕਮੇਟੀ ਮੀਟਿੰਗ 17 ਜਨਵਰੀ ਨੂੰ ਲੁਧਿਆਣਾ ਵਿਖੇ ਰੱਖੀ ਗਈ ਹੈ, ਜਿਸ ਵਿੱਚ 12 ਫਰਵਰੀ ਦੀ ਹੜਤਾਲ ਨੂੰ ਕਾਮਯਾਬ ਕਰਨ ਦਾ ਮੁੱਖ ਏਜੰਡਾ ਹੋਵੇਗਾ।

### ਪਾਰਦਰਸ਼ੀ ਪ੍ਰਸ਼ਾਸਨ...

ਗਿਆ ਅਤੇ ਸ਼ੁਰੂਆਤੀ ਹਿਰਾਸਤ ਖ਼ਤਮ ਹੋਣ ਤੋਂ ਬਾਅਦ 12 ਜਨਵਰੀ ਨੂੰ ਮੁੱਖ ਜੁਡੀਸ਼ੀਅਲ ਮੈਜਿਸਟ੍ਰੇਟ ਗੁਰਦਾਸਪੁਰ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਅਗਲੇਰੀ ਪੁੱਛਗਿੱਛ ਲਈ ਮੁਲਜ਼ਮ ਦਾ ਇੱਕ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਹੈ।ਉਨ੍ਹਾ ਖੁਲਾਸਾ ਕੀਤਾ ਕਿ ਚਾਰ ਮੁਲਜ਼ਮ ਮੁਲਾਜ਼ਮਾਂ ਦੇ ਬੈਂਕ ਖਾਤਿਆਂ ਦੀ ਜਾਂਚ ਦੌਰਾਨ 22 ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਸੰਬੰਧਤ ਸ਼ੱਕੀ ਵਿੱਤੀ ਲੈਣ-ਦੇਣ ਸਾਹਮਣੇ ਆਏ। ਉਨ੍ਹਾ ਕਿਹਾ ਕਿ ਪੂਰੀ ਨਿਰਪੱਖਤਾ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਇਨ੍ਹਾਂ ਲੈਣ-ਦੇਣ ਦੀ ਜਾਂਚ ਇੱਕ ਸੇਵਾਮੁਕਤ ਜੱਜ ਤੋਂ ਕਰਵਾਈ ਗਈ। ਇਸ ਨਿਰਪੱਖ ਜਾਂਚ ਦੇ ਆਧਾਰ 'ਤੇ ਹੁਣ ਇਨ੍ਹਾਂ ਸਾਰੇ 22 ਅਧਿਕਾਰੀਆਂ ਵਿਰੁੱਧ ਨਿਯਮਾਂ ਅਨੁਸਾਰ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

### ਤਨਖਾਹ ਤੇ ਪੈਨਸ਼ਨ...

ਪੁਰਾਣੀਆਂ ਹੋ ਚੁੱਕੀਆਂ ਹਨ। ਬੱਸ ਸਰਵਿਸ 'ਤੇ ਬੁਰਾ ਪ੍ਰਭਾਵ ਪੈਣਾ ਸ਼ੁਰੂ ਹੋ ਗਿਆ ਹੈ। ਮਹਿਕਮੇ ਵੱਲ ਵਰਕਰਾਂ ਦੇ 150 ਕਰੋੜ ਰੁਪਏ ਦੇ ਬਕਾਏ ਖੜੇ ਹਨ। ਵਰਕਰਾਂ ਨੂੰ ਹੋਰ ਮਿਲਣ ਵਾਲੇ ਕਾਨੂੰਨੀ ਹੱਕ ਖਟਾਈ ਵਿੱਚ ਪਾ ਦਿੱਤੇ ਗਏ ਹਨ। ਐਕਸ਼ਨ ਕਮੇਟੀ ਨੇ ਪੰਜਾਬ ਸਰਕਾਰ ਅਤੇ ਪੀ ਆਰ ਟੀ ਸੀ ਦੇ ਪ੍ਰਬੰਧਕਾਂ ਨੂੰ ਜ਼ੋਰ ਦੇ ਕੇ ਕਿਹਾ ਕਿ ਉਹ ਅਦਾਰੇ ਦਾ ਸੰਜੀਦਗੀ ਨਾਲ ਫਿਕਰ ਕਰਨ ਅਤੇ ਸਮੁੱਚੇ ਮਸਲੇ ਹੱਲ ਕਰਨ ਵੱਲ ਧਿਆਨ ਦੇਣ, ਤਾਂ ਕਿ ਵਰਕਰਾਂ ਵਿੱਚ ਵਿਸ਼ਵਾਸ ਦਾ ਮਾਹੌਲ ਪੈਦਾ ਹੋਵੇ।

## ਮੈਕਰੋ ਗਲੋਬਲ ਨੇ ਲਵਾਇਆ ਵਿਜ਼ਟਰ ਵੀਜ਼ਾ




**ਜਗਰਾਉਂ (ਸੰਜੀਵ ਅਰੋੜਾ)**-ਮੈਕਰੋ ਗਲੋਬਲ ਦੇ ਐਮ. ਡੀ. ਗੁਰਮਿਲਾਪ ਸਿੰਘ ਡੱਲਾ ਨੇ ਦੱਸਿਆ ਕਿ ਸੰਸਥਾ ਦੇ ਤਜਰਬੇਕਾਰ ਅਤੇ ਮਿਹਨਤੀ ਸਟਾਫ਼ ਵੱਲੋਂ ਦਿੱਤੀਆਂ ਜਾ ਰਹੀਆਂ ਯੋਗ ਸੇਵਾਵਾਂ ਕਰਕੇ ਸੰਸਥਾ ਦੇ ਵਿਦਿਆਰਥੀ ਆਈਲੈਟਸ ਵਿੱਚ ਵਧੀਆ ਸਕੋਰ ਪ੍ਰਾਪਤ ਕਰ ਰਹੇ ਹਨ ਤੇ ਇਮੀਗ੍ਰੇਸ਼ਨ ਦੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਕੰਮ ਕਰਕੇ ਵੱਡੀ ਗਿਣਤੀ ਵਿੱਚ ਲਗਾਤਾਰ ਕੈਨੇਡਾ, ਆਸਟ੍ਰੇਲੀਆ ਜਾਣ ਵਾਲੇ ਚਾਹਵਾਨ ਲੋਕਾਂ ਦੇ ਵਿਜ਼ਿਟਰ ਵੀਜ਼ੇ ਲੱਗ ਰਹੇ ਹਨ, ਜਿਨ੍ਹਾਂ ਵਿੱਚੋਂ ਪਰਮਜੀਤ ਕੌਰ ਨਿਵਾਸੀ ਲੁਧਿਆਣਾ ਦਾ ਵਿਜ਼ਿਟਰ ਵੀਜ਼ਾ ਵੀ ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਨੇ ਲਵਾ ਕੇ ਦਿੱਤਾ ਹੈ। ਗੁਰਮਿਲਾਪ ਸਿੰਘ ਡੱਲਾ ਨੇ ਪਰਮਜੀਤ ਕੌਰ ਤੇ ਉਸ ਦੇ ਪਰਵਾਰ ਨੂੰ ਵਧਾਈ ਦਿੱਤੀ।

## ਡੀ ਸੀ ਦਫਤਰਾਂ 'ਤੇ 16 ਨੂੰ ਲੱਗਣਗੇ ਧਰਨੇ : ਬੀ ਕੇ ਯੂ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਸੁਨਾਮ ਦੀ ਮੀਟਿੰਗ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 16 ਜਨਵਰੀ ਨੂੰ ਸੰਗਰੂਰ ਡੀ ਸੀ ਹੈਡਕੁਆਰਟਰ 'ਤੇ ਧਰਨਾ ਦਿੱਤਾ ਜਾਵੇਗਾ। ਇਹ ਧਰਨਾ ਕੇਂਦਰ ਸਰਕਾਰ ਵੱਲੋਂ ਜੋ ਕਾਲੇ ਕਾਨੂੰਨ ਲਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ, ਉਸ ਨੂੰ ਲੈ ਕੇ ਦਿੱਤੇ ਜਾ ਰਹੇ ਹਨ। ਇਹਨਾਂ ਕਾਲੇ ਕਨੂੰਨਾਂ ਵਿੱਚ ਬਿਜਲੀ ਐਕਟ ਬਿੱਲ 2025, ਸੀਡ ਬੀਜ ਬਿੱਲ, ਲੇਬਰ ਕੋਡ ਬਿੱਲ, ਮਨਰੇਗਾ ਬਿੱਲ ਆਦਿ ਸ਼ਾਮਲ ਹਨ। ਇਸ ਧਰਨੇ ਵਿੱਚ ਸੁਨਾਮ ਬਲਾਕ ਵੱਲੋਂ ਵੱਡੇ ਕਾਫਲੇ ਸੰਗਰੂਰ ਵੱਲ ਰਵਾਨਾ ਹੋਣਗੇ। ਇਸ ਮੌਕੇ ਬਲਾਕ ਆਗੂ ਰਾਮ ਸਰਨ ਸਿੰਘ ਉਗਰਾਹਾਂ,, ਬਲਾਕ ਆਗੂ ਸੁਖਪਾਲ ਮਾਣਕ ਕਣਕਵਾਲ, ਯਾਦਵਿੰਦਰ ਸਿੰਘ ਚੱਠੇ ਨੱਗਕੇ, ਗੁਰਤੇਜ ਸਿੰਘ ਮੈਦੇਵਾਸ ਅਤੇ ਸਮੂਹ ਪਿੰਡ ਇਕਾਈਆਂ ਹਾਜ਼ਰ ਸਨ।

## ਡੀ ਸੀ ਵੱਲੋਂ ਪਾਬੰਦੀਸ਼ੁਦਾ ਚਾਈਨੀਜ਼ ਡੋਰ, ਮਾਂਜੇ ਦੀ ਵਿਕਰੀ ਤੇ ਵਰਤੋਂ ਰੋਕਣ ਲਈ ਕਾਰਵਾਈ ਦੇ ਨਿਰਦੇਸ਼



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਤੰਗਬਾਜ਼ੀ ਲਈ ਵਰਤੇ ਜਾਣ ਵਾਲੇ ਪਾਬੰਦੀਸ਼ੁਦਾ ਚਾਈਨੀਜ਼ ਮਾਂਜਾ ਦੀ ਸਟੋਰੇਜ, ਵਿਕਰੀ ਤੇ ਵਰਤੋਂ 'ਤੇ ਪਾਬੰਦੀ ਨੂੰ ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਇੱਕ ਉੱਚ ਪੱਧਰੀ ਮੀਟਿੰਗ ਕੀਤੀ।ਉਨ੍ਹਾਂ ਕਿਹਾ ਕਿ ਇਹ ਚਾਈਨਾ ਡੋਰ ਮਨੁੱਖੀ ਜਾਨਾਂ, ਜਾਨਵਰਾਂ ਤੇ ਪੰਛੀਆਂ ਲਈ ਗੰਭੀਰ ਖ਼ਤਰੇ ਦਾ ਕਾਰਨ ਬਣ ਰਹੀ ਹੈ, ਜਿਸ ਲਈ ਇਸ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣੇ ਜ਼ਰੂਰੀ ਹਨ।ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ, ਐਸਡੀਐਮਜ਼, ਡੀਐਸਪੀਜ਼ ਅਤੇ ਹੋਰ ਸਬੰਧਤ ਅਧਿਕਾਰੀਆਂ ਨਾਲ ਹੋਈ ਆਨਲਾਈਨ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ਕਮਿਸ਼ਨਰ ਨੇ ਸਪੱਸ਼ਟ ਤੌਰ 'ਤੇ ਚੇਤਾਵਨੀ ਦਿੱਤੀ ਕਿ ਜ਼ਿਲ੍ਹੇ ਦੇ ਕਿਸੇ ਵੀ ਹਿੱਸੇ ਵਿੱਚ ਪਾਈ ਗਈ ਕਿਸੇ ਵੀ ਉਲੰਘਣਾ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਕੁਤਾਹੀ ਜਾਂ ਕਾਰਵਾਈ ਨਾ ਕਰਨ ਲਈ ਸਬੰਧਤ ਅਧਿਕਾਰੀਆਂ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ।ਡਾ. ਪ੍ਰੀਤੀ ਯਾਦਵ ਨੇ ਜ਼ੋਰ ਦੇ ਕੇ ਕਿਹਾ ਕਿ ਪਾਬੰਦੀਸ਼ੁਦਾ ਚਾਈਨੀਜ਼ ਡੋਰ ਦੀ ਵਰਤੋਂ ਨਾਲ ਕਈ ਗੰਭੀਰ ਹਾਦਸੇ ਹੋਏ ਹਨ, ਜਿਸ ਕਾਰਨ ਪੈਦਲ ਚੱਲਣ ਵਾਲਿਆਂ, ਸਾਈਕਲ ਸਵਾਰਾਂ, ਦੋਪਹੀਆ ਵਾਹਨ ਸਵਾਰਾਂ, ਪੰਛੀਆਂ ਅਤੇ ਜਾਨਵਰਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਤੇ ਇੱਥੋਂ ਤੱਕ ਕਿ ਜਾਨ ਵੀ ਗਈ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਹਾਲਾਤ ਵਿੱਚ ਇਸ ਪਾਬੰਦੀਸ਼ੁਦਾ ਡੋਰ ਦੀ ਸਟੋਰੇਜ, ਵਿਕਰੀ ਜਾਂ ਵਰਤੋਂ ਲਈ ਜ਼ੀਰੋ ਟਾਲਰੈਂਸ ਦੀ ਨੀਤੀ ਅਪਣਾਈ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇੱਕ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਪਹਿਲਾਂ ਹੀ ਸਥਾਪਤ ਕੀਤਾ ਗਿਆ ਹੈ, ਜਿਸ ਦੇ ਨੰਬਰ 0175-2358550 'ਤੇ ਆਮ ਲੋਕ ਪਾਬੰਦੀਸ਼ੁਦਾ ਚਾਈਨੀਜ਼ ਡੋਰ ਦੀ ਵਿਕਰੀ ਜਾਂ ਵਰਤੋਂ, ਡੋਰ ਨੂੰ ਦਰੱਖਤਾਂ 'ਤੇ ਲਟਕੇ ਦੇਖਣ ਜਾਂ ਇਸ ਕਾਰਨ ਹੋਏ ਹਾਦਸਿਆਂ ਨਾਲ ਸਬੰਧਤ ਘਟਨਾਵਾਂ ਦੀ ਜਾਣਕਾਰੀ ਸਾਂਝੀ ਕਰ ਸਕਦੇ ਹਨ।ਉਨ੍ਹਾਂ ਸਾਰੇ ਐਸਡੀਐਮਜ ਤੇ ਡੀਐਸਪੀਜ ਨੂੰ ਜ਼ਿਲ੍ਹੇ ਭਰ ਵਿੱਚ ਨਿਯਮਤ ਤੇ ਅਚਨਚੇਤ ਨਿਰੀਖਣ ਕਰਨ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕੀਤੀ ਕਾਰਵਾਈ ਬਾਰੇ ਰੋਜ਼ਾਨਾ ਰਿਪੋਰਟਾਂ ਦੇਣ ਦੇ ਨਿਰਦੇਸ਼ ਵੀ ਦਿੱਤੇ।ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਆਮ ਲੋਕਾਂ, ਖਾਸ ਕਰਕੇ ਪਤੰਗ ਉਡਾਉਣ ਵਾਲਿਆਂ ਨੂੰ ਅਪੀਲ ਕੀਤੀ ਕਿ ਉਹ, ਜਨਤਕ ਸੁਰੱਖਿਆ ਦੇ ਮੱਦੇਨਜ਼ਰ ਤੇ ਬੱਚਿਆਂ, ਜਾਨਵਰਾਂ ਤੇ ਪੰਛੀਆਂ ਨੂੰ ਕਿਸੇ ਸੰਭਾਵੀ ਨੁਕਸਾਨ ਤੋਂ ਬਚਾਉਣ ਲਈ ਪਾਬੰਦੀਸ਼ੁਦਾ ਚਾਈਨੀਜ਼ ਡੋਰ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੇਲਾ ਮਾਘੀ 'ਤੇ ਸ੍ਰੀ ਮੁਕਤਸਰ ਸਾਹਿਬ ਤੋਂ ਵਿਸ਼ੇਸ਼ ਸਪਲੀਮੈਂਟ


Congratulation from the core of our heart
SACHKHAND EDUCATIONAL SOCIETY (Regd.)
Institution run by the society
SACHKHAND PUBLIC SEN. SEC. SCHOOL
JASSEANA (SRI MUKTSAR SAHIB)- 152026 (Pb.)
CBSE Pattern
LAKHVIR SINGH
Founder & Chairman
Mob. 7986207313

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟ ਪ੍ਰਣਾਮ
*ਗੈਸ ਦੇ ਚੁੱਲ੍ਹੇ ਦੀ ਵਰਤੋਂ ਨਾ ਕਰਦੇ ਸਮੇਂ ਅਤੇ ਰਾਤ ਨੂੰ ਸੌਣ ਤੋਂ ਪਹਿਲਾਂ ਰੇਗੂਲੇਟਰ ਹਮੇਸ਼ਾ ਬੰਦ ਕਰ ਦਿਓ।
*ਗੈਸ ਦੇ ਚੁੱਲ੍ਹੇ ਨੂੰ ਜਮੀਨ 'ਤੇ ਨਾ ਰੱਖੋ। ਇਸ ਨੂੰ ਹਮੇਸ਼ਾਂ ਸਿਲੰਡਰ ਤੋਂ ਉੱਚੀ ਜਗਾ ਤੇ ਰੱਖੋ।
*ਸਿਲੰਡਰ ਲੈਣ ਵੇਲੇ ਲੀਕੇਜ਼ ਅਤੇ ਵਜਨ ਦੀ ਜਾਂਚ ਜਰੂਰ ਕਰਵਾ ਲਓ।
*ਦੋ ਸਾਲਾਂ ਵਿੱਚ ਇੱਕ ਵਾਰ ਆਪਣੇ ਚੁੱਲ੍ਹੇ ਅਤੇ ਗੈਸ ਪਾਈਪ ਦੀ ਜਾਂਚ ਗੈਸ ਏਜੰਸੀ ਦੇ ਮਕੈਨਿਕ ਤੋਂ ਜਰੂਰ ਕਰਵਾ ਲਓ।
*ਗੈਸ ਦੀ ਗੰਧ ਆਉਣ ਤੇ ਕ੍ਰਿਪਾ ਕਰਕੇ ਰੈਗੂਲੇਟਰ ਬੰਦ ਕਰ ਦਿਓ। ਬਿਜਲੀ ਦੇ ਕਿਸੇ ਵੀ ਉਪਕਰਨ ਨੂੰ ਆਨ/ ਆਫ ਨਾ ਕਰੋ ਅਤੇ ਆਪਣੇ ਘਰ ਦੇ ਸਾਰੇ ਦਰਵਾਜੇ, ਖਿੜਕੀਆਂ ਖੋਲ ਦਿਓ ਅਤੇ ਆਪਣੇ ਗੈਸ ਏਜੰਸੀ ਦੇ ਅਪਾਤਕਾਲਿਨ ਨੰਬਰ 'ਤੇ ਜਣਕਾਰੀ ਦਿਓ।
Bharatgas
ਨੋਟ : ਤੁਰੰਤ ਨਵੇਂ ਕੁਨੈਕਸ਼ਨ ਲੈਣ ਲਈ ਸੰਪਰਕ ਕਰੋ : 85580-83085
ਆਸ਼ੂ ਤੇਸ ਮੋ - 98552-62785, ਅਮਰਜੀਤ ਸਿੰਘ ਬਿੱਟਾ ਮੋ. 77103-09479
ਵੱਲੋਂ - ਸੱਚ ਭਾਰਤ ਗੈਸ ਏਜੰਸੀ, ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
Gardenia Resort
Sunil Watts 098884-75440
Chandan Watts 096531-00026
Davinder Bhateja 098728-00960
Web:-www.gardeniaresort.in
Muktsar-Malout Highway, Sri Muktsar Sahib

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
BHANDARI MOTORS
Deals in all kinds of New & Old Cars on Commission Basis
Contact For Sale & Purchase of Cars
New Grain Market, Shop No. 322, Opp. Bus Stand , Malout (Pb.)
Harpreet Singh Bhandari M. 98149-21291

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
Mohan Biscuit Bakery
Spl.: Birthday, Marriage & All Type of Party Cakes
Mangat Ram Lohia 98889-00942
Gulshan Lohia 98726-40942
Thake wali gali, Near Railway Crossing, Jalalabad Road, Muktsar
Ph. 01633-260942

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਗੁਰਚਰਨ ਸਿੰਘ
ਪ੍ਰਧਾਨ ਜਿਲ੍ਹਾ ਫਾਰਮੇਸੀ ਅਫਸਰ ਐਸੋਸੀਏਸ਼ਨ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਗੁਰਸੇਵਕ ਸਿੰਘ ਬਰਾੜ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪਿੰਡ ਸੰਗਰਾਣਾ
ਲੱਖਾ ਸਿੰਘ ਇਕਾਈ ਪ੍ਰਧਾਨ, ਕਿਰਤੀ ਕਿਸਾਨ ਯੂਨੀਅਨ ਪਿੰਡ ਵੜਿੰਗ
ਗੁਰਮੀਤ ਸਿੰਘ ਬਲਾਕ ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪਿੰਡ ਸੰਗਰਾਣਾ
ਜਸਵਿੰਦਰ ਸਿੰਘ ਬਲਾਕ ਆਗੂ ਕਿਰਤੀ ਕਿਸਾਨ ਯੂਨੀਅਨ ਪਿੰਡ ਵੜਿੰਗ
ਸੁਖਵਿੰਦਰ ਸਿੰਘ ਬਲਾਕ ਆਗੂ ਕਿਰਤੀ ਕਿਸਾਨ ਯੂਨੀਅਨ ਪਿੰਡ ਵੜਿੰਗ
ਰਣਜੋਧ ਸਿੰਘ ਕਮੇਟੀ ਮੈਂਬਰ, ਕਿਰਤੀ ਕਿਸਾਨ ਯੂਨੀਅਨ, ਪਿੰਡ ਵੜਿੰਗ
ਜਸਪਾਲ ਸਿੰਘ ਕਮੇਟੀ ਮੈਂਬਰ ਕਿਰਤੀ ਕਿਸਾਨ ਯੂਨੀਅਨ ਪਿੰਡ ਵੜਿੰਗ

Gora Gulshan Bakery
98555-00431, 99156-66661, 98151-64043, 90825-00786
ਡਰਾਈ ਕੇਕ ਚਾਕਲੇਟ ਕੇਕ ਮਾਵਾ ਕੇਕ ਸਪੈਸ਼ਲ ਦੇਸੀ ਘਿਓ ਦੇ ਬਿਸਕੁਟ
ਵਨੀਲਾ ਕੇਕ
Specialist in :- Cakes Pastry Patties
ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ

MFC
Deepak Kumar 98153-88838 91466-22222
Rahul Kakkar 98720-29605
Pardeep (Dabbu) 90410-78064 98151-68064
Mahadev Fruit Co.
Fruit & Vegetable Commission Agent
Shop No. 8,9 & 10 New Sabzi Mandi, Sri Muktsar Sahib

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਹਰਦੀਪ ਸਿੰਘ
ਵਣ ਰੇਂਜ ਅਫਸਰ, ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
Taneja Petroleum
Bathinda Road, Bypass Sri Muktsar Sahib 98149-62725
ਇੰਡਿਯਨਆੱਯਲ IndianOil

ਵੱਖਰਾ ਮਾਰਟ
ਲੋਹੜੀ ਤੇ ਮਾਘੀ ਦੀਆਂ ਆਪ ਸਭ ਨੂੰ ਲੱਖ ਲੱਖ ਵਧਾਈਆਂ
ਮਲੋਟ ਆਊਟਲੈੱਟ, ਅਬੋਹਰ ਰੋਡ
MALOUT 80546-40900
OUR FRANCHIES: KOTKAPURA, JAITO, BHAGTA BHAI, SMALSAR, FAZILKA 94526-00003

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
H.S. BKO UDEKARAN
L.R. BKO UDEKARAN
A.R.BKO Vill HARAJ
Ashok kumar contractor 98140-82758 95921-00000
Rahul Chugh 98770-00003
Ashok kumar contractor
President Brick Kiln Owner,Associtions, Sri Muktsar sabib
President Distt. Fancing Assciation Sri Muktsar Sahib

ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਚਰਨ ਛੂਹ ਪ੍ਰਾਪਤ 40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਮੇਲਾ ਮਾਘੀ 'ਤੇ ਨਤਮਸਤਕ ਹੋਣ ਆਈਆਂ ਸਮੂਹ ਸੰਗਤਾਂ ਨੂੰ ਜੀ ਆਇਆਂ
ਸੁਖਜਿੰਦਰ ਸਿੰਘ 'ਬੱਬਲੂ ਬਰਾੜ' ਆਪ ਆਗੂ, ਸ੍ਰੀ ਮੁਕਤਸਰ ਸਾਹਿਬ

Ms. Keyan Enterprises
Deals in : All Types of Paints, POP Channel PVC
Mob.: 99159-00047 81000-00841
Loras9551@gmail.com
Factory Road, Opp. Railway Crossing, Near Old Grain Market, Sri Muktsar Sahib

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਦਲਜੀਤ ਸਿੰਘ ਨਾਜਰ ਡੀਸੀ ਆਫਿਸ, ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਛੱਤਿਆਣਾ ਟ੍ਰੇਡਰਜ਼
ਦੁਕਾਨ ਨੰ.177, ਨਵੀਂ ਦਾਣਾ ਮੰਡੀ, ਸ੍ਰੀ ਮੁਕਤਸਰ ਸਾਹਿਬ
ਬੋਬੀ ਬਰਾੜ ਮੋ: 98728-60922

ਮੇਲਾ ਮਾਘੀ ਮੌਕੇ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਜੀ ਆਇਆਂ ਨੂੰ
ਜੱਗਾ ਕੰਪਿਊਟਰਜ਼
ਇੱਥੇ ਹਰ ਤਰ੍ਹਾਂ ਦੀਆਂ ਰਜਿਸਟਰੀਆਂ, ਬੇਨਾਮੇ, ਇਕਰਾਰਨਾਮਾ, ਵਸੀਅਤਨਾਮਾ, ਮੁਖਤਿਆਰਨਾਮਾ ਆਦਿ ਦਸਤਾਵੇਜ ਤਿਆਰ ਕੀਤੇ ਜਾਂਦੇ ਹਨ।
ਦੁਕਾਨ ਨੰ.13, ਸਾਹਮਣੇ ਡੀ.ਸੀ ਦਫ਼ਤਰ, ਸ੍ਰੀ ਮੁਕਤਸਰ ਸਾਹਿਬ
98155-76777, 98157-17771

ਡਾ. ਅ.ਗਮ-ਸਮੀਕਸ਼ਾ ਫਾਊਂਡੇਸ਼ਨ
ਤਹਿਤ ਹੁਣ ਹਰ ਤਰ੍ਹਾਂ ਦੇ ਆਪ੍ਰੇਸ਼ਨ ਸਿਰਫ਼ ਪੰਜ ਹਜ਼ਾਰ ਰੁਪਏ ਵਿਚ ਹੀ ਕੀਤੇ ਜਾਂਦੇ ਹਨ। ਆਸ਼ੀਰਵਾਦ ਹਸਪਤਾਲ ਵਿਖੇ ਆ ਕੇ ਡਾਕਟਰ ਸਾਹਿਬ ਨੂੰ ਮਿਲੋ ਅਤੇ ਡਾ. ਅ.ਗਮ- ਸਮੀਕਸ਼ਾ ਫਾਊਂਡੇਸ਼ਨ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਲਾਭ ਉਠਾਓ, ਧੰਨਵਾਦ
ਆਸ਼ੀਰਵਾਦ ਹਸਪਤਾਲ
ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ
DR. VIKRAMJEET 98140-99391
DR. RANJU SINGLA 98150-97970
MR. LOVISH ABHI 78891-48070

ਪ੍ਰਧਾਨ ਸੁਖਵਿੰਦਰ ਸੁੱਖੀ ਅਤੇ ਧੀਰਾ ਨੰਗਲ ਵੱਲੋਂ ਮਾਘੀ ਮੇਲੇ ਦੀਆਂ ਲੱਖ-ਲੱਖ ਵਧਾਈਆਂ

ਕੁਲਦੀਪ ਕਾਲਾ ਮੀਤ ਪ੍ਰਧਾਨ ਸੁੱਖੀ ਕੈਨੇਡਾ ਵੱਲੋਂ ਮਾਘੀ ਮੇਲੇ ਦੀਆਂ ਲੱਖ-ਲੱਖ ਵਧਾਈਆਂ

ਜਨਮ ਦਿਨ ਮੁਬਾਰਕ
ਸੰਨਜਿਤਿਕਾ ਜਲੰਧਰ
ਤਕਦੀਰ ਕੌਰ ਖੰਨਾ


## ਪਾਵਰ ਮੈਨੇਜਮੈਂਟ ਨਾਲ ਸਾਂਝਾ ਫੋਰਮ ਅਤੇ ਏਕਤਾ ਮੰਚ ਦੀ ਮੀਟਿੰਗ ਅੱਜ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਦੇ ਖਿਲਾਫ਼ ਅਤੇ ਮੁਲਾਜ਼ਮ ਤੇ ਪੈਨਸ਼ਨਰ ਵਰਗ ਦੀਆਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਦੇ ਮੁੱਦੇ ਨੂੰ ਲੈ ਕੇ ਪਿਛਲੇ ਤਿੰਨ ਮਹੀਨਿਆਂ ਤੋਂ ਮੁਲਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆ ਦੇ ਸਾਂਝੇ ਥੜੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਵੱਲੋਂ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀਆਂ ਪਾਵਰ ਸੈਕਟਰ ਵਿਰੋਧੀ ਨੀਤੀਆਂ ਖਿਲਾਫ਼ ਲੜੇ ਜਾ ਰਹੇ ਸੰਘਰਸ਼ ਤੋਂ ਬਾਅਦ ਪਾਵਰ ਮੈਨੇਜਮੈਂਟ ਨੇ ਆਪਣੇ ਪੱਤਰ ਮੀਮੋ ਨੰਬਰ 22/23 ਭਭ-1-359 ਮਿਤੀ 07/01/2026 ਰਾਹੀਂ ਉਪਰੋਕਤ ਜਥੇਬੰਦੀਆਂ ਦੀ ਲੀਡਰਸ਼ਿਪ ਨੂੰ ਅੱਜ 14 ਜਨਵਰੀ ਨੂੰ ਦੁਪਹਿਰ 12-30 ਵਜੇ ਪੀਐੱਸਟੀਸੀਐੱਲ ਗੈਸਟ ਹਾਊਸ ਮੁਹਾਲੀ ਵਿਖੇ ਮਾਣਯੋਗ ਸੀਐੱਮਡੀ ਬਸੰਤ ਗਰਗ ਆਈਏਐੱਸ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਨ ਲਈ ਸੱਦਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਂਝੇ ਥੜੇ ਦੇ ਆਗੂਆਂ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਹਾਜ਼ਰ ਆਗੂਆਂ ਵੱਲੋਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੇ ਮਾਰੂ ਪ੍ਰਭਾਵਾਂ ਅਤੇ 10 ਤੇ 14 ਅਗਸਤ ਨੂੰ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਨਾਲ ਹੋਏ ਲਿਖਤੀ ਸਮਝੌਤਿਆਂ ਸਮੇਂ ਮੰਨੀਆਂ ਮੰਗਾਂ ਲਾਗੂ ਕੀਤੇ ਜਾਣ 'ਤੇ ਜ਼ੋਰ ਦਿੱਤਾ ਜਾਵੇਗਾ।

## ਬੀ ਐੱਸ ਸੀ ਨਰਸਿੰਗ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ

**ਛੇਹਰਟਾ, (ਮਨੋਜ ਕੁਮਾਰ)**-ਬੀ.ਐੱਸਸੀ. ਨਰਸਿੰਗ ਬੈਚ-2025-2029 ਦੇ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਸ੍ਰੀ ਗੁਰੂ ਅਰਜਨ ਦੇਵ ਜੀ ਇੰਸਟੀਚਿਊਟ ਆਫ ਨਰਸਿੰਗ, ਅੰਮ੍ਰਿਤਸਰ ਵਿਚ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸੰਸਥਾ ਦੇ ਅਕਾਦਮਿਕ ਵਾਤਾਵਰਣ ਤੋਂ ਜਾਣੂ ਕਰਵਾਉਣਾ ਤੇ ਉਨ੍ਹਾਂ ਦੇ ਨਵੇਂ ਅਕਾਦਮਿਕ ਜੀਵਨ ਦੀ ਮਜ਼ਬੂਤ ਸ਼ੁਰੂਆਤ ਨੂੰ ਯਕੀਨੀ ਬਣਾਉਣਾ ਸੀ। ਇਸ ਮੌਕੇ ਵਿਦਿਆਰਥੀਆਂ ਨੂੰ ਬੀ.ਐੱਸਸੀ. ਨਰਸਿੰਗ ਕੋਰਸ ਦੇ ਪੂਰੇ ਅਕਾਦਮਿਕ ਢਾਂਚੇ, ਨਿਯਮਾਂ, ਅਨੁਸ਼ਾਸਨ, ਪ੍ਰੀਖਿਆ ਪ੍ਰਣਾਲੀ ਤੇ ਸਿਖਲਾਈ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਏਐੱਨਐੱਮ, ਜੀਐੱਨਐੱਮ ਤੇ ਬੀ.ਐੱਸਸੀ. ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਨਰਸਿੰਗ ਕੋਰਸਾਂ ਦੇ ਅੰਤਰ, ਦਾਇਰੇ ਤੇ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਵੀ ਵਿਸਥਾਰ ਨਾਲ ਦੱਸਿਆ ਗਿਆ। ਸੰਸਥਾ ਦੀ ਡਾਇਰੈਕਟਰ, ਰਾਧਿਕਾ ਚੁੱਘ ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਸਨ। ਆਪਣੇ ਸੰਬੋਧਨ ਵਿਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਨਰਸਿੰਗ ਸਿਰਫ਼ ਪੇਸ਼ਾ ਨਹੀਂ ਹੈ, ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਸਾਧਨ ਹੈ। ਉਨ੍ਹਾਂ ਕਿਹਾ ਕਿ ਨਰਸਿੰਗ ਦਾ ਖੇਤਰ ਅਨੁਸ਼ਾਸਨ, ਸਮਰਪਣ, ਸੰਵੇਦਨਸ਼ੀਲਤਾ ਤੇ ਨਿਰੰਤਰ ਸਿੱਖਣ ਦੀ ਭਾਵਨਾ ਦੀ ਮੰਗ ਕਰਦਾ ਹੈ ਅਤੇ ਇਹ ਗੁਣ ਵਿਦਿਆਰਥੀਆਂ ਨੂੰ ਸਫ਼ਲ ਸਿਹਤ ਸੰਭਾਲ ਪੇਸ਼ੇਵਰ ਬਣਾਉਂਦੇ ਹਨ। ਰਾਧਿਕਾ ਚੁੱਘ ਨੇ ਅੱਗੇ ਕਿਹਾ



ਕਿ ਇੰਸਟੀਚਿਊਟ ਦਾ ਉਦੇਸ਼ ਸਿਰਫ਼ ਡਿਗਰੀਆਂ ਪ੍ਰਦਾਨ ਕਰਨਾ ਨਹੀਂ ਹੈ, ਸਗੋਂ ਯੋਗ, ਨੈਤਿਕ ਤੇ ਸੰਵੇਦਨਸ਼ੀਲ ਨਰਸਿੰਗ ਪੇਸ਼ੇਵਰ ਤਿਆਰ ਕਰਨਾ ਹੈ ਜੋ ਦੇਸ਼ ਦੀਆਂ ਸਿਹਤ ਸੰਭਾਲ ਸੇਵਾਵਾਂ ਨੂੰ ਮਜ਼ਬੂਤ ਕਰ ਸਕਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸੰਸਥਾ ਦੀਆਂ ਸਹੂਲਤਾਂ, ਤਜਰਬੇਕਾਰ ਫੈਕਲਟੀ ਤੇ ਵਿਹਾਰਕ ਸਿਖਲਾਈ ਦਾ ਪੂਰਾ ਲਾਭ ਲੈਣ ਲਈ ਉਤਸ਼ਾਹਿਤ ਕੀਤਾ। ਪ੍ਰੋਗਰਾਮ ਦਾ ਅੰਤ ਵਿਦਿਆਰਥੀਆਂ ਨਾਲ ਇੰਟਰਐਕਟਿਵ ਤੇ ਮਾਰਗਦਰਸ਼ਨ ਸੈਸ਼ਨ ਨਾਲ ਹੋਇਆ, ਜਿਸ ਵਿਚ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ ਅਤੇ ਉਨ੍ਹਾਂ ਨੂੰ ਸਕਾਰਾਤਮਕ, ਅਨੁਸ਼ਾਸਿਤ ਤੇ ਪ੍ਰੇਰਨਾਦਾਇਕ ਅਕਾਦਮਿਕ ਸਫ਼ਰ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ।

## ਸਰਹੱਦ ਤੋਂ ਡੇਢ ਕਿੱਲੋ ਹੈਰੋਇਨ ਬਰਾਮਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਰਹੱਦ ਤੋਂ ਦੋ ਵੱਖ-ਵੱਖ ਅਪ੍ਰੇਸ਼ਨਾਂ ਵਿੱਚ ਪੰਜਾਬ ਪੁਲਸ ਤੇ ਬੀਐੱਸਐੱਫ਼ ਦੇ ਜਵਾਨਾਂ ਨੇ ਡੇਢ ਕਿੱਲੋ ਹੈਰੋਇਨ ਬਰਾਮਦ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਖੇਮਕਰਨ ਪੁਲਸ ਨੂੰ ਭਾਰਤ-ਪਾਕਿ ਸਰਹੱਦ ਨਾਲ ਲੱਗਦੀ ਬੀਓਪੀ ਗਜ਼ਲ ਨਜ਼ਦੀਕ ਡਰੋਨ ਦੀ ਹਲਚਲ ਸੰਬੰਧੀ ਸੂਚਨਾ ਮਿਲੀ ਸੀ, ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਐੱਸਐੱਚਓ ਖੇਮਕਰਨ ਅਵਤਾਰ ਸਿੰਘ ਦੀ ਅਗਵਾਈ 'ਚ ਪੁਲਸ ਪਾਰਟੀ ਵੱਲੋਂ ਉਕਤ ਸਥਾਨ 'ਤੇ ਸਰਚ ਆਪ੍ਰੇਸ਼ਨ ਚਲਾ ਕੇ ਖੇਤਾਂ 'ਚੋਂ ਇੱਕ ਪੀਲੇ ਰੰਗ ਦੇ ਪੈਕੇਟ ਵਿੱਚੋਂ ਇੱਕ ਕਿੱਲੋ ਹੈਰੋਇਨ ਬਰਾਮਦ ਕੀਤੀ ਗਈ ਹੈ।ਡੀਐੱਸਪੀ ਨੇ ਦੱਸਿਆ ਕਿ ਇਸੇ ਤਰ੍ਹਾਂ ਥਾਣਾ ਖਾਲੜਾ ਦੀ ਪੁਲਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਬੀਐੱਸਐੱਫ ਦੇ ਜਵਾਨਾਂ ਨਾਲ ਮਿਲ ਕੇ ਪਿੰਡ ਵਾਂ ਤਾਰਾ ਸਿੰਘ 'ਚ ਚਲਾਏ ਸਰਚ ਅਪ੍ਰੇਸ਼ਨ ਦੌਰਾਨ ਖੇਤਾਂ ਵਿੱਚੋਂ 511 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਉਨ੍ਹਾਂ ਦੱਸਿਆ ਕਿ ਉਕਤ ਬਰਾਮਦਗੀਆਂ ਮਗਰੋਂ ਸੰਬੰਧਤ ਥਾਣਿਆਂ 'ਚ ਅਣਪਛਾਤੇ ਮੁਲਜ਼ਮਾਂ ਵਿਰੁੱਧ ਐੱਨਡੀਪੀਐੱਸ ਐਕਟ ਅਧੀਨ ਅਧੀਨ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਆਖਿਆ ਕਿ ਬੀਐੱਸਐੱਫ਼ ਅਤੇ ਪੰਜਾਬ ਪੁਲਸ ਦੀ ਮੁਸਤੈਦੀ ਸਰਹੱਦੋਂ ਪਾਰ ਕੰਮ ਕਰਦੇ ਡਰੱਗ ਸਿੰਡੀਕੇਟਾਂ ਦੀਆਂ ਨਾਪਾਕ ਕੋਸ਼ਿਸ਼ਾਂ ਨੂੰ ਨਾਕਾਮ ਕਰ ਰਹੀ ਹੈ।

## ਸੀ ਐੱਚ ਸੀ ਸਰਹਾਲੀ ਵਿਖੇ ਡਾ. ਗਿੱਲ ਨੇ ਕਰਮਚਾਰੀਆਂ ਨੂੰ ਲੋਹੜੀ ਦੇ ਗਿਫ਼ਟ ਦਿੱਤੇ

ਚੋਹਲਾ ਸਾਹਿਬ (ਰਮਨ ਚੱਢਾ)-ਲੋਹੜੀ ਦਾ ਪਵਿੱਤਰ ਹਰ ਸਾਲ ਹੀ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ। ਇਸੇ ਤਹਿਤ ਸੀਐੱਚਸੀ ਸਰਹਾਲੀ ਵਿਖੇ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀਐੱਚਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਇਸ ਸਮੇਂ ਭੁੱਗਾ ਬਾਲਿਆ ਗਿਆ ਅਤੇ ਸਾਰੇ ਮੁਲਾਜ਼ਮਾਂ ਵੱਲੋਂ ਲੋਹੜੀ ਦੀ ਰਸਮ ਨਿਭਾਈ ਗਈ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਹਸਪਤਾਲ ਵਿਖੇ ਨਵਜੰਮੇ ਬੱਚੇ ਨੂੰ ਗਰਮ ਕੰਬਲ ਅਤੇ ਹੋਰ ਵਰਤੋਂ ਵਾਲਾ ਸਾਮਾਨ ਗਿਫਟ ਵਜੋਂ ਦਿੱਤਾ। ਇਸ ਸਮੇਂ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਸਮਾਜਸੇਵੀ ਗੁਰਨਾਮ ਸਿੰਘ ਚਾਹਲ, ਗੁਰਸੇਵਕ ਸਿੰਘ, ਪ੍ਰਗਟ ਸਿੰਘ, ਪ੍ਰਮਜੀਤ ਸਿੰਘ ਵਿਰਕ, ਸੁਖਵਿੰਦਰ ਸਿੰਘ ਦੇ ਪਰਿਵਾਰਾਂ ਵੱਲੋਂ ਦਿੱਤੇ ਗਰਮ ਕੰਬਲ ਐਮਰਜੈਂਸੀ ਸੇਵਾਵਾਂ ਵਿੱਚ ਨਰਸਿੰਗ ਸਿਸਟਰ ਸਨਦੀਪ ਕੌਰ ਚੰਬਾ ਅਤੇ ਸਨਦੀਪ ਕੌਰ ਪੰਨੂ ਨੂੰ ਦਿੱਤੇ ਅਤੇ ਇਸਦੇ ਨਾਲ ਹੀ ਡਾਕਟਰ ਗਿੱਲ ਵੱਲੋਂ ਗਰਮ ਕੋਟੀਆਂ ਦਰਜਾਚਾਰ ਮੁਲਾਜ਼ਮਾਂ ਨੂੰ ਦਿੱਤੀਆਂ ਗਈਆਂ। ਇਸ ਸਮੇਂ ਡਾਕਟਰ ਗਿੱਲ ਨੇ ਕਿਹਾ ਕਿ ਸਾਨੂੰ ਧੀਆਂ ਦੀ ਲੋਹੜੀ ਜ਼ਰੂਰ ਮਨਾਉਣੀ ਚਾਹੀਦੀ ਹੈ ਕਿਉਂਕਿ ਧੀਆਂ ਕਿਸੇ ਵੀ ਪੱਖੋਂ ਮੁੰਡਿਆਂ ਤੋਂ ਪਿੱਛੇ ਨਹੀਂ ਹਨ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਖ ਲਗਭਗ 90 ਪ੍ਰਤੀਸ਼ਤ ਸਟਾਫ ਔਰਤਾਂ ਹੀ ਹਨ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਕੇ ਸੇਵਾ ਕਰ ਰਹੀਆਂ ਹਨ। ਇਸ ਸਮੇਂ ਡਾਕਟਰ ਸੁਖਮਨੀ ਕੌਰ



ਮੈਡੀਕਲ ਅਫਸਰ, ਫਾਰਮੇਸੀ ਅਫਸਰ ਸਰਬਜੀਤ ਕੌਰ, ਐੱਲਟੀ ਸਰਬਜੀਤ ਕੌਰ, ਗੁਰਪ੍ਰੀਤ ਕੌਰ ਸਟੈਨੋ, ਮਨਦੀਪ ਕੌਰ ਰੇਡੀਓਗ੍ਰਾਫਰ, ਰੁਪਿੰਦਰ ਕੌਰ ਸਟਾਫ ਨਰਸ, ਪ੍ਰਭਜੋਤ ਕੌਰ ਫਾਰਮੇਸੀ ਅਫਸਰ, ਜਸਵਿੰਦਰ ਕੌਰ ਕੰਪਿਊਟਰ ਆਪ੍ਰੇਟਰ, ਸੁਖਵਿੰਦਰ ਕੌਰ ਐੱਮਐੱਲਟੀ, ਰਾਜਵਿੰਦਰ ਕੌਰ ਐੱਮਐੱਲਟੀ, ਕਸ਼ਮੀਰ ਕੌਰ ਐੱਮਐੱਲਟੀ, ਨਰਿੰਦਰ ਸਿੰਘ ਸੀਨੀਅਰ ਸਹਾਇਕ, ਮਨਦੀਪ ਸਿੰਘ ਆਈਏ, ਜਸਕੀਰਤ ਸਿੰਘ ਫਾਰਮੇਸੀ ਅਫਸਰ, ਗੁਰਪਵਿੱਤਰ ਸਿੰਘ ਸੋਹਲ, ਪ੍ਰਮਜੀਤ ਸਿੰਘ, ਲਖਵਿੰਦਰ ਸਿੰਘ, ਬਲਜਿੰਦਰ ਸਿੰਘ, ਬੇਅੰਤ ਸਿੰਘ ਅਤੇ ਜਸਬੀਰ ਸਿੰਘ ਲੱਡੂ ਆਦਿ ਹਾਜ਼ਰ ਸਨ।

## 14 ਤੋਂ 16 ਜਨਵਰੀ ਤੱਕ ਜ਼ਿਲ੍ਹਾ ਜਲੰਧਰ 'ਨੋ ਫਲਾਇੰਗ ਜ਼ੋਨ' ਐਲਾਨਿਆ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਜਲੰਧਰ ਨੂੰ 'ਨੋ ਫਲਾਇੰਗ ਜ਼ੋਨ' ਘੋਸ਼ਿਤ ਕੀਤਾ ਗਿਆ ਹੈ। ਹੁਕਮਾਂ ਅਨੁਸਾਰ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਕਿਸੇ ਕਿਸਮ ਦਾ ਸਿਵਲ ਰਿਮੋਟ/ਪਾਇਲਟ ਏਅਰ ਕਰਾਫ਼ਟ ਸਿਸਟਮ/ਡਰੋਨ/ਹੈਲੀਕਾਪਟਰ (ਸਿਵਾਏ ਮਾਣਯੋਗ ਰਾਸ਼ਟਰਪਤੀ, ਭਾਰਤ ਅਤੇ ਹੋਰ ਵੀ.ਵੀ.ਆਈ.ਪੀ. ਦੇ ਹੈਲੀਕਾਪਟਰ/ਜਹਾਜ਼) ਆਦਿ ਉਡਾਉਣ 'ਤੇ ਪਾਬੰਦੀ ਲਗਾਈ ਗਈ ਹੈ।ਇਹ ਹੁਕਮ ਮਿਤੀ 14 ਜਨਵਰੀ ਤੋਂ 16 ਜਨਵਰੀ ਤੱਕ ਲਾਗੂ ਰਹੇਗਾ।ਜ਼ਿਕਰਯੋਗ ਹੈ ਕਿ ਭਾਰਤ ਦੇ ਰਾਸ਼ਟਰਪਤੀ 16 ਜਨਵਰੀ ਨੂੰ ਜਲੰਧਰ ਵਿਖੇ ਪਹੁੰਚ ਰਹੇ ਹਨ।

## ਪ੍ਰਨਾਮ ਸਿੰਘ ਭੰਗੂ ਨੇ ਸਹਿਕਾਰੀ ਬੈਂਕਾਂ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ

ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਵੱਲੋਂ ਪਾਰਟੀ ਪ੍ਰਤੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨ ਵਾਲੇ ਵਰਕਰਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਜਾਂਦਾ ਹੈ ਤਾਂ ਕਿ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕੀਤਾ ਜਾ ਸਕੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਮਜੀਠਾ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪ੍ਰਨਾਮ ਸਿੰਘ ਭੰਗਵਾਂ ਨੂੰ ਕੇਂਦਰੀ ਸਹਿਕਾਰੀ ਬੈਂਕਾਂ ਦੇ ਚੇਅਰਮੈਨ ਬਣਨ 'ਤੇ ਉਨ੍ਹਾਂ ਦੀ ਤਾਜਪੋਸ਼ੀ ਦੀ ਰਸਮ ਕਰਨ ਮੌਕੇ ਗੱਲਬਾਤ ਕਰਦਿਆਂ ਕੀਤਾ। ਗਿੱਲ ਨੇ ਕਿਹਾ ਕਿ ਪ੍ਰਨਾਮ ਸਿੰਘ ਭੰਗੂ ਬਹੁਤ ਨੇਕਦਿਲ ਅਤੇ ਵਧੀਆ ਇਨਸਾਨ ਹਨ ਅਤੇ ਪਾਰਟੀ ਲਈ ਇਮਾਨਦਾਰੀ ਨਾਲ ਕੰਮ ਕਰਨ ਵਾਲੇ ਹਨ ਜਿਨ੍ਹਾਂ ਨੂੰ ਪਾਰਟੀ ਵੱਲੋਂ ਇਹ ਅਹੁਦਾ ਦੇ ਕੇ ਨਿਵਾਜਿਆ ਗਿਆ ਹੈ।ਪ੍ਰਨਾਮ ਸਿੰਘ ਦੇ ਚੇਅਰਮੈਨ ਨਿਯੁਕਤ ਹੋਣ 'ਤੇ ਇਲਾਕੇ ਵਿਚ ਭਾਰੀ ਖੁਸ਼ੀ ਦੀ ਲਹਿਰ ਹੈ।ਗੱਲਬਾਤ ਕਰਦਿਆਂ ਨਵ-ਨਿਯੁਕਤ ਚੇਅਰਮੈਨ ਪ੍ਰਨਾਮ ਸਿੰਘ ਭੰਗਵਾਂ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਇਹ ਜ਼ਿੰਮੇਵਾਰੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨਗੇ।ਸ਼੍ਰੀ ਭੰਗਵਾਂ ਦੀ ਤਾਜਪੋਸ਼ੀ ਮੌਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ, ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ, ਵਾਈਸ ਚੇਅਰਮੈਨ ਸੁਖਵੰਤ ਸਿੰਘ ਗੁਮਾਨਪੁਰਾ, ਅੰਗਰੇਜ਼ ਸਿੰਘ, ਜਗਤਾਰ ਸਿੰਘ, ਭੁਪਿੰਦਰ ਸਿੰਘ ਤਿੰਨੇ ਡਾਇਰੈਕਟਰ, ਸਾਬਕਾ



ਵਾਈਸ ਚੇਅਰਮੈਨ ਸੁਖਦੇਵ ਸਿੰਘ, ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਸਤਿੰਦਰ ਸਿੰਘ ਸ਼ਾਹ ਮਜੀਠਾ, ਜਿਲ੍ਹਾ ਪ੍ਰੀਸ਼ਦ ਮੈਬਰ ਜਸਵੰਤ ਸਿੰਘ ਪੰਨੂ, ਸੁਖਚੈਨ ਸਿੰਘ ਭੰਗਵਾਂ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਰੇਸ਼ਮ ਸਿੰਘ, ਰਣਜੀਤ ਸਿੰਘ, ਸਤਨਾਮ ਸਿੰਘ ਮੈਂਬਰ, ਜਸਵਿੰਦਰ ਸਿੰਘ ਸਰਪੰਚ, ਮੁਖਤਾਰ ਸਿੰਘ ਚੇਅਰਮੈਨ, ਪਰਮਿੰਦਰ ਸਿੰਘ ਉਪਲ, ਐੱਮ. ਡੀ. ਜਤਿੰਦਰ ਸਿੰਘ ਗਿੱਲ, ਕੁਲਦੀਪ ਸਿੰਘ ਕਾਹਲੋਂ, ਜਸਕਰਨ ਸਿੰਘ ਮੰਡੀ ਪ੍ਰਧਾਨ, ਦਿਲਬਾਗ ਸਿੰਘ, ਸੁੱਖ ਭੰਗੂ, ਬਲਜਿੰਦਰ ਸਿੰਘ ਸਮੇਤ ਹੋਰ ਇਲਾਕਾ ਵਾਸੀ ਹਾਜ਼ਰ ਸਨ।

## ਪੱਤਰਕਾਰ ਬਲਵਿੰਦਰ ਸਿੰਘ ਛਿਛਰੇਵਾਲ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪਿੰਡ ਛਿਛਰੇਵਾਲ ਦੇ ਸਾਬਕਾ ਸਰਪੰਚ ਤੇ ਪੱਤਰਕਾਰ ਬਲਵਿੰਦਰ ਸਿੰਘ ਰੰਧਾਵਾ ਦੇ ਪਿਤਾ ਸ. ਗੁਰਦੇਵ ਸਿੰਘ ਰੰਧਾਵਾ ਛਿਛਰੇਵਾਲ ਸੇਵਾ ਮੁਕਤ ਪੰਜਾਬ ਰੋਡਵੇਜ਼ ਬੀਤੇ ਦਿਨੀਂ ਇਸ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ, ਜਿਸ ਨਾਲ ਉਨ੍ਹਾਂ ਦੇ ਮਿੱਤਰਾਂ, ਸਕੇ ਸੁਨੇਹੀਆਂ ਵਿਚ ਸੋਗ ਦੀ ਲਹਿਰ ਦੌੜ ਗਈ ਹੈ ਅਤੇ ਰੰਧਾਵਾ ਪਰਿਵਾਰ ਨੂੰ ਕਦੇ ਵੀ ਪੂਰਾ ਨਾ ਹੁਣ ਵਾਲਾ ਘਾਟਾ ਪਿਆ ਹੈ।ਉਨ੍ਹਾਂ ਦੀਆਂ ਸਮਾਜ ਅਤੇ ਪਰਿਵਾਰ ਪ੍ਰਤੀ ਕੀਤੀਆਂ ਸੇਵਾਵਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਨਾਲ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਜੁਗਰਾਜ ਸਿੰਘ ਲਾਲੇਨੰਗਲ, ਬਲਵਿੰਦਰ ਸਿੰਘ ਕੋਟਲਾ ਬਾਮਾ, ਭਾਜਪਾ ਦੇ ਪ੍ਰਧਾਨ ਵਿਜੇ ਸੋਨੀ ਮੋਹਲੋਵਾਲੀ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਭਾਲੋਵਾਲੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਦਿਆਲ ਸਿੰਘ ਖੋਖਰ, ਗੁਰਵਿੰਦਰ ਸਿੰਘ ਕਾਲਾ ਅਫਗਾਨਾ, ਗੁਰਪ੍ਰੀਤ ਸਿੰਘ ਰੰਧਾਵਾ, ਰਾਣਾ ਰਣਜੀਤ ਸਿੰਘ ਕਾਲਾ ਅਫਗਾਨਾ, ਹਰਚਰਨ ਸਿੰਘ ਘਣੀਏ ਕੇ ਬਾਂਗਰ, ਨਰਿੰਦਰ ਸਿੰਘ ਮੁਰੀਦਕੇ, ਨਿਰਮਲ ਸਿੰਘ ਸਾਬਕਾ ਸਰਪੰਚ, ਜੰਗ ਬਹਾਦਰ ਸਰਪੰਚ, ਬਲਦੇਵ ਸਿੰਘ ਸੰਮਤੀ ਮੈਂਬਰ, ਪ੍ਰਭਜੋਤ ਸਿੰਘ ਸਾਬਕਾ ਸਰਪੰਚ, ਗੁਰਵਿੰਦਰ ਸਿੰਘ, ਗੁਰਸੇਵਕ ਸਿੰਘ ਲਾਲੀ ਸਾਬਕਾ ਸਰਪੰਚ, ਹੈਪੀ ਘਣੀਏ ਕੇ ਬਾਂਗਰ, ਧਰਮਜੀਤ ਸਿੰਘ ਕਾਲਾ ਅਫਗਾਨਾ, ਤੇਜਬੀਰ ਸਿੰਘ ਸਾਬਕਾ ਸਰਪੰਚ, ਡੇਵਿਡ ਮਸੀਹ, ਕਸ਼ਮੀਰ ਸਿੰਘ, ਦਲਬੀਰ ਸਿੰਘ ਛਿਛਰੇਵਾਲ, ਦਲਬੀਰ ਮਸੀਹ ਛਿਛਰੇਵਾਲ, ਨਿਆਮਤ ਮਸੀਹ ਛਿਛਰੇਵਾਲ, ਜੋਗਿੰਦਰ ਸਿੰਘ ਛਿਛਰੇਵਾਲ, ਗੇਜਾ ਛਿਛਰੇਵਾਲ, ਸੈਮੂਅਲ ਮਸੀਹ ਛਿਛਰੇਵਾਲ ਤੋਂ ਇਲਾਵਾ ਕਈ ਰਿਸ਼ਤੇਦਾਰਾਂ ਅਤੇ ਮਿੱਤਰਾਂ ਨੇ ਗਹਿਰਾ ਦੁੱਖ ਪ੍ਰਗਟਾਇਆ। ਉਨ੍ਹਾਂ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 19 ਜਨਵਰੀ ਦਿਨ ਸੋਮਵਾਰ ਨੂੰ ਪਿੰਡ ਛਿਛਰੇਵਾਲ ਵਿਖੇ ਹੋਵੇਗੀ।



## ਵਿਦਿਆਰਥੀਆਂ ਨੇ ਚਾਈਨਾ ਡੋਰ ਦੇ ਵਿਰੋਧ 'ਚ ਜੇਠੂਵਾਲ ਵਿਖੇ ਜਾਗਰੂਕਤਾ ਰੈਲੀ ਕੱਢੀ

ਮਜੀਠਾ (ਸੋਇਮ ਆਨੰਦ)-ਆਨੰਦ ਗੁਰਪ ਆਫ ਕਾਲਜਿਜ਼ ਵੱਲੋਂ ਚਾਈਨਾ ਡੋਰ ਦੀ ਵਰਤੋਂ ਦੇ ਵਿਰੋਧ ਵਿੱਚ ਇੱਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਦਾ ਮਕਸਦ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਚੀਨੀ ਡੋਰ ਨਾਲ ਹੋਣ ਵਾਲੇ ਜਾਨਲੇਵਾ ਹਾਦਸਿਆਂ ਬਾਰੇ ਸੂਚਿਤ ਕਰਨਾ ਸੀ।ਰੈਲੀ ਦੌਰਾਨ ਵਿਦਿਆਰਥੀਆਂ ਨੇ ਹੱਥਾਂ ਵਿੱਚ ਤਖਤੀਆਂ ਫੜੀਆਂ ਹੋਈਆਂ ਸਨ, ਜਿਨ੍ਹਾਂ ਉਤੇ ਚੀਨੀ ਡੋਰ ਤੇ ਪਾਬੰਦੀ ਲਗਾਓ, ਜਾਨ ਬਚਾਓ, ਚੀਨੀ ਡੋਰ ਛੱਡੋ ਵਰਗੇ ਨਾਅਰੇ ਲਿਖੇ ਹੋਏ ਸਨ।ਵਿਦਿਆਰਥੀਆਂ ਨੇ ਨਾਅਰਿਆਂ ਰਾਹੀਂ ਲੋਕਾਂ ਨੂੰ ਇਸ ਖਤਰਨਾਕ ਡੋਰ ਦੀ ਵਰਤੋਂ ਨਾ ਕਰਨ ਲਈ ਅਪੀਲ ਕੀਤੀ। ਇਸ ਮੌਕੇ ਕਾਲਜ ਦੇ ਮਾਨਯੋਗ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਮੈਡਮ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਅਤੇ ਨਰਸਿੰਗ ਐਡਵਾਇਜ਼ਰ ਊਸ਼ਾ ਸਰੀਨ ਵੀ ਸ਼ਾਮਲ ਸਨ।ਇਸ



ਮੌਕੇ ਚੇਅਰਮੈਨ ਡਾ. ਐੱਮ. ਐੱਮ. ਆਨੰਦ ਨੇ ਵਿਦਿਆਰਥੀਆਂ ਨੂੰ ਚਾਈਨੀ ਡੋਰ ਨਾਲ ਹੋਣ ਵਾਲੇ ਖਤਰਿਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜਾਨ ਦੀ ਸੁਰੱਖਿਆ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ ਅਤੇ ਸਾਨੂੰ ਹਮੇਸ਼ਾ ਸੁਰੱਖਿਅਤ ਤੇ ਕਾਨੂੰਨੀ ਡੋਰ (ਧਾਗੇ ਦੀ ਡੋਰ) ਦੀ ਵਰਤੋਂ ਹੀ ਕਰਨੀ ਚਾਹੀਦੀ ਹੈ।ਇਸ ਮੌਕੇ ਕਾਲਜ ਪ੍ਰਬੰਧਨ ਵੱਲੋਂ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਗਿਆ ਕਿ ਚੀਨੀ ਡੋਰ ਨਾ ਸਿਰਫ਼ ਮਨੁੱਖੀ ਜਾਨ ਲਈ ਖਤਰਾ ਹੈ, ਸਗੋਂ ਪੰਛੀਆਂ ਅਤੇ ਪਸ਼ੂਆਂ ਲਈ ਵੀ ਬਹੁਤ ਹਾਨੀਕਾਰਕ ਹੈ।ਉਨ੍ਹਾਂ ਨੇ ਸਭ ਨੂੰ ਮਿਲ ਕੇ ਇਸ ਬੁਰਾਈ ਖਿਲਾਫ਼ ਆਵਾਜ਼ ਉਠਾਉਣ ਦੀ ਅਪੀਲ ਕੀਤੀ।ਰੈਲੀ ਸ਼ਾਂਤੀਪੂਰਕ ਢੰਗ ਨਾਲ ਸੰਪੰਨ ਹੋਈ ਅਤੇ ਲੋਕਾਂ ਵੱਲੋਂ ਇਸ ਮੁਹਿੰਮ ਦੀ ਖੂਬ ਸਰਾਹਨਾ ਕੀਤੀ ਗਈ।ਕਾਲਜ ਵੱਲੋਂ ਇਹ ਸੰਦੇਸ਼ ਦਿੱਤਾ ਗਿਆ ਕਿ ਸੁਰੱਖਿਅਤ ਅਤੇ ਪਰੰਪਰਾਗਤ ਸੂਤੀ ਡੋਰ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਕਿਸੇ ਦੀ ਜਾਨ ਨੂੰ ਨੁਕਸਾਨ ਨਾ ਪਹੁੰਚੇ।ਇਸ ਮੌਕੇ ਪ੍ਰੋਫੈਸਰ ਮਨਵਿੰਦਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਸੀਮਾ, ਮਨਦੀਪ ਕੌਰ, ਪ੍ਰਿਯੰਕਾ, ਰੁਪਨਦੀਪ, ਹਰਮ, ਨਵਜੋਤ ਕੌਰ, ਕੋਮਲ ਢਿੱਲੋਂ, ਪੁਨਰ, ਰਮਨਦੀਪ ਕੌਰ, ਰਮਨ ਸੰਧੂ, ਹਰਮਨਜੋਤ ਕੌਰ, ਸਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸਰਨ, ਆਬੀਦਾ, ਨਿਧੀ, ਰਿੱਪਨਦੀਪ ਕੌਰ, ਸ਼ਵੇਤਾ, ਪੱਲਵੀ ਅਤੇ ਅੰਜਲੀ ਸਮੇਤ ਹੋਰ ਸਟਾਫ਼ ਅਤੇ ਵਿਦਿਆਰਥਣਾਂ ਵੀ ਸ਼ਾਮਲ ਸਨ।

## ਰਘੂ ਸੋਹਲ ਦਾ ਸਿੰਗਲ ਟ੍ਰੈਕ 'ਚੰਨਾ ਸਾਨੂੰ' ਅੱਜਕਲ ਚਰਚਾ 'ਚ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਆਸਟ੍ਰੇਲੀਆ ਵੱਸਦਾ ਸ਼ਾਇਰ ਤੇ ਗਾਇਕ ਰਘੂ ਸੋਹਲ ਇਨ੍ਹਾਂ ਦਿਨਾਂ ਵਿੱਚ ਪੂਰਾ ਚਰਚਾ ਵਿੱਚ ਹੈ।ਉਹ ਸਰੋਤਿਆਂ ਲਈ ਆਪਣਾ ਇਕ ਬਹੁਤ ਪਿਆਰਾ ਸਿੰਗਲ ਟਰੈਕ 'ਚੰਨਾ ਸਾਨੂੰ' ਲੈ ਕੇ ਆਇਆ ਹੈ ਜੋ ਸਰੋਤਿਆਂ ਵੱਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ।ਇਸ ਸੰਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਰਘੂ ਸੋਹਲ ਨੇ ਦੱਸਿਆ ਕਿ ਉਹ ਪਿਛਲੇ ਕਾਫੀ ਸਮੇਂ ਤੋਂ ਸੰਗੀਤ ਦੇ ਖੇਤਰ ਵਿੱਚ ਆਉਣ ਲਈ ਰਿਆਜ਼ ਕਰ ਰਿਹਾ ਹੈ। ਉਸਦੀ ਇੱਛਾ ਹੈ ਕਿ ਉਹ ਆਪਣੀ ਆਵਾਜ਼ ਰਾਹੀਂ ਸਰੋਤਿਆਂ ਦੇ ਦਿਲਾਂ 'ਤੇ ਰਾਜ ਕਰੇ।ਰਘੂ ਸੋਹਲ ਨੇ ਦੱਸਿਆ ਕਿ ਸਰੋਤੇ ਉਸਦਾ ਇਹ ਸਿੰਗਲ ਟ੍ਰੈਕ ਸੋਸ਼ਲ ਮੀਡੀਆ ਦੇ ਵੱਖ-ਵੱਖ ਪਲੇਟਫਾਰਮਾਂ 'ਤੇ ਸੁਣ ਸਕਦੇ ਹਨ।ਉਸਨੂੰ ਪੂਰੀ ਆਸ ਹੈ ਕੇ ਉਹ ਸਰੋਤਿਆਂ ਦੀ ਆਸ 'ਤੇ ਖਰਾ ਉਤਰੇਗਾ।ਜ਼ਿਕਰਯੋਗ ਹੈ ਕਿ ਰਘੂ ਸੋਹਲ ਗਾਇਕ ਦੇ ਨਾਲ-ਨਾਲ ਇਕ ਬੜਾ ਵਧੀਆ ਸ਼ਾਇਰ ਵੀ ਹੈ।ਕੁੱਝ ਸਾਲ ਪਹਿਲਾਂ ਉਹ ਪੰਜਾਬੀ ਪਾਠਕਾਂ ਦੀ ਝੋਲੀ ਆਪਣੀ ਪਲੇਠੀ ਪੁਸਤਕ 'ਮੌਨ ਦਾ ਖਲਾਅ' ਵੀ ਪਾ ਚੁੱਕਾ ਹੈ ਜੋ ਸਾਹਿਤਕ ਹਲਕਿਆਂ ਵਿਚ ਖੂਬ ਪਸੰਦ ਕੀਤੀ ਗਈ।ਇਸ ਮੌਕੇ ਸੁਰਜੀਤ ਸਿੰਘ ਮਾਨ, ਅੰਮ੍ਰਿਤ ਮਾਨ, ਜਸਪਾਲ ਸਿੰਘ ਸਰਪੰਚ, ਹਰਜੀਤ ਸਿੰਘ ਬਾਜਵਾ, ਭੁਪਿੰਦਰ ਸਿੰਘ ਮਾਨ, ਨਿਰਮਲ ਸਿੰਘ ਗੁਰਾਇਆ, ਸੁਖਬੀਰ ਸਿੰਘ ਸੰਧੂ, ਗੁਰਿੰਦਰ ਸਿੰਘ ਮਾਨ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸਾਨੂੰ ਮਾਣ ਹੈ ਕਿ ਰਘੂ ਸੋਹਲ ਸਾਹਿਤਕ ਹਲਕਿਆਂ ਵਿਚ ਨਾਮਣਾ ਖੱਟਣ ਤੋਂ ਬਾਅਦ ਗਾਇਕੀ ਵਿੱਚ ਵੀ ਆਪਣਾ ਜਲਵਾ ਵਿਖਾ ਰਿਹਾ ਹੈ।



14-Jan-PAGE-4.qxd 1/13/2026 9:31 PM Page 1

ਨਵਾਂ ਜ਼ਮਾਨਾ
ਬੁੱਧਵਾਰ, 14 ਜਨਵਰੀ 2026

# ਵਿਸ਼ਵ ਗੁਰੂ ਬਣਨ ਦੀ ਖ਼ਾਮਖ਼ਿਆਲੀ

*ਨਰਿੰਦਰ ਮੋਦੀ ਪ੍ਰਧਾਨ ਮੰਤਰੀ ਬਣਨ ਤੋਂ ਹੀ ਯੂਨੀਵਰਸਿਟੀਆਂ ਨੂੰ ਵਿਸ਼ਵ ਪੱਧਰੀ ਬਣਾਉਣ ਦੇ ਦਾਅਵੇ ਕਰ ਰਹੇ ਹਨ, ਪਰ ਉਨ੍ਹਾ ਵੱਲੋਂ ਯੋਜਨਾ ਆਯੋਗ ਦਾ ਨਾਂਅ ਬਦਲ ਕੇ ਬਣਾਏ ਗਏ ਨੀਤੀ ਆਯੋਗ ਦੀ ਰਿਪੋਰਟ ਉਨ੍ਹਾਂ ਦੇ ਦਾਅਵਿਆਂ ਦਾ ਦਮ ਕੱਢ ਰਹੀ ਹੈ। ਭਾਰਤ 'ਚ ਸਿੱਖਿਆ ਦਾ ਅਰਥ ਅੱਜ ਵੀ ਮੂਲ ਤੌਰ 'ਤੇ ਉੱਚ ਸਿੱਖਿਆ ਹੀ ਬਣਿਆ ਹੋਇਆ ਹੈ, ਜਿਸ ਵਿੱਚ ਮੱਧ ਵਰਗ ਤੇ ਉੱਚ-ਮੱਧ ਵਰਗ ਦੀ ਭਾਗੀਦਾਰੀ ਰਹਿੰਦੀ ਹੈ। ਉੱਚ ਵਰਗ ਸ਼ੁਰੂ ਤੋਂ ਹੀ ਵਿਦੇਸ਼ਾਂ ਵਿੱਚ ਸਿੱਖਿਆ ਹਾਸਲ ਕਰਨ ਨੂੰ ਤਰਜੀਹ ਦਿੰਦਾ ਰਿਹਾ ਹੈ। ਪਿਛਲੇ ਦੋ ਦਹਾਕਿਆਂ ਤੋਂ ਮੱਧ ਤੇ ਉੱਚ-ਮੱਧ ਵਰਗ ਦਾ ਜ਼ੋਰ ਵੀ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਾਉਣ 'ਤੇ ਲੱਗਾ ਹੋਇਆ ਹੈ। 2016 ਤੋਂ 2022 ਤੱਕ ਭਾਰਤ ਵਿੱਚ ਵਿਦੇਸ਼ ਤੋਂ ਆਉਣ ਵਾਲੇ ਤੇ ਭਾਰਤ ਤੋਂ ਵਿਦੇਸ਼ ਜਾਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਦੇ ਅੰਕੜੇ ਦੇਖਣ ਤੋਂ ਸਾਫ ਹੁੰਦਾ ਹੈ ਕਿ ਭਾਰਤ ਨੇ ਵਿਸ਼ਵ ਗੁਰੂ ਬਣਨ ਲਈ ਕਿੰਨੇ ਮਾਅਰਕੇ ਮਾਰੇ ਹਨ। 2016 ਵਿੱਚ ਭਾਰਤ ਪੜ੍ਹਨ ਆਉਣ ਵਾਲਿਆਂ ਦੀ ਗਿਣਤੀ 45424 ਸੀ ਤੇ ਦੋ-ਚਾਰ ਹਜ਼ਾਰ ਉੱਤੇ-ਹੇਠਾਂ ਹੁੰਦੇ ਹੋਏ 2022 ਵਿੱਚ 46878 ਸੀ। ਵਿਦੇਸ਼ ਜਾਣ ਵਾਲਿਆਂ ਦੀ ਗਿਣਤੀ 2016 ਵਿੱਚ 684823 ਸੀ ਤੇ 2022 ਵਿੱਚ 907404 ਤੱਕ ਪੁੱਜ ਗਈ ਸੀ। 2021 ਵਿੱਚ ਤਾਂ ਇਹ 1158702 ਤੱਕ ਪੁੱਜ ਗਈ ਸੀ।*

*ਭਾਰਤ ਵਿੱਚ ਵਿਦੇਸ਼ੀ ਵਿਦਿਆਰਥੀਆਂ ਦੀ ਹਿੱਸੇਦਾਰੀ ਇੱਕ ਫੀਸਦੀ ਤੋਂ ਵੀ ਘੱਟ ਹੈ, ਜਦਕਿ ਅਮਰੀਕਾ ਵਿੱਚ 15-16 ਫੀਸਦੀ ਹੈ, ਬਰਤਾਨੀਆ ਵਿੱਚ 8-9, ਆਸਟਰੇਲੀਆ ਵਿੱਚ 7-8, ਚੀਨ ਵਿੱਚ 6-7 ਫੀਸਦੀ ਹੈ। ਭਾਰਤ ਦੇ ਜ਼ਿਆਦਾਤਰ ਵਿਦਿਆਰਥੀ ਕੈਨੇਡਾ, ਅਮਰੀਕਾ, ਬਰਤਾਨੀਆ, ਆਸਟਰੇਲੀਆ ਤੇ ਜਰਮਨੀ ਜਾਂਦੇ ਹਨ। ਅਮਰੀਕਾ ਵੱਲੋਂ ਹਾਲ ਹੀ ਵਿੱਚ ਕਈ ਤਰ੍ਹਾਂ ਦੀਆਂ ਰੋਕਾਂ ਲਾਉਣ ਕਾਰਨ ਉੱਥੇ ਜਾਣ ਵਾਲਿਆਂ ਦੀ ਗਿਣਤੀ ਘਟੀ ਹੈ। ਨੀਤੀ ਆਯੋਗ ਨੇ ਵਿਦੇਸ਼ੀ ਵਿਦਿਆਰਥੀਆਂ ਦੀ ਹਿੱਸੇਦਾਰੀ ਨਾ ਵਧਣ ਦੇ ਪਿੱਛੇ ਕਈ ਕਾਰਨ ਦੱਸੇ ਹਨ, ਜਿਵੇਂ ਕਿ ਵਿਸ਼ਵ ਪੱਧਰੀ ਯੂਨੀਵਰਸਿਟੀਆਂ ਦੀ ਕਮੀ, ਕੌਮਾਂਤਰੀ ਸਟੈਂਡਰਡ ਵਾਲੇ ਸਿਲੇਬਸ ਦੀ ਕਮੀ, ਰੈਗੂਲੇਟਰੀ ਪੇਚੀਦਗੀਆਂ, ਵਧੀਆ ਮਾਹੌਲ ਨਾ ਮਿਲਣਾ ਅਤੇ ਭਾਰਤੀ ਯੂਨੀਵਰਸਿਟੀਆਂ ਦੀ ਕੌਮਾਂਤਰੀ ਮੰਚਾਂ 'ਤੇ ਪੇਸ਼ਕਾਰੀ ਦੀ ਕਮੀ।*

*ਦੇਸ਼ ਦੀਆਂ ਯੂਨੀਵਰਸਿਟੀਆਂ 'ਚ ਸਿੱਖਿਆ ਦੀ ਪੂਰੀ ਪ੍ਰਣਾਲੀ ਨੂੰ ਜਿਸ ਤਰ੍ਹਾਂ ਬਦਲਿਆ ਜਾ ਰਿਹਾ ਹੈ ਅਤੇ ਸਿਲੇਬਸਾਂ 'ਚ ਹਾਕਮਾਂ ਵੱਲੋਂ ਜਿਸ ਤਰ੍ਹਾਂ ਤੁਅੱਸਬ ਲੱਦੇ ਜਾ ਰਹੇ ਹਨ, ਉਸ ਨਾਲ ਆਉਣ ਵਾਲੇ ਦਿਨਾਂ ਵਿੱਚ ਵਿਸ਼ਵ ਪੱਧਰੀ ਤਾਂ ਦੂਰ 'ਲੋਕਲ' ਪੱਧਰ 'ਤੇ ਵੀ ਇਹ ਦੋਇਮ ਦਰਜੇ ਤੋਂ ਹੇਠਾਂ ਜਾਣ ਵਾਲੀ ਹੈ। ਗਾਂ, ਗੋਹਾ ਤੇ ਧੂਫ ਬੱਤੀ ਹੁਣ ਵਿਦਿਅਕ ਅਦਾਰਿਆਂ ਦੇ ਸਿਲੇਬਸ ਬਣ ਕੇ ਸਿੱਖਿਆ ਦੇ ਆਮ ਸਟੈਂਡਰਡ ਨੂੰ ਵੀ ਡੂੰਘੀ ਦਲਦਲ ਵਿੱਚ ਫਸਾ ਰਹੇ ਹਨ। ਭਾਰਤ ਦੀ ਸਿੱਖਿਆ ਵਿਵਸਥਾ ਤੇ ਉਸ ਦੀ ਸੰਰਚਨਾ ਨੂੰ ਦੁਨੀਆ ਦੇ ਨਕਸ਼ੇ 'ਤੇ ਰੱਖ ਕੇ ਦੇਖਣ ਤੋਂ ਇਹ ਸਾਫ ਹੈ ਕਿ ਸਾਡੀ ਸਿੱਖਿਆ ਪ੍ਰਣਾਲੀ 'ਵਿਸ਼ਵ ਗੁਰੂ' ਦੀ ਭੂਮਿਕਾ ਦੇ ਪਾਇਦਾਨ 'ਤੇ ਕਾਫੀ ਥੱਲੇ ਹੈ। ਭਾਰਤ ਦੇ ਵਿਦਿਆਰਥੀ ਸਿੱਖਣ ਤੇ ਭਵਿੱਖ ਦੀ ਚਿੰਤਾ ਨੂੰ ਹੱਲ ਕਰਨ ਲਈ ਵਿਦੇਸ਼ੀ ਵਿੱਦਿਅਕ ਅਦਾਰਿਆਂ ਵੱਲ ਵਧੇਰੇ ਆਕਰਸ਼ਤ ਹਨ। ਨਾਲੰਦਾ, ਵਿਕਰਮਸ਼ਿਲਾ ਤੇ ਤਕਸ਼ਸ਼ਿਲਾ ਦੇ ਪ੍ਰਾਚੀਨ ਵਿਸ਼ਵਵਿਦਿਆਲਿਆਂ ਦਾ ਨਾਂਅ ਜਪ ਕੇ ਅਸੀਂ ਕਤਈ ਵਿਸ਼ਵ ਗੁਰੂ ਨਹੀਂ ਬਣ ਸਕਦੇ। ਇਨ੍ਹਾਂ ਪ੍ਰਾਚੀਨ ਵਿਸ਼ਵਵਿਦਿਆਲਿਆਂ ਨੂੰ ਯਾਦ ਕਰਦਿਆਂ ਇਹ ਚੇਤੇ ਰੱਖਣਾ ਹੋਵੇਗਾ ਕਿ ਇਹ 'ਗੁਰੂਕੁਲ' ਨਹੀਂ ਸਨ, ਇਹ ਬੌਧ ਵਿੱਦਿਅਕ ਅਦਾਰੇ ਸਨ, ਜਿੱਥੇ ਦਾਰਸ਼ਨਕ ਚਿੰਤਨ ਦਾ ਵਿਕਾਸ ਹੋ ਰਿਹਾ ਸੀ। ਉੱਥੇ ਅਸਹਿਮਤੀਆਂ 'ਤੇ ਹਮਲਾ ਨਹੀਂ ਸੀ ਹੁੰਦਾ । ਇਹ ਉਹ ਅਦਾਰੇ ਸਨ, ਜਿਨ੍ਹਾਂ ਦੇ ਪ੍ਰਵੇਸ਼ ਦੁਆਰਾਂ 'ਤੇ 'ਆਓ, ਗੱਲ ਰੱਖੋ ਤੇ ਸੁਣਨ ਦਾ ਸਬਰ ਰੱਖੋ' ਲਿਖਿਆ ਹੁੰਦਾ ਸੀ। ਉਨ੍ਹਾਂ ਦੇ ਵਿੱਦਿਅਕ ਦਰਸ਼ਨ ਵਿੱਚ 'ਕਾਰਜ, ਕਾਰਨ ਤੇ ਨਿਵਾਰਣ' ਦੀ ਤਰਕ ਪ੍ਰਣਾਲੀ ਤੇ ਚਿੰਤਨ ਵਿਵਸਥਾ ਸੀ, ਜਿਸ ਵਿੱਚ 'ਆਸਥਾ' ਨਿਰਣਾਇਕ ਪੱਖ ਨਹੀਂ ਸੀ।*

## ਸਤਾਈ ਲਈ ਸਤਾਏ ਹੋਏ !

ਮਸਲੇ ਧਰਮ ਵਾਲੇ ਐਵੇਂ ਨਹੀਂ ਉਠਾਏ ਜਾਂਦੇ,
ਵੋਟਾਂ ਰੂਪੀ ਦੁੱਧ ਚੋਣ ਦੀਆਂ ਹੀ ਤਿਆਰੀਆਂ।
ਨਾਗ ਵਾਂਗ ਡੰਗ ਮਾਰਨੇ ਨੂੰ ਕਾਹਲੇ ਪੈਣ ਲੱਗੇ,
ਇੱਕ-ਦੂਸਰੇ ਲਈ ਖੋਲ੍ਹ ਰੱਖੀਆਂ ਪਟਾਰੀਆਂ,
ਭੰਡੀ-ਪ੍ਰਚਾਰ ਦੀਆਂ ਹੱਦਾਂ ਹੀ ਨੇ ਟੱਪੀ ਜਾਣ,
ਸਿਧਾਂਤ ਜਾਂ ਪ੍ਰੰਪਰਾਵਾਂ ਸਭਨਾਂ ਵਿਸਾਰੀਆਂ।
ਭਾਈਚਾਰੇ ਵਿੱਚ ਪਾਟੋਧਾੜੀ ਨੂੰ ਵਧਾਉਣ ਲਈ,
ਫੂਕਾਂ ਮਾਰ-ਮਾਰ ਕੇ ਮਘਾਉਂਦੇ ਨੇ ਚਿੰਗਾੜੀਆਂ।
'ਧਾਰਮਿਕ ਮੁੱਦੇ' ਛੇੜੇ ਲੱਗਦੇ 'ਘਿਉ' ਦੇ ਵਾਂਗੂੰ,
ਲੀਡਰਾਂ ਨੂੰ ਆਉਂਦੀਆਂ ਫੇਰ ਹੁਸ਼ਿਆਰੀਆਂ।
ਸੱਤਾ ਹਥਿਆਣ ਲਈ ਸਤਾਈ ਦੇ ਸਤਾਏ ਹੋਏ,
'ਗੋਂਦਾਂ' ਗੁੰਦ ਰਹੇ ਹਨ ਹੁਣੇ ਤੋਂ 'ਨਿਆਰੀਆਂ'।

**-ਤਰਲੋਚਨ ਸਿੰਘ ਦੁਪਾਲਪੁਰ, 001-408-905-5517**

# ਕਿਰਤ ਕਾਨੂੰਨਾਂ ਵਿੱਚ ਤਬਦੀਲੀ ਦਾ ਵਿਸ਼ਲੇਸ਼ਣ



ਡਾ. ਅਮਨਪ੍ਰੀਤ ਸਿੰਘ ਬਰਾੜ

ਹੁਣ ਕੇਂਦਰ ਸਰਕਾਰ ਨੇ ਕਿਰਤ ਨਾਲ ਸੰਬੰਧਤ ਪੁਰਾਣੇ 29 ਕਾਨੂੰਨ ਬਦਲ ਕੇ ਨਵੇਂ ਕਾਨੂੰਨ ਲਾਗੂ ਕੀਤੇ ਹਨ। ਕਿਹਾ ਜਾਂਦਾ ਹੈ ਕਿ ਇਹਨਾਂ ਕਾਨੂੰਨਾਂ ਨਾਲ ਭਾਰਤ ਦੇ ਕਿਰਤੀਆਂ ਨੂੰ ਬਹੁਤ ਵੱਡਾ ਲਾਭ ਹੋਵੇਗਾ। ਅਸਲੀਅਤ ਇਹ ਹੈ ਕਿ ਪੁਰਾਣੇ ਵੀ ਜਿਹੜੇ 29 ਕਾਨੂੰਨ ਬਣੇ ਸਨ, ਉਹਨਾਂ ਵਿੱਚ ਵੀ ਬਹੁਤੇ ਕਿਰਤੀਆਂ ਦੇ ਹੱਕ ਸੁਰੱਖਿਅਤ ਕਰਨ ਲਈ ਹੀ ਬਣੇ ਸਨ, ਜਿਵੇਂ-ਜਿਵੇਂ ਕਿਰਤੀਆਂ ਦੀਆਂ ਮੁਸ਼ਕਿਲਾਂ ਸਾਹਮਣੇ ਆਉਂਦੀਆਂ ਗਈਆਂ, ਉਹਨਾਂ ਦੇ ਹੱਲ ਲਈ ਨਵੇਂ ਕਾਨੂੰਨ ਬਣਦੇ ਗਏ ਅਤੇ ਗਿਣਤੀ ਵਧਦੀ ਗਈ। ਇਹ ਚੰਗੀ ਗੱਲ ਹੈ ਕਿ ਬਹੁਤੇ ਕਾਨੂੰਨਾਂ ਦੇ ਬਦਲੇ ਇਹਨਾਂ ਦੀ ਗਿਣਤੀ ਘਟ ਕੀਤੀ ਗਈ, ਕਿਉਂਕਿ ਬਹੁਤੇ ਕਿਰਤੀ ਘੱਟ-ਪੜ੍ਹੇ ਲਿਖੇ ਹੋਣ ਕਰਕੇ ਥੋੜ੍ਹੀ ਗਿਣਤੀ ਵਿੱਚ ਕਾਨੂੰਨਾਂ ਨੂੰ ਚੰਗੀ ਤਰ੍ਹਾਂ ਸਮਝ ਸਕਣਗੇ, ਪਰ ਦੂਜੇ ਪਾਸੇ ਕਿਸੇ ਵੀ ਕਾਨੂੰਨ ਦਾ ਵਰਨਣ ਜਿੰਨੇ ਸੰਖੇਪ ਵਿੱਚ ਹੋਵੇਗਾ, ਉਸ ਦੀ ਵਿਆਖਿਆ ਓਨੀ ਹੀ ਔਖੀ ਅਤੇ ਵੱਖ-ਵੱਖ ਤਰ੍ਹਾਂ ਨਾਲ ਹੋਵੇਗੀ। ਸ਼ਾਇਦ ਏਸੇ ਸਮੱਸਿਆ ਨੂੰ ਹੱਲ ਕਰਦੇ ਕਰਦੇ ਕਾਨੂੰਨਾਂ ਦੀ ਗਿਣਤੀ 29 ਹੋ ਗਈ ਸੀ। ਮਿਸਾਲ ਦੇ ਤੌਰ 'ਤੇ ਘੱਟੋ-ਘੱਟ ਉਜਰਤ ਕਾਨੂੰਨ ਪਹਿਲਾਂ ਹੀ ਲਾਗੂ ਸੀ, ਉਸ ਅਨੁਸਾਰ ਹਰ ਸਾਲ ਮਜ਼ਦੂਰੀ ਲਈ ਘੱਟੋ-ਘੱਟ ਉਜਰਤ ਤਹਿ ਹੁੰਦੀ ਸੀ ਅਤੇ ਕੁਲੈਕਟਰ ਉਸ ਨੂੰ ਲਾਗੂ ਕਰਵਾਉਂਦਾ ਸੀ, ਹੁਣ ਪੰਜ ਸਾਲ ਬਾਅਦ ਘੱਟੋ-ਘੱਟ ਉਜਰਤ ਤਹਿ ਕਰਨੀ ਲਾਜ਼ਮੀ ਹੈ, ਜਿਸ ਦਾ ਮਤਲਬ ਵਿਚਲੇ ਪੰਜ ਸਾਲ ਦੇ ਸਮੇਂ ਵਿੱਚ ਮਹਿੰਗਾਈ ਦੇ ਹਿਸਾਬ ਨਾਲ ਕੋਈ ਮਜ਼ਦੂਰੀ ਵਧਾਵੇ ਭਾਵੇਂ ਨਾ । ਅਸਲੀਅਤ ਇਹ ਹੈ ਕਿ ਕਾਨੂੰਨ ਪਹਿਲੇ ਵੀ ਚੰਗੇ ਸੀ, ਹੁਣ ਵਾਲੇ ਵੀ ਠੀਕ ਹਨ। ਗੱਲ ਹੈ ਕਾਨੂੰਨਾਂ ਦੀ ਪਾਲਣਾ ਕਰਵਾਉਣ ਦੀ ਅਤੇ ਕਰਨ ਦੀ ।

ਸਰਕਾਰ ਮੁਤਾਬਕ ਇਹ ਕਾਨੂੰਨ ਲੇਬਰ ਨੂੰ ਹੱਕ ਦਿਵਾਉਣਗੇ ਤੇ ਦੋਹਾਂ ਪਾਰਟੀਆਂ ਯਾਨੀ ਕਿ ਮਾਲਕ ਅਤੇ ਮਜ਼ਦੂਰ ਨੂੰ 'ਫ਼ਰੀਡਮ ਆਫ਼ ਕਾਨਟ੍ਰੈਕਟ' (ਇਕਰਾਰਨਾਮੇ ਦੀ ਆਜ਼ਾਦੀ) ਦੇਣਗੇ, ਪਰ ਸੋਚਣ ਵਾਲੀ ਗੱਲ ਹੈ ਕਿ ਕਦੇ ਸਰਮਾਏਦਾਰ ਅਤੇ ਗਰੀਬ ਬੰਦੇ ਵਿੱਚ ਕਾਨਟਰੈਕਟ ਚੱਲ ਸਕਦਾ ਹੈ? ਕਿਉਂ ਕਿ ਅੱਜਕੱਲ੍ਹ ਕਾਨੂੰਨ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ, ਕਈ ਜਗ੍ਹਾ ਸਰਕਾਰੀ ਅਫਸਰ ਹੀ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਨਹੀਂ ਕਰਦੇ ਹਨ। ਗ਼ਰੀਬ ਬੰਦੇ ਨੂੰ ਤਾਂ ਦੋ ਵਕਤ ਦੀ ਰੋਟੀ ਦੀ ਫ਼ਿਕਰ ਹੈ, ਉਸ ਦੀ ਕਾਰਖਾਨੇਦਾਰ ਨਾਲ ਬਰਾਬਰੀ ਨਹੀਂ ਹੋ ਸਕਦੀ। ਅੱਜ ਅਸੀਂ ਘੋਖਦੇ ਹਾਂ ਕਿਹੜੇ ਕਾਨੂੰਨ ਦਾ ਕਿਸ ਤਰ੍ਹਾਂ ਦਾ ਅਸਰ ਪਵੇਗਾ ਲੇਬਰ ਉਤੇ।

ਪਹਿਲਾਂ ਇੰਡਸਟਰੀਅਲ ਰਿਲੇਸ਼ਨ ਕੋਡ ਬਿੱਲ 2020:ਇਸ ਕੋਡ ਵਿੱਚ ਗੱਲ ਕੀਤੀ ਗਈ ਕਿ ਮਾਲਕ ਅਤੇ ਲੇਬਰ ਇੱਕ-ਦੂਜੇ ਨਾਲ ਸਦਭਾਵਨਾ ਅਤੇ ਸ਼ਾਂਤੀ ਵਿੱਚ ਰਹਿਣਗੇ। ਇਸ ਦੇ ਮੁਤਾਬਕ ਜੇ ਕੋਈ ਵਿਅਕਤੀ 18 ਹਜ਼ਾਰ ਰੁਪਏ ਮਹੀਨਾ ਤਨਖਾਹ ਲੈਂਦਾ ਹੈ ਤੇ ਉਹ ਕਿਸੇ ਨਿਰਧਾਰਤ ਸਮੇਂ ਲਈ (ਭਾਵ 2-3 ਸਾਲ) ਰੱਖਿਆ ਗਿਆ ਹੈ, ਉਸ ਨੂੰ ਸਾਰੇ ਫ਼ਾਇਦੇ ਪੱਕੇ ਬੰਦੇ ਵਾਲੇ ਹੀ ਮਿਲਣਗੇ, ਪਰ ਅਫ਼ਸੋਸ ਕਿ ਇਹ ਹੱਕ ਉਸ ਨੂੰ ਮਿਲਣਗੇ, ਕਿਉਂਕਿ ਉਸ ਨੂੰ ਬਿਨ੍ਹਾਂ ਕਿਸੇ ਨੋਟਿਸ ਦੇ ਕੱਢਿਆ ਜਾ ਸਕਦਾ ਹੈ ਤੇ ਨਾ ਹੀ ਉਹ ਕਿਸੇ ਹੜਤਾਲ ਵਿੱਚ ਹਿੱਸਾ ਲੈ ਸਕਦਾ ਹੈ ਜਾਂ ਫਿਰ ਯੂਨੀਅਨ ਦਾ ਮੈਂਬਰ ਬਣ ਸਕਦਾ ਹੈ। ਇਸ ਕਾਨੂੰਨ ਵਿੱਚ ਨਵੀਂਆਂ ਤਬਦੀਲੀਆਂ ਲਿਆਂਦੀਆਂ ਗਈਆਂ ਹਨ, ਜਿਹੜੀਆਂ ਕੰਪਨੀਆਂ ਪਹਿਲਾਂ 100 ਜਾਂ ਉਸ ਤੋਂ ਜ਼ਿਆਦਾ ਲੇਬਰ ਰੱਖਦੀਆਂਸਨ, ਉਸ ਕੰਪਨੀ ਨੂੰ ਬੰਦ ਕਰਨ ਵੇਲੇ ਜਾਂ ਲੇਬਰ ਨੂੰ ਕੱਢਣਾ ਹੋਵੇ, ਉਸ ਲਈ ਸਰਕਾਰ ਤੋਂ ਮਨਜ਼ੂਰੀ ਲੈਣੀ ਜ਼ਰੂਰੀ ਸੀ, ਹੁਣ ਇਹ ਅੰਕੜਾ 300 ਕਰ ਦਿੱਤਾ ਹੈ, ਯਾਨੀ ਕਿ ਕਈ ਵੱਡੀਆਂ ਕੰਪਨੀਆਂ ਨੂੰ ਇਸ ਦਾ ਸਿੱਧਾ ਫ਼ਾਇਦਾ ਹੋਵੇਗਾ ਕਿ ਜਦੋਂ ਮਰਜ਼ੀ ਫ਼ੈਕਟਰੀ ਬੰਦ ਕਰ ਦਿਉ ਜਾਂ ਲੇਬਰ ਨੂੰ ਕੱਢ ਦਿਉ, ਉਸ ਲਈ ਸਰਕਾਰੀ ਮਨਜ਼ੂਰੀ ਨਹੀਂ ਚਾਹੀਦੀ।

ਇਸ ਦੇ ਅਧੀਨ ਜੇ ਫ਼ੈਕਟਰੀ ਮਾਲਕ ਜਿਸ ਕੋਲ 300 ਜਾਂ ਇਸ ਤੋਂ ਵੱਧ ਲੇਬਰ ਹੈ, ਜੇ ਉਹ ਫ਼ੈਕਟਰੀ ਬੰਦ ਕਰਨਾ ਚਾਹੁੰਦਾ ਹੈ ਤਾਂ ਉਹ ਸਰਕਾਰ ਤੋਂ ਮਨਜ਼ੂਰੀ ਲਵੇਗਾ, ਪਰ ਜੇ ਸਰਕਾਰ ਨਿਰਧਾਰਤ ਸਮੇ ਲਈ ਕੋਈ ਜਵਾਬ ਨਹੀਂ ਦਿੰਦੀ ਤਾਂ ਉਹ ਇਸ ਨੂੰ ਬੰਦ ਕਰਨ ਦਾ ਹੁਕਮ ਸਮਝੇਗੀ। ਇਸ ਤੋਂ ਇਲਾਵਾ ਟਰੇਡ ਯੂਨੀਅਨ 'ਤੇ ਵੀ ਇਸ ਕਾਨੂੰਨ ਦਾ ਬੜਾ ਵੱਡਾ ਅਸਰ ਪੈਣ ਵਾਲਾ ਹੈ। ਇਸ ਦੇ ਮੁਤਾਬਕ ਜੇ ਇੱਕ ਤੋਂ ਵੱਧ ਟਰੇਡ ਯੂਨੀਅਨਾਂ ਹਨ ਤਾਂ ਉੱਥੇ ਸਿਰਫ਼ ਉਹ ਟਰੇਡ ਯੂਨੀਅਨ ਹੀ ਗੱਲਬਾਤ ਕਰੇਗੀ, ਜਿਸ ਕੋਲ 51 ਫੀਸਦੀ ਲੇਬਰ ਦੇ ਮੈਂਬਰ ਹੋਣਗੇ, ਇਸ ਦਾ ਮਤਲਬ ਕਿ ਕਾਰਖਾਨੇਦਾਰ ਕੁੱਝ ਲੇਬਰ ਨੂੰ ਲਾਲਚ ਦੇ ਕੇ ਦੋ ਤੋਂ ਵੱਧ ਯੂਨੀਅਨਾਂ ਖੜੀਆਂ ਕਰ ਸਕਦਾ ਹੈ, ਤਾਂ ਕਿ ਅਸਲ ਯੂਨੀਅਨ ਦੇ ਮੈਂਬਰ 51 ਤੋਂ ਘੱਟ ਜਾਣ।

ਇਸ ਦੇ ਨਾਲ ਹੀ ਉਦਯੋਗਿਕ ਵਿਵਾਦ ਲਈ ਟ੍ਰਿਬਿਊਨਲ ਬਣਾਇਆ ਜਾਵੇਗਾ, ਜਿਸ ਦੇ ਮੈਂਬਰ ਸਰਕਾਰੀ ਵਿਅਕਤੀ ਹੋਣਗੇ, ਜੋ ਫਿਰ ਵੱਡੇ ਕਾਰਪੋਰੇਟਾਂ ਦੇ ਇਸ਼ਾਰਿਆਂ 'ਤੇ ਚੱਲਣਗੇ ਤੇ ਲੇਬਰ ਦੀ ਗੱਲ ਨਹੀਂ ਸੁਣਨਗੇ। ਜੇਕਰ ਕਾਰਖਾਨੇਦਾਰ ਜਾਂ ਸਰਕਾਰ ਦਾ ਕੋਈ ਫੈਸਲਾ ਲੇਬਰ ਨੂੰ ਮਨਜ਼ੂਰ ਨਹੀਂ ਤਾਂ 14 ਦਿਨਾਂ ਦਾ ਨੋਟਿਸ ਦੇ ਕੇ ਹੜਤਾਲ ਕਰ ਸਕਦੇ ਹਨ। ਇਸ ਦੌਰਾਨ ਜੇ ਕਾਰਖਾਨੇਦਾਰ ਗੱਲਬਾਤ ਲਈ ਤਿਆਰ ਹੋ ਜਾਵੇ ਤਾਂ ਟ੍ਰਿਬਿਊਨਲ ਚਲੇ ਜਾਣ ਉਹਨਾਂ ਚਿਰ ਹੜਤਾਲ ਨਹੀਂ ਹੋ ਸਕਦੀ। ਟ੍ਰਿਬਿਊਨਲ ਨੂੰ ਕੇਸ ਦਾ ਨਿਪਟਾਰਾ ਇੱਕ ਸਾਲ ਦੇ ਅੰਦਰ ਅੰਦਰ ਕਰਨਾ ਲਾਜ਼ਮੀ ਹੈ।

ਸਮਾਜਕ ਸੁਰੱਖਿਆ ਕੋਡ : ਸਮਾਜਕ ਸੁਰੱਖਿਆ ਕੋਡ ਸਾਰੀ ਲੇਬਰ ਫ਼ੋਰਸ ਨੂੰ ਕਵਰ ਨਹੀਂ ਕਰਦਾ। ਉਸ ਨੂੰ ਇਸ ਅਧਾਰ 'ਤੇ ਵੰਡਿਆ ਗਿਆ ਹੈ ਕਿ ਕਿਥੇ ਕਿੰਨੀ ਲੇਬਰ ਕੰਮ ਕਰਦੀ ਹੈ। ਇਮਾਰਤ ਉੱਪਰ ਲੱਗੇ 10 ਤੋਂ ਘੱਟ ਬੰਦਿਆ ਉੱਤੇ ਇਹ ਕਾਨੂੰਨ ਲਾਗੂ ਨਹੀਂ ਹੁੰਦਾ। ਕਾਰਖ਼ਾਨਿਆਂ ਵਿੱਚ ਜਿੱਥੇ 20 ਤੋਂ ਘੱਟ ਮਜ਼ਦੂਰ ਕੰਮ ਕਰਦੇ ਹਨ ਉਨ੍ਹਾਂ 'ਤੇ ਪਰਾਵੀਡੈਂਟ ਫੰਡ ਜਾਂ ਬੋਨਸ ਆਦਿ ਦੇ ਨਿਯਮ ਲਾਗੂ ਨਹੀਂ ਹੁੰਦੇ। ਇਸ ਤਰ੍ਹਾਂ ਛੋਟੇ ਤੇ ਮੱਧ ਵਰਗ ਦੇ ਕਾਰਖ਼ਾਨਿਆਂ ਵਿੱਚ ਕੰਮ ਕਰਨ ਵਾਲੀ ਬਹੁਤੀ ਲੇਬਰ ਸਮਾਜਕ ਸੁਰੱਖਿਆ ਦੇ ਘੇਰੇ ਤੋਂ ਬਾਹਰ ਹੀ ਰਹਿ ਗਈ।

ਸੇਫ਼ਟੀ ਤੇ ਸਿਹਤ ਸਬੰਧੀ ਕਾਨੂੰਨ: ਇਸੇ ਤਰ੍ਹਾਂ ਕੰਮ ਵਾਲੀ ਥਾਂ ਤੇ ਸੇਫ਼ਟੀ ਤੇ ਸਿਹਤ ਸਬੰਧੀ ਕਾਨੂੰਨ ਜੋ ਕਾਰਖਾਨਿਆਂ ਤੇ ਹੋਰ ਛਪਾਈ ਨਾਲ ਸੰਬੰਧਤ ਫ਼ੈਕਟਰੀਆਂ 'ਤੇ ਲਾਗੂ ਹੁੰਦਾ ਹੈ, ਇਨ੍ਹਾਂ ਥਾਵਾਂ ਤੇ ਲੇਬਰ ਇੰਸਪੈਕਟਰ ਅਚਨਚੇਤ ਚੈਕਿੰਗ ਨਹੀਂ ਕਰ ਸਕਦਾ। ਹੁਣ ਲੇਬਰ ਇੰਸਪੈਕਟਰ ਮਿਲ ਮਾਲਕ ਅਤੇ ਕਾਮਿਆ ਨ ਸਮਝਾ ਕੇ ਕੰਮ ਕਰੇਗਾ। ਭਾਵ ਹੁਣ ਉਹ ਪਹਿਲਾਂ ਦੀ ਤਰ੍ਹਾਂ ਪੁਲਸ ਵਾਲਾ ਰੋਲ ਨਹੀ ਕਰ ਸਕਦਾ। ਇਹ ਕਾਨੂੰਨ ਉੱਥੇ ਲਾਗੂ ਹੋਵੇਗਾ, ਜਿਥੇ ਪਾਵਰ ਦੀ ਵਰਤੋਂ ਹੁੰਦੀ ਹੈ, ਉਥੇ 20 ਕਾਮੇ ਜਿਥੇ ਪਾਵਰ ਦੀ ਵਰਤੋਂ ਨਹੀਂ ਹੁੰਦੀ, ਉਥੇ 40 ਤੋਂ ਵੱਧ ਕਾਮੇ ਕੰਮ ਕਰਦੇ ਹਨ। ਜਿਥੇ 250 ਤੋਂ ਵੱਧ ਕਾਮੇ ਕੰਮ ਕਰਦੇ ਹਨ, ਉੱਥੇ ਸੇਫ਼ਟੀ ਕਮੇਟੀ ਬਣਾਈ ਜਾਣੀ ਚਾਹੀਦੀ ਹੈ, ਇਸ ਦਾ ਮਤਲਬ 90ਫ਼ੀ ਸਦੀ ਤੋਂ ਵੱਧ ਯੂਨਿਟਾਂ ਵਿੱਚ ਇਹ ਕਮੇਟੀਆਂ ਬਣਾਉਣਾ ਹੀ ਜ਼ਰੂਰੀ ਨਹੀਂ ਅਤੇ ਲੇਬਰ ਇੰਸਪੈਕਟਰ ਦੀ ਪਾਵਰ ਸੀਮਤ ਕਰ ਦਿੱਤੀ ਹੈ। ਇਸ ਸੋਚ ਉਤੇ ਜੇਕਰ ਕੋਈ ਫ਼ਰਮ ਸੇਫਟੀ ਸਹੂਲਤਾਂ ਨਹੀਂ ਦਿੰਦੀ ਤਾਂ ਉੱਥੇ ਪਨੈਲਟੀ ਦਾ ਪਰਾਵਧਾਨ ਵੀ ਕੋਈ ਸਖਤ ਨਹੀਂ, ਬਲਕਿ ਮਾਮੂਲੀ ਪਨੈਲਟੀ ਨਾਲ ਹੀ ਮਾਲਕ ਨੂੰ ਛੱਡ ਦਿੱਤਾ ਜਾਵੇਗਾ।

ਇਹ ਬਿੱਲ 2020 ਸਰਕਾਰ ਨੂੰ ਇਹ ਪਾਵਰ ਵੀ ਦਿੰਦਾ ਹੈ ਕਿ ਸਰਕਾਰ ਕਿਸ ਵੀ ਨਵੇਂ ਲੱਗਣ ਵਾਲੇ ਯੂਨਿਟ ਤੇ ਇਹ ਕਾਨੂੰਨ ਲਾਗੂ ਕਰਨ ਤੋਂ ਨਾਂਹ ਕਰ ਸਕਦੀ ਹੈ, ਭਾਵ ਜੇਕਰ ਨਵਾਂ ਯੂਨਿਟ ਲੱਗਦਾ ਹੈ ਤਾਂ ਉਥੇ ਮਜ਼ਦੂਰਾਂ ਦੀ ਸਿਹਤ ਸਬੰਧੀ ਨਿਯਮ ਲਾਗੂ ਕਰਨਾ ਕੋਈ ਜ਼ਰੂਰੀ ਨਹੀਂ।

ਵੇਜ ਕੋਡ 2019: ਵੇਜ (ਤਨਖਾਹ) ਕੋਡ 2019 ਜਿਸ ਵਿੱਚ ਵੱਡੀ ਤਬਦੀਲੀ ਜੋ ਮਜ਼ਦੂਰਾਂ ਨੂੰ ਪ੍ਰਭਾਵਤ ਕਰੇਗੀ, ਉਹ ਹੈ ਘੱਟੋ ਘੱਟ ਮਜ਼ਦੂਰੀ ਦੇਣਾ। ਕੇਂਦਰ ਸਰਕਾਰ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮਜ਼ਦੂਰਾਂ ਦੇ ਰਹਿਣ-ਸਹਿਣ ਦੇ ਖਰਚੇ ਨੂੰ ਧਿਆਨ ਵਿੱਚ ਰੱਖ ਕੇ ਘੱਟੋ-ਘੱਟ ਮਜ਼ਦੂਰੀ ਦੀ ਦਰ ਤੈਅ ਕਰੇਗੀ। ਜੇ ਦੇਸ਼ ਦੇ ਕਿਸੇ ਹਿੱਸੇ ਵਿੱਚ ਮਜ਼ਦੂਰੀ ਹੁਣ ਕੇਂਦਰ ਦੀ ਨਿਰਧਾਰਤ ਕੀਤੀ ਦਰ ਨਾਲੋਂ ਜ਼ਿਆਦਾ ਹੈ ਤਾਂ ਉਹ ਘਟਾਈ ਨਹੀਂ ਜਾ ਸਕਦੀ। ਇਸ ਤੋਂ ਅੱਗੇ ਅਹਿਮ ਗੱਲ ਇਹ ਹੈ ਕਿ ਮਜ਼ਦੂਰੀ ਦੀ ਦਰ ਦੀ ਸੋਧ 5 ਸਾਲ ਵਿੱਚ ਇਕ ਵਾਰ ਕਰਨੀ ਜ਼ਰੂਰੀ ਹੋਵੇਗੀ, ਭਾਵ ਜੋ ਮਜ਼ਦੂਰੀ ਦੀ ਦਰ ਇੱਕ ਵਾਰ ਲਾਗੂ ਹੋ ਗਈ, ਉਹ 5 ਸਾਲ ਚਲਾਈ ਜਾ ਸਕਦੀ ਹੈ,ਕਿਉਂਕਿ 5 ਸਾਲ ਵਿੱਚ ਇੱਕ ਵਾਰ ਸੋਧ ਕਾਨੂੰਨੀ ਤੌਰ ਉਤੇ ਜ਼ਰੂਰੀ ਹੈ। ਇਸ ਲਈ ਮਹਿੰਗਾਈ ਭਾਵੇਂ ਵਧੀ ਵੀ ਜਾਵੇ, ਸਨਅਤਕਾਰ ਜਾਂ ਮਾਲਕ ਇਸ ਰਵੀਜ਼ਨ ਨੂੰ ਜਿੰਨਾ ਚਿਰ ਲਟਕਾ ਸਕਦਾ ਹੈ, ਲਟਕਾਵੇਗਾ। ਪੁਰਾਣੇ ਕਾਨੂੰਨ ਮੁਤਾਬਕ ਘੱਟੋ-ਘੱਟ ਉਜਰਤਾਂ ਹਰ ਸਾਲ ਮਹਿੰਗਾਈ ਦੇ ਹਿਸਾਬ ਨਾਲ ਨਿਰਧਾਰਤ ਕੀਤੀਆਂ ਜਾਂਦੀਆਂ ਹਨ।

ਅਸਲ ਵਿੱਚ ਇਹ ਸਾਰੇ ਲੇਬਰ ਕਾਨੂੰਨ ਕਾਰਖ਼ਾਨਿਆਂ ਜਾਂ ਕੰਪਨੀਆਂ, ਜਿਨ੍ਹਾਂ ਨੂੰ ਲੇਬਰ ਦੀ ਲੋੜ ਹੈ, ਉਨ੍ਹਾਂ ਦੇ ਹਿੱਤ ਪੂਰਨ ਲਈ ਬਣਾਏ ਗਏ ਹਨ, ਨਾ ਕਿ ਮਜ਼ਦੂਰਾਂ ਦੀ ਸੁਰੱਖਿਆ ਲਈ। ਡਾਇਰੈਕਟਰ ਜਨਰਲ ਕਨਫੈਡਰੇਸ਼ਨ ਆਫ਼ ਇੰਡੀਅਨ ਇੰਡਸਟਰੀਜ਼ ਸ੍ਰੀ ਚੰਦਰਜੀਤ ਬੈਨਰਜੀ ਅਨੁਸਾਰ ਇਨ੍ਹਾਂ ਬਿੱਲਾਂ ਦੇ ਲਾਗੂ ਹੋਣ ਨਾਲ ਭਾਰਤ ਵਿੱਚ ਨਿਵੇਸ਼ ਵਧੇਗਾ, ਕਿਉਂਕਿ ਇੰਡਸਟਰੀ ਲਗਾਉਣ ਵਾਲੇ ਇਹ ਸਮਝਦੇ ਹਨ ਕਿ ਨਿਯਮਾਂ ਵਿੱਚ ਬਦਲਾਅ ਕਾਰਨ ਲੇਬਰ ਨੂੰ ਲਗਾਉਣਾ ਤੇ ਕੱਢਣਾ ਸੁਖਾਲਾ ਹੋ ਜਾਵੇਗਾ ।

ਨੀਤੀ ਘਾੜਿਆਂ ਮੁਤਾਬਕ ਲੇਬਰ ਕੋਡ ਬਿੱਲ 2020 ਲਾਗੂ ਹੋਣ ਨਾਲ ਦੇਸ਼ ਈਜ਼ ਆਫ਼ ਡੂਇੰਗ ਬਿਜ਼ਨਸ ਵਿੱਚ (ਕਾਰੋਬਾਰ ਕਰਨ ਦੀ ਸੌਖ ਵਜੋਂ) ਦੁਨੀਆ ਦੇ ਪਹਿਲੇ 10ਦੇਸ਼ਾਂ ਵਿੱਚ ਆ ਜਾਵੇਗਾ। ਇਸ ਵਕਤ ਇਹ 63ਵੇਂ ਨੰਬਰ 'ਤੇ ਹੈ। ਇਸ ਕਰ ਕੇ ਜਿੰਨੀਆਂ ਦੇਸ਼ ਵਿੱਚ ਮਜ਼ਦੂਰ ਭਲਾਈ ਜਥੇਬੰਦੀਆਂ ਹਨ, ਉਨ੍ਹਾਂ ਸਾਰਿਆਂ ਨੂੰ ਇਹ ਚਾਰੇ ਲੇਬਰ ਕਾਨੂੰਨ ਚੰਗੀ ਤਰ੍ਹਾਂ ਪੜ੍ਹਨੇ ਤੇ ਘੋਖਣੇ ਚਾਹੀਦੇ ਹਨ। ਇਸ ਵਿੱਚ ਇੱਕ ਗੱਲ ਨਿਕਲ ਕੇ ਆਉਂਦੀ ਹੈ ਕਿ ਸਰਕਾਰ ਲੇਬਰ ਦੇ ਭਲੇ ਦੀ ਆੜ ਵਿੱਚ ਕਾਰਪੋਰੇਟਾਂ ਦਾ ਫਾਇਦਾ ਕਰਨਾ ਚਾਹੁੰਦੀ ਹੈ, ਕਿਉਂਕਿ ਜਿਥੇ ਲੇਬਰ ਫ਼ਾਲਤੂ ਹੋਵੇ ਤੇ ਰੋਜ਼ਗਾਰ ਘੱਟ ਹੋਵੇ ਉੱਥੇ ਲੇਬਰ ਦਾ ਸ਼ੋਸ਼ਣ ਹੋਣਾ ਲਾਜ਼ਮੀ ਹੈ। ਇਹ ਕਾਨੂੰਨ ਲੇਬਰ ਦਾ ਸ਼ੋਸ਼ਣ ਵਧਾਉਣਗੇ।

ਪਿਛਲੇ 70 ਸਾਲਾਂ ਵਿੱਚ ਜੋ ਕਾਨੂੰਨ ਲੇਬਰ ਦੇ ਭਲੇ ਲਈ ਬਣੇ ਸੀ, ਉਹ ਅਜੇ ਪੂਰੀ ਤਰ੍ਹਾਂ ਲੇਬਰ ਨੂੰ ਹੱਕ ਦਿਵਾਉਣ ਵਿੱਚ ਅਸਫ਼ਲ ਹਨ। ਉਨ੍ਹਾਂ ਨੂੰ ਹੋਰ ਮਜ਼ਬੂਤ ਕਰਨ ਦੀ ਬਜਾਏ ਸਗੋਂ ਦੁਬਾਰਾ ਆਜ਼ਾਦੀ ਤੋਂ ਪਹਿਲਾਂ ਦੇ ਦੌਰ ਵਿੱਚ ਮੁੜ ਗਏ। ਇਸ ਦਾ ਸਿੱਧਾ ਅਸਰ ਸਾਡੀ ਆਰਥਿਕਤਾ ਤੇ ਸਮਾਜਕ ਤਾਣੇ-ਬਾਣੇ 'ਤੇ ਪਵੇਗਾ, ਜਿਸ ਮੁਲਕ ਦੀ ਬਹੁਤੀ ਅਬਾਦੀ ਲੇਬਰ ਹੋਵੇ, ਉੱਥੇ ਇਹੋ ਜਿਹੇ ਕਾਨੂੰਨ ਬੇਚੈਨੀ ਹੀ ਲਿਆਉਣਗੇ, ਜਿਸ ਨਾਲ ਕਾਰੋਬਾਰ ਕਰਨ ਦੀ ਸੌਖ ਦਾ ਗਰਾਫ਼ ਉੱਪਰ ਜਾਣ ਦੀ ਬਜਾਏ ਹੇਠਾਂ ਡਿੱਗੇਗਾ ।

**#ਸੰਪਰਕ : 96537-90000**

# ਮਕਰ ਸੰਕ੍ਰਾਂਤੀ ਤੇ ਮਾਘੀ ਦਾ ਮੇਲਾ ਸਭ ਦਾ ਸਾਂਝਾ ਤਿਉਹਾਰ

**ਪ੍ਰਮੋਦ ਧੀਰ**

ਸਾਡੇ ਭਾਰਤ ਦੇਸ਼ ਵਿੱਚ ਆਮ ਤੌਰ 'ਤੇ ਕਈ ਪ੍ਰਸਿੱਧ ਤਿਉਹਾਰ ਮਨਾਏ ਜਾਂਦੇ ਹਨ, ਜਿਨ੍ਹਾਂ ਵਿਚੋਂ ਲੋਹੜੀ ਅਤੇ 'ਮਕਰ ਸੰਕ੍ਰਾਂਤੀ' ਦਾ ਤਿਉਹਾਰ ਸਾਰੇ ਹੀ ਭਾਰਤ ਵਿੱਚ ਮੌਸਮੀ ਉਤਸਵ ਵਜੋ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਭਾਰਤ ਦਾ ਪ੍ਰਸਿੱਧ ਤਿਉਹਾਰ 'ਮਕਰ ਸੰਕ੍ਰਾਂਤੀ' ਪਹਿਲੀ ਮਾਘ ਨੂੰ ਭਾਵ ਅੱਜ ਦੇ ਦਿਨ ਸਮੁੱਚੇ ਹਿੰਦੁਸਤਾਨ ਵਿੱਚ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ, ਜਿਸ ਨੂੰ ਪੰਜਾਬੀ ਵਿੱਚ ਅਸੀਂ 'ਮਾਘੀ' ਦੇ ਤਿਉਹਾਰ ਵਜੋਂ ਜਾਣਦੇ ਹਾਂ। ਹਿਮਾਚਲ ਵਿੱਚ ਇਸ ਤਿਉਹਾਰ ਨੂੰ 'ਮਘਾ ਰਾ ਸਜ਼ਾ' ਨਾਲ ਜਾਣਿਆ ਜਾਂਦਾ ਹੈ।

ਦੇਸੀ ਮਹੀਨੇ ਪੋਹ ਦੇ ਆਖਰੀ ਦਿਨ ਭਾਵ ਲੋਹੜੀ ਤੋਂ ਅਗਲੇ ਦਿਨ ਚੜ੍ਹਨ ਵਾਲੇ ਮਾਘ ਮਹੀਨੇ ਦੀ ਸੰਗਰਾਂਦ ਨੂੰ ਲੱਗਣ ਵਾਲੇ ਪਵਿੱਤਰ ਸ਼ਹੀਦੀ ਜੋੜ ਮੇਲੇ ਸ੍ਰੀ ਮੁਕਤਸਰ ਸਾਹਿਬ ਦਾ ਖਾਸ ਮਹੱਤਵ ਹੈ।

ਇਹ ਇਤਿਹਾਸਕ ਮੇਲਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲੋਂ ਤੋੜ-ਵਿਛੋੜਾ ਕਰਕੇ ਆਏ ਉਹਨਾਂ ਚਾਲੀ ਸਿੰਘਾਂ ਦੀ ਯਾਦ ਦਿਵਾਉਂਦਾ ਹੈ ਤੇ ਉਹਨਾਂ ਮਹਾਨ ਸੂਰਮਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਮਨਾਇਆ ਜਾਂਦਾ ਹੈ, ਜਿਨ੍ਹਾਂ ਆਪਣੀ ਭੁੱਲ ਬਖਸ਼ਾ ਕੇ ਇਥੇ ਖਿਦਰਾਣੇ ਦੀ ਢਾਬ ਤੇ ਹੋਈ ਆਖਰੀ ਫੈਸਲਾਕੁੰਨ ਲੜਾਈ ਵਿੱਚ ਗੁਰੂ ਗੋਬਿੰਦ ਸਿੰਘ ਜੀ ਦਾ ਸਾਥ ਦਿੱਤਾ 'ਤੇ ਜੋ ਬੇਦਾਵਾ ਲਿਖ ਕੇ ਆਏ ਸਨ ਕਿ 'ਤੁਸੀਂ ਸਾਡੇ ਗੁਰੂ ਨਹੀਂ ਤੇ ਅਸੀਂ ਤੁਹਾਡੇ ਸਿੱਖ ਨਹੀਂ' ਉਹ ਬੇਦਾਵਾ ਪੜਵਾ ਕੇ ਆਪਣੀ ਟੁੱਟੀ ਗੰਢੀ ਸੀ। ਪੰਜਾਬ ਵਿੱਚ ਮੁਕਤਸਰ ਸਾਹਿਬ ਦਾ ਮਾਘੀ ਦਾ ਮੇਲਾ ਪੂਰੀ ਦੁਨੀਆ ਵਿੱਚ ਪ੍ਰਸਿੱਧ ਹੈ, ਕਿਉਂਕਿ ਇਸ ਦਿਨ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਚਾਲੀ ਮੁਕਤਿਆਂ ਦੀ ਧਰਤੀ ਮੁਕਤਸਰ ਸਾਹਿਬ ਵਿਖੇ 40 ਸਿੰਘਾਂ ਨੂੰ ਮੁਆਫ਼ ਕਰਕੇ ਮੁਕਤ ਕੀਤਾ ਸੀ, ਜਿਸ ਕਰਕੇ ਇਸ ਪਵਿੱਤਰ ਧਰਤੀ ਦਾ ਨਾਂਅ ਮੁਕਤਸਰ



ਸਾਹਿਬ ਪੈ ਗਿਆ।

ਪੰਜਾਬ ਦੇ ਲਗਭਗ ਸਾਰੇ ਹੀ ਗੁਰਦੁਆਰਾ ਸਾਹਿਬ ਵਿਖੇ ਮਾਘੀ ਦਾ ਮੇਲਾ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਥਾਂ-ਥਾਂ ਮਾਘੀ ਮੇਲੇ ਲੱਗਦੇ ਹਨ। ਸ਼ਰਧਾਲੂ ਵੱਡੀ ਗਿਣਤੀ ਵਿੱਚ ਇਸ ਦਿਨ ਮੱਥਾ ਟੇਕਣ ਲਈ ਅਤੇ ਦੇਸੀ ਮਹੀਨੇ ਦੇ ਨਵੇਂ ਸਾਲ ਦੀ ਸ਼ੁਰੂਆਤ ਮੌਕੇ ਵਾਹਿਗੁਰੂ ਦਾ ਅਸ਼ੀਰਵਾਦ ਲੈਣ ਲਈ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਨਤ-ਮਸਤਕ ਹੁੰਦੇ ਹਨ ਤੇ ਸਭ ਦੇ ਭਲੇ ਦੀ ਕਾਮਨਾ ਕਰਦੇ ਹਨ। ਇਸ ਦਿਨ ਸਾਰੇ ਹੀ ਦੇਸ਼ ਵਿੱਚ ਲੋਕਾਂ ਵੱਲੋਂ ਦਾਨ ਪੁੰਨ ਕਰਨਾ ਚੰਗਾ ਸਮਝਿਆ ਜਾਂਦਾ ਹੈ । ਮਾਘੀ ਦੇ ਦਿਨ ਲੋਕ ਥਾਂ-ਥਾਂ ਲੰਗਰ ਲਗਾ ਕੇ ਦਾਨ-ਪੁੰਨ ਵੀ ਕਰਦੇ ਹਨ। ਲੋਕ ਰਲ-ਮਿਲ ਕੇ ਚਾਹ, ਪਕੌੜਿਆਂ, ਬਰੈੱਡਾਂ ਆਦਿ ਦੇ ਲੰਗਰ ਲਗਾਉਂਦੇ ਹਨ।

ਲੋਹੜੀ ਵਾਲੀ ਰਾਤ ਲੋਕ ਅਕਸਰ ਹੀ ਰਾਤ ਨੂੰ ਸਾਗ, ਖਿੱਚੜੀ ਆਦਿ ਬਣਾਉਂਦੇ ਹਨ ਤੇ ਅਗਲੇ ਦਿਨ ਖਾਂਦੇ ਹਨ, ਜਿਸ ਤਰਾਂ ਖਿਚੜੀ ਬਾਰੇ ਕਿਹਾ ਵੀ ਗਿਆ ਹੈ, 'ਪੋਹ ਰਿੱਝੀ ਮਾਘ ਖਾਧੀ', ਭਾਵ ਪੋਹ ਦੇ ਅੰਤਮ ਦਿਨ ਬਣਾਈ ਅਤੇ ਮਾਘ ਮਹੀਨੇ ਦੀ ਇੱਕ ਤਰੀਕ ਨੂੰ ਖਾਧੀ। ਅਗਲੀ ਸਵੇਰ ਮਾਘੀ ਦਾ ਤਿਉਹਾਰ ਲੋਕ ਸਵੇਰੇ ਜਲਦੀ ਉੱਠ ਕੇ ਇਸ਼ਨਾਨ ਕਰਕੇ ਗੁਰੂ ਘਰ ਜਾ ਕੇ ਮਨਾਉਂਦੇ ਹਨ।

**# ਸੰਪਰਕ : 98550-31081**

**ਜਨਮ ਦਿਨ 'ਤੇ ਵਿਸ਼ੇਸ਼**

# ਆਦਿ ਧਰਮ ਸਮਾਜ ਦੇ ਆਗੂ ਬਾਬੂ ਮੰਗੂ ਰਾਮ ਮੂਗੋਵਾਲੀਆ

**ਐਡਵੋਕੇਟ ਕੁਲਦੀਪ ਚੰਦ ਦੋਭੇਟਾ**

ਬਾਬੂ ਮੰਗੂ ਰਾਮ ਮੂਗੋਵਾਲੀਆ ਦਾ ਜਨਮ 14 ਜਨਵਰੀ 1886 ਨੂੰ ਪਿੰਡ ਮੂਗੋਵਾਲ ਤਹਿਸੀਲ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਇੱਕ ਅਛੂਤ ਪਰਵਾਰ ਵਿੱਚ ਮਾਤਾ ਅਤਰੀ ਅਤੇ ਪਿਤਾ ਹਰਨਾਮ ਦਾਸ ਦੇ ਘਰ ਹੋਇਆ। ਆਪ ਦੇ ਪਿਤਾ ਚਮੜੇ ਦੇ ਧੰਦੇ ਨਾਲ ਜੁੜੇ ਹੋਏ ਸਨ ਅਤੇ ਵਪਾਰ ਸੰਬੰਧੀ ਅੰਗਰੇਜ਼ੀ ਵਿੱਚ ਆਏ ਆਰਡਰਾਂ ਨੂੰ ਪੜ੍ਹਨ ਲਈ ਪੜ੍ਹੇ-ਲਿਖੇ ਵਿਅਕਤੀਆਂ ਤੋਂ ਮਦਦ ਲੈਣੀ ਪੈਂਦੀ ਸੀ। ਆਪ ਦੇ ਪਿਤਾ ਚਾਹੁੰਦੇ ਸਨ ਕਿ ਉਨ੍ਹਾਂ ਦੇ ਬੱਚੇ ਜ਼ਰੂਰੀ ਵਿੱਦਿਆ ਪ੍ਰਾਪਤ ਕਰਨ। ਉਦੋਂ ਤੱਕ ਬ੍ਰਿਟਿਸ਼ ਸ਼ਾਸਕਾਂ ਦੁਆਰਾ ਸਿੱਖਿਆ ਦੇ ਦਰਵਾਜ਼ੇ ਸਾਰਿਆਂ ਲਈ ਖੋਲ੍ਹ ਦਿੱਤੇ ਗਏ ਸਨ। ਆਪ ਨੇ ਜਾਤ ਅਧਾਰਤ ਵਿਤਕਰੇ ਨੂੰ ਆਪਣੇ ਅੱਖੀਂ ਵੇਖਿਆ ਅਤੇ ਪਿੰਡੇ 'ਤੇ ਹੰਢਾਇਆ। ਆਪ ਨੇ ਪੰਜਾਬੀ ਦੀ ਸਿੱਖਿਆ ਆਪਣੇ ਪਿੰਡ ਵਿੱਚ ਹੀ ਇੱਕ ਡੇਰੇ ਦੇ ਸਾਧੂ ਤੋਂ ਪ੍ਰਾਪਤ ਕੀਤੀ ਅਤੇ ਬਾਅਦ ਵਿੱਚ ਬਜਵਾੜਾ ਸਕੂਲ ਹੁਸ਼ਿਆਰਪੁਰ ਅਤੇ ਦੇਹਰਾਦੂਨ ਦੇ ਨੇੜੇ ਇੱਕ ਪਿੰਡ ਵਿੱਚ ਵੀ ਪੜ੍ਹਾਈ ਕੀਤੀ, ਜਿੱਥੇ ਵੱਡਾ ਭਰਾ ਰਹਿੰਦਾ ਸੀ। ਬਾਬੂ ਜੀ ਬਹੁਤੇ ਸਕੂਲਾਂ ਵਿੱਚ ਦਾਖਲ ਹੋਣ ਵਾਲੇ ਪਹਿਲੇ ਅਤੇ ਇਕਲੌਤੇ ਅਛੂਤ ਵਿਦਿਆਰਥੀ ਸਨ ਅਤੇ ਉਨ੍ਹਾ ਨੂੰ ਕਈ ਵਾਰ ਕਲਾਸ ਦੇ ਕਮਰੇ ਤੋਂ ਬਾਹਰ ਬੈਠ ਕੇ ਹੀ ਪੜ੍ਹਨਾ ਪੈਂਦਾ ਸੀ। ਬਜਵਾੜਾ ਸਕੂਲ ਵਿੱਚ ਇੱਕ ਦਿਨ ਜਦੋਂ ਭਾਰੀ ਬਾਰਸ਼ ਅਤੇ ਤੂਫਾਨ ਕਾਰਨ ਉਹ ਕਲਾਸ ਅੰਦਰ ਚਲੇ ਗਏ ਤਾਂ ਸਕੂਲ ਵਿੱਚ ਹਾਜ਼ਰ ਮੰਨੂਵਾਦੀ ਮਾਨਸਿਕਤਾ ਵਾਲੇ ਅਧਿਆਪਕ ਨੇ ਆਪ ਦੀ ਬੇਰਹਿਮੀ ਨਾਲ ਕੁਟਾਈ ਕੀਤੀ ਅਤੇ ਸਾਰਾ ਫਰਨੀਚਰ ਬਾਹਰ ਸੁਟਵਾ ਦਿੱਤਾ। ਸਾਲ 1905 ਵਿੱਚ ਆਪ ਦਾ ਵਿਆਹ ਹੋ ਗਿਆ। ਉਸ ਸਮੇਂ ਇਲਾਕੇ ਦੇ ਕਾਫੀ ਵਿਅਕਤੀ ਕੰਮ ਕਰਨ ਲਈ ਅਮਰੀਕਾ ਜਾ ਰਹੇ ਸਨ ਅਤੇ ਸਾਲ 1909 ਵਿੱਚ ਆਪ ਵੀ ਚਲੇ ਗਏ। ਆਪ 1909 ਦੇ ਅਖੀਰ ਵਿੱਚ ਕੈਲੀਫੋਰਨੀਆ ਪਹੁੰਚੇ, ਜਿੱਥੇ ਕੁਝ ਸਾਲ ਪਿੰਡ ਦੇ ਜਿਮੀਂਦਾਰਾਂ ਕੋਲ ਖੇਤਾਂ ਵਿੱਚ ਕੰਮ ਕੀਤਾ, ਪਰ ਇੱਥੇ ਵੀ ਜਾਤ ਅਧਾਰਿਤ ਵਿਤਕਰੇ ਦਾ ਹੀ ਸਾਹਮਣਾ ਕਰਨਾ ਪਿਆ। ਇਸ ਦੌਰਾਨ ਆਪ ਗਦਰ ਲਹਿਰ ਦੇ ਆਗੂਆਂ ਲਾਲਾ ਹਰਦਿਆਲ ਅਤੇ ਸੋਹਣ ਸਿੰਘ ਭਕਨਾ ਦੇ ਸੰਪਰਕ ਵਿੱਚ ਆ ਗਏ ਅਤੇ ਗਦਰ ਲਹਿਰ ਨਾਲ ਮਿਲ ਕੇ ਅਜ਼ਾਦੀ ਦੀ ਲੜਾਈ ਲਈ ਕੰਮ ਕੀਤਾ। ਸਾਲ 1915 ਵਿੱਚ ਆਪ ਨੇ ਕੈਲੀਫੋਰਨੀਆ ਤੋਂ ਭਾਰਤ ਭੇਜੇ ਜਾਣ ਵਾਲੇ ਹਥਿਆਰਾਂ ਦੇ ਇੱਕ ਖ਼ਤਰਨਾਕ ਮਿਸ਼ਨ ਲਈ ਸਾਥੀਆਂ ਨਾਲ ਮਿਲਕੇ ਕੰਮ ਕੀਤਾ। ਜਸੂਸੀ ਹੋਣ ਕਾਰਨ ਹਥਿਆਰਾਂ ਦੇ ਇਸ ਜਹਾਜ਼ ਨੂੰ ਬਦਕਿਸਮਤੀ ਨਾਲ ਅੰਗਰੇਜ਼ਾਂ ਨੇ ਬਟਾਵੀਆ ਰੋਕ ਲਿਆ ਅਤੇ ਸੀਲ ਕਰ ਦਿੱਤਾ। ਇਹ ਲਗਭਗ ਇੱਕ ਸਾਲ ਤੱਕ ਸੀਲ ਰਿਹਾ ਅਤੇ ਪੰਜ ਗਦਰੀਆਂ ਨੂੰ ਅੰਦਰ ਕੈਦੀ ਬਣਾ ਕੇ ਰੱਖਿਆ ਗਿਆ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ ਮੁਕੱਦਮਾ ਚਲਾਇਆ ਅਤੇ ਜਹਾਜ਼ 'ਤੇ ਗੈਰ-ਕਾਨੂੰਨੀ ਤੌਰ ਹਥਿਆਰ ਕੱਢਣ ਲਈ ਮੌਤ ਦੀ ਸਜ਼ਾ ਸੁਣਾਈ ਗਈ। ਜਰਮਨੀ ਦੇ ਕੁੱਝ ਦੇਸ਼ ਭਗਤ ਭਾਰਤੀਆਂ ਨੇ ਕੈਦ ਕੀਤੇ ਗਦਰੀਆਂ ਦੀ ਮਦਦ ਕੀਤੀ ਅਤੇ ਸੀਲਬੰਦ ਜਹਾਜ਼ ਵਿੱਚੋਂ ਕੈਦੀਆਂ ਨੂੰ ਬਾਹਰ ਕੱਢਣ ਵਿੱਚ ਕਾਮਯਾਬ ਹੋ ਗਏ ਅਤੇ ਉਨ੍ਹਾਂ ਨੂੰ ਵੱਖ-ਵੱਖ ਦਿਸ਼ਾਵਾਂ ਵੱਲ ਭੇਜ ਦਿੱਤਾ। ਬਾਬੂ ਮੰਗੂ ਰਾਮ ਨੂੰ ਮਨੀਲਾ ਜਾਣ ਵਾਲੇ ਜਹਾਜ਼ ਵਿੱਚ ਭੇਜ ਦਿੱਤਾ ਗਿਆ, ਪਰੰਤੂ ਗਲਤੀ ਨਾਲ ਜਹਾਜ਼ ਸਿੰਗਾਪੁਰ ਪਹੁੰਚ ਗਿਆ, ਜਿੱਥੇ ਉਸਨੂੰ ਕੁੱਝ ਗਦਾਰ ਭਾਰਤੀਆਂ ਨੇ ਪਛਾਣ ਲਿਆ ਅਤੇ ਪੁਲਸ ਨੂੰ ਸੂਚਿਤ ਕਰ ਦਿਤਾ। ਬ੍ਰਿਟਿਸ਼ ਸਰਕਾਰ ਦੁਆਰਾ ਮੌਤ ਦੇ ਵਾਰੰਟ ਜਾਰੀ ਹੋਣ ਕਾਰਨ ਸਿੰਗਾਪੁਰ ਪੁਲਸ ਨੇ ਆਪ ਨੂੰ ਫਾਂਸੀ ਦੀ ਤਿਆਰੀ ਸ਼ੁਰੂ ਕਰ ਦਿੱਤੀ। ਉਸ ਦੀ ਫਾਂਸੀ ਤੋਂ ਅੱਧਾ ਘੰਟਾ ਪਹਿਲਾਂ ਇੱਕ ਵਿਅਕਤੀ ਉਸ ਨੂੰ ਬਾਂਹ ਤੋਂ ਫੜ ਕੇ ਥਾਣੇ ਤੋਂ ਬਾਹਰ ਲੈ ਗਿਆ ਅਤੇ ਉਸ ਨੂੰ ਜਹਾਜ਼ ਵਿੱਚ ਬਿਠਾ ਦਿੱਤਾ ਅਤੇ ਜਹਾਜ਼ ਦੇ ਕੈਪਟਨ ਨੂੰ ਮਨੀਲਾ ਲਈ ਰਵਾਨਾ ਕੀਤਾ। ਜਦੋਂ ਤੱਕ



ਪੁਲਸ ਹਰਕਤ ਵਿੱਚ ਆਈ ਜਹਾਜ਼ ਸਿੰਗਾਪੁਰ ਦੀਆਂ ਸੀਮਾਵਾਂ ਪਾਰ ਕਰ ਚੁੱਕਾ ਸੀ। ਜਹਾਜ਼ ਨੂੰ ਰੋਕਣ ਵਿੱਚ ਅਸਫਲ ਰਹਿਣ ਤੋਂ ਬਾਅਦ ਪੁਲਿਸ ਨੇ ਇੱਕ ਹੋਰ ਵਿਅਕਤੀ ਨੂੰ ਫੜ ਕੇ ਉਸ ਨੂੰ ਹੀ ਫਾਂਸੀ ਦੇ ਦਿੱਤੀ ਅਤੇ ਐਲਾਨ ਕੀਤਾ ਕਿ ਮੰਗੂ ਰਾਮ ਨੂੰ ਫਾਂਸੀ ਦੇ ਦਿੱਤੀ ਗਈ ਹੈ। ਇਹ ਖ਼ਬਰ ਭਾਰਤੀ ਅਖ਼ਬਾਰਾਂ ਵਿੱਚ ਵੀ ਪ੍ਰਕਾਸ਼ਤ ਹੋਈ। ਝੂਠੀ ਮੌਤ ਦੀ ਇਹ ਖ਼ਬਰ ਉਸ ਦੇ ਘਰ ਤੱਕ ਵੀ ਪਹੁੰਚ ਗਈ ਅਤੇ ਆਪ ਦੀ ਪਤਨੀ ਦਾ ਵਿਆਹ ਦੂਜੇ ਭਰਾ ਨਾਲ ਕਰਵਾ ਦਿਤਾ ਗਿਆ। ਆਪ ਲੰਬਾ ਸਮਾਂ ਰੂਪੋਸ਼ ਰਹੇ। ਬ੍ਰਿਟਿਸ਼ ਸਰਕਾਰ ਦੁਆਰਾ ਜਾਰੀ ਕੀਤੇ ਗਏ ਮੌਤ ਦੇ ਵਾਰੰਟ 1924 ਵਿੱਚ ਖਤਮ ਹੋ ਗਏ ਅਤੇ ਆਪ ਨੇ ਭਾਰਤ ਵਾਪਸ ਜਾਣ ਬਾਰੇ ਸੋਚਿਆ। ਆਪ ਵੱਖ-ਵੱਖ ਦੇਸ਼ਾਂ ਵਿੱਚੋਂ ਹੁੰਦੇ ਹੋਏ 1925 ਵਿੱਚ ਵਾਪਸ ਭਾਰਤ ਆਏ ਅਤੇ ਵੇਖਿਆ ਕਿ ਦੇਸ਼ ਨੂੰ ਅੰਗਰੇਜ਼ਾਂ ਤੋਂ ਅਜ਼ਾਦ ਕਰਵਾਉਣ ਲਈ ਲੜਾਈ ਲੜੀ ਜਾ ਰਹੀ ਹੈ ਪਰੰਤੂ ਸਦੀਆਂ ਤੋਂ ਗੁਲਾਮ ਅਛੂਤਾਂ ਦੇ ਵਿਕਾਸ ਅਤੇ ਅਜ਼ਾਦੀ ਲਈ ਕੋਈ ਕੁੱਝ ਨਹੀਂ ਕਰ ਰਿਹਾ ਹੈ। ਸਾਲ 1925 ਦੇ ਅੰਤ ਵਿੱਚ ਪਿੰਡ ਵਿੱਚ ਲਿਤਾੜ੍ਹੇ ਵਰਗ ਦੇ ਬੱਚਿਆਂ ਨੂੰ ਸਿੱਖਿਆ ਦੇਣ ਲਈ ਪਹਿਲਾ ਆਦਿ ਧਰਮ ਪ੍ਰਾਇਮਰੀ ਸਕੂਲ ਖੋਲ੍ਹਿਆ ਅਤੇ ਬੱਚਿਆਂ ਨੂੰ ਪੜ੍ਹਾਉਣਾ ਸ਼ੁਰੂ ਕਰ ਦਿਤਾ। ਆਪ ਦੀ ਅਗਵਾਈ ਵਿੱਚ 11-12 ਜੂਨ 1926 ਨੂੰ ਪਿੰਡ ਮੂਗੋਵਾਲ ਵਿੱਚ ਦੇਸ਼ ਦੇ ਵੱਖ-ਵੱਖ ਭਾਗਾਂ ਪੰਜਾਬ, ਰਾਜਸਥਾਨ, ਉਤਰ ਪ੍ਰਦੇਸ, ਦਿੱਲੀ, ਕਲਕੱਤਾ ਆਦਿ ਤੋਂ 36 ਜਾਤਾਂ ਦੇ ਹਜ਼ਾਰਾਂ ਲੋਕਾਂ, ਜਿਨ੍ਹਾਂ ਨੂੰ ਅਛੂਤ ਮੰਨਿਆ ਜਾਂਦਾ ਸੀ, ਦਾ ਭਾਰੀ ਇਕੱਠ ਹੋਇਆ ਅਤੇ ਘੋਸ਼ਣਾ ਕੀਤੀ ਗਈ ਕਿ ਇਨ੍ਹਾਂ ਜਾਤਾਂ ਨਾਲ ਸੰਬੰਧਿਤ ਲੋਕ ਆਦਿ ਧਰਮ ਅਪਣਾਉਣਗੇ। ਇਸ ਕਾਨਫਰੰਸ ਨੂੰ ਰੋਕਣ ਲਈ ਕੁਝ ਲੋਕਾਂ ਨੇ ਲੜਾਈ-ਝਗੜਾ ਕੀਤਾ, ਪਰ ਬਾਬੂ ਮੰਗੂ ਰਾਮ ਦੀ ਦੂਰ-ਅੰਦੇਸ਼ੀ ਨਾਲ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੇ ਇਸ ਕਾਨਫਰੰਸ ਨੂੰ ਨਿਰਵਿਘਨ ਚਲਾਉਣ ਲਈ 03 ਥਾਣੇਦਾਰ ਅਤੇ 12 ਸਿਪਾਹੀ ਸੁਰੱਖਿਆ ਲਈ ਲਗਾ ਦਿੱਤੇ। ਕਾਨਫਰੰਸ ਵਿੱਚ ਗੜਬੜ ਕਰਨ ਵਾਲੇ ਵਿਅਕਤੀਆਂ ਨੂੰ ਮੁਆਫੀ ਮੰਗਣੀ ਪਈ। ਇਸ ਦਾ ਪਹਿਲਾ ਪ੍ਰਧਾਨ ਸਰਬਸੰਮਤੀ ਨਾਲ ਬਾਬੂ ਮੰਗੂ ਰਾਮ ਨੂੰ ਬਣਾਇਆ ਗਿਆ ਅਤੇ ਪ੍ਰਬੰਧਕ ਕਮੇਟੀ ਮੈਂਬਰਾਂ ਹਜ਼ਾਰਾ ਰਾਮ ਪਿਪਲਾਂਵਾਲਾ, ਪੰਡਤ ਹਰੀ ਰਾਮ, ਸੰਤ ਰਾਮ, ਰਾਮ ਚੰਦ, ਹਰਦਿੱਤ ਮੱਲ, ਰੇਸ਼ਮ ਲਾਲ ਬਾਲਮੀਕਿ, ਬਿਹਾਰੀ ਲਾਲ, ਰਾਮ ਸਿੰਘ, ਚਮਨ ਰਾਮ ਆਦਿ ਦੀ ਚੋਣ ਕੀਤੀ ਗਈ। ਆਦਿ ਧਰਮ ਉੱਤਰੀ ਭਾਰਤ ਵਿੱਚ ਭਗਤੀ ਲਹਿਰ ਰਹਿਵਰਾਂ ਸ਼੍ਰੀ ਗੁਰੂ ਰਵਿਦਾਸ, ਭਗਵਾਨ ਵਾਲਮੀਕ, ਸੰਤ ਕਬੀਰ ਅਤੇ ਸੰਤ ਨਾਮਦੇਵ ਆਦਿ ਦੀਆਂ ਸਿੱਖਿਆਵਾਂ ਤੇ ਅਧਾਰਿਤ ਸੀ। ਆਪ ਨੇ 1927 ਵਿੱਚ 'ਆਦਿ ਡੰਕਾ' ਨਾਂ ਦਾ ਸਪਤਾਹਿਕ ਅਖ਼ਬਾਰ ਸ਼ੁਰੂ ਕੀਤਾ ਅਤੇ ਇਸ ਨੂੰ 1928 ਵਿੱਚ ਉਰਦੂ ਵਿੱਚ ਵੀ ਚਲਾਇਆ ਗਿਆ। ਨਵੰਬਰ 1926 ਵਿੱਚ ਜਲੰਧਰ ਵਿੱਚ ਆਦਿ ਧਰਮ ਦਾ ਪਹਿਲਾ ਦਫਤਰ ਖੋਲ੍ਹਿਆ ਗਿਆ ਅਤੇ ਬਾਬੂ ਜੀ ਜਲੰਧਰ ਰਹਿਣ ਲੱਗ ਪਏ, ਜਿੱਥੇ ਉਹ 1940 ਤੱਕ ਰਹੇ ਅਤੇ ਆਦਿ ਧਰਮ ਅਤੇ ਅਛੂਤਾਂ ਦੀ ਭਲਾਈ ਲਈ ਕੰਮ ਕੀਤਾ। ਆਦਿ ਧਰਮ ਮੰਡਲ ਨੇ ਹਰੀਜਨ ਸ਼ਬਦ ਦੀ ਵਰਤੋਂ ਦਾ ਖੁੱਲ੍ਹਕੇ ਵਿਰੋਧ ਕੀਤਾ। ਸਾਲ 1930 ਵਿੱਚ ਗਵਰਨਰ ਪੰਜਾਬ ਨੇ ਆਰਡਰ ਜਾਰੀ ਕੀਤੇ ਕਿ ਆਦਿ ਧਰਮੀ ਲੜਕੇ ਅਤੇ ਲੜਕੀਆਂ, ਜੋ ਦਸਵੀਂ ਪਾਸ ਹਨ ਨੂੰ ਅਧਿਆਪਕ ਦੀ ਸਿਖਲਾਈ ਦੇਣ ਲਈ ਸਪੈਸ਼ਲ ਕਲਾਸਾਂ ਸ਼ੁਰੂ ਕੀਤੀਆਂ ਜਾਣ। ਚੌਧਰੀ ਸਦਰੂਦੀਨ ਖਾਨ ਨੇ ਆਦਿ ਧਰਮ ਮੰਡਲ ਦੀ ਇਮਾਰਤ ਵਿੱਚ ਇਹ ਕਲਾਸਾਂ ਲਗਾਈਆਂ ਅਤੇ 80 ਵਿਅਕਤੀਆਂ ਨੂੰ ਕੋਰਸ ਕਰਵਾ ਕੇ ਮਾਸਟਰ ਬਣਾਇਆ ਗਿਆ। 26 ਫਰਵਰੀ 1930 ਨੂੰ ਆਦਿ ਧਰਮ ਰਜਿਸਟਰਡ ਹੋਇਆ ਅਤੇ 1931 ਵਿੱਚ ਹੋਈ ਜਨਗਣਨਾ ਸਮੇਂ ਪਹਿਲੀ ਵਾਰ ਆਦਿ ਧਰਮ ਨੂੰ ਜੋੜਿਆ ਗਿਆ ਅਤੇ ਉਸ ਵੇਲੇ ਪੰਜਾਬ ਵਿੱਚ ਲੱਗਭੱਗ 418789 ਲੋਕਾਂ ਨੇ ਜੋ ਕਿ ਕੁੱਲ ਅਬਾਦੀ ਦਾ ਲੱਗਭੱਗ 1.5 ਫੀਸਦੀ ਸੀ ਨੇ ਅਪਣਾ ਧਰਮ ਆਦਿ ਧਰਮ ਲਿਖਾਇਆ, ਇਸ ਜਨਗਣਨਾ ਵੇਲੇ ਕਈ ਥਾਵਾਂ 'ਤੇ ਲੜਾਈ-ਝਗੜੇ ਹੋਏ, ਜਿਸ ਵਿੱਚ ਰਲਾ ਰਾਮ ਰਵਿਦਾਸੀਆ ਅਤੇ ਝਗੜੂ ਰਾਮ ਬਾਲਮਿਕੀ ਮਾਰੇ ਗਏ ਸਨ ਅਤੇ ਹੋਰ ਕਈ ਜਖ਼ਮੀ ਹੋਏ, ਜਿਸ ਕਾਰਨ ਇਸ ਨੂੰ ਖੂਨੀ ਮਰਦਮਸ਼ੁਮਾਰੀ ਵੀ ਕਿਹਾ ਜਾਂਦਾ ਹੈ ਅਤੇ ਕਈ ਥਾਵਾਂ 'ਤੇ ਅਛੂਤਾਂ ਨੂੰ ਜ਼ਬਰਦਸਤੀ ਹਿੰਦੂ ਅਤੇ ਸਿੱਖ ਲਿਖਿਆ ਗਿਆ। ਸਾਲ 1930,31,32 ਵਿੱਚ ਲੰਡਨ ਵਿੱਚ ਹੋਈਆਂ ਗੋਲਮੇਜ਼ ਕਾਨਫਰੰਸਾਂ ਵਿੱਚ ਇਹ ਸਾਬਤ ਕਰਨ ਲਈ ਕਿ ਅਛੂਤਾਂ ਦੇ ਅਸਲੀ ਆਗੂ ਡਾਕਟਰ ਅੰਬੇਡਕਰ ਹਨ ਪੰਜਾਬ ਅਤੇ ਹੋਰ ਸੂਬਿਆਂ ਤੋਂ ਆਗੂਆਂ ਨੇ ਤਾਰਾਂ ਭੇਜੀਆਂ ਅਤੇ ਡਾਕਟਰ ਅੰਬੇਡਕਰ ਨੂੰ ਅਛੂਤਾਂ ਦੀ ਪ੍ਰਤੀਨਿਧਤਾ ਕਰਨ ਦਾ ਅਧਿਕਾਰ ਮਿਲਿਆ। ਆਦਿ ਧਰਮ ਮੰਡਲ ਆਗੂਆਂ ਨੇ ਮੰਗ ਰੱਖੀ ਕਿ ਸਾਡੀ ਗਿਣਤੀ ਅਤੇ ਵਸੋਂ ਦੇ ਹਿਸਾਬ ਨਾਲ ਅਲੱਗ ਰਾਖਵਾਂਕਰਨ ਕੀਤਾ ਜਾਵੇ। ਲਾਰਡ ਲੋਥੀਅਨ ਦੀ ਰਿਪੋਰਟ ਤੋਂ ਬਾਅਦ ਇੰਗਲੈਂਡ ਦੀ ਸਰਕਾਰ ਨੇ ਅਛੂਤਾਂ ਲਈ ਅਲੱਗ ਚੋਣ ਵਿਵਸਥਾ ਦੀ ਮਨਜ਼ੂਰੀ ਦੇ ਦਿੱਤੀ, ਜਿਸ ਨੂੰ ਕਮਿਊਨਲ ਐਵਾਰਡ ਦਾ ਨਾਮ ਦਿੱਤਾ ਗਿਆ। ਇਸ ਫੈਸਲੇ ਅਨੁਸਾਰ ਪਹਿਲੀ ਵਾਰ ਅਛੂਤਾਂ ਨੂੰ ਹਿੰਦੂਆਂ ਤੋਂ ਵੱਖ ਮੰਨ ਕੇ ਅਲੱਗ ਹੱਕ ਦਿੱਤੇ ਗਏ, ਅਛੂਤਾਂ ਨੂੰ ਰਾਖਵਾਂਕਰਨ ਦਿੱਤਾ ਗਿਆ, ਦੋਹਰੀ ਵੋਟ ਦਾ ਹੱਕ ਦਿਤਾ ਗਿਆ, ਭਾਰਤ ਦੀ ਕੌਂਸਲ ਵਿੱਚ ਹਿੰਦੂਆਂ ਤੋਂ ਅਲੱਗ ਅਛੂਤਾਂ ਨੂੰ ਸੀਟਾਂ ਦਿੱਤੀਆਂ ਗਈਆਂ। ਇਸ ਕਮਿਊਨਲ ਐਵਾਰਡ ਦੇ ਵਿਰੋਧ ਵਿੱਚ ਕਾਂਗਰਸੀ ਆਗੂ ਗਾਂਧੀ ਨੇ ਯਰਵਦਾ ਜੇਲ ਵਿੱਚ 20 ਸਤੰਬਰ, 1932 ਨੂੰ ਮਰਨ ਵਰਤ ਰੱਖ ਲਿਆ ਅਤੇ ਗਾਂਧੀ ਦੇ ਵਿਰੋਧ ਵਿੱਚ ਆਦਿ ਧਰਮ ਆਗੂਆਂ ਨੇ ਵੀ ਮਰਨ ਵਰਤ ਰੱਖ ਲਿਆ। 24 ਸਤੰਬਰ 1932 ਨੂੰ ਡਾਕਟਰ ਅੰਬੇਡਕਰ ਅਤੇ ਗਾਂਧੀ ਵਿਚਕਾਰ ਇੱਕ ਸਮਝੌਤਾ ਹੋਇਆ, ਜਿਸ ਨੂੰ ਪੂਨਾ ਪੈਕਟ ਕਿਹਾ ਜਾਂਦਾ ਹੈ ਅਤੇ 26 ਸਤੰਬਰ ਨੂੰ ਇਸ ਸੰਬੰਧੀ ਕਨੂੰਨ ਬਣਨ ਤੋਂ ਬਾਅਦ ਗਾਂਧੀ ਨੇ ਅਪਣਾ ਮਰਨ ਵਰਤ ਤਾਂ ਖਤਮ ਕਰ ਦਿਤਾ, ਪਰ ਬਾਬੂ ਮੰਗੂ ਰਾਮ ਨੇ ਸਾਥੀਆਂ ਨਾਲ ਮਰਨ ਵਰਤ ਜਾਰੀ ਰੱਖਿਆ ਅਤੇ 12ਵੇਂ ਦਿਨ ਸੰਤ ਸਰਵਣ ਦਾਸ ਬੱਲਾਂ ਵਾਲਿਆਂ ਅਤੇ ਸੇਠ ਕਿਸ਼ਨ ਦਾਸ ਦੇ ਹੱਥੋਂ ਜੂਸ ਪੀ ਕੇ ਅਪਣਾ ਮਰਨ ਵਰਤ ਖਤਮ ਕੀਤਾ। ਪੂਨਾ ਪੈਕਟ ਅਨੁਸਾਰ ਪੰਜਾਬ ਵਿੱਚ 08 ਸੀਟਾਂ ਰਾਖਵੀਆਂ ਰੱਖੀਆਂ ਗਈਆਂ। ਸਾਲ 1937 ਵਿੱਚ ਪੰਜਾਬ ਵਿੱਚ ਹੋਈਆ ਚੋਣਾਂ ਵਿੱਚ ਆਦਿ ਧਰਮ ਮੰਡਲ ਆਗੂਆਂ ਨੇ ਬਾਬੂ ਮੰਗੂ ਰਾਮ ਮੂਗੋਵਾਲੀਆ ਦੀ ਅਗਵਾਈ ਵਿੱਚ 8 ਸੀਟਾਂ ਵਿਚੋਂ 7 'ਤੇ ਜਿੱਤ ਹਾਸਲ ਕੀਤੀ ਅਤੇ 8ਵੀਂ ਸੀਟ, ਜੋ ਕਿ ਸਿਰਫ 07 ਵੋਟਾਂ ਨਾਲ ਹਾਰੀ ਸੀ, ਜਿੱਤਣ ਵਾਲਾ ਮੂਲਾ ਸਿੰਘ ਬਲਾਚੌਰ ਵੀ ਬਾਅਦ ਵਿੱਚ ਆਦਿ ਧਰਮ ਮੰਡਲ ਵਿੱਚ ਸ਼ਾਮਲ ਹੋ ਗਿਆ ਸੀ। ਸਾਲ 1946 ਵਿੱਚ ਬਾਬੂ ਮੰਗੂ ਰਾਮ ਆਪਣੇ 04 ਹੋਰ ਸਾਥੀਆਂ ਨਾਲ ਪੰਜਾਬ ਅਸੈਂਬਲੀ ਲਈ ਚੁਣੇ ਗਏ। ਆਪ ਨੇ ਦੱਬੇ-ਕੁਚਲੇ ਵਰਗਾਂ ਲਈ ਵਿਦਿਅਕ ਅਤੇ ਰੁਜ਼ਗਾਰ ਦੇ ਮੌਕੇ ਵਧਾਉਣ ਦੀ ਵਕਾਲਤ ਕੀਤੀ। ਜੂਨ 1928 ਵਿੱਚ ਸ਼ਹੀਦ ਭਗਤ ਸਿੰਘ ਨੇ ਕਿਰਤੀ ਅਖ਼ਬਾਰ ਵਿੱਚ 'ਅਛੂਤ ਦੀ ਸਮੱਸਿਆ' ਸਿਰਲੇਖ ਵਾਲਾ ਇੱਕ ਲੇਖ ਪ੍ਰਕਾਸ਼ਿਤ ਕੀਤਾ, ਜਿਸ ਵਿੱਚ ਅਛੂਤਾਂ ਨੂੰ ਸੁਤੰਤਰ ਰੂਪ ਵਿੱਚ ਜਥੇਬੰਦ ਕਰਨ ਲਈ ਆਦ ਧਰਮ ਮੰਡਲ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਸਾਲ 1947 ਵਿੱਚ ਭਾਰਤ ਦੀ ਵੰਡ ਤੋਂ ਪਹਿਲਾਂ ਮਿਸਟਰ ਮੁਹੰਮਦ ਅਲੀ ਜਿਨਾਹ ਦਾ ਸਕੱਤਰ ਅਪਣੇ ਨਾਲ ਚੌਧੀਰ ਸੁੰਦਰ ਦਾਸ, ਮਾਸਟਰ ਗੁਰਬੰਤਾ ਸਿੰਘ ਅਤੇ ਕਈ ਅਫਸਰਾਂ ਨੂੰ ਨਾਲ ਲੈਕੇ ਪਿੰਡ ਮੂਗੋਵਾਲ ਪਹੁੰਚਿਆ ਅਤੇ ਮੰਗ ਰੱਖੀ ਕਿ ਜੇਕਰ ਉਹ ਮੁਸਲਿਮ ਲੀਗ ਦੀ ਗੱਲ ਮੰਨ ਕੇ ਪਾਕਿਸਤਾਨ ਨਾਲ ਮਿਲ ਜਾਣ ਤਾਂ 50 ਮੁਰੱਬੇ ਜ਼ਮੀਨ ਅਤੇ 50 ਹਜ਼ਾਰ ਰੁਪਏ ਦੇਣਗੇ, ਜਿਸ ਨੂੰ ਉਨ੍ਹਾਂ ਨੇ ਠੁਕਰਾ ਦਿਤਾ। ਅਜਾਦੀ ਤੋਂ ਬਾਅਦ ਵੀ ਬਾਬੂ ਮੰਗੂ ਰਾਮ ਨੇ ਆਦਿ ਧਰਮ ਲਹਿਰ ਨੂੰ ਚਲਾਉਣ ਲਈ ਲਗਾਤਾਰ ਸੰਘਰਸ਼ ਕੀਤਾ। ਸਾਲ 1972 ਵਿੱਚ ਆਪ ਨੂੰ ਕੇਂਦਰ ਸਰਕਾਰ ਨੇ ਸਨਮਾਨਤ ਕੀਤਾ ਅਤੇ ਪੈਨਸ਼ਨ ਲਗਾਈ। 22 ਅਪ੍ਰੈਲ 1980 ਨੂੰ ਗਦਰ ਲਹਿਰ ਅਤੇ ਆਦਿ ਧਰਮ ਅੰਦੋਲਨ ਦਾ ਇਹ ਆਗੂ ਸਾਨੂੰ ਸਦੀਵੀ ਵਿਛੋੜਾ ਦੇ ਗਿਆ।

**# ਸੰਪਰਕ : 94175-63054**

14-JAN-PAGE-5.qxd 1/13/2026 10:06 PM Page 1



# ਚਾਰ ਨੌਜਵਾਨ ਤਿੰਨ ਪਿਸਟਲਾਂ ਤੇ ਜ਼ਿੰਦਾ ਰੌਂਦਾਂ ਸਮੇਤ ਗ੍ਰਿਫ਼ਤਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਡੀਜੀਪੀ ਪੰਜਾਬ ਤੇ ਸ੍ਰੀਮਤੀ ਨਿਲਾਂਬਰੀ ਜਗਦਲੇ ਵਿਜੇ, ਆਈ.ਪੀ.ਐੱਸ. ਆਈ ਜੀ ਫਰੀਦਕੋਟ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਵੱਲੋਂ ਸ਼ਰਾਰਤੀ ਅੰਸਰਾਂ ਤੇ ਗੈਰਕਾਨੂੰਨੀ ਅਸਲੇ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ, ਤਾਂ ਜੋ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਇਸੇ ਲੜੀ ਤਹਿਤ, ਐਸ.ਪੀ (ਡੀ) ਸ੍ਰੀ ਮਨਮੀਤ ਸਿੰਘ ਢਿੱਲੋਂ ਤੇ ਡੀ.ਐੱਸ.ਪੀ. (ਡੀ) ਸ੍ਰੀ ਰਛਪਾਲ ਸਿੰਘ ਦੀ ਨਿਗਰਾਨੀ ਹੇਠ, ਇੰਸਪੈਕਟਰ ਮੁਖਤਿਆਰ ਸਿੰਘ, ਇੰਚਾਰਜ ਸੀ.ਆਈ.ਏ. ਸ੍ਰੀ ਮੁਕਤਸਰ ਸਾਹਿਬ ਤੇ ਪੁਲਸ ਪਾਰਟੀ ਵੱਲੋਂ ਵੱਡੀ ਸਫਲਤਾ ਹਾਸਲ ਕਰਦਿਆਂ ਵਾਰਦਾਤ ਕਰਨ ਦੀ ਨੀਅਤ ਨਾਲ ਬੈਠੇ ਚਾਰ ਨੌਜਵਾਨਾਂ ਨੂੰ ਨਜਾਇਜ਼ ਅਸਲੇ ਸਮੇਤ ਕਾਬੂ ਕੀਤਾ ਗਿਆ ਹੈ।

ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ, ਸੀ.ਆਈ.ਏ. ਟੀਮ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੇ ਏਰੀਏ ਵਿੱਚ ਗਸ਼ਤ ਤੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰ ਰਹੀ ਸੀ ਕਿ ਇਸ ਦੌਰਾਨ ਮੁਖ਼ਬਰ ਖ਼ਾਸ ਵੱਲੋਂ ਭਰੋਸੇਯੋਗ ਸੂਚਨਾ ਮਿਲੀ ਕਿ ਕੁਝ ਨੌਜਵਾਨ ਪੁਲ ਸੂਆ ਬੂੜਾ ਗੁੱਜਰ ਰੋਡ ਨੇੜੇ ਲਾਂਬਾ ਫਾਰਮ ਕੋਲ, ਇੱਕ ਵਰਨਾ ਕਾਰ ਵਿੱਚ ਬੈਠ ਕੇ ਕਿਸੇ ਗੰਭੀਰ ਵਾਰਦਾਤ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਹਨ।ਮਿਲੀ ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਵਰਨਾ ਕਾਰ ਨੰਬਰ ਪੀਬੀ-04-ਏਬੀ-5304 (ਰੰਗ ਸਿਲਵਰ) ਨੂੰ ਰੋਕ ਕੇ ਤਲਾਸ਼ੀ ਲਈ ਗਈ।ਤਲਾਸ਼ੀ ਦੌਰਾਨ ਚਾਰਾਂ ਦੋਸ਼ੀਆਂ ਕੋਲੋਂ ਗੈਰ-ਕਾਨੂੰਨੀ ਅਸਲਾ ਤੇ ਜ਼ਿੰਦਾ ਰੌਂਦ ਬਰਾਮਦ ਕੀਤੇ ਗਏ ਅਤੇ ਉਨ੍ਹਾਂ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ।ਮੁੱਢਲੀ ਪੁੱਛਗਿੱਛ 'ਚ ਇੱਕ ਗੱਲ ਸਾਹਮਣੇ ਆਈ ਕਿ ਉਕਤ ਦੋਸ਼ੀਆਂ ਵੱਲੋਂ 7 ਜਨਵਰੀ 2026 ਨੂੰ ਸ਼੍ਰੀ ਮੁਕਤਸਰ ਸਾਹਿਬ ਸ਼ਹਿਰ ਦੇ ਕੋਟਲੀ ਰੋਡ ਪਰ ਕਿਸੇ ਵਿਅਕਤੀ ਦੇ ਘਰ ਦੇ ਗੇਟ ਵਿੱਚ ਰਾਤ ਸਮੇਂ ਫਾਇਰਿੰਗ ਕਰਕੇ ਫਰਾਰ ਹੋ ਗਏ ਸਨ।ਮੁਲਜ਼ਮਾਂ ਪਾਸੋਂ ਦੋ ਪਿਸਟਲ ਦੇਸੀ 32 ਬੋਰ, 2 ਮੈਗਜ਼ੀਨ, 1 ਪਿਸਟਲ ਦੇਸੀ 30 ਬੋਰ ਸਮੇਤ ਮੈਗਜ਼ੀਨ 06 ਜ਼ਿੰਦਾ ਰੌਂਦ 32 ਬੋਰ, ਇੱਕ ਕਾਰ ਵਰਨਾ ਨੰਬਰੀ ਪੀਬੀ 04 ਏਬੀ 5304 ਬਰਾਮਦ ਕੀਤੇ। ਇਸ ਸਬੰਧ ਵਿੱਚ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਮੁਲਜ਼ਮਾਂ ਦੀ ਪਛਾਣ ਸੂਰਜ ਸਿੰਘ ਪੁੱਤਰ ਨਿਰਮਲ ਸਿੰਘ, ਵਾਸੀ ਸੁਰਗਾਪੁਰੀ ਬਸਤੀ ਸ੍ਰੀ ਮੁਕਤਸਰ ਸਾਹਿਬ, ਕਰਮ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਸੁਰਗਾਪੁਰੀ ਬਸਤੀ ਸ੍ਰੀ ਮੁਕਤਸਰ ਸਾਹਿਬ, ਅਤਿੰਦਰਪਾਲ ਸਿੰਘ ਉਰਫ ਬਾਬਾ ਪੁੱਤਰ ਹਰਚੰਦ ਸਿੰਘ ਵਾਸੀ ਚੱਕ ਸ਼ੇਰੇ ਵਾਲਾ ਤੇ ਹਰਪ੍ਰੀਤ ਸਿੰਘ ਉਰਫ ਗੌਰਵ ਪੁੱਤਰ ਜਸਵੀਰ ਸਿੰਘ ਵਾਸੀ ਪਿੰਡ ਰੁਪਾਨਾ ਵਜੋਂ ਹੋਈ ਹੈ।

# ਚੋਰਾਂ ਵੱਲੋਂ ਟ੍ਰਾਂਸਫਾਰਮਰ ਦਾ ਤੇਲ ਤੇ ਤਾਬਾਂ ਚੋਰੀ



**ਸਮਰਾਲਾ (ਸੁਰਜੀਤ ਸਿੰਘ)**-ਪ੍ਰਾਪਤ ਜਾਣਕਾਰੀ ਅਨੁਸਾਰ ਇਥੋਂ ਲਾਗਲੇ ਪਿੰਡ ਢੀਂਡਸਾ ਦੇ ਕਿਸਾਨ ਹਰਚੰਦ ਸਿੰਘ ਦੀ ਮੋਟਰ 'ਤੇ ਲੱਗੇ ਟ੍ਰਾਂਸਫਾਰਮਰ ਵਿੱਚੋਂ ਤਾਬਾਂ ਤੇ ਤੇਲ ਚੋਰੀ ਕਰਕੇ ਲਿਜਾਣ ਦੀ ਖਬਰ ਸਾਹਮਣੇ ਆਈ ਹੈ।ਇਸ ਸਬੰਧੀ ਸਬੰਧਤ ਕਿਸਾਨਾਂ ਨੇ ਬਿਜਲੀ ਮਹਿਕਮੇ ਨੂੰ ਸੂਚਿਤ ਕੀਤਾ, ਜਿਸ ਅਧਾਰ 'ਤੇ ਪੁਲਸ ਨੂੰ ਸੂਚਿਤ ਕੀਤਾ ਗਿਆ।ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜਿਲਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਸਰਦੀਆਂ ਦੀਆਂ ਹਨੇਰੀ ਰਾਤਾਂ ਤਾਂ ਫਾਇਦਾ ਉਠਾ ਕੇ ਗੈਰ ਸਮਾਜੀ ਅਨੁਸਾਰ ਤੇ ਨਸ਼ੇੜੀ ਲੋਕ ਕਿਸਾਨਾਂ ਦੀਆਂ ਟਿਊਬਵੈੱਲ ਮੋਟਰਾਂ ਤੇ ਲੱਗੇ ਟਰਾਂਸਫਾਰਮਰਾਂ ਨੂੰ ਨਿਸ਼ਾਨਾ ਬਣਾਉਂਦੇ ਹਨ, ਜਿਸ ਨਾਲ ਕਿਸਾਨਾਂ ਦਾ ਭਾਰੀ ਨੁਕਸਾਨ ਤਾਂ ਹੁੰਦਾ ਹੀ ਹੈ, ਨਾਲ ਹੀ ਨਵਾਂ ਟ੍ਰਾਂਸਫਾਰਮਰ ਰੱਖਣ ਵਿਚ ਹੋਈ ਦੇਰੀ ਨਾਲ ਕਿਸਾਨ ਦੀ ਫਸਲ ਨੂੰ ਸਮੇਂ ਸਿਰ ਸਿੰਜਾਈ ਲਈ ਪਾਣੀ ਨਹੀਂ ਮਿਲਦਾ।ਉਨ੍ਹਾਂ ਕਿਹਾ ਕਿ ਇਹ ਸਥਾਨਕ ਪੁਲਸ ਪ੍ਰਸ਼ਾਸਨ ਦੀ ਅਣਗਹਿਲੀ ਹੈ, ਜਿਸ ਦਾ ਖਮਿਆਜ਼ਾ ਕਿਸਾਨ ਨੂੰ ਭੁਗਤਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਚੋਰਾਂ ਤੇ ਗੈਰ-ਸਮਾਜੀ ਅਨਸਰਾਂ ਨੂੰ ਨੱਥ ਪਾਉਣ ਵਿੱਚ ਅਸਫਲ ਰਹੀ ਹੈ, ਤਾਂ ਹੀ ਉਨ੍ਹਾਂ ਦੇ ਹੌਂਸਲੇ ਬੁਲੰਦ ਹਨ ਅਤੇ ਉਹ ਮਨਮਾਨੇ ਢੰਗ ਨਾਲ ਆਪਣੇ ਸ਼ਿਕਾਰ ਨੂੰ ਨਿਸ਼ਾਨਾ ਬਣਾਉਂਦੇ ਹਨ ਅਤੇ ਵਾਰਦਾਤ ਕਰਕੇ ਬਚ ਕੇ ਸਾਫ ਨਿਕਲ ਜਾਂਦੇ ਹਨ।

ਜੇਕਰ ਪੁਲਸ ਦੇ ਅੜਿੱਕੇ ਆ ਵੀ ਜਾਣ ਥੋੜੇ ਸਮੇਂ ਬਾਅਦ ਫਿਰ ਉਹੀ ਧੰਦਾ ਸ਼ੁਰੂ ਕਰ ਦਿੰਦੇ ਹਨ।ਕਿਸਾਨ ਆਗੂ ਢੀਂਡਸਾ ਨੇ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਚੋਰਾਂ ਨੂੰ ਠੱਲ੍ਹ ਪਾਉਣ ਲਈ ਪਿੰਡਾਂ ਵਿੱਚ ਗਸ਼ਤ ਤੇਜ਼ ਕੀਤੀ ਜਾਵੇ ਤੇ ਚੋਰਾਂ ਨੂੰ ਜਲਦ ਗ੍ਰਿਫਤਾਰ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਭਾਜਪਾ ਅੱਜ ਮਾਘੀ ਕਾਨਫਰੰਸ 'ਚ ਦਿਖਾਏਗੀ ਆਪਣਾ ਦਮ, ਤਿਆਰੀਆਂ ਮੁਕੰਮਲ

**■ ਰਵਨੀਤ ਬਿੱਟੂ, ਨਾਇਬ ਸੈਣੀ, ਤਰੁਣ ਚੁੱਘ, ਅਨੁਰਾਗ ਠਾਕੁਰ, ਰੈਨਾ, ਜਾਖੜ ਤੇ ਅਸ਼ਵਨੀ ਸ਼ਰਮਾ ਹੋਣਗੇ ਮੁੱਖ ਬੁਲਾਰੇ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 40 ਮੁਕਤਿਆਂ ਦੀ ਸ਼ਹਾਦਤ ਦੀ ਯਾਦ ਵਿੱਚ ਸ੍ਰੀ ਮੁਕਤਸਰ ਸਾਹਿਬ ਵਿੱਚ ਮਾਘੀ ਮੇਲੇ ਦੇ ਪਾਵਨ ਮੌਕੇ 'ਤੇ ਭਾਰਤੀ ਜਨਤਾ ਪਾਰਟੀ ਵੱਲੋਂ ਪਹਿਲੀ ਵਾਰ ਆਪਣੇ ਦਮ 'ਤੇ ਇੱਕ ਵਿਸ਼ਾਲ ਰਾਜਨੀਤਕ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਇਤਿਹਾਸਕ ਕਾਨਫਰੰਸ ਨੂੰ ਲੈ ਕੇ ਪਾਰਟੀ ਦੀਆਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ ਤੇ ਕਾਰਕੁਨਾਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਭਾਜਪਾ ਦੇ ਸੂਬਾ ਮੀਡੀਆ ਕੋ-ਇੰਚਾਰਜ ਸੁਨੀਲ ਸਿੰਗਲਾ ਨੇ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਰੈਲੀ ਦੀਆਂ ਸਾਰੀਆਂ ਵਿਵਸਥਾਵਾਂ ਮੁਕੰਮਲ ਕਰ ਲਈਆਂ ਗਈਆਂ ਹਨ।ਇਹ ਰਾਜਨੀਤਕ ਕਾਨਫਰੰਸ ਮਲੋਟ ਰੋਡ 'ਤੇ ਸਥਿਤ ਸਤਯਮ ਪੈਲੇਸ ਦੀ ਜਗ੍ਹਾ 'ਤੇ ਕਰਵਾਈ ਜਾ ਰਹੀ ਹੈ, ਜਿੱਥੇ ਲਗਭਗ ਪੰਜ ਏਕੜ ਖੇਤਰ ਵਿੱਚ ਵਿਸ਼ਾਲ ਪੰਡਾਲ ਤਿਆਰ ਕੀਤਾ ਗਿਆ ਹੈ।ਪੰਡਾਲ ਵਿੱਚ ਹਜ਼ਾਰਾਂ ਲੋਕਾਂ ਦੇ ਬੈਠਣ ਦੀ ਵਿਵਸਥਾ ਦੇ ਨਾਲ-ਨਾਲ ਮੰਚ, ਸਾਊਂਡ ਸਿਸਟਮ, ਐੱਲਈਡੀ ਸਕ੍ਰੀਨ ਤੇ ਸੁਰੱਖਿਆ ਦੇ ਪੱਕੇ ਇੰਤਜ਼ਾਮ ਕੀਤੇ ਗਏ ਹਨ।ਕਾਰਕੁਨਾਂ ਲਈ ਲੰਗਰ ਦੀ ਵੀ ਪੂਰੀ ਵਿਵਸਥਾ ਕੀਤੀ ਗਈ ਹੈ।

ਸੁਨੀਲ ਸਿੰਗਲਾ ਨੇ ਕਿਹਾ ਕਿ ਮਾਘੀ ਮੇਲੇ ਦੇ ਮੌਕੇ 'ਤੇ ਹੋ ਰਹੀ ਇਹ ਰਾਜਨੀਤਕ ਕਾਨਫਰੰਸ ਨਾ ਸਿਰਫ਼ ਧਾਰਮਿਕ ਸ਼ਰਧਾ ਨਾਲ ਜੁੜੀ ਹੋਈ ਹੈ, ਸਗੋਂ ਇਹ ਪੰਜਾਬ ਦੀ ਰਾਜਨੀਤੀ ਵਿੱਚ ਭਾਜਪਾ ਦੀ ਮਜ਼ਬੂਤ ਮੌਜੂਦਗੀ ਨੂੰ ਵੀ ਦਰਸਾਉਂਦੀ ਹੈ।ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਨੂੰ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਮਹਾਂਸਚਿਵ ਤਰੁਣ ਚੁੱਘ, ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਯੁਵਾ ਸੰਸਦ ਮੈਂਬਰ ਅਨੁਰਾਗ ਠਾਕੁਰ, ਪੰਜਾਬ ਭਾਜਪਾ ਦੇ ਪ੍ਰਭਾਰੀ ਨਰੇਂਦਰ ਰੈਨਾ, ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਸੂਬੇ ਦੇ ਕਈ ਸੀਨੀਅਰ ਭਾਜਪਾ ਨੇਤਾ ਸੰਬੋਧਨ ਕਰਨਗੇ।ਇਸ ਰੈਲੀ ਵਿੱਚ ਸ੍ਰੀ ਮੁਕਤਸਰ ਸਾਹਿਬ ਤੋਂ ਇਲਾਵਾ ਮੋਗਾ, ਫ਼ਰੀਦਕੋਟ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਬਠਿੰਡਾ ਸ਼ਹਿਰੀ ਅਤੇ ਬਠਿੰਡਾ ਦੇਹਾਤੀ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਭਾਜਪਾ ਕਾਰਕੁਨ ਤੇ ਸਮਰਥਕ ਸ਼ਾਮਲ ਹੋਣਗੇ।ਪਾਰਟੀ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਾਰਕੁਨਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ ਤਾਂ ਜੋ ਰੈਲੀ ਨੂੰ ਸਫ਼ਲ ਬਣਾਇਆ ਜਾ ਸਕੇ।ਭਾਜਪਾ ਨੇਤਾਵਾਂ ਦਾ ਕਹਿਣਾ ਹੈ ਕਿ ਮਾਘੀ ਮੇਲੇ ਦੀ ਇਹ ਰਾਜਨੀਤਕ ਕਾਨਫਰੰਸ ਪਾਰਟੀ ਲਈ ਇਤਿਹਾਸਕ ਸਾਬਿਤ ਹੋਵੇਗੀ ਤੇ ਇਸ ਨਾਲ ਪੰਜਾਬ ਵਿੱਚ ਭਾਜਪਾ ਨੂੰ ਨਵੀਂ ਦਿਸ਼ਾ ਤੇ ਹੋਰ ਮਜ਼ਬੂਤੀ ਮਿਲੇਗੀ।

# ਰਾਜਪੁਰਾ ਰੈਲੀ ਦੀ ਸਫਲਤਾ ਲਈ ਗੁਰਸ਼ਰਨ ਰੰਧਾਵਾ ਵੱਲੋਂ ਵਰਕਰਾਂ ਦਾ ਧੰਨਵਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਰਾਜਪੁਰਾ ਵਿਖੇ ਮਨਰੇਗਾ ਬਚਾਓ ਸੰਗਰਾਮ ਰੈਲੀ ਨੂੰ ਸਫਲ ਬਣਾਉਣ ਲਈ ਕਾਂਗਰਸੀ ਆਗੂਆਂ, ਅਹੁਦੇਦਾਰਾਂ, ਵਰਕਰਾਂ ਤੇ ਮਨਰੇਗਾ ਵਰਕਰਾਂ ਦਾ ਬਹੁਤ ਵੱਡਾ ਰੋਲ ਰਿਹਾ ਜਿਸ ਦੇ ਲਈ ਮੈਂ ਉਨ੍ਹਾਂ ਦਾ ਲੱਖ ਲੱਖ ਧੰਨਵਾਦ ਕਰਦੀ ਹਾਂ। ਰੈਲੀ ਵਿੱਚ ਪਹੁੰਚੇ ਇੱਕ ਇੱਕ ਕਾਂਗਰਸੀ ਵਰਕਰ ਨੇ ਮਨਰੇਗਾ ਬਚਾਓ ਸੰਗਰਾਮ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਹੈ।ਇਹ ਸ਼ਬਦ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਇੱਕ ਲਿਖਤੀ ਬਿਆਨ ਰਾਹੀਂ ਪ੍ਰੈਸ ਕੋਲ ਪ੍ਰਗਟ ਕੀਤੇ।ਬੀਬੀ ਰੰਧਾਵਾ ਦੇ ਦੱਸਿਆ ਕਿ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ, ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਐਲ ਓ ਪੀ ਪ੍ਰਤਾਪ ਸਿੰਘ ਬਾਜਵਾ, ਆਲ ਇੰਡੀਆ ਕਿਸਾਨ ਕਾਂਗਰਸ ਦੇ ਚੇਅਰਮੈਨ ਸੁਖਪਾਲ ਸਿੰਘ ਖਹਿਰਾ, ਪਟਿਆਲਾ ਤੋਂ ਸਾਂਸਦ ਧਰਮਵੀਰ ਗਾਂਧੀ, ਪੀ ਪੀ ਸੀ ਸੀ ਦੀ ਸਹਿ ਇੰਚਾਰਜ ਹੀਨਾ ਕਾਵਰੇ ਤੇ ਰਵਿੰਦਰ ਡਲਵੀ ਸਮੇਤ ਪੰਜਾਬ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਨੇ ਜਿੱਥੇ ਰੈਲੀ ਦੀ ਸਫਲਤਾ ਲਈ ਜ਼ਿਲ੍ਹਾ ਕਾਂਗਰਸ ਤੇ ਸਬੰਧਤ ਕਾਂਗਰਸੀ ਆਗੂਆਂ ਤੇ ਵਰਕਰਾਂ, ਮਨਰੇਗਾ ਮਜ਼ਦੂਰਾਂ, ਕਿਸਾਨਾਂ ਤੇ ਮਹਿਲਾਵਾਂ ਨੂੰ ਵਧਾਈ ਦਿੱਤੀ, ਉੱਥੇ ਹੀ ਉਨ੍ਹਾਂ ਦਾ ਧੰਨਵਾਦ ਵੀ ਕੀਤਾ।ਇਸੇ ਦੌਰਾਨ ਬੀਬੀ ਰੰਧਾਵਾ ਨੇ ਕਿਹਾ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਨੇ ਰੈਲੀ ਦੇ ਸ਼ਾਨਦਾਰ ਪ੍ਰਬੰਧ ਕਰਕੇ ਆਪਣਾ ਵੱਡਾ ਯੋਗਦਾਨ ਪਾਇਆ।ਉਨ੍ਹਾਂ ਡਾਕਟਰ ਧਰਮਵੀਰ ਗਾਂਧੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਜਦੋਂ ਤੋਂ ਮੈਂ ਤੇ ਰਮੇਸ਼ ਦੁੱਗਲ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਬਣੇ ਹਾਂ, ਡਾਕਟਰ ਗਾਂਧੀ ਨੇ ਹਰ ਸੰਘਰਸ਼ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਸਾਬਕਾ ਮੰਤਰੀ ਸਾਧੂ ਸਿੰਘ, ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ, ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਰਾਜਿੰਦਰ ਸਿੰਘ, ਦਪਿੰਦਰ ਢਿੱਲੋਂ, ਹਰਿੰਦਰਪਾਲ ਸਿੰਘ ਹੈਰੀਮਾਨ, ਦਰਬਾਰਾ ਸਿੰਘ, ਨਛੱਤਰ ਸਿੰਘ, ਬਲਿਹਾਰ ਸਿੰਘ, ਬਿੱਟੂ ਧਨੌਂਗੀ, ਸਿੱਪੀ ਧਾਲੀਵਾਲ ਜ਼ਿਲ੍ਹਾ ਅਹੁਦੇਦਾਰਾਂ ਬਲਾਕ ਪ੍ਰਧਾਨਾਂ ਤੇ ਵਰਕਰਾਂ ਨੇ ਰੈਲੀ ਨੂੰ ਸਫ਼ਲ ਬਣਾਉਣ ਲਈ ਉਨ੍ਹਾਂ ਦਾ ਖੁੱਲ੍ਹ ਕੇ ਸਾਥ ਦਿੱਤਾ।ਇਸੇ ਦੌਰਾਨ ਮੋਦੀ ਸਰਕਾਰ ਦੀਆਂ ਲੋਕ ਮਾਰੂ, ਕਿਸਾਨ ਮਾਰੂ, ਮਜ਼ਦੂਰ ਮਾਰੂ, ਗਰੀਬ ਮਾਰੂ ਨੀਤੀਆਂ ਦੀ ਨਿਖੇਧੀ ਕਰਦਿਆਂ ਰੰਧਾਵਾ ਨੇ ਕਿਹਾ ਕਿ ਮੋਦੀ ਸਰਕਾਰ ਆਪਣੇ ਪੂੰਜੀਪਤੀ ਦੋਸਤਾਂ ਨੂੰ ਖੁਸ਼ ਕਰਨ ਲਈ ਦੇਸ਼ ਦੇ ਹਰ ਵਰਗ ਨੂੰ ਮਾਰ ਰਹੀ ਹੈ। ਉਨ੍ਹਾਂ ਕਿਹਾ ਮਨਰੇਗਾ ਸਕੀਮ ਦੇ ਨਵੇਂ ਕਾਲੇ ਕਾਨੂੰਨ ਕੇਵਲ ਤੇ ਕੇਵਲ ਦੇਸ਼ ਦੇ ਗਰੀਬਾਂ ਨੂੰ ਮਾਰਨ ਦੀ ਸਾਜਿਸ਼ ਹੈ। ਉਨ੍ਹਾਂ ਕਿਹਾ ਕਿ ਜਿਹੜੀਆਂ ਸ਼ਰਤਾਂ ਮੋਦੀ ਸਰਕਾਰ ਨੇ ਮਨਰੇਗਾ ਲਈ ਰੱਖੀਆਂ ਹਨ ਉਹ ਪੰਜਾਬ ਵਰਗੇ ਸੂਬੇ ਕਦੀ ਵੀ ਪੂਰੀਆਂ ਨਹੀਂ ਕਰ ਸਕਦੇ ਜਿਸ ਕਰਕੇ ਇਹ ਸਕੀਮ ਬਿਲਕੁਲ ਠੱਪ ਹੋ ਕੇ ਰਹਿ ਜਾਊਗੀ।ਬੀਬੀ ਰੰਧਾਵਾ ਨੇ ਕਿਹਾ ਕਿ ਧਰਮ ਦੇ ਨਾਂਅ 'ਤੇ ਰਾਜਨੀਤੀ ਕਰਨ ਵਾਲੀਆਂ ਸਰਕਾਰਾਂ ਦੇਸ਼ ਲਈ ਬਰਬਾਦੀ ਦਾ ਕਾਰਨ ਬਣ ਜਾਂਦੀਆਂ ਹਨ। ਲੋਕ ਮੋਦੀ ਸਰਕਾਰ ਦੀਆਂ ਮਾੜੀਆਂ ਨੀਤੀਆਂ ਤੋਂ ਜਾਣੂ ਹੋ ਚੁੱਕੇ ਹਨ ਜਿਸ ਦੀ ਬਦੌਲਤ ਪੰਜਾਬ ਸਮੇਤ ਸਾਰੇ ਸੂਬਿਆਂ ਵਿੱਚ ਮਨਰੇਗਾ ਬਚਾਓ ਸੰਗਰਾਮ ਨੂੰ ਵੱਡਾ ਹੁੰਗਾਰਾ ਮਿਲਿਆ ਹੈ। ਬੀਬੀ ਰੰਧਾਵਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਸੋਚ ਤੇ ਪਹਿਰਾ ਦਿੰਦੇ ਹੋਏ 2027 ਵਿੱਚ ਕਾਂਗਰਸ ਪਾਰਟੀ ਸੂਬੇ ਵਿੱਚ ਆਪਣੀ ਸਰਕਾਰ ਬਣਾਏਗੀ। ਅੰਤ ਵਿੱਚ ਉਨ੍ਹਾਂ ਮਹਿਲਾ ਕਾਂਗਰਸ, ਯੂਥ ਕਾਂਗਰਸ, ਕਿਸਾਨ ਸੈੱਲ, ਸੇਵਾਦਲ, ਐਸ ਸੀ ਸੈੱਲ, ਬੀ ਸੀ ਸੈੱਲ, ਇੰਟਕ ਸਮੇਤ ਸਮੂਹ ਅਹੁਦੇਦਾਰਾਂ, ਵਰਕਰਾਂ ਤੇ ਬਲਾਕ ਪ੍ਰਧਾਨਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਸੋਚ ਮੁਤਾਬਕ ਕਾਂਗਰਸੀ ਵਰਕਰ ਹੀ ਕਾਂਗਰਸ ਪਾਰਟੀ ਦੀ ਅਸਲੀ ਤਾਕਤ ਹੈ।

ਉਨਾਂ ਨੇ ਸਮਾਣਾ ਦੇ ਮਨਦੀਪ ਕੌਰ ਚੌਹਾਨ, ਮੰਗਤ ਮਵੀ, ਟਿੰਕਾ ਗਾਜੇਵਾਸ, ਵਿਜੇ ਅਗਰਵਾਲ, ਸਵਰਨ ਮਠਾੜੂ, ਸ਼ਿਵਜੀ ਸ਼ਰਮਾ, ਦੀਪੂ ਭੰਡਾਰੀ, ਦੀਦਾਰ ਸਿੰਘ, ਮੀਤ ਵਿਰਕ, ਪ੍ਰਭ ਭਿੰਡਰ, ਗੁਰਪ੍ਰੀਤ ਬੈਦਵਾਨ ਪੀਏ, ਕਾਲਾ ਬਠੋਈ, ਪੂਜਾ ਗਰਗ, ਲਵਲੀ ਸੰਦਰ, ਭੁਪਿੰਦਰ ਕੌਰ, ਮਨਦੀਪ ਵਿਰਕ, ਦਿਲਬਰ ਖਾਣ, ਤਰਲੋਚਨ ਸਿੰਘ, ਬਘੇਲ ਸਿੰਘ , ਸਿਮਰ ਮਿਆਲ, ਬਲਜਿੰਦਰ ਚੌਹਠ, ਜਸਕਰਨ ਧਰਮਹੇੜੀ, ਸੁਖਦੇਵ ਪੇਂਟਰ ਦਾ ਧੰਨਵਾਦ ਕਰਦਿਆਂ ਕਿਹਾ ਇਨ੍ਹਾਂ ਦੀ ਟੀਮ ਨੇ ਮੈਨੂੰ ਦਿਨ ਰਾਤ ਸਹਿਯੋਗ ਦਿੱਤਾ।

# ਕਲਮਾਂ ਦੇ ਰੰਗ ਸਾਹਿਤ ਸਭਾ ਵੱਲੋਂ 'ਲੋਹੜੀ ਧੀਆਂ ਦੀ' ਪ੍ਰੋਗਰਾਮ ਕਰਵਾਇਆ



**ਫ਼ਰੀਦਕੋਟ ( ਗੁਰਪ੍ਰੀਤ ਸਿੰਘ ਬੇਦੀ)**

ਕਲਮਾਂ ਦੇ ਰੰਗ ਸਾਹਿਤ ਸਭਾ (ਰਜਿ.) ਫ਼ਰੀਦਕੋਟ ਵੱਲੋਂ 11 ਜਨਵਰੀ ਨੂੰ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ ਅਤੇ ਪ੍ਰਧਾਨ ਸ਼ਿਵਨਾਥ ਦਰਦੀ ਦੀ ਯੋਗ ਅਗਵਾਈ ਹੇਠ ਪ੍ਰੋਗਰਾਮ 'ਲੋਹੜੀ ਧੀਆਂ ਦੀ' ਕਾਮਰੇਡ ਸ਼ਹੀਦ ਅਮੋਲਕ ਸਿੰਘ ਭਵਨ ਫ਼ਰੀਦਕੋਟ ਵਿਖੇ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਸਮਾਜ ਸੇਵੀ ਅਤੇ ਆਪਣੇ ਖ਼ੇਤਰ ਦੇ ਮਾਹਰ ਡਾ. ਨਿਸ਼ੀ ਗਰਗ (ਗਰਗ ਮਲਟੀਪਰਪਜ਼ ਹਸਪਤਾਲ ਫ਼ਰੀਦਕੋਟ) ਨੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਪ੍ਰਿੰਸੀਪਲ ਮੰਜੂ ਕਪੂਰ, ਸ਼ਸ਼ੀ ਸ਼ਰਮਾ, ਮੰਜੂ ਸੁਖੀਜਾ, ਸੁਰਿੰਦਰਪਾਲ ਕੌਰ ਸਰਾਂ, ਇੰਸਪੈਕਟਰ ਪਰਮਜੀਤ ਕੌਰ ਵਿਸ਼ੇਸ਼ ਮਹਿਮਾਨ ਵਜੋਂ ਪਧਾਰੇ। ਪ੍ਰੋਗਰਾਮ ਦੌਰਾਨ ਸਭਾ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ 8 ਸਨਮਾਨਯੋਗ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿੱਚ ਕਿਰਨ ਸੁਖੀਜਾ (ਪ੍ਰਸਿੱਧ ਸਮਾਜ ਸੇਵਿਕਾ), ਤੇਜਿੰਦਰਪਾਲ ਕੌਰ ਮਾਨ (ਪ੍ਰਸਿੱਧ ਪੰਜਾਬੀ ਲੇਖਿਕਾ), ਬੀਬਾ ਅਰਮਾਨਦੀਪ ਕੌਰ (ਪ੍ਰਸਿੱਧ ਰੰਗਮੰਚ ਅਦਾਕਾਰਾ), ਬੇਟੀ ਟਵਿਸ਼ਾ ਸੁਖੀਜਾ (ਅੰਤਰਰਾਸ਼ਟਰੀ ਅਬੈਕਸ ਚੈਂਪੀਅਨ), ਬਲਵਿੰਦਰ ਕੌਰ (ਸਹਾਇਕ ਹੋਸਟਲ ਵਾਰਡਨ), ਲਵਪ੍ਰੀਤ ਕੌਰ (ਪੰਚਾਇਤ ਮੈਂਬਰ, ਪਿੰਡ ਪਿਪਲੀ), ਸੁਖਜੀਤ ਕੌਰ (ਮੇਟ, ਨਰੇਗਾ), ਸ਼੍ਰੀਮਤੀ ਹਰਜੀਤ ਕੌਰ ਹੌਲਦਾਰ (ਇੰਚਾਰਜ ਵੂਮੈਨ ਸੈੱਲ, ਪੰਜਾਬ ਪੁਲਸ ਫ਼ਰੀਦਕੋਟ), ਸ਼ੀਲਾ ਮਨਚੰਦਾ ਦੇ ਨਾਂਅ ਸ਼ਾਮਲ ਹਨ। ਸੱਭਿਆਚਾਰਕ ਵੰਨਗੀਆਂ ਪੇਸ਼ ਕਰਨ ਵਾਲੀਆਂ ਬੱਚੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਫ਼ਰੀਦਕੋਟ ਦੇ ਮਸ਼ਹੂਰ ਸ਼ੋ-ਰੂਮ ਰਾਜੇ ਦੀ ਹੱਟੀ ਵੱਲੋਂ ਸਪਾਂਸਰ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਸਭਾ ਦੇ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਸਨਮਾਨ ਪ੍ਰਾਪਤ ਕਰਨ ਵਾਲੀਆਂ ਸ਼ਖ਼ਸੀਅਤਾਂ, ਪਤਵੰਤੇ ਸੱਜਣਾਂ, ਪੱਤਰਕਾਰ ਸੱਜਣਾਂ ਅਤੇ ਦਰਸ਼ਕਾਂ ਨੂੰ ਜੀ ਆਇਆਂ ਆਖਿਆ।

ਇਸ ਉਪਰੰਤ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਦੁਆਰਾ ਲੋਹੜੀ ਬਾਲਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਕਰਵਾਏ ਗਏ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਪ੍ਰਸਿੱਧ ਲੋਕ ਗਾਇਕਾ ਸਰਬਜੀਤ ਕੌਰ, ਰਾਜ ਗਿੱਲ ਭਾਣਾ, ਗੁਰਪ੍ਰੀਤ ਸਿੰਘ, ਗੁਰਸੇਵਕ ਮਾਨ ਨੇ ਦਰਸ਼ਕਾਂ ਦਾ ਮਨੋਰੰਜਨ ਕੀਤਾ।

ਇਸ ਤੋਂ ਇਲਾਵਾ ਪੰਜਾਬੀ ਸੱਭਿਆਚਾਰਕ ਪਹਿਰਾਵੇ ਵਿੱਚ ਸਜੀਆਂ ਨਹਿਰੂ ਯੁਵਾ ਕੇਂਦਰ ਫ਼ਰੀਦਕੋਟ ਦੀਆਂ ਬੱਚੀਆਂ ਨੇ ਗਿੱਧੇ ਅਤੇ ਬੋਲੀਆਂ ਪਾ ਕੇ ਦਰਸ਼ਕਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਅੰਤ ਵਿੱਚ ਪ੍ਰਧਾਨ ਸ਼ਿਵਨਾਥ ਦਰਦੀ ਨੇ ਸਭ ਦਾ ਧੰਨਵਾਦ ਕੀਤਾ। ਸਭਾ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਸਭਾ ਦੇ ਉਦੇਸ਼ਾਂ ਅਤੇ ਗਤੀਵਿਧੀਆਂ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਭਾ ਵੱਲੋਂ ਹਰ ਸਾਲ ਲੋਹੜੀ ਦੇ ਤਿਉਹਾਰ ਮੌਕੇ ਧੀਆਂ ਦਾ ਸਨਮਾਨ ਕੀਤਾ ਜਾਂਦਾ ਹੈ। ਇਸ ਦੌਰਾਨ ਅਸ਼ੋਕ ਕੌਸ਼ਲ, ਪ੍ਰੇਮ ਚਾਵਲਾ, ਕੁਲਦੀਪ ਅਟਵਾਲ, ਪਰਮਜੀਤ ਕੌਰ, ਇਸਤਰੀ ਸਭਾ ਫ਼ਰੀਦਕੋਟ ਦੇ ਮੈਂਬਰਾਂ ਤੋਂ ਇਲਾਵਾ ਸਭਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਵਿੱਚੋਂ ਸੀਨੀਅਰ ਮੀਤ ਪ੍ਰਧਾਨ ਸਰਬਰਿੰਦਰ ਬੇਦੀ, ਮੀਤ ਪ੍ਰਧਾਨ ਲੋਕ ਗਾਇਕ ਰਾਜ ਗਿੱਲ ਭਾਣਾ, ਕਾਨੂੰਨੀ ਸਲਾਹਕਾਰ ਐਡਵੋਕੇਟ ਪਰਦੀਪ ਅਟਵਾਲ, ਵਿੱਤ ਸਕੱਤਰ ਕੇ.ਪੀ. ਸਿੰਘ ਸਰਾਂ, ਖ਼ਜ਼ਾਨਚੀ ਕਸ਼ਮੀਰ ਮਾਨਾ, ਸਕੱਤਰ ਸੁਖਵੀਰ ਬਾਬਾ, ਮੀਡੀਆ ਇੰਚਾਰਜ ਅਸ਼ੀਸ਼ ਕੁਮਾਰ, ਮੈਂਬਰ ਕਾਮਰੇਡ ਵੀਰ ਸਿੰਘ ਕੰਮੇਆਣਾ, ਮੈਂਬਰ ਬਲਕਾਰ ਸਿੰਘ ਸਹੋਤਾ, ਗੁਰਦੀਪ ਸਿੰਘ, ਆਦਿ ਹਾਜ਼ਰ ਸਨ।

## ਪ੍ਰੋ. ਗੁਰਲੀਨ ਨੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਕਾਰਜਭਾਰ ਸੰਭਾਲਿਆ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਭਾਈ ਆਸਾ ਸਿੰਘ ਗਰਲਜ਼ ਕਾਲਜ, ਗੋਨਿਆਣਾ ਮੰਡੀ, ਜ਼ਿਲ੍ਹਾ ਬਠਿੰਡਾ ਵਿੱਚ ਕੰਪਿਊਟਰ ਐਪਲੀਕੇਸ਼ਨ ਵਿਭਾਗ ਦੀ ਮੁਖੀ ਗੁਰਲੀਨ ਨੇ ਕਾਲਜ ਦੀ ਕਾਰਜਕਾਰੀ ਪ੍ਰਿੰਸੀਪਲ ਵਜੋਂ ਆਪਣਾ ਕਾਰਜਭਾਰ ਸੰਭਾਲ ਲਿਆ ਹੈ। ਉਹ ਉੱਚ ਸਿੱਖਿਆ ਦੇ ਖੇਤਰ ਵਿੱਚ ਇੱਕ ਪ੍ਰਤਿਸ਼ਠਿਤ ਅਧਿਆਪਿਕਾ ਅਤੇ ਕੁਸ਼ਲ ਪ੍ਰਸ਼ਾਸਕ ਵਜੋਂ ਜਾਣੇ ਜਾਂਦੇ ਹਨ।ਅਧਿਆਪਨ ਦੇ ਨਾਲ-ਨਾਲ ਗੁਰਲੀਨ ਵੱਖ-ਵੱਖ ਮਹੱਤਵਪੂਰਨ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਵੀ ਨਿਭਾਉਂਦੇ ਰਹੇ ਹਨ। ਉਹ ਪਿਛਲੇ 22 ਸਾਲਾਂ ਤੋਂ ਕਾਲਜ ਵਿੱਚ ਵੱਖ ਵੱਖ ਵਿਭਾਗਾਂ ਦੀਆਂ ਗਤੀਵਿਧੀਆਂ ਵਿੱਚ ਮਹੱਤਵਪੂਰਨ ਕੰਮ ਕਰਦੇ ਰਹਿਣ ਦੇ ਨਾਲ ਯੂਥ ਕੋਆਰਡੀਨੇਟਰ ਅਤੇ ਐਨ ਈ ਪੀ ਦੀ ਨੋਡਲ ਅਫ਼ਸਰ ਵਜੋਂ ਵੀ ਸੇਵਾਵਾਂ ਨਿਭਾ ਰਹੇ ਹਨ ।ਕਾਲਜ ਦੇ ਸਰਪ੍ਰਸਥ ਮਹੰਤ ਭਾਈ ਕਾਹਨ ਸਿੰਘ, ਕਾਲਜ ਦੇ ਚੇਅਰਮੈਨ ਸੰਤ ਭਾਈ ਰਣਜੀਤ ਸਿੰਘ ਦੇ ਅਸ਼ੀਰਵਾਦ ਨਾਲ ਅਤੇ ਕਾਲਜ ਦੇ ਵਾਇਸ ਚੇਅਰਮੈਨ ਚਰਨਜੀਤ ਸਿੰਘ ਅਤੇ ਸਮੂਹ ਕਾਲਜ ਪ੍ਰਬੰਧਕ ਕਮੇਟੀ ਵੱਲੋਂ ਸ੍ਰੀਮਤੀ ਗੁਰਲੀਨ ਨੂੰ ਕਾਰਜਕਾਰੀ ਪ੍ਰਿੰਸੀਪਲ ਦਾ ਕਾਰਜਭਾਰ ਸੰਭਾਲਣ 'ਤੇ ਵਧਾਈ ਦਿੱਤੀ ਗਈ । ਇਸ ਮੌਕੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ, ਅਧਿਆਪਕ, ਗੈਰ-ਅਧਿਆਪਕ ਕਰਮਚਾਰੀ ਅਤੇ ਹਾਜ਼ਰ ਸਨ।



# ਮਾਘੀ ਦੇ ਇਤਿਹਾਸਕ ਜੋੜ ਮੇਲੇ ਮੌਕੇ ਗੁਰਦੁਆਰਾ ਸਾਹਿਬਾਨ ਦੀ ਸੁੰਦਰ ਸਜਾਵਟ

**ਅੱਜ ਪਵਿੱਤਰ ਸਰੋਵਰ 'ਚ ਇਸ਼ਨਾਨ ਕਰਨ ਲਈ ਵੱਡੀ ਗਿਣਤੀ 'ਚ ਸੰਗਤ ਪੁੱਜੇਗੀ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-40 ਮੁਕਤਿਆਂ ਦੀ ਯਾਦ ਵਿੱਚ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ 'ਤੇ ਹਰ ਸਾਲ 12 ਜਨਵਰੀ ਤੋਂ 15 ਜਨਵਰੀ ਤੱਕ ਮੇਲਾ ਮਾਘੀ ਮਨਾਇਆ ਜਾਂਦਾ ਹੈ।14 ਜਨਵਰੀ ਨੂੰ ਮਾਘੀ ਇਸ਼ਨਾਨ ਵਾਲੇ ਦਿਨ ਦੇਸ਼ ਵਿਦੇਸ਼ 'ਚੋਂ ਵੱਡੀ ਗਿਣਤੀ ਵਿੱਚ ਸੰਗਤ ਸ੍ਰੀ ਮੁਕਤਸਰ ਸਾਹਿਬ ਵਿਖੇ ਪੱਵਿਤਰ ਸਰੋਵਰ ਵਿੱਚ ਇਸ਼ਨਾਨ ਕਰਨ ਲਈ ਪਹੁੰਚਦੀ ਹੈ।ਅੱਜ ਮਾਘੀ ਜੋੜ ਮੇਲੇ ਦੇ ਦੂਜੇ ਦਿਨ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਸੁੰਦਰ ਸਜਾਵਟ ਕੀਤੀ ਗਈ ਹੈ।ਗੁਰਦੁਆਰਾ ਸਾਹਿਬ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਪ੍ਰਦਰਸ਼ਨੀ ਲਾਈ ਗਈ ਹੈ।ਇਤਿਹਾਸ ਦੀ ਗੱਲ ਕਰੀਏ ਤਾਂ ਚਾਲੀ ਮੁਕਤਿਆਂ ਦੀ ਧਰਤੀ ਸ੍ਰੀ ਮੁਕਤਸਰ ਸਾਹਿਬ ਦਾ ਪੁਰਾਣਾ ਨਾਮ ਖਿਦਰਾਣੇ ਦੀ ਢਾਬ ਸੀ।ਖਿਦਰਾਣੇ ਦੀ ਢਾਬ 'ਤੇ ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਜੀਵਨ ਦੀ ਮੁਗਲ ਹਕੂਮਤ ਵਿਰੁੱਧ ਆਖਰੀ ਤੇ ਫੈਸਲਾਕੁੰਨ ਜੰਗ ਲੜੀ ਅਤੇ ਜਿੱਤ ਪ੍ਰਾਪਤ ਕੀਤੀ।ਇਸ ਜੰਗ ਦੌਰਾਨ ਉਹ ਚਾਲੀ ਸਿੰਘ ਵੀ ਸ਼ਾਮਲ ਹੋਏ, ਜੋ ਆਨੰਦਪੁਰ ਸਾਹਿਬ ਦੇ ਕਿਲ੍ਹੇ ਵਿੱਚ ਗੁਰੂ ਸਾਹਿਬ ਨੂੰ ਇਹ ਬੇਦਾਵਾ ਲਿਖ ਕੇ ਦੇ ਆਏ ਸਨ ਕਿ ਤੁਸੀਂ ਸਾਡੇ ਗੁਰੂ ਨਹੀਂ ਤੇ ਅਸੀਂ ਤੁਹਾਡੇ ਸਿੱਖ ਨਹੀਂ।ਮਾਤਾ ਭਾਗ ਕੌਰ ਦੀ ਅਗਵਾਈ ਵਿੱਚ ਭਾਈ ਮਹਾਂ ਸਿੰਘ ਤੇ 40 ਸਿੰਘਾਂ ਦੇ ਜੱਥੇ ਨੇ ਖਿਦਰਾਣੇ ਦੀ ਢਾਬ ਵਿਖੇ ਗੁਰੂ ਸਾਹਿਬ ਦੇ ਨਾਲ ਜੰਗ ਲੜੀ ਤੇ ਸ਼ਹੀਦੀਆਂ ਪ੍ਰਾਪਤ ਕੀਤੀਆਂ।ਇਸ ਦੌਰਾਨ ਜ਼ਖ਼ਮੀ ਹਾਲਤ ਵਿੱਚ ਭਾਈ ਮਹਾਂ ਸਿੰਘ ਤੋਂ ਜਦ ਦਸਮਪਿਤਾ ਗੁਰੂ ਗੋਬਿੰਦ ਸਿੰਘ ਜੀ ਨੇ ਆਖਰੀ ਇੱਛਾ ਪੁੱਛੀ ਤਾਂ ਉਨ੍ਹਾਂ ਕਿਹਾ ਕਿ ਉਹ ਬੇਦਾਵਾ ਪਾੜ ਦਿਓ, ਜੋ ਅਸੀਂ ਤੁਹਾਨੂੰ ਲਿਖ ਕੇ ਦੇ ਆਏ ਸੀ।ਇਸ ਜਗ੍ਹਾ ਗੁਰੂ ਸਾਹਿਬ ਨੇ ਬੇਦਾਵਾ ਪਾੜਿਆ ਤੇ ਉਸ ਜਗ੍ਹਾ ਅੱਜ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਸੁਸ਼ੋਭਿਤ ਹੈ। ਖਿਦਰਾਣੇ ਦੀ ਢਾਬ ਵਾਲੀ ਜਗ੍ਹਾ ਨੂੰ ਗੁਰੂ ਸਾਹਿਬ ਨੇ ਮੁਕਤ ਸਰ ਅਰਥਾਤ ਮੁਕਤੀ ਦਾ ਸਰੋਵਰ ਹੋਣ ਦਾ ਵਰ ਦਿੱਤਾ ਅਤੇ ਇਹ ਸਥਾਨ ਖਿਦਰਾਣਾ ਤੋਂ ਸ੍ਰੀ ਮੁਕਤਸਰ ਸਾਹਿਬ ਬਣ ਗਿਆ।ਉਹ 40 ਸਿੰਘ ਇਤਿਹਾਸ ਵਿੱਚ 40 ਮੁਕਤਿਆਂ ਵਜੋਂ ਜਾਣੇ ਜਾਂਦੇ ਹਨ।ਉਨ੍ਹਾਂ 40 ਮੁਕਤਿਆਂ ਦੇ ਨਾਮ 'ਤੇ ਹੀ ਇਸ ਜਗ੍ਹਾ ਦਾ ਨਾਮ ਸ੍ਰੀ ਮੁਕਤਸਰ ਸਾਹਿਬ ਪਿਆ।

## ਪ ਸ ਸ ਫ ਦੀ ਫੈਡਰਲ ਕੌਂਸਲ ਦੀ ਮੀਟਿੰਗ ਜਲੰਧਰ 'ਚ 18 ਨੂੰ



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1406-22-ਬੀ ਚੰਡੀਗੜ੍ਹ ਦੀ ਫੈਡਰਲ ਕੌਂਸਲ ਦੀ ਮੀਟਿੰਗ 18 ਜਨਵਰੀ ਐਤਵਾਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਹੈ।ਇਸ ਸਬੰਧੀ ਪ ਸ ਸ ਫ ਜ਼ਿਲ੍ਹਾ ਫਿਰੋਜ਼ਪੁਰ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜ਼ੋਨਲ ਪ੍ਰੈਸ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਸੂਬਾ ਪ੍ਰਧਾਨ ਸਤੀਸ਼ ਰਾਣਾ ਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਹੋਣ ਜਾ ਰਹੀ ਮੀਟਿੰਗ ਵਿੱਚ ਜੇ.ਪੀ.ਐੱਮ.ਓ. ਵੱਲੋਂ ਕੀਤੀ ਗਈ 28 ਦਸੰਬਰ 2025 ਦੀ ਜਲੰਧਰ ਕਨਵੈਨਸ਼ਨ ਤੇ 16 ਜਨਵਰੀ 2026 ਨੂੰ ਵੱਖ ਵੱਖ ਜਥੇਬੰਦੀਆਂ ਵੱਲੋਂ ਸਾਂਝੀਆਂ ਜ਼ਿਲ੍ਹਾ ਪੱਧਰੀ ਰੈਲੀਆਂ ਵਿੱਚ ਪ ਸ ਸ ਫ ਦੀ ਕੀਤੀ ਜਾਣ ਵਾਲੀ ਸ਼ਮੂਲੀਅਤ ਦੇ ਰੀਵਿਊ ਸਬੰਧੀ ਚਰਚਾ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਤੇ ਸੰਯੁਕਤ ਕਿਸਾਨ ਮੋਰਚਾ ਦੇ ਬਣਾਏ ਗਏ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਨ ਤੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਦੇਸ਼ ਵਿਆਪੀ ਮੰਗਾਂ 'ਤੇ ਹੋ ਰਹੀ ਏ.ਆਈ. ਐਸ.ਜੀ.ਈ.ਐਫ ਦੀ18ਵੀਂ ਨੈਸ਼ਨਲ ਕਾਨਫਰੰਸ ਵਿੱਚ ਪ ਸ ਸ ਫ ਦੀ ਸ਼ਮੂਲੀਅਤ ਦੀ ਤਿਆਰੀ ਤੋਂ ਇਲਾਵਾ, ਕੇਂਦਰੀ ਟਰੇਡ ਯੂਨੀਅਨਾਂ ਤੇ ਮੁਲਾਜ਼ਮ ਫੈਡਰੇਸ਼ਨਾਂ ਦੇ ਸੱਦੇ 'ਤੇ 12 ਫਰਵਰੀ 2026 ਨੂੰ ਕੀਤੀ ਜਾ ਰਹੀ ਕੌਮੀ ਹੜਤਾਲ ਦੀ ਤਿਆਰੀ ਸਬੰਧੀ ਲਾਮਬੰਦੀ ਕਰਨ 'ਤੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸੂਬਾ ਪੱਧਰੀ ਮੀਟਿੰਗ ਵਿੱਚ ਪ.ਸ.ਸ.ਫ. ਦੇ ਫੈਡਰਲੜ ਕੌਂਸਲ ਦੇ ਸਮੂਹ ਮੈਂਬਰ ਸ਼ਾਮਲ ਹੋਣਗੇ।ਇਸ ਸਬੰਧੀ ਮੀਟਿੰਗ ਵਿੱਚ ਪ ਸ ਸ ਫ ਦੇ ਜ਼ਿਲ੍ਹਾ ਆਗੂ ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ, ਰਾਜੀਵ ਕੁਮਾਰ ਸਾਡਾ, ਜਗਮੀਤ ਸਿੰਘ, ਮਹਿੰਦਰ ਸਿੰਘ ਧਾਲੀਵਾਲ ਪੈਨਸ਼ਨਰ ਆਗੂ ਆਦਿ ਹਾਜ਼ਰ ਸਨ।

# ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਸਮੇਤ ਕਈ ਦਿੱਗਜ਼ ਆਗੂ ਪਹੁੰਚੇ ਮੁਕਤਸਰ

**■ ਕਾਂਗਰਸੀ ਆਗੂ ਬਿੱਲੂ ਸਿੱਧੂ ਦੇ ਗ੍ਰਹਿ ਵਿਖੇ ਮੀਟਿੰਗ ਨੇ ਕੜਾਕੇ ਦੀ ਸਰਦੀ 'ਚ ਭਖਾਈ ਸਿਆਸਤ**

**■ ਰਾਜਾ ਵੜਿੰਗ ਦੀ ਗੈਰ-ਮੌਜੂਦਗੀ ਵੀ ਬਣੀ ਚਰਚਾ ਦਾ ਵਿਸ਼ਾ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**

ਸ੍ਰੀ ਮੁਕਤਸਰ ਸਾਹਿਬ ਦੇ ਕੋਟਕਪੂਰਾ ਰੋਡ ਬਾਈਪਾਸ ਵਿਖੇ ਟਕਸਾਲੀ ਕਾਂਗਰਸੀ ਆਗੂ ਪਰਮਜੀਤ ਸਿੰਘ ਬਿੱਲੂ ਸਿੱਧੂ ਦੇ ਗ੍ਰਹਿ ਵਿਖੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਕਈ ਦਿੱਗਜ਼ ਆਗੂ ਪਹੁੰਚੇ, ਜਿਸ ਦੇ ਨਾਲ ਹੀ ਕੜਾਕੇ ਦੀ ਸਰਦੀ 'ਚ ਸਿਆਸਤ ਭੱਖ ਗਈ ਹੈ, ਉੱਥੇ ਹੀ ਇਸ ਮੀਟਿੰਗ 'ਚ ਪੰਜਾਬ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਗੈਰਮੌਜੂਦਗੀ ਵੀ ਚਰਚਾਵਾਂ ਦਾ ਵਿਸ਼ਾ ਬਣ ਗਈ ਹੈ।ਇਸ ਮੀਟਿੰਗ 'ਚ ਭਾਰਤ ਭੂਸ਼ਣ ਆਸ਼ੂ, ਰਾਣਾ ਗੁਰਜੀਤ ਸਿੰਘ ਸਮੇਤ ਕਾਂਗਰਸ ਤੋਂ ਬਾਗੀ ਹੋਏ ਕੌਂਸਲਰ ਵੀ ਨਜ਼ਰ ਆਏ।ਇਹੀ ਨਹੀਂ ਰਾਜ ਬਲਵਿੰਦਰ ਸਿੰਘ ਮਰਾੜ ਵੀ ਇਸ ਮੀਟਿੰਗ 'ਚ ਸ਼ਾਮਲ ਸਨ, ਜਿਸ ਨਾਲ ਚਰਚਾਵਾਂ ਦਾ ਬਜ਼ਾਰ ਗਰਮਾ ਗਿਆ ਹੈ।

ਦੱਸ ਦਈਏ ਕਿ ਮੇਲਾ ਮਾਘੀ ਮੌਕੇ ਬਾਈ ਪਰਮਜੀਤ ਸਿੰਘ ਬਿੱਲੂ ਸਿੱਧੂ ਦੀ ਅਗਵਾਈ ਹੇਠ ਕਈ ਅਜਿਹੀਆਂ ਸ਼ਖਸੀਅਤਾਂ ਦੀ ਫੋਟੋ ਲੱਗੇ ਫਲੈਕਸ ਸ਼ਹਿਰ 'ਚ ਪਹਿਲਾਂ ਹੀ ਚਰਚਾਵਾਂ ਦਾ ਵਿਸ਼ਾ ਸਨ, ਜਿਨ੍ਹਾਂ 'ਚ ਐੱਮ ਸੀ ਦੀ ਚੋਣ ਲੜ ਕੇ ਜਿੱਤ ਚੁੱਕੇ ਤੇ ਕੁਝ ਕਾਂਗਰਸ ਤੋਂ ਬਾਗੀ ਹੋਏ ਸਾਬਕਾ ਕੌਂਸਲਰਾਂ ਦੀਆਂ ਤਸਵੀਰਾਂ ਸ਼ਾਮਲ ਨੇ, ਉਹ ਚਰਚਾ 'ਚ ਸਨ।ਪਰ ਹੁਣ ਇਸ ਮੀਟਿੰਗ ਨੇ ਸਿਆਸੀ ਮਾਹੌਲ ਹੋਰ ਭਖਾ ਦਿੱਤਾ ਹੈ।ਨਗਰ ਕੌਂਸਲ ਦੀਆਂ ਚੋਣਾਂ ਵੀ ਸਿਰ 'ਤੇ ਹਨ।

ਰਚਨਾਵਾਂ ਤਾਂ ਇਥੋਂ ਤੱਕ ਹਨ ਕਿ ਗਰੁੱਪ ਦੇ ਇਹ ਮੈਂਬਰ ਨਗਰ ਕੌਂਸਲ ਦੀਆਂ ਚੋਣਾਂ ਵੀ ਲੜ ਸਕਦੇ ਹਨ।ਜੇਕਰ ਇਹ ਮੈਂਬਰ ਜਿੱਤਦੇ ਹਨ ਤਾਂ ਮੁਕਤਸਰ ਦੀ ਸਿਆਸਤ ਵਿੱਚ ਇੱਕ ਅਲੱਗ ਹੀ ਤਸਵੀਰ ਸਾਹਮਣੇ ਆ ਸਕਦੀ ਹੈ, ਕਿਉਂਕਿ ਇਹ ਮੈਂਬਰ ਆਪਣੀ ਅੜੀ ਦੇ ਪੱਕੇ ਹਨ ਤੇ ਸ਼ਹਿਰ ਵਿੱਚ ਵਿਕਾਸ ਕੰਮ ਕਰਵਾਉਣ ਨੂੰ ਤਰਜੀਹ ਦਿੰਦੇ ਹਨ।

# ਖੇਤੀ ਟੈਕਨੋਕਰੇਟਸ ਵੱਲੋਂ ਆਲਮੀ ਅਮਨ ਤੇ ਸਰਬਪੱਖੀ ਵਿਕਾਸ ਲਈ ਉਚੇਚੇ ਕਦਮ ਚੁੱਕਣ ਦਾ ਸੱਦਾ



**ਲੁਧਿਆਣਾ (ਐੱਮ ਐੱਸ ਭਾਟੀਆ)**-ਆਲਮੀ ਅਮਨ ਤੇ ਸਰਬਪੱਖੀ ਵਿਕਾਸ ਲਈ ਦੁਨੀਆ ਭਰ ਦੇ ਖੇਤੀ ਟੈਕਨੋਕਰੇਟਸ ਦੀ ਜਥੇਬੰਦੀ ਇੰਟਰਨੈਸ਼ਨਲ ਪਲਾਂਟ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ ਦੀ ਪੰਜਾਬ ਚੈਪਟਰ ਦੀ ਹੰਗਾਮੀ ਮੀਟਿੰਗ ਲੁਧਿਆਣਾ ਵਿਖੇ ਜਥੇਬੰਦੀ ਦੇ ਸਰਪ੍ਰਸਤ ਡਾ. ਇੰਦਰਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਅਜੋਕੇ ਕੌਮੀ ਤੇ ਕੌਮਾਂਤਰੀ ਹਾਲਾਤਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ।ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਸੰਸਥਾ ਦੇ ਪ੍ਰਧਾਨ ਡਾ. ਰਜਿੰਦਰ ਪਾਲ ਸਿੰਘ ਔਲਖ ਤੇ ਜਨਰਲ ਸਕੱਤਰ ਡਾ. ਹਰਿੰਦਰ ਸਿੰਘ ਨੇ ਕਿਹਾ ਕਿ ਦੁਨੀਆ ਦੇ ਲੱਗਭੱਗ ਸਾਰੇ ਦੇਸ਼ਾਂ ਦੇ ਨਾਗਰਿਕਾਂ ਨੂੰ ਹੀ ਮਹਿੰਗਾਈ, ਬੇਰੁਜ਼ਗਾਰੀ ਤੇ ਸਮਾਜਕ ਸੁਰੱਖਿਆ ਵਰਗੇ ਮਸਲਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦਾ ਮੁੱਖ ਕਾਰਨ ਆਰਥਿਕ ਨਾ-ਬਰਾਬਰੀ ਹੈ ਤੇ ਲੋਕ ਸਹੂਲਤਾਂ, ਇਨਫਰਾਸਟਰਕਚਰ ਤੇ ਵਿਕਾਸ 'ਤੇ ਪੈਸਾ ਖ਼ਰਚਣ ਦੀ ਬਜਾਏ ਦੂਸਰਿਆਂ 'ਤੇ ਧੌਂਸ ਜਮਾਉਣ, ਲੁੱਟਣ ਦੇ ਮਕਸਦ ਨਾਲ ਮਾਰੂ ਹਥਿਆਰਾਂ 'ਤੇ ਬੇਲੋੜਾ ਖਰਚ ਕੀਤਾ ਜਾ ਰਿਹਾ ਹੈ।ਫਲਸਰੂਪ ਤੇਜ਼ੀ ਨਾਲ ਵਧ ਰਹੇ ਆਰਥਿਕ ਪਾੜੇ ਕਾਰਨ ਬਹੁ-ਗਿਣਤੀ ਲੋਕਾਂ ਦੀ ਖ਼ਰੀਦ ਸ਼ਕਤੀ ਸਗਾਤਾਰ ਘੱਟ ਰਹੀ ਹੈ ਅਤੇ ਉੱਪਰਲੇ 1 ਪ੍ਰਤੀਸ਼ਤ ਲੋਕਾਂ ਕੋਲ ਸਰਮਾਇਆ ਲਗਾਤਾਰ ਵੱਧ ਰਿਹਾ ਹੈ।ਉਨ੍ਹਾ ਕੇਂਦਰ ਸਰਕਾਰ ਵੱਲੋਂ ਸਸਟੇਨੇਬਲ ਹਾਰਨੈਸਿੰਗ ਐਂਡ ਐਡਵਾਂਸਮੈਂਟ ਆਫ ਨਿਊਕਲੀਅਰ ਐਨਰਜੀ ਫਾਰ ਟਰਾਂਸਫੌਰਮਿੰਗ ਇੰਡੀਆ (SHANTI) ਐਕਟ ਲਿਆਉਣ ਦੀ ਨਿੰਦਾ ਕਰਦਿਆਂ ਕਿਹਾ ਕਿ ਇਸ ਐਕਟ ਦੇ ਆਉਣ ਨਾਲ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਬਹੁਤ ਹੀ ਖਤਰਨਾਕ ਤੇ ਜੋਖਮੀ ਪ੍ਰਮਾਣੂ ਬਿਜਲੀ ਉਤਪਾਦਨ ਖੇਤਰ ਵਿੱਚ ਦਾਖਲ ਹੋ ਜਾਣਗੇ ਤੇ ਇਸ ਨਾਲ ਦੇਸ਼ ਦੀ ਪ੍ਰਮਾਣੂ ਸੁਰੱਖਿਆ ਖਤਰੇ ਵਿੱਚ ਪੈ ਜਾਵੇਗੀ।ਉਨ੍ਹਾ ਬਿਜਲੀ ਸੋਧ ਬਿੱਲ ਤੇ ਬੀਜ ਐਕਟ 1966 ਨੂੰ ਰੱਦ ਕਰਕੇ ਦੁਨੀਆ ਦੇ ਵੱਡੇ ਕਾਰਪੋਰੇਟਾਂ ਨੂੰ ਬੀਜ ਵਪਾਰ 'ਤੇ ਕਾਬਜ਼ ਕਰਾਉਣ ਲਈ ਨਵਾਂ ਬੀਜ ਬਿੱਲ ਲਿਆਉਣ ਦੀ ਵੀ ਨਿੰਦਾ ਕੀਤੀ ਅਤੇ ਇਹ ਦੋਵੇਂ ਬਿੱਲ ਵਾਪਸ ਲੈਣ ਲਈ ਆਖਿਆ।ਮੀਟਿੰਗ ਨੂੰ ਹੋਰਨਾਂ ਤਾਂ ਇਲਾਵਾ ਡਾ. ਹਰਜਿੰਦਰ ਸਿੰਘ ਖਹਿਰਾ, ਡਾ. ਗੁਰਪ੍ਰੀਤ ਰਤਨ, ਡਾ. ਤਰਲੋਚਨ ਸਿੰਘ ਤੇ ਡਾ. ਰਾਜਵਿੰਦਰ ਸਿੰਘ ਖੰਗੂੜਾ ਨੇ ਵੀ ਕੌਮੀ 'ਤੇ ਕੌਮਾਂਤਰੀ ਲੋਕ ਵਿਰੋਧੀ ਵਰਤਾਰਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੀ।ਮੀਟਿੰਗ ਉਪਰੰਤ ਵਿਚਾਰੇ ਮੁੱਦਿਆਂ ਬਾਰੇ ਲੋਕ ਚੇਤਨਾ ਲਈ ਪੰਜਾਬ ਵਿੱਚ ਖਿੱਤਾਵਾਰ ਵਿਚਾਰ ਗੋਸ਼ਟੀਆਂ ਕਰਨ ਦਾ ਫੈਸਲਾ ਕੀਤਾ ਗਿਆ।

# ਜਥੇਦਾਰ ਮਾਹਲਾ ਦੇ ਵਿਕਾਸਕਾਰੀ ਵਿਜ਼ਨ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ : ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਬਾਘਾ ਪੁਰਾਣਾ ਤੋਂ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਚਿੱਤਰ ਸਿੰਘ ਸਾਬਕਾ ਚੇਅਰਮੈਨ ਤੇ ਸਰਕਲ ਪ੍ਰਧਾਨ ਘੋਲੀਆ, ਤਰਲੋਚਨ ਸਿੰਘ ਕਾਲੇਕੇ ਸੀਨੀਅਰ ਅਕਾਲੀ ਆਗੂ, ਹਰਜਿੰਦਰ ਸਿੰਘ ਗਿੱਲ ਕੈਨੇਡਾ ਸੀਨੀਅਰ ਅਕਾਲੀ ਆਗੂ, ਮਨਪ੍ਰੀਤ ਸਿੰਘ ਗਿੱਲ ਕੈਨੇਡਾ ਯੂਥ ਆਗੂ, ਕੁਲਦੀਪ ਸਿੰਘ ਗਿੱਲ, ਰਿੰਕਾ ਨੰਬਰਦਾਰ, ਗੁਰਸੇਵਕ ਸਿੰਘ ਗਿੱਲ ਤੇ ਜਗਤਾਰ ਸਿੰਘ ਲੱਖਾ ਯੂਥ ਆਗੂ ਨੇ ਇੱਕ ਸਾਂਝੇ ਬਿਆਨ ਦੌਰਾਨ ਕੀਤਾ।ਆਗੂਆਂ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਲੋਕਾਂ ਦੇ ਦੁੱਖ-ਸੁੱਖ ਦੇ ਸਾਥੀ ਹਨ ਤੇ ਉਨ੍ਹਾਂ ਦੀ ਸਿਆਸਤ ਸੇਵਾ, ਇਮਾਨਦਾਰੀ ਤੇ ਵਿਕਾਸ 'ਤੇ ਅਧਾਰਤ ਹੈ।ਹਲਕੇ ਅੰਦਰ ਉਨ੍ਹਾਂ ਦੀ ਪਕੜ ਹਰ ਵਰਗ ਵਿੱਚ ਮਜ਼ਬੂਤ ਹੈ, ਜਿਸ ਕਾਰਨ ਕਿਸਾਨਾਂ, ਨੌਜਵਾਨਾਂ, ਮਜ਼ਦੂਰਾਂ ਤੇ ਵਪਾਰੀ ਵਰਗ ਦਾ ਉਨ੍ਹਾਂ 'ਤੇ ਪੂਰਾ ਭਰੋਸਾ ਬਣਿਆ ਹੋਇਆ ਹੈ।ਲੋਕਾਂ ਨਾਲ ਸਿੱਧਾ ਸੰਪਰਕ, ਤੁਰੰਤ ਸਮੱਸਿਆਵਾਂ ਦਾ ਹੱਲ ਤੇ ਹਲਕੇ ਦੇ ਸਰਵਾਂਗੀ ਵਿਕਾਸ ਲਈ ਉਨ੍ਹਾਂ ਦੀ ਸੋਚ ਉਨ੍ਹਾਂ ਨੂੰ ਹੋਰ ਨੇਤਾਵਾਂ ਤੋਂ ਵੱਖਰਾ ਬਣਾਉਂਦੀ ਹੈ।ਬਿਆਨ ਵਿੱਚ ਆਗੂਆਂ ਨੇ ਦੱਸਿਆ ਕਿ ਜਦੋਂ ਜਥੇਦਾਰ ਮਾਹਲਾ ਐੱਮ ਐੱਲ ਏ ਬਣ ਗਏ ਅਤੇ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ, ਤਾਂ ਬਾਘਾ ਪੁਰਾਣਾ ਸ਼ਹਿਰ ਨੂੰ ਸੂਬੇ ਦਾ ਨੰਬਰ ਵਨ ਸ਼ਹਿਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦੀ ਮਿਸਾਲ ਪਹਿਲਾਂ ਹੀ ਬਾਘਾ ਪੁਰਾਣਾ ਵਿੱਚ ਲੱਗੇ ਵੱਡੇ ਵਿਕਾਸ ਪ੍ਰਾਜੈਕਟਾਂ ਰਾਹੀਂ ਮਿਲਦੀ ਹੈ, ਜੋ ਅਕਾਲੀ ਸਰਕਾਰ ਤੇ ਤਤਕਾਲੀਨ ਮੁੱਖ ਮੰਤਰੀ ਸਵਰਗੀ ਪ੍ਰਕਾਸ਼ ਸਿੰਘ ਬਾਦਲ ਦੀ ਦੂਰਦਰਸ਼ੀ ਸੋਚ ਦੀ ਦੇਣ ਹਨ।ਉਨ੍ਹਾਂ ਆਖਿਆ ਕਿ ਅਕਾਲੀ ਸਰਕਾਰਾਂ ਦੇ ਸਮੇਂ ਬਾਘਾ ਪੁਰਾਣਾ ਅੰਦਰ ਬੁਨਿਆਦੀ ਢਾਂਚੇ, ਸੜਕਾਂ, ਪੀਣ ਵਾਲੇ ਪਾਣੀ, ਸਿੱਖਿਆ ਤੇ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਬੇਮਿਸਾਲ ਵਿਕਾਸ ਹੋਇਆ।ਇਹੀ ਕਾਰਨ ਹੈ ਕਿ ਅੱਜ ਵੀ ਲੋਕ ਅਕਾਲੀ ਦਲ ਦੀਆਂ ਨੀਤੀਆਂ ਤੇ ਨੇਤ੍ਰਤਵ 'ਤੇ ਭਰੋਸਾ ਕਰਦੇ ਹਨ।ਅਖੀਰ ਵਿੱਚ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕੇ ਅੰਦਰ ਲੋਕ ਸੰਪਰਕ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਤੇ ਹਰ ਪਿੰਡ ਤੇ ਵਾਰਡ ਵਿੱਚ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਵਿਕਾਸਕਾਰੀ ਵਿਜ਼ਨ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਪੂਰੇ ਭਰੋਸੇ ਨਾਲ ਕਿਹਾ ਕਿ ਬਾਘਾ ਪੁਰਾਣਾ ਦੇ ਲੋਕ ਵੱਡੀ ਗਿਣਤੀ ਵਿੱਚ ਸਮਰਥਨ ਦੇ ਕੇ ਜਥੇਦਾਰ ਮਾਹਲਾ ਨੂੰ ਵੱਡੀ ਲੀਡ ਨਾਲ ਜਿਤਾਉਣਗੇ।

# ਟੈਕਨੀਕਲ ਸਰਵਿਸਿਜ਼ ਯੂਨੀਅਨ ਦੀ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

**■ 16 ਦੇ ਬਰਨਾਲਾ ਧਰਨੇ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ**



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਟੈਕਨੀਕਲ ਸਰਵਿਸਜ਼ ਯੂਨੀਅਨ ਸਬ-ਡਵੀਜ਼ਨ ਮਹਿਲ ਕਲਾਂ ਦੇ ਸਮੂਹ ਬਿਜਲੀ ਕਾਮਿਆਂ ਦੀ ਅਹਿਮ ਮੀਟਿੰਗ ਸਬ-ਡਵੀਜ਼ਨ ਪ੍ਰਧਾਨ ਜਸਵਿੰਦਰ ਸਿੰਘ ਚੰਨਣਵਾਲ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਸਰਕਲ ਆਗੂ ਪ੍ਰਗਟ ਸਿੰਘ ਕੋਟਦੁੱਨਾ, ਸਰਕਲ ਸਕੱਤਰ ਕੁਲਵੀਰ ਸਿੰਘ ਔਲਖ, ਮਨਦੀਪ ਸਿੰਘ ਗਹਿਲ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਲਿਆਂਦੇ ਚਾਰ ਕਾਨੂੰਨਾਂ ਦੇ ਵਿਰੋਧ 'ਚ ਸਮੁੱਚੇ ਬਿਜਲੀ ਕਾਮੇ ਮਜ਼ਦੂਰਾਂ, ਕਿਸਾਨਾਂ ਨਾਲ ਰਲ਼ ਕੇ 16 ਜਨਵਰੀ ਨੂੰ ਡੀ ਸੀ ਦਫਤਰ ਬਰਨਾਲਾ ਵਿਖੇ ਧਰਨਾ ਦੇ ਕੇ ਇਨ੍ਹਾਂ ਚਾਰ ਬਿੱਲਾਂ, ਬਿਜਲੀ ਸੋਧ ਬਿਲ 2025, ਸੀਡ ਸੋਧ ਬਿੱਲ, ਮਨਰੇਗਾ ਤੋੜ ਕੇ ਲਿਆਂਦਾ ਜੀ ਰਾਮ ਜੀ ਬਿੱਲ ਤੇ ਲੇਬਰ ਕਾਨੂੰਨ ਬਿੱਲਾਂ ਦਾ ਜ਼ਬਰਦਸਤ ਵਿਰੋਧ ਕੀਤਾ ਜਾਵੇਗਾ ਅਤੇ ਸ਼ਹਿਰ ਵਿੱਚ ਮੁਜ਼ਾਹਰਾ ਕਰਕੇ ਇਨ੍ਹਾਂ ਬਿੱਲਾਂ ਨੂੰ ਰੱਦ ਕਰਨ ਲਈ ਰਾਸ਼ਟਰਪਤੀ ਨੂੰ ਮੰਗ ਪੱਤਰ ਭੇਜਿਆ ਜਾਵੇਗਾ, ਜਿਸ ਵਿੱਚ ਬਰਨਾਲਾ ਸਰਕਲ ਦੇ ਸਮੁੱਚੇ ਬਿਜਲੀ ਕਾਮੇ ਵੱਡੀ ਪੱਧਰ 'ਤੇ ਹਾਜ਼ਰ ਹੋਣਗੇ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਰਕਲ ਸਕੱਤਰ ਕੁਲਵੀਰ ਸਿੰਘ ਔਲਖ ਨੇ ਬਿਜਲੀ ਮੁਲਾਜ਼ਮਾਂ ਨੂੰ ਟੀ ਐੱਸ ਯੂ ਦੇ 43ਵੇਂ ਚੋਣ ਡੈਲੀਗੇਟ ਅਜਲਾਸ, ਜੋ 17 ਜਨਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਿਹਾ ਹੈ, ਵਿੱਚ ਬਰਨਾਲਾ ਸਰਕਲ ਦੇ ਬਿਜਲੀ ਕਾਮੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਤੋਂ ਇਲਾਵਾ 21 ਜਨਵਰੀ ਨੂੰ ਸਮੂਹ ਬਿਜਲੀ ਮੁਲਾਜ਼ਮਾਂ ਵੱਲੋਂ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਦੇ ਨਿੱਜੀਕਰਨ ਕਰਨ ਖਿਲਾਫ, ਬਿਜਲੀ ਬੋਰਡ ਦੀਆਂ ਬਹੁਤ ਕੀਮਤੀ ਜ਼ਮੀਨਾਂ ਵੇਚਣ ਖਿਲਾਫ ਤੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਹੈੱਡ ਆਫਿਸ ਪਟਿਆਲਾ ਵਿਖੇ ਧਰਨੇ ਵਿੱਚ ਸ਼ਾਮਲ ਹੋਣ ਲਈ ਸਮੂਹ ਸਾਥੀਆਂ ਨੂੰ ਸੱਦਾ ਦਿੱਤਾ ਗਿਆ ਹੈ। ਇਸ ਮੌਕੇ ਗੁਰਪ੍ਰੀਤ ਸਿੰਘ ਛੀਨੀਵਾਲ ਕਲਾਂ, ਗਗਨਦੀਪ ਸਿੰਘ, ਸੁਖਵਿੰਦਰ ਸਿੰਘ ਚੁਹਾਣਕੇ ਨੇ ਸੰਬੋਧਨ ਕਰਦਿਆਂ ਸਮੂਹ ਬਿਜਲੀ ਕਾਮਿਆਂ ਨੂੰ ਸਮੁੱਚੇ ਪ੍ਰੋਗਰਾਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਕਿਹਾ ਤੇ ਲੰਮੇ ਸਮੇਂ ਤੋਂ ਹੜਤਾਲ 'ਤੇ ਚੱਲ ਰਹੇ ਮੀਟਰ ਰੀਡਰਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਕਰਦੇ ਹੋਏ ਕਿਹਾ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਸਮੂਹ ਮੁਲਾਜ਼ਮਾਂ ਵੱਲੋਂ ਪਾਵਰਕਾਮ ਦੀ ਮੈਨੇਜਮੈਂਟ ਦੀ ਟਾਲਮਟੋਲ ਨੀਤੀ ਖਿਲਾਫ ਨਾਅਰੇਬਾਜ਼ੀ ਕੀਤੀ ਗਈ।

## ਦੇਸ਼ ਭਗਤ 'ਵਰਸਿਟੀ ਵਿਖੇ ਮਨਾਈ ਲੋਹੜੀ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਆਪਣੇ ਕੈਂਪਸ ਵਿੱਚ ਲੋਹੜੀ ਦਾ ਤਿਉਹਾਰ ਬੜੇ ਉਤਸ਼ਾਹ ਤੇ ਸੱਭਿਆਚਾਰਕ ਜੋਸ਼ ਨਾਲ ਮਨਾਇਆ ਗਿਆ। ਇਹ ਜੀਵੰਤ ਸਮਾਗਮ ਅਮੀਰ ਸੱਭਿਆਚਾਰਕ ਵਿਰਾਸਤ, ਭਾਈਚਾਰਕ ਸਾਂਝ ਤੇ ਰਵਾਇਤੀ ਪੰਜਾਬੀ ਤਿਉਹਾਰਾਂ ਨੂੰ ਦਰਸਾਉਂਦਾ ਸੀ।ਇਸ ਸਮਾਗਮ ਦੀ ਸ਼ੁਰੂਆਤ ਰਵਾਇਤੀ ਅੱਗ ਬਾਲ ਕੇ ਕੀਤੀ ਗਈ, ਜੋ ਕੁਦਰਤ ਪ੍ਰਤੀ ਸ਼ੁਕਰਗੁਜ਼ਾਰੀ ਤੇ ਖੁਸ਼ਹਾਲੀ ਲਈ ਪ੍ਰਾਰਥਨਾ ਦਾ ਪ੍ਰਤੀਕ ਹੈ।ਭਾਰਤ ਵਿੱਚ ਸ਼੍ਰੀਲੰਕਾ ਦੀ ਹਾਈ ਕਮਿਸ਼ਨਰ ਸ਼੍ਰੀਮਤੀ ਪ੍ਰਦੀਪਾ ਮਾਹਿਸ਼ਿਨੀ ਕੋਲੋਨੀ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂਕਿ ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਸ੍ਰੀ ਬਲਤੇਜ ਪੰਨੂ ਗੈਸਟ ਆਫ ਆਨਰ ਵਜੋਂ ਸ਼ਾਮਲ ਹੋਏ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਡਾ. ਤਜਿੰਦਰ ਕੌਰ, ਪ੍ਰੋ-ਚਾਂਸਲਰ ਤੇ ਡਾ. ਹਰਸ਼ ਸਦਾਵਰਤੀ, ਵਾਈਸ ਚਾਂਸਲਰ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ।ਇਸ ਪ੍ਰੋਗਰਾਮ ਵਿੱਚ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ, ਜਿਸ ਵਿੱਚ ਭੰਗੜਾ ਤੇ ਗਿੱਧਾ ਵਰਗੇ ਰਵਾਇਤੀ ਪੰਜਾਬੀ ਨਾਚਾਂ ਦੇ ਨਾਲ-ਨਾਲ ਸੁਰੀਲੇ ਲੋਕ ਗੀਤ ਵੀ ਸ਼ਾਮਲ ਸਨ, ਜਿਸ ਵਿੱਚ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ।ਇਸ ਦੌਰਾਨ ਸ਼੍ਰੀਮਤੀ ਕੋਲੋਨੀ ਨੇ ਲੋਹੜੀ ਦੇ ਜਸ਼ਨਾਂ ਦਾ ਹਿੱਸਾ ਬਣਨ 'ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਦੇਸ਼ ਭਗਤ ਯੂਨੀਵਰਸਿਟੀ ਤੇ ਪੰਜਾਬੀ ਸੱਭਿਆਚਾਰ ਦੇ ਜੀਵੰਤ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਅਤੇ ਭਾਰਤ ਤੇ ਸ਼੍ਰੀਲੰਕਾ ਦੇ ਸਾਂਝੇ ਸੱਭਿਆਚਾਰਕ ਮੁੱਲਾਂ ਨੂੰ ਉਜਾਗਰ ਕੀਤਾ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਲੋਹੜੀ ਵਰਗੇ ਤਿਉਹਾਰ ਭਾਈਚਾਰਕ ਬੰਧਨਾਂ ਨੂੰ ਮਜ਼ਬੂਤ ਕਰਦੇ ਹਨ ਤੇ ਏਕਤਾ ਦੀ ਭਾਵਨਾ ਪੈਦਾ ਕਰਦੇ ਹਨ।ਪ੍ਰੋਗਰਾਮ ਦੇ ਅੰਤ ਵਿੱਚ ਡਾ. ਅਮਰਜੀਤ ਸਿੰਘ, ਪ੍ਰੋ ਵਾਈਸ ਚਾਂਸਲਰ ਨੇ ਸਾਰੇ ਮਹਿਮਾਨਾਂ, ਭਾਗੀਦਾਰਾਂ ਤੇ ਵਲੰਟੀਅਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਵੱਲੋਂ 16 ਦੀ ਸਾਂਝੀ ਰੈਲੀ 'ਚ ਸ਼ਾਮਲ ਹੋਣ ਦਾ ਫੈਸਲਾ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਕੁਲਵੰਤ ਸਿੰਘ ਚਾਨੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੇ ਸ਼ੁਰੂ ਵਿੱਚ ਇੱਕ ਸ਼ੋਕ ਮਤਾ ਪਾਸ ਕਰਕੇ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਪਾਵਰਕਾਮ ਪੈਨਸ਼ਨਰ ਯੂਨੀਅਨ ਦੇ ਸੂਬਾਈ ਸਰਪ੍ਰਸਤ ਕਾਮਰੇਡ ਗੁਰਨਾਮ ਸਿੰਘ ਗਿੱਲ, ਜੰਗਲਾਤ ਵਿਭਾਗ ਦੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਜਗਮੋਹਨ ਨੌਂ ਲੱਖਾ ਤੇ ਕਈ ਹੋਰ ਸਾਥੀਆਂ ਨੂੰ ਯਾਦ ਕਰਦੇ ਹੋਏ 2 ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਅਸ਼ੋਕ ਕੌਸ਼ਲ, ਇਕਬਾਲ ਸਿੰਘ ਮੰਘੇੜਾ, ਸੋਮ ਨਾਥ ਅਰੋੜਾ, ਕੁਲਜੀਤ ਸਿੰਘ ਬੰਬੀਹਾ, ਤਰਸੇਮ ਨਰੂਲਾ ਤੇ ਨਾਹਰ ਸਿੰਘ ਗਿੱਲ ਨੇ ਪੰਜਾਬ ਵਿੱਚ ਪਿਛਲੇ ਲਗਭਗ ਚਾਰ ਸਾਲ ਤੋਂ ਹੁਕਮਰਾਨ ਭਗਵੰਤ ਮਾਨ ਸਰਕਾਰ ਵੱਲੋਂ ਬਿਜਲੀ ਬੋਰਡ ਤੇ ਕਈ ਹੋਰ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਨੂੰ ਵੇਚਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਲੇਬਰ ਕੋਡ ਵਾਪਿਸ ਕਰਵਾਉਣ, ਮਨਰੇਗਾ ਸਕੀਮ ਦਾ ਪਹਿਲਾਂ ਵਾਲਾ ਵਜੂਦ ਬਹਾਲ ਰੱਖਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਕਿਸਾਨਾਂ ਤੇ ਮਜ਼ਦੂਰਾਂ ਦੇ ਲਮਕ ਰਹੇ ਮਸਲੇ ਹੱਲ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨ ਦੇ ਸੱਦੇ 'ਤੇ 16 ਜਨਵਰੀ ਨੂੰ ਸਾਰੇ ਭਾਰਤ ਵਿੱਚ ਡਿਪਟੀ ਕਮਿਸ਼ਨਰ ਦੇ ਦਫਤਰਾਂ ਦਾ ਘਿਰਾਓ ਕਰਨ ਦੇ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਹ ਵੀ ਫੈਸਲਾ ਕੀਤਾ ਗਿਆ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਦੋ ਅਧਿਆਪਕਾਂ ਦੇ ਪਰਵਾਰਾਂ ਲਈ ਇਨਸਾਫ ਲੈਣ ਵਾਸਤੇ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ 18 ਜਨਵਰੀ ਨੂੰ ਮੋਗਾ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਫਰੀਦਕੋਟ ਜ਼ਿਲ੍ਹੇ ਦੇ ਅਧਿਆਪਕ ਤੇ ਪੈਨਸ਼ਨਰ ਭਰਵੀਂ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਨਛੱਤਰ ਸਿੰਘ ਭਾਣਾ, ਗੁਰਦੀਪ ਭੋਲਾ, ਗੁਰਚਰਨ ਸਿੰਘ ਮਾਨ, ਸੁਖਵਿੰਦਰ ਸਿੰਘ ਰਾਮਸਰ, ਅਸ਼ੋਕ ਚਾਵਲਾ ਸੁਪਰਡੈਂਟ, ਜਸਵਿੰਦਰ ਸਿੰਘ ਬਰਾੜ ਸੇਵਾ ਮੁਕਤ ਪੇਂਡੂ ਵਿਕਾਸ ਅਧਿਕਾਰੀ, ਮੇਜਰ ਸਿੰਘ ਡੀ ਪੀ ਈ, ਲੈਕਚਰਾਰ ਮੰਦਰ ਸਿੰਘ, ਤਾਰਾ ਸਿੰਘ, ਗੇਜ ਰਾਮ ਭੌਰਾ, ਜੋਗਿੰਦਰ ਸਿੰਘ ਛਾਬੜਾ, ਕਸ਼ਮੀਰਾ ਸਿੰਘ, ਪਰਮਜੀਤ ਕੌਰ ਔਲਖ, ਜਸਪਾਲ ਸਿੰਘ, ਹਾਕਮ ਸਿੰਘ ਲੈਕਚਰਾਰ ਆਦਿ ਹਾਜ਼ਰ ਸਨ।

## ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੱਕੀ ਸੰਧੂ ਨੇ 101 ਧੀਆਂ ਦੀ ਲੋਹੜੀ ਮਨਾਈ



**ਦੋਰਾਹਾ (ਹਰਮਿੰਦਰ ਸੇਠ)**-ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਲੱਕੀ ਸੰਧੂ ਤੇ ਯੂਥ ਕਾਂਗਰਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਅਮਰਿੰਦਰ ਸੰਧੂ ਦੀ ਰਹਿਨੁਮਾਈ ਹੇਠ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੂੰ ਨਾਲ ਲੈ ਕੇ ਧੀਆਂ ਦੀ ਲੋਹੜੀ ਸੰਬੰਧੀ ਸਮਾਗਮ ਕਰਵਾਇਆ ਗਿਆ।ਇਸ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਕੌਂਸਲਰ ਸਪੁੱਤਰ ਪ੍ਰਭਜੋਤ ਸਿੰਘ ਖ਼ਾਲਸਾ, ਕੌਂਸਲਰ ਪਤੀ ਸਤਵਿੰਦਰ ਸਿੰਘ ਪੱਪੂ, ਕੌਂਸਲਰ ਪਤੀ ਗੁਰਮੀਤ ਸਿੰਘ ਪੱਪੂ ਤਲਵਾੜਾ, ਐੱਸ ਸੀ ਵਿੰਗ ਸੂਬਾ ਕੋਆਰਡੀਨੇਟਰ ਸਰਬਜੀਤ ਸਿੰਘ ਕਡਿਆਣਾ, ਜੋਗਿੰਦਰ ਸਿੰਘ ਪਟਵਾਰੀ, ਕੌਂਸਲਰ ਅਮਨਜੋਤ ਸਿੰਘ ਪਨੇਸਰ ਕੌਂਸਲਰ, ਸਰਪੰਚ ਐਡਵੋਕੇਟ ਮਨਦੀਪ ਸਿੰਘ ਸਾਹਨੀ, ਕੌਂਸਲਰ ਕਮਲਜੀਤ ਸਿੰਘ ਬੇਪਾਰਾਏ, ਮਹਿਲਾ ਕਾਂਗਰਸ ਜ਼ਿਲ੍ਹਾ ਦਿਹਾਤੀ ਪ੍ਰਧਾਨ ਗੁਰਦੀਪ ਕੌਰ, ਮਹਿਲਾ ਕਾਂਗਰਸ ਜ਼ਿਲ੍ਹਾ ਦਿਹਾਤੀ ਸਾਬਕਾ ਪ੍ਰਧਾਨ ਰਿਪੂ ਗਿੱਲ, ਗੁਰਵਿੰਦਰ ਸਿੰਘ, ਬਲਵੀਰ ਕੌਰ ਬਾਜਵਾ, ਗੁਰਦੀਪ ਕੌਰ, ਪਰਮਜੀਤ ਕੌਰ, ਹਰਜੀਤ ਕੌਰ ਗਰਚਾ, ਬਲਾਕ ਪ੍ਰਧਾਨ ਮਨਜਿੰਦਰ ਕੌਰ ਗਰੇਵਾਲ, ਆਸ਼ਾ ਕੈਂਥ, ਨਵਦੀਪ ਕੌਰ, ਗੁਰਮੇਲ ਸਿੰਘ ਮਲੇਸ਼ੀਆ, ਕਿਰਨਦੀਪ ਕੌਰ, ਸੰਤੋਸ਼ ਰਾਣੀ, ਸਾਬਕਾ ਕੌਂਸਲਰ ਸੰਦੀਪ ਸੋਨੀ, ਪਾਲੀ ਭਾਗਪੁਰ, ਬਿੰਦਰ ਸਿੰਘ, ਕੌਂਸਲਰ ਕੁਲਜੀਤ ਸਿੰਘ ਸੰਧੂ, ਅਵਤਾਰ ਨੰਦਪੁਰੀ ਆਦਿ ਪਹੁੰਚੇ।ਸਮਾਗਮ ਦੌਰਾਨ ਲੱਕੀ ਸੰਧੂ ਤੇ ਅਮਰਿੰਦਰ ਸੰਧੂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਲੋਈ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਲੱਕੀ ਸੰਧੂ ਤੇ ਯੂਥ ਕਾਂਗਰਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਅਮਰਿੰਦਰ ਸੰਧੂ ਨੇ ਕਿਹਾ ਕਿ ਅੱਜ ਧੀਆਂ ਕਿਸੇ ਵੀ ਖੇਤਰ 'ਚ ਮੁੰਡਿਆਂ ਨਾਲੋਂ ਪਿੱਛੇ ਨਹੀਂ ਹਨ।ਉਨ੍ਹਾਂ ਕਿਹਾ ਕਿ ਧੀਆਂ ਦੀ ਲੋਹੜੀ ਸੰਬੰਧੀ ਕਰਵਾਏ ਗਏ ਸਮਾਗਮ ਦੌਰਾਨ 101 ਧੀਆਂ ਨੂੰ ਸ਼ਗਨ ਤੇ ਇਲਾਵਾ ਬੱਚਿਆਂ ਨੂੰ ਰਿਫਰੈਸ਼ਮੈਂਟ, ਕੰਬਲ ਆਦਿ ਦਿੱਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਵਰਿੰਦਰ ਸਿੰਘ ਪਵਾ, ਸਰਪੰਚ ਪ੍ਰਧਾਨ ਸੋਨੀ, ਸੂਬੇਦਾਰ ਸੰਤੋਖ ਸਿੰਘ, ਅਮਨ ਬੰਗੜ, ਨਿਰਪਾਲ ਸਿੰਘ ਕੁਹਾੜਾ ਆਦਿ ਭਾਰੀ ਗਿਣਤੀ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਹਾਜ਼ਰ ਸਨ।

## ਮਾਤਾ ਚੇਤੰਨ ਕੌਰ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਪੈਨਸ਼ਨ ਦੇ ਚੈੱਕ ਦਿੱਤੇ

### ਲੋੜਵੰਦਾਂ ਦੀ ਸੇਵਾ ਕਰਨ ਦਾ ਸ਼ਲਾਘਾਯੋਗ ਉਪਰਾਲਾ : ਖੰਡੇਬਾਦ



**ਮੂਨਕ (ਰਾਜਪਾਲ ਸਿੰਗਲਾ)**-ਮਾਤਾ ਚੇਤੰਨ ਕੌਰ ਚੈਰੀਟੇਬਲ ਟਰੱਸਟ ਦੇ ਮੁੱਖ ਸੇਵਾਦਾਰ ਜਗਦੇਵ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਮੂਨਕ ਵਿਖੇ ਲਗਭਗ 100 ਅਤਿ ਗਰੀਬ ਲੋੜਵੰਦਾਂ ਨੂੰ ਪਿਛਲੇ ਦੋ ਸਾਲਾਂ ਤੋਂ 500 ਰੁਪਿਆ ਪ੍ਰਤੀ ਮਹੀਨਾ ਇਸ ਲਾਭਪਾਤਰੀ ਨੂੰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਦੀ ਲੜੀ ਤਹਿਤ ਗੁਰਦੁਆਰਾ ਸਾਹਿਬ ਵਿਖੇ ਲਗਭਗ 98 ਲਾਭਪਾਤਰੀਆਂ ਨੂੰ 500 ਰੁਪਿਆ ਮਹੀਨਾ ਦੇ ਹਿਸਾਬ ਨਾਲ ਛੇ ਮਹੀਨਿਆਂ ਦੇ 3-3 ਹਜ਼ਾਰ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਲਹਿਰਾ ਦੇ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ. ਜਗਦੇਵ ਸਿੰਘ ਖੰਡੇਬਾਦ ਵੱਲੋਂ ਆਪਣੀ ਮਾਤਾ ਦੀ ਯਾਦ ਵਿੱਚ ਟਰੱਸਟ ਬਣਾ ਕੇ ਜੋ ਲੋੜਵੰਦਾਂ ਦੀ ਸਹਾਇਤਾ ਕਰਨ ਦਾ ਉਪਰਾਲਾ ਕੀਤਾ ਗਿਆ ਹੈ, ਉਹ ਬੇਹੱਦ ਸ਼ਲਾਘਾਯੋਗ ਹੈ। ਸਮਰੱਥਾਵਾਨ ਪਰਿਵਾਰਾਂ ਨੂੰ ਸ੍ਰ. ਜਗਦੇਵ ਸਿੰਘ ਖੰਡੇਬਾਦ ਦੇ ਪਰਿਵਾਰ ਤੋਂ ਸੇਧ ਲੈ ਕੇ ਲੋੜਵੰਦਾਂ ਦੀ ਸਹਾਇਤਾ ਲਈ ਇਹੋ ਜਿਹੇ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਟਰੱਸਟ ਦੇ ਪ੍ਰਧਾਨ ਸਮਾਜ ਸੇਵੀ ਜਗਦੇਵ ਸਿੰਘ ਖੰਡੇਬਾਦ, ਸੈਕਟਰੀ ਵਿਕਰਮਜੀਤ ਸਿੰਘ ਖੰਡੇਬਾਦ, ਖਜ਼ਾਨਚੀ ਨਿਰਮਲਜੀਤ ਸਿੰਘ ਖੰਡੇਬਾਦ, ਸੀਨੀਅਰ ਐਡਵੋਕੇਟ ਪ੍ਰੇਮ ਪਾਲ, ਸਾਬਕਾ ਪ੍ਰਿੰਸੀਪਲ ਹਜ਼ੂਰਾ ਸਿੰਘ, ਸਾਬਕਾ ਸਰਪੰਚ ਅਮਰੀਕ ਸਿੰਘ ਚੂਲੜ੍ਹ ਕਲਾਂ ਤੋਂ ਇਲਾਵਾ ਹੋਰ ਬਹੁਤ ਸਾਰੇ ਪਤਵੰਤੇ ਸੱਜਣ ਤੇ ਲਾਭਪਾਤਰੀ ਹਾਜ਼ਰ ਸਨ।

## ਸਰਕਾਰ ਵੱਲੋਂ ਸਿੱਖ ਕੌਮ ਦੀਆਂ ਧਾਰਮਿਕ ਸੰਸਥਾਵਾਂ ਨੂੰ ਢਾਹ ਲਾਉਣ ਦੀਆਂ ਕੋਸ਼ਿਸ਼ਾਂ ਜਾਰੀ : ਮਾਹਲਾ, ਭੁੱਲਰ

**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜੱਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਵੱਲੋਂ 328 ਪਾਵਨ ਸਰੂਪਾਂ ਦੇ ਮਸਲੇ ਨੂੰ ਰਾਜਨੀਤਕ ਰੋਟੀਆਂ ਸੇਕਣ ਲਈ ਵਰਤਿਆ ਜਾ ਰਿਹਾ ਹੈ।ਉਨ੍ਹਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਨਿਹਾਲ ਸਿੰਘ ਭੁੱਲਰ, ਸੀਨੀਅਰ ਅਕਾਲੀ ਆਗੂ ਰਣਇੰਦਰ ਸਿੰਘ ਪੱਪੂ ਰਾਮੂੰਵਾਲਾ, ਖਣਮੁੱਖ ਭਾਰਤੀ ਪੱਤੋ, ਰਾਜਵਿੰਦਰ ਸਿੰਘ ਧਰਮਕੋਟ, ਸਰਕਲ ਪ੍ਰਧਾਨ ਜਸਵੀਰ ਸਿੰਘ ਖੋਸਾ ਵੀ ਹਾਜ਼ਰ ਸਨ।ਮਾਹਲਾ ਨੇ ਅੱਗੇ ਕਿਹਾ ਕਿ ਜਦੋਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣੀ ਭਾਈ ਈਸ਼ਰ ਸਿੰਘ ਦੀ ਰਿਪੋਰਟ ਵਿੱਚ ਕਿਤੇ ਨਹੀਂ ਲਿਖਿਆ ਕਿ ਪਾਵਨ ਸਰੂਪ ਚੋਰੀ ਹੋਏ ਜਾਂ ਬੇਅਦਬੀ ਹੋਈਹੈ।ਇਸ ਰਿਪੋਰਟ ਵਿੱਚ ਸਪੱਸ਼ਟ ਲਿਖਿਆ ਹੈ ਕਿ ਇਹ ਪਾਵਨ ਸਰੂਪ ਸੰਬੰਧਤ ਕ੍ਰਮਚਾਰੀਆਂ ਦੀ ਮਿਲੀਭੁਗਤ ਨਾਲ ਬਾਹਰ ਸੰਗਤਾਂ ਨੂੰ ਦਿੱਤੇ ਗਏ ਹਨ ਤੇ ਇਨ੍ਹਾਂ ਦੀ ਬਨਦੀ ਭੇਟਾ ਟਰੱਸਟ ਦੇ ਫੰਡਾਂ ਵਿੱਚ ਜਮ੍ਹਾਂ ਨਹੀਂ ਕਰਾਈ ਤੇ ਨਾ ਹੀ ਇਨ੍ਹਾਂ ਪਾਵਨ ਸਰੂਪਾਂ ਦਾ ਬਿੱਲ ਕੱਟਿਆ ਗਿਆ।



ਉਨ੍ਹਾਂ ਵੱਡੇ ਇਲਜ਼ਾਮ ਲਾਉਂਦਿਆਂ ਕਿਹਾ ਕਿ ਬੇਅਦਬੀਆਂ ਤਾਂ ਭਗਵੰਤ ਮਾਨ ਕਰ ਰਿਹਾ ਹੈ। ਸ਼ਰਾਬ ਵਾਲੀ ਕਥਿਤ ਵੀਡੀਓ, ਸੰਤ ਭਿੰਡਰਾਂਵਾਲੇਆਂ ਦੀ ਫੋਟੋ ਦਾ ਨਿਰਾਦਰ, ਗੁਰੂ ਸਹਿਬਾਨ ਦੀ ਫੋਟੋ ਦੀ ਬੇਅਦਬੀ ਕਰਨੀ, ਨਾ ਮੁਆਫੀ ਯੋਗ ਕਾਰਾ ਹੈ।ਗੁਰੂ ਦੀ ਗੋਲਕ ਦਾ ਹਿਸਾਬ ਮੰਗਣਾ, ਪਰ ਆਪਣੀ ਸਰਕਾਰ ਦੇ ਕਰੋੜਾਂ ਰੁਪਏ ਦੀ ਲੁੱਟ ਬਾਰੇ ਚੁੱਪ ਕਿਉਂ ਹੈ ? ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਵੰਗਾਰਨਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਮਾਨ-ਸਨਮਾਨ ਨੂੰ ਠੇਸ ਪੁਚਾਉਣਾ ਤੇ ਭੱਦੀ ਸ਼ਬਦਾਵਲੀ ਵਰਤਣਾ।ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤੇ ਜਾਣ 'ਤੇ ਹੁਣ ਸ਼ਰਤਾਂ ਰੱਖਣੀਆਂ ਜਿਵੇਂ ਕਿ ਸਿੱਧਾ ਪ੍ਰਸਾਰਣ ਕਰੋ ਹੰਕਾਰ ਦਾ ਖੁੱਲ੍ਹਾ ਪ੍ਰਗਟਾਵਾ ਹੈ।ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਵੱਲੋਂ ਦਿੱਲੀ ਵਿਧਾਨ ਸਭਾ ਵਿੱਚ ਗੁਰੂ ਸਹਿਬਾਨ ਦਾ ਨਿਰਾਦਰ ਕੀਤਾ ਗਿਆ।'ਆਪ' ਖੁਦ ਬੇਅਦਬੀਆਂ ਦੀ ਕਥਿਤ ਦੋਸ਼ੀ ਹੈ, ਜਦੋਂ ਦੀ 'ਆਪ' ਪੰਜਾਬ 'ਚ ਆਈ, 2014 ਵਿੱਚ ਪਾਰਟੀ ਬਣੀ ਤੇ ਪੰਜਾਬ ਆਈ 2015 ਪੰਜਾਬ 'ਚ ਬੇਅਦਬੀਆਂ ਦਾ ਦੌਰ ਸ਼ੁਰੂ ਹੋਇਆ, 2016 ਮਲੇਰਕੋਟਲਾ ਕੁਰਾਨ ਸ਼ਰੀਫ ਦੀ ਬੇਅਦਬੀ ਹੋਈ 2016 ਆਪ ਦਾ ਦਿੱਲੀ ਦਾ ਵਿਧਾਇਕ ਨਰੇਸ਼ ਯਾਦਵ ਗ੍ਰਿਫਤਾਰ ਹੋਇਆ।

ਨਰੇਸ਼ ਯਾਦਵ ਸੈਸ਼ਨ ਕੋਰਟ ਨੇ ਦੋਸ਼ੀ ਕਰਾਰ ਦਿੱਤਾ। 'ਆਪ' ਸਰਕਾਰ ਦੇ ਕਾਰਜਕਾਲ ਦੌਰਾਨ ਸੁਲਤਾਨਪੁਰ ਲੋਧੀ ਗੁਰੂ ਘਰ 'ਚ ਪੁਲਸ ਵੱਲੋਂ ਗੋਲੀਆਂ ਚਲਾਉਣੀਆਂ, ਸ੍ਰੀ ਅਖੰਡ ਪਾਠ ਸਾਬ੍ਹ ਖੰਡਤ ਕੀਤੇ, ਸਵਾਲ ਇਹ ਵੀ ਹੈ ਕਿ ਅੱਜ ਵੱਡੇ ਵੱਡੇ ਮਹਾਂਪਰਖਧਾ ਧਾਰਮਿਕ ਜਥੇਬੰਦੀਆਂ ਦੇ ਆਗੂ ਸਭ ਚੁੱਪ ਕਿਉਂ ਹਨ।ਬਠਿੰਡਾ ਦੀ ਐਸ ਐਸ ਪੀ ਨਿਯੁਕਤ ਕੀਤਾ ਗਿਆ ਹੈ।ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਨੂੰ ਇਹ ਗੱਲ ਸਪੱਸ਼ਟ ਤੌਰ 'ਤੇ ਸਮਝ ਲੈਣੀ ਚਾਹੀਦੀ ਹੈ ਕਿ ਸੁਖਬੀਰ ਸਿੰਘ ਬਾਦਲ ਫੇਲ੍ਹ ਹੋ ਚੁੱਕੀ ਸਰਕਾਰ ਦੀਆਂ ਇਨ੍ਹਾਂ ਗਿੱਦੜ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਨ।

## ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਵੱਲੋਂ ਮੁਲਾਜ਼ਮ ਮੰਗਾਂ ਸੰਬੰਧੀ ਸੰਘਰਸ਼ ਤੇਜ਼ ਕਰਨ ਦਾ ਐਲਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਮੌਜੂਦਾ ਆਪ ਸਰਕਾਰ ਨਾਲ ਮੋਹ ਭੰਗ ਹੋਣ ਅਤੇ ਮੁਲਾਜ਼ਮ ਮੰਗਾਂ ਪੂਰੀਆਂ ਨਾ ਹੋਣ 'ਤੇ ਵਿਸ਼ਵਾਸ ਖਤਮ ਹੋਣ ਦੇ ਪ੍ਰਤੀਕਾਤਮਕ ਐਲਾਨ ਤਹਿਤ ਲੋਹੜੀ ਦੇ ਤਿਉਹਾਰ ਮੌਕੇ ਮੁਲਾਜ਼ਮਾਂ ਵੱਲੋਂ ਇਕੱਠੇ ਹੋ ਕੇ ਲੋਹੜੀ ਵਿਚ ਡੱਕੇ ਤੋੜ ਕੇ ਸੁੱਟੇ ਗਏ। ਇਸ ਮੌਕੇ ਅਗਲੇ ਸੰਘਰਸ਼ ਦਾ ਬਿਗਲ ਵਜਾਉਂਦਿਆਂ ਸਰਕਾਰ ਖ਼ਿਲਾਫ਼ ਸੰਘਰਸ਼ ਲਗਾਤਾਰ ਜਾਰੀ ਰੱਖਣ ਦਾ ਪ੍ਰਣ ਵੀ ਲਿਆ ਗਿਆ। ਯੂਨੀਅਨ ਵੱਲੋਂ ਸਪੱਸ਼ਟ ਕੀਤਾ ਗਿਆ ਕਿ ਸਾਲ 2027 ਨੂੰ ਸਰਕਾਰ ਵਿਰੁੱਧ "ਰੋਸ ਵਰ੍ਹਾ" ਵਜੋਂ ਮਨਾਇਆ ਜਾਵੇਗਾ ਅਤੇ ਹੁਣ ਸਰਕਾਰ ਨਾਲ ਕਿਸੇ ਵੀ ਕਿਸਮ ਦੀ ਮੀਟਿੰਗ ਦੀ ਮੰਗ ਨਹੀਂ ਕੀਤੀ ਜਾਵੇਗੀ ਜਦ ਤੱਕ ਮੁਲਾਜ਼ਮ ਮੰਗਾਂ ਪੂਰੀਆਂ ਨਹੀਂ ਹੁੰਦੀਆਂ। ਇਸ ਮੌਕੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਦੇ ਪੰਜਾਬ ਜਨਰਲ ਸਕੱਤਰ ਅਤੇ ਜ਼ਿਲ੍ਹਾ ਪ੍ਰਧਾਨ ਪਿੱਪਲ ਸਿੰਘ ਸਿੱਧੂ ਨੇ ਕਿਹਾ ਕਿ ਅਗਲੇ ਐਕਸ਼ਨ ਪ੍ਰੋਗਰਾਮ ਤਹਿਤ ਜ਼ਿਲ੍ਹਾ ਲੀਡਰਸ਼ਿਪ ਵੱਲੋਂ ਆਪਣੇ-ਆਪਣੇ ਜ਼ਿਲ੍ਹਿਆਂ ਦੇ ਸਾਰੇ ਵਿਧਾਨ ਸਭਾ ਹਲਕਿਆਂ ਦੇ ਵਿਧਾਇਕਾਂ ਨੂੰ ਚਿਤਾਵਨੀ ਪੱਤਰ (ਮੰਗ ਪੱਤਰ ਨੱਥੀ ਕਰਕੇ) ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਮੁਲਾਜ਼ਮ ਮੰਗਾਂ ਲਈ ਅਵਾਜ਼ ਨਾ ਉਠਾਈ ਗਈ ਤਾਂ ਆਉਣ ਵਾਲੀਆਂ ਚੋਣਾਂ ਦੌਰਾਨ ਵਿਧਾਇਕਾਂ ਨੂੰ ਮੁਲਾਜ਼ਮਾਂ ਦੇ ਵੱਡੇ ਰੋਸ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸੂਬਾ ਕਮੇਟੀ ਵੱਲੋਂ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਸੂਬਾ ਪ੍ਰਧਾਨਾਂ ਨੂੰ ਵੀ ਚਿਤਾਵਨੀ ਪੱਤਰ ਦੇ ਕੇ ਮੁਲਾਜ਼ਮ ਮੰਗਾਂ ਸਬੰਧੀ ਆਪਣਾ ਸਖ਼ਤ ਰੁਖ਼ ਸਪੱਸ਼ਟ ਕੀਤਾ ਜਾਵੇਗਾ। ਇਸ ਐਕਸ਼ਨ ਪ੍ਰੋਗਰਾਮ ਦੀ ਮਿਤੀ ਅਤੇ ਸਮਾਂ 17 ਜਨਵਰੀ ਨੂੰ ਐਲਾਨਿਆ ਜਾਵੇਗਾ। ਇਸ ਤੋਂ ਇਲਾਵਾ ਜਥੇਬੰਦੀ ਦਾ ਸੰਘਰਸ਼ੀ ਯਾਦਗਾਰੀ ਦਿਨ 9 ਮਾਰਚ ਨੂੰ ਕਨਵੈਂਸ਼ਨ ਦੇ ਰੂਪ ਵਿਚ ਵੱਡਾ ਇਕੱਠ ਕਰਕੇ ਮਨਾਇਆ ਜਾਵੇਗਾ, ਜਿਸ ਦਾ ਸਥਾਨ ਜਲਦ ਹੀ ਐਲਾਨਿਆ ਜਾਵੇਗਾ। ਯੂਨੀਅਨ ਵੱਲੋਂ ਸਾਲ 2026 ਨੂੰ "ਰੋਸ ਵਰ੍ਹਾ" ਦਰਸਾਉਂਦਾ ਇਕ ਵਿਸ਼ੇਸ਼ ਕੈਲੰਡਰ ਤਿਆਰ ਕਰਨ ਦਾ ਵੀ ਫੈਸਲਾ ਕੀਤਾ ਗਿਆ ਹੈ, ਜਿਸ ਵਿਚ ਸਰਕਾਰ ਦੀਆਂ ਨਾਕਾਮੀਆਂ ਅਤੇ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ ਨੂੰ ਉਭਾਰਿਆ ਜਾਵੇਗਾ। ਇਨ੍ਹਾਂ ਸਾਰੇ ਐਕਸ਼ਨ ਪ੍ਰੋਗਰਾਮਾਂ ਦੀ ਵਿਸਥਾਰਤ ਸਮਾਂ-ਸਾਰਣੀ, ਆਉਣ ਵਾਲੇ ਬਜਟ ਸੈਸ਼ਨ ਨੂੰ ਧਿਆਨ ਵਿਚ ਰੱਖਦਿਆਂ ਸੂਬਾ ਕਮੇਟੀ ਵੱਲੋਂ ਮਿਤੀ 17 ਜਨਵਰੀ ਨੂੰ ਜਾਰੀ ਕੀਤੀ ਜਾਵੇਗੀ । ਇਸ ਮੌਕੇ ਸੋਨੂ ਕਸ਼ਯਪ ਜ਼ਿਲ੍ਹਾ ਜਨਰਲ ਸਕੱਤਰ, ਮਨੋਹਰ ਲਾਲ ਸਾਬਕਾ ਜ਼ਿਲ੍ਹਾ ਪ੍ਰਧਾਨ, ਪ੍ਰਦੀਪ ਕੁਮਾਰ ਜ਼ਿਲ੍ਹਾ ਵਿੱਤ ਸਕੱਤਰ, ਪਰਮਵੀਰ ਮੋਗਾ ਸਿਹਤ ਵਿਭਾਗ, ਵਰੁਣ ਕੁਮਾਰ ,ਅਮਨ ਕੁਮਾਰ, ਅਨੂ ਅਰੋੜਾ, ਮਨੀਸ਼ ਕੁਮਾਰ, ਹਰਮੀਤ ਮੱਲੀ ਫੂਡ ਸਪਲਾਈ ਵਿਭਾਗ, ਸੰਦੀਪ ਦਿਓਲ, ਗੁਰਤੇਜ ਸਿੰਘ, ਪ੍ਰਵੀਨ ਕੁਮਾਰ ਸੇਠੀ, ਹਰਪ੍ਰੀਤ ਦੁੱਗਲ ਖਜਾਨਾ ਵਿਭਾਗ, ਬਲਦੇਵ ਸਿੰਘ, ਕੁਲਦੀਪ ਸਿੰਘ ਭੂਮੀ ਰੱਖਿਆ ਵਿਭਾਗ, ਜ਼ਿਲ੍ਹਾ ਲੋਕ ਸੰਪਰਕ ਵਿਭਾਗ ਤੋਂ ਗੌਰਵ ਸ਼ਰਮਾ, ਜਗਮੀਤ ਸਿੰਘ ਅਤੇ ਸੁਰਿੰਦਰ ਕੁਮਾਰ ਸ਼ਰਮਾ ਵੀ ਹਾਜ਼ਰ ਸਨ।

## ਪ ਸ ਸ ਫ ਦੀ ਫੈਡਰਲ ਕੌਂਸਲ ਦੀ ਮੀਟਿੰਗ 18 ਨੂੰ ਜਲੰਧਰ ਵਿਖੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406-22-ਬੀ ਚੰਡੀਗੜ੍ਹ ਦੀ ਫੈਡਰਲ ਕੌਂਸਲ ਮੀਟਿੰਗ 18 ਜਨਵਰੀ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਹੈ। ਇਸ ਸਬੰਧੀ ਪ ਸ ਸ ਫ ਜ਼ਿਲ੍ਹਾ ਫਿਰੋਜ਼ਪੁਰ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜ਼ੋਨਲ ਪ੍ਰੈਸ ਸਕੱਤਰ ਅਤੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਹੋਣ ਜਾ ਰਹੀ ਮੀਟਿੰਗ ਵਿਚ ਜੇ ਪੀ ਐੱਮ ਓ ਵੱਲੋਂ ਕੀਤੀ ਗਈ 28 ਦਸੰਬਰ 2025 ਦੀ ਜਲੰਧਰ ਕਨਵੈਨਸ਼ਨ ਅਤੇ 16 ਜਨਵਰੀ ਨੂੰ ਵੱਖ ਵੱਖ ਜਥੇਬੰਦੀਆਂ ਵੱਲੋਂ ਸਾਂਝੀਆਂ ਜ਼ਿਲ੍ਹਾ ਪੱਧਰੀ ਰੈਲੀਆਂ ਵਿਚ ਪ ਸ ਸ ਫ ਦੀ ਕੀਤੀ ਜਾਣ ਵਾਲੀ ਸ਼ਮੂਲੀਅਤ ਦੇ ਰੀਵਿਊ ਸਬੰਧੀ ਚਰਚਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਬਣਾਏ ਗਏ ਪ੍ਰੋਗਰਾਮਾਂ ਵਿਚ ਸ਼ਮੂਲੀਅਤ ਕਰਨ 'ਤੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਦੇਸ਼ ਵਿਆਪੀ ਮੰਗਾਂ 'ਤੇ ਹੋ ਰਹੀ ਏਆਈਐੱਸਜੀਈਐੱਫ ਦੀ 18ਵੀਂ ਨੈਸ਼ਨਲ ਕਾਨਫਰੰਸ ਵਿਚ ਪ ਸ ਸ ਫ ਦੀ ਸ਼ਮੂਲੀਅਤ ਦੀ ਤਿਆਰੀ ਤੋਂ ਇਲਾਵਾ, ਕੇਂਦਰੀ ਟਰੇਡ ਯੂਨੀਅਨਾਂ ਅਤੇ ਮੁਲਾਜ਼ਮ ਫੈਡਰੇਸ਼ਨਾਂ ਦੇ ਸੱਦੇ 'ਤੇ 12 ਫਰਵਰੀ ਨੂੰ ਕੀਤੀ ਜਾ ਰਹੀ ਕੌਮੀ ਹੜਤਾਲ ਦੀ ਤਿਆਰੀ ਸਬੰਧੀ ਲਾਮਬੰਦੀ ਕਰਨ ਤੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਇਸ ਸਬੰਧੀ ਮੀਟਿੰਗ ਵਿਚ ਪ ਸ ਸ ਫ ਦੇ ਜ਼ਿਲ੍ਹਾ ਆਗੂ ਗੁਰਦੇਵ ਸਿੰਘ ਸਿੱਧੂ, ਜਗਦੀਪ ਸਿੰਘ ਮਾਂਗਟ, ਰਾਜੀਵ ਕੁਮਾਰ, ਜਗਮੀਤ ਸਿੰਘ, ਮਹਿੰਦਰ ਸਿੰਘ ਧਾਲੀਵਾਲ ਪੈਨਸ਼ਨਰ ਆਗੂ ਆਦਿ ਹਾਜ਼ਰ ਸਨ।

## ਹਲਕੇ ਦੇ ਵਸਨੀਕਾਂ ਤੇ ਚੁਣੇ ਨੁਮਾਇੰਦਿਆਂ ਨਾਲ ਸਿਹਤ ਮੰਤਰੀ ਨੇ ਮਨਾਈ ਲੋਹੜੀ

### ਰੰਗਲਾ ਪੰਜਾਬ ਦੇ ਸੁਪਨੇ ਲਈ ਪੂਰੀ ਤਨਦੇਹੀ ਨਾਲ ਕੰਮ ਕਰਾਂਗੇ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਵਿਖੇ ਪਟਿਆਲਾ ਦਿਹਾਤੀ ਹਲਕੇ ਦੇ ਵਸਨੀਕਾਂ ਤੇ ਚੁਣੇ ਗਏ ਨੁਮਾਇੰਦਿਆਂ ਦੇ ਪਰਿਵਾਰਾਂ ਨਾਲ ਮਿਲ ਕੇ ਲੋਹੜੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਅਤੇ ਖੁਸ਼ੀਆਂ ਸਾਂਝੀਆਂ ਕੀਤੀਆਂ।ਉਨ੍ਹਾ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਲੋਹੜੀ ਦਾ ਇਹ ਪਾਵਨ ਤਿਉਹਾਰ ਸਭ ਦੇ ਜੀਵਨ ਵਿੱਚ ਖੁਸ਼ਹਾਲੀ, ਤੰਦਰੁਸਤੀ, ਸਿਹਤ ਤੇ ਤਰੱਕੀ ਲੈ ਕੇ ਆਵੇ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਰਕਾਰ ਪੂਰੀ ਲਗਨ ਤੇ ਸਮਰਪਣ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ, ਕੌਂਸਲਰਾਂ ਤੇ ਮੇਅਰਾਂ ਦੀ ਵੱਡੀ ਟੀਮ ਨਾਲ ਮਿਲ ਕੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ।ਇਸ ਮੌਕੇ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪਤੰਗਬਾਜ਼ੀ ਦੌਰਾਨ ਚਾਈਨਾ ਡੋਰ ਜਾਂ ਕਿਸੇ ਵੀ ਘਾਤਕ ਸਮੱਗਰੀ ਦੀ ਵਰਤੋਂ ਨਾ ਕੀਤੀ ਜਾਵੇ, ਤਾਂ ਜੋ ਕੀਮਤੀ ਜਾਨਾਂ ਦੀ ਰੱਖਿਆ ਹੋ ਸਕੇ।ਲੋਹੜੀ ਦੇ ਇਸ ਸਮਾਗਮ ਦੌਰਾਨ ਲੋਕਾਂ ਨੇ ਸਿਹਤ ਮੰਤਰੀ ਦਾ ਸਵਾਗਤ ਕੀਤਾ ਤੇ ਸਰਕਾਰ ਦੀਆਂ ਨੀਤੀਆਂ 'ਤੇ ਭਰੋਸਾ ਜਤਾਇਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬਲਾਕ ਸੰਮਤੀ ਮੈਂਬਰ, ਸਰਪੰਚ, ਪੰਚ, ਪਾਰਟੀ ਦੇ ਅਹੁਦੇਦਾਰ, ਵਰਕਰ ਤੇ ਜ਼ਿਲ੍ਹਾ ਇੰਚਾਰਜ ਹਰਪਾਲ ਸਿੰਘ ਵਿਰਕ, ਆਫਿਸ ਇੰਚਾਰਜ ਜਸਬੀਰ ਸਿੰਘ ਗਾਂਧੀ, ਸਕੱਤਰ ਜੈ ਸ਼ੰਕਰ ਤੋਂ ਇਲਾਵਾ ਪਾਰਟੀ ਦੇ ਵਰਕਰ ਸਾਥੀ ਵੀ ਮੌਜੂਦ ਸਨ।

## ਕਾਕਾ ਮਨੇਸ਼ ਦੀ ਯਾਦ 'ਚ ਤੀਸਰਾ ਹਾਕੀ ਲੀਗ ਟੂਰਨਾਮੈਂਟ ਕਰਵਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਹਾਕੀ ਐਸੋਸੀਏਸ਼ਨ ਵੱਲੋਂ ਤੀਸਰਾ ਹਾਕੀ ਲੀਗ ਟੂਰਨਾਮੈਂਟ ਕਾਕਾ ਅਜਯਦੀਪ ਸਿੰਘ ਮਨੇਸ਼ ਦੀ ਯਾਦ ਵਿੱਚ ਕਰਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਦੇ ਆਖ਼ਰੀ ਹਫ਼ਤੇ ਦੇ ਫਾਈਨਲ ਮੈਚ ਦੇ ਮੁੱਖ ਮਹਿਮਾਨ ਮਨਜੀਤ ਸਿੰਘ ਕੂਕੀ ਕੋਚ ਐਸਿਸਟੈਂਟ ਸਪੋਰਟਸ ਆਫੀਸਰ, ਸ੍ਰੀਮਤੀ ਨਰਿੰਦਰਪਾਲ ਕੌਰ, ਡਾ. ਨੈਂਸੀ ਮਨੇਸ਼, ਸੁਰਿੰਦਰ ਸਿੰਘ ਭਿੰਡਰ ਐੱਮ ਸੀ ਸੰਗਰੂਰ, ਸਪਿੰਦਰ ਸਿੰਘ ਟਿਵਾਣਾ, ਨਵਦੀਪ ਸਿੰਘ ਜ਼ਿਲ੍ਹਾ ਸਪੋਰਟਸ ਆਫੀਸਰ, ਰਾਜੇਸ਼ ਛਿੱਬੜ ਐੱਸ ਪੀ (ਐੱਚ), ਰਾਜਿੰਦਰ ਸਿੰਘ ਰਾਜਾ ਸੀਨੀਅਰ ਕਾਂਗਰਸ ਲੀਡਰ ਸ਼ਾਮਲ ਰਹੇ, ਜਿਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਆ।ਸੰਗਰੂਰ ਹਾਕੀ ਲੀਗ ਟੂਰਨਾਮੈਂਟ ਦੀਆਂ ਜੇਤੂ ਟੀਮਾਂ ਦਸਮੇਸ਼ ਹਾਕੀ ਕਲੱਬ 3-0, ਬੀਬੀ ਜੀਂਦ ਕੌਰ ਹਾਕੀ ਕਲੱਬ 1-0, ਬਾਬਾ ਜ਼ੋਰਾਵਰ ਹਾਕੀ ਕਲੱਬ 1-0 ਨਾਲ ਜੇਤੂ ਰਹੀਆਂ।ਇਸ ਟੂਰਨਾਮੈਂਟ ਮੌਕੇ ਜਸਵਿੰਦਰ ਸਿੰਘ ਲਾਲੀ, ਸਤੀਸ਼ ਕੁਮਾਰ, ਅਮਰਜੀਤ ਸਿੰਘ, ਸੁਖਰਾਮ, ਸਤਿੰਦਰਜੀਤ ਸਿੰਘ, ਰਣਜੀਤ ਸਿੰਘ, ਸੰਜੇ ਚੌਹਾਨ, ਪਰਮਜੀਤ ਸਿੰਘ, ਲਵਨੀਤ ਸੇਖੋਂ, ਗੁਰਪ੍ਰੀਤ ਸਿੰਘ ਸ਼ਗਨਾ, ਕਾਰਤਿਕ, ਆਕਾਸ਼, ਲਵੀ ਭੂਸ਼ਣ ਹਾਜ਼ਰ ਰਹੇ।

## 16 ਦੇ ਸੰਗਰੂਰ ਧਰਨੇ ਲਈ ਕਿਸਾਨਾਂ ਦੀ ਲਾਮਬੰਦੀ ਜਾਰੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਧੂਰੀ ਦੀ ਇੱਕ ਅਹਿਮ ਇਕੱਤਰਤਾ ਸਥਾਨਕ ਅਨਾਜ ਮੰਡੀ ਵਿਖੇ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਸੂਬਾ ਸਕੱਤਰ ਰਛਪਾਲ ਸਿੰਘ ਦੋਹਲਾ, ਬਲਾਕ ਪ੍ਰਧਾਨ ਭੂਪਿੰਦਰ ਸਿੰਘ ਭੁੱਲਰਹੇੜੀ ਤੇ ਬਲਾਕ ਸ਼ੇਰਪੁਰ ਦੇ ਪ੍ਰਧਾਨ ਪ੍ਰੀਤਮ ਸਿੰਘ ਬਾਦਸ਼ਾਹਪੁਰ ਨੇ ਸਾਂਝੇ ਤੌਰ 'ਤੇ ਕੀਤੀ।ਮੀਟਿੰਗ ਦੌਰਾਨ ਸੰਯੁਕਤ ਕਿਸਾਨ ਮੋਰਚੇ ਦੇ ਦੇਸ਼-ਵਿਆਪੀ ਸੱਦੇ 'ਤੇ ਵਿਚਾਰ-ਵਟਾਂਦਰਾ ਕਰਦਿਆਂ ਫ਼ੈਸਲਾ ਲਿਆ ਗਿਆ ਕਿ 16 ਜਨਵਰੀ ਨੂੰ ਪੰਜਾਬ ਭਰ ਦੇ ਡੀ. ਸੀ. ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਦੀ ਲੜੀ ਤਹਿਤ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫ਼ਤਰ ਅੱਗੇ ਸਵੇਰੇ 11:00 ਤੋਂ ਦੁਪਹਿਰ 3:00 ਵਜੇ ਤੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਆਵਾਜ਼ ਬੁਲੰਦ ਕਰਨਾ ਸਮੇਂ ਦੀ ਮੁੱਖ ਲੋੜ ਹੈ।ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪਿੰਡ ਪੱਧਰ 'ਤੇ ਕਿਸਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤੇ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਲਾਮਬੰਦੀ ਕੀਤੀ ਗਈ।ਇਸ ਮੌਕੇ ਬਲਵਿੰਦਰ ਸਿੰਘ ਜੱਖਲਾਂ, ਸੁਖਪਾਲ ਸਿੰਘ ਕਾਂਝਲਾ, ਮਲਕੀਤ ਸਿੰਘ ਜੱਖਲਾਂ, ਗੁਰਬਚਨ ਸਿੰਘ ਹਰਚੰਦਪੁਰ, ਮਲਕੀਤ ਸਿੰਘ ਕੰਧਾਰਗੜ੍ਹ, ਗੁਰਤੇਜ ਸਿੰਘ ਭੁੱਲਰਹੇੜੀ, ਰਛਪਾਲ ਸਿੰਘ ਕੌਲਸੇੜੀ, ਰਣਵੀਰ ਸਿੰਘ ਕੌਲਸੇੜੀ ਤੇ ਗੁਰਜੰਟ ਸਿੰਘ ਹਰਚੰਦਪੁਰ ਸਮੇਤ ਹੋਰ ਕਈ ਮੋਹਤਬਰ ਆਗੂ ਹਾਜ਼ਰ ਸਨ।

## ਮੁੱਖ ਮੰਤਰੀ ਦੇ ਓ ਐੱਸ ਡੀ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ

**ਧੂਰੀ (ਮੋਹਿਤ ਗਰਗ, ਸੱਗੂ, ਬਿੰਨੀ ਗਰਗ)**

- ਧੂਰੀ ਸ਼ਹਿਰ ਨੂੰ ਬਣਾਇਆ ਜਾ ਰਿਹੈ ਨਮੂਨੇ ਦਾ ਸ਼ਹਿਰ : ਸੁਖਵੀਰ ਸਿੰਘ
- ਸੀਵਰੇਜ ਦੀ ਸਮੱਸਿਆ ਦੇ ਸਥਾਈ ਹੱਲ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼



ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਧੂਰੀ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਉਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ।ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵੀ ਮੌਜੂਦ ਸਨ।

ਆਪਣੇ ਦੌਰੇ ਦੌਰਾਨ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਾਰਡ ਨੰਬਰ 8 ਵਿੱਚ ਲਗਭਗ 25 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ ਵਾਲਮੀਕਿ ਧਰਮਸ਼ਾਲਾ ਦੇ ਚੱਲ ਰਹੇ ਕੰਮ ਦਾ ਨਿਰੀਖਣ ਕੀਤਾ।ਉਨ੍ਹਾਂ ਕੰਮ ਦੀ ਪ੍ਰਗਤੀ 'ਤੇ ਸੰਤੁਸ਼ਟੀ ਪ੍ਰਗਟਾਉਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਧਾਰਤ ਸਮੇਂ ਅੰਦਰ ਕੰਮ ਮੁਕੰਮਲ ਕੀਤਾ ਜਾਵੇ ਤੇ ਗੁਣਵੱਤਾ ਨਾਲ ਕੋਈ ਵੀ ਸਮਝੌਤਾ ਨਾ ਕੀਤਾ ਜਾਵੇ।ਇਸ ਦੇ ਨਾਲ ਹੀ ਉਨ੍ਹਾਂ ਬ੍ਰਾਹਮਣ ਸਭਾ, ਵਾਰਡ ਨੰਬਰ 21 ਤੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ 10-10 ਲੱਖ ਰੁਪਏ ਦੀ ਲਾਗਤ ਨਾਲ ਚੱਲ ਰਹੇ ਵਿਕਾਸ ਕਾਰਜਾਂ ਦਾ ਵੀ ਜਾਇਜ਼ਾ ਲਿਆ।

ਉਨ੍ਹਾ ਵਾਰਡ ਨੰਬਰ 1 ਦੀ ਬਸੰਤ ਕਲੋਨੀ ਤੇ ਗੋਬਿੰਦ ਨਗਰ ਵਿੱਚ ਸੀਵਰੇਜ ਦੀ ਸਮੱਸਿਆ ਦਾ ਮੌਕੇ 'ਤੇ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੀਵਰੇਜ ਦੀ ਸਮੱਸਿਆ ਦਾ ਸਥਾਈ ਹੱਲ ਕੱਢਿਆ ਜਾਵੇ ਤਾਂ ਜੋ ਇਲਾਕੇ ਦੇ ਵਸਨੀਕਾਂ ਨੂੰ ਮੁੜ ਇਸ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਤੇ ਸਫ਼ਾਈ ਨਾਲ ਕੋਈ ਵੀ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਪਰੰਤ ਓ.ਐੱਸ.ਡੀ. ਸੁਖਵੀਰ ਸਿੰਘ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਵਿਕਾਸ ਕਾਰਜ ਸਮੇਂ ਸਿਰ ਪੂਰੇ ਕੀਤੇ ਜਾਣ ਤੇ ਕੰਮ ਦੀ ਗੁਣਵੱਤਾ 'ਤੇ ਖਾਸ ਧਿਆਨ ਦਿੱਤਾ ਜਾਵੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰੀ ਵਿਕਾਸ ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਲੋਕਾਂ ਦੀ ਹਰ ਸਮੱਸਿਆ ਦਾ ਹੱਲ ਤਰਜੀਹੀ ਅਧਾਰ 'ਤੇ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਧੂਰੀ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਇਹ ਕੰਮ ਮੁਕੰਮਲ ਹੋਣਗੇ ਤੇ ਧੂਰੀ ਸ਼ਹਿਰ ਇੱਕ ਨਮੂਨੇ ਦੇ ਸ਼ਹਿਰ ਵਜੋਂ ਉਭਰੇਗਾ।

## ਐੱਸ ਕੇ ਐੱਮ ਵੱਲੋਂ ਅਮਰੀਕਾ ਨਾਲ ਐੱਫ ਟੀ ਏ 'ਤੇ ਦਸਤਖਤ ਕਰਕੇ ਖੇਤੀਬਾੜੀ ਤੇ ਡੇਅਰੀ ਸੈਕਟਰਾਂ ਨੂੰ ਖੋਲ੍ਹਣ ਵਿਰੁੱਧ ਕੇਂਦਰ ਨੂੰ ਚੇਤਾਵਨੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਵੀਂ ਦਿੱਲੀ ਦੇ ਐਚ ਕੇ ਐਸ ਵਿਖੇ ਸੁਰਜੀਤ ਭਵਨ ਵਿਖੇ ਹੋਈ ਸੰਯੁਕਤ ਕਿਸਾਨ ਮੋਰਚਾ ਦੀ ਰਾਸ਼ਟਰੀ ਪ੍ਰੀਸ਼ਦ ਦੀ ਮੀਟਿੰਗ ਵਿੱਚ ਇੱਕ ਮਤਾ ਪਾਸ ਕੀਤਾ ਗਿਆ ਜਿਸ ਵਿੱਚ ਐਨ ਡੀ ਏ ਸਰਕਾਰ ਨੂੰ ਅਮਰੀਕਾ ਨਾਲ ਇੱਕ ਮੁਕਤ ਵਪਾਰ ਸਮਝੌਤਾ (ਐਫ ਟੀ ਏ) 'ਤੇ ਦਸਤਖਤ ਕਰਕੇ ਖੇਤੀਬਾੜੀ ਅਤੇ ਡੇਅਰੀ ਸੈਕਟਰਾਂ ਨੂੰ ਖੋਲ੍ਹਣ ਵਿਰੁੱਧ ਚੇਤਾਵਨੀ ਦਿੱਤੀ ਗਈ। ਮਤੇ ਵਿੱਚ ਕਿਸਾਨਾਂ ਅਤੇ ਆਮ ਲੋਕਾਂ ਨੂੰ ਅਮਰੀਕੀ ਸਾਮਰਾਜਵਾਦ ਅਤੇ ਕਾਰਪੋਰੇਟ ਤਾਕਤਾਂ ਦੇ ਦਬਾਅ ਹੇਠ ਦੇਸ਼ ਦੇ ਹਿੱਤਾਂ ਨਾਲ ਸਮਝੌਤਾ ਕਰਨ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ ਗਿਆ। ਇਸ ਵਿੱਚ ਇਹ ਵੀ ਐਲਾਨ ਕੀਤਾ ਗਿਆ ਕਿ ਕਿਸਾਨ 2020-21 ਦੇ ਇਤਿਹਾਸਕ ਕਿਸਾਨ ਅੰਦੋਲਨ ਨਾਲੋਂ ਵੱਡਾ, ਵਧੇਰੇ ਵਿਆਪਕ ਅਤੇ ਵਧੇਰੇ ਭਿਆਨਕ ਸੰਘਰਸ਼ ਸ਼ੁਰੂ ਕਰਨਗੇ। ਮੀਟਿੰਗ ਵਿੱਚ ਦੇਸ਼ ਭਰ ਦੇ ਕਿਸਾਨਾਂ ਅਤੇ ਮਜ਼ਦੂਰਾਂ ਵੱਲੋਂ ਤੁਰੰਤ ਅਤੇ ਹਮਲਾਵਰ ਵਿਰੋਧ ਕਾਰਵਾਈਆਂ ਕਰਨ ਦਾ ਸੱਦਾ ਦਿੱਤਾ ਗਿਆ ਜੇਕਰ ਐਨਡੀਏ ਸਰਕਾਰ ਆਉਣ ਵਾਲੇ ਬਜਟ ਸੈਸ਼ਨ ਵਿੱਚ ਬਿਜਲੀ ਬਿੱਲ 2025 ਪਾਸ ਕਰਦੀ ਹੈ। ਹਨਨ ਮੁੱਲਾ ਨੇ ਭਾਗੀਦਾਰਾਂ ਦਾ ਸਵਾਗਤ ਕੀਤਾ। ਪ੍ਰਧਾਨਗੀ ਮੰਡਲ ਵਿੱਚ ਜੋਗਿੰਦਰ ਸਿੰਘ ਉਗਰਾਹਨ, ਰਾਜਨ ਕਸ਼ੀਰਸਾਗਰ, ਪੀ. ਕ੍ਰਿਸ਼ਨਾ ਪ੍ਰਸਾਦ, ਪ੍ਰੇਮ ਸਿੰਘ ਗਹਿਲਾਵਤ, ਆਸ਼ੀਸ਼ ਮਿੱਤਲ, ਜੋਗਿੰਦਰ ਸਿੰਘ ਨੈਣ, ਸਿਰਾਜੂਦੀਨ ਖੇੜੀ, ਦਲਜੀਤ ਸਿੰਘ ਅਤੇ ਅਸ਼ੋਕ ਬੈਠਾ ਸ਼ਾਮਲ ਸਨ। ਮੀਟਿੰਗ ਵਿੱਚ 16 ਜਨਵਰੀ, ਆਲ ਇੰਡੀਆ ਵਿਰੋਧ ਦਿਵਸ ਨੂੰ ਕਿਸਾਨਾਂ ਦੀ ਵਿਆਪਕ ਭਾਗੀਦਾਰੀ ਨੂੰ ਯਕੀਨੀ ਬਣਾਉਣ ਦਾ ਫੈਸਲਾ ਕੀਤਾ ਗਿਆ।

**26 ਜਨਵਰੀ ਨੂੰ ਲੋਕਤੰਤਰੀ ਅਧਿਕਾਰਾਂ ਦੀ ਰੱਖਿਆ ਲਈ ਲੋਕ ਮਾਰਚ**

ਇਸ ਵਿੱਚ ਜ਼ਿਲ੍ਹਾ ਪੱਧਰ 'ਤੇ ਪ੍ਰਦਰਸ਼ਨ, ਬਲਾਕ/ਪਿੰਡ ਪੱਧਰ 'ਤੇ ਜਨਤਕ ਮੀਟਿੰਗਾਂ, ਅਤੇ ਨਵੇਂ ਸਾਲ ਦਾ ਪ੍ਰਣ ਸ਼ਾਮਲ ਹੋਵੇਗਾ। ਜਿੱਤ ਤੱਕ ਇੱਕ ਨਿਰੰਤਰ, ਇੱਕਜੁੱਟ, ਸਰਬ-ਭਾਰਤੀ ਸੰਘਰਸ਼ ਦਾ ਨਿਰਮਾਣ, ਬਿਜਲੀ ਬਿੱਲ 2025, ਵੀ ਬੀ ਗ੍ਰਾਮੀਣ ਐਕਟ 2025, ਬੀਜ ਬਿੱਲ 2025 ਅਤੇ ਚਾਰ ਕਿਰਤ ਕੋਡਾਂ ਨੂੰ ਰੱਦ ਕਰਨ ਦੀਆਂ ਮੰਗਾਂ ਦੇ ਨਾਲ ਮੰਗਾਂ ਦੇ ਚਾਰਟਰ ਵਿੱਚ ਲੰਬੇ ਸਮੇਂ ਦੀਆਂ ਮੰਗਾਂ ਵੀ ਸ਼ਾਮਲ ਹਨ-ਸਾਰੀਆਂ ਫਸਲਾਂ ਲਈ 32+50% 'ਤੇ ਐਮ ਐਸ ਪੀ ਦਾ ਕਾਨੂੰਨ ਅਤੇ ਯਕੀਨੀ ਖਰੀਦ; ਕਿਸਾਨਾਂ ਨੂੰ ਕਰਜ਼ੇ ਤੋਂ ਮੁਕਤ ਕਰਨ ਅਤੇ ਕਿਸਾਨ ਖੁਦਕੁਸ਼ੀਆਂ ਨੂੰ ਖਤਮ ਕਰਨ ਲਈ ਵਿਆਪਕ ਕਰਜ਼ਾ ਮੁਆਫ਼ੀ; ਜ਼ਮੀਨ ਪ੍ਰਾਪਤੀ, ਪੁਨਰਵਾਸ ਅਤੇ ਪੁਨਰਵਾਸ ਐਕਟ, 2013 ( ਐਲ ਏ ਆਰ ਆਰ ਐਕਟ 2013) ਵਿੱਚ ਨਿਰਪੱਖ ਮੁਆਵਜ਼ੇ ਅਤੇ ਪਾਰਦਰਸ਼ਤਾ ਦੇ ਅਧਿਕਾਰ ਨੂੰ ਲਾਗੂ ਕਰਨਾ; ਅਤੇ ਜੀ ਐਸ ਟੀ ਐਕਟ ਵਿੱਚ ਸੋਧ ਕਰਕੇ ਟੈਕਸ ਸ਼ਕਤੀਆਂ ਨੂੰ ਬਹਾਲ ਕਰਕੇ ਰਾਜਾਂ ਦੇ ਸੰਘੀ ਅਧਿਕਾਰਾਂ ਦੀ ਰੱਖਿਆ ਕਰਨਾ, ਰਾਜਾਂ ਨੂੰ ਮੌਜੂਦਾ 31% ਦੀ ਬਜਾਏ ਸੈੱਸ ਅਤੇ ਸਰਚਾਰਜ ਸਮੇਤ ਵੰਡਣਯੋਗ ਪੂਲ ਦਾ 60% ਦੇਣਾ। ਮੀਟਿੰਗ ਨੇ ਉਪਰੋਕਤ ਸਾਰੀਆਂ ਮੰਗਾਂ ਦੇ ਸਮਰਥਨ ਵਿੱਚ ਅਤੇ ਪ੍ਰਗਟਾਵੇ ਦੀ ਆਜ਼ਾਦੀ, ਵਿਰੋਧ ਪ੍ਰਦਰਸ਼ਨ ਦੇ ਅਧਿਕਾਰ ਅਤੇ ਯੂਏਪੀਏ ਸਮੇਤ ਦਮਨਕਾਰੀ ਕਾਨੂੰਨਾਂ ਨੂੰ ਰੱਦ ਕਰਨ ਦੇ ਸੰਵਿਧਾਨਕ ਅਧਿਕਾਰਾਂ ਦੀ ਪੁਸ਼ਟੀ ਕਰਨ ਲਈ 26 ਜਨਵਰੀ, 2026 ਨੂੰ ਗਣਤੰਤਰ ਦਿਵਸ ਮਨਾਉਣ ਦਾ ਫੈਸਲਾ ਕੀਤਾ। ਲੋਕਤੰਤਰੀ ਅਧਿਕਾਰਾਂ ਬਾਰੇ ਮਤੇ ਵਿੱਚ ਮੰਗ ਕੀਤੀ ਗਈ ਸੀ ਕਿ ਐਨਡੀਏ ਸਰਕਾਰ ਸਾਰੇ ਰਾਜਨੀਤਕ ਕੈਦੀਆਂ ਨੂੰ ਤੁਰੰਤ ਰਿਹਾਅ ਕਰੇ, ਜਿਨ੍ਹਾਂ ਵਿੱਚ ਲੱਦਾਖ ਦੀ ਸੋਨਮ ਵਾਂਗਚੁਕ ਅਤੇ ਪੰਜ ਸਾਲਾਂ ਤੋਂ ਵੱਧ ਸਮੇਂ ਤੋਂ ਬਿਨਾਂ ਮੁਕੱਦਮੇ ਦੇ ਜੇਲ੍ਹ ਵਿੱਚ ਬੰਦ ਸਾਰੇ ਕੈਦੀ ਸ਼ਾਮਲ ਹਨ। ਰਾਜ ਲੀਡਰਸ਼ਿਪ ਦੁਪਹਿਰ ਨੂੰ ਲੋਕ ਮਾਰਚ ਦੇ ਰੂਪ ਵਿੱਚ ਇੱਕ ਵਿਰੋਧ ਪ੍ਰੋਗਰਾਮ ਤਹਿ ਕਰੇਗੀ ਅਤੇ ਟਰੈਕਟਰ ਪਰੇਡ, ਵਾਹਨ ਰੈਲੀਆਂ, ਮੋਟਰਸਾਈਕਲ ਰੈਲੀਆਂ ਅਤੇ ਵਿਸ਼ਾਲ ਪ੍ਰਦਰਸ਼ਨਾਂ ਦਾ ਆਯੋਜਨ ਕਰਨ ਲਈ ਮਜ਼ਦੂਰਾਂ, ਖੇਤੀਬਾੜੀ ਅਤੇ ਪੇਂਡੂ ਮਜ਼ਦੂਰਾਂ ਨਾਲ ਤਾਲਮੇਲ ਕਰੇਗੀ। ਮੀਟਿੰਗ ਨੇ 12 ਫਰਵਰੀ ਨੂੰ ਚਾਰ ਕਿਰਤ ਕੋਡਾਂ ਨੂੰ ਰੱਦ ਕਰਨ ਦੀ ਮੰਗ ਕਰਦੇ ਹੋਏ ਆਮ ਹੜਤਾਲ ਦੇ ਸੱਦੇ ਦਾ ਸਮਰਥਨ ਕੀਤਾ। ਕਿਸਾਨਾਂ ਨੂੰ ਸੜਕਾਂ 'ਤੇ ਉਤਰਨ ਅਤੇ ਉਸ ਦਿਨ ਵਿਸ਼ਾਲ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਗਿਆ ਸੀ। ਰਾਜਾਂ ਵਿੱਚ ਵਿਸਤ੍ਰਿਤ ਪ੍ਰੋਗਰਾਮ ਤੈਅ ਕੀਤੇ ਜਾਣਗੇ। ਮੀਟਿੰਗ ਨੇ ਮਜ਼ਦੂਰਾਂ ਨੂੰ ਬਿਨਾਂ ਸ਼ਰਤ ਸਮਰਥਨ ਦਾ ਐਲਾਨ ਕੀਤਾ ਅਤੇ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਹੋਣ ਤੱਕ ਸੰਘਰਸ਼ ਜਾਰੀ ਰੱਖਣ ਦਾ ਸੰਕਲਪ ਲਿਆ।ਐਸ ਕੇ ਐਮ 19 ਜਨਵਰੀ ਨੂੰ ਲਖੀਮਪੁਰ ਖੇੜੀ ਵਿੱਚ ਇੱਕ ਜਨਤਕ ਮੀਟਿੰਗ ਕਰੇਗਾ। ਅਗਲੀ ਰਾਸ਼ਟਰੀ ਪ੍ਰੀਸ਼ਦ ਦੀ ਮੀਟਿੰਗ 24 ਫਰਵਰੀ ਨੂੰ ਹਰਿਆਣਾ ਵਿੱਚ ਹੋਵੇਗੀ ਅਤੇ ਜੇਕਰ ਐਨ ਡੀ ਏ ਸਰਕਾਰ ਮਜ਼ਦੂਰਾਂ, ਕਿਸਾਨਾਂ ਅਤੇ ਖੇਤੀਬਾੜੀ ਅਤੇ ਪੇਂਡੂ ਮਜ਼ਦੂਰਾਂ ਦੀ ਅਗਵਾਈ ਨਾਲ ਵਾਜਬ ਮੰਗਾਂ 'ਤੇ ਚਰਚਾ ਸ਼ੁਰੂ ਕਰਨ ਲਈ ਤਿਆਰ ਨਹੀਂ ਹੈ, ਤਾਂ ਇੱਕ ਠੋਸ ਕਾਰਵਾਈ ਯੋਜਨਾ ਦਾ ਫੈਸਲਾ ਕੀਤਾ ਜਾਵੇਗਾ।

## ਅਖਾੜਾ ਨਹਿਰ ਵਾਲੇ ਪਿੱਪਲ ਨੂੰ ਬਚਾਉਣ ਲਈ ਉਪਰਾਲੇ ਤੇਜ਼



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਲੋਹੜੀ ਦੇ ਤਿਉਹਾਰ ਮੌਕੇ ਗਰੀਨ ਪੰਜਾਬ ਮਿਸ਼ਨ ਦੀ ਟੀਮ ਰੁੱਖਾਂ ਦੀ ਸੰਭਾਲ ਤੇ ਉਨ੍ਹਾਂ ਨੂੰ ਬਚਾਉਣ ਲਈ ਸਰਗਰਮ ਨਜ਼ਰ ਆਈ। ਅਖਾੜਾ ਨਹਿਰ ਉੱਪਰ ਪੁਲ਼ ਬਣਨ ਤੋਂ ਬਾਅਦ ਉਥੇ ਮੌਜੂਦ ਇੱਕ ਪੁਰਾਣੇ ਤੇ ਵਿਸ਼ਾਲ ਪਿੱਪਲ ਦੇ ਦਰੱਖਤ ਨੂੰ ਬਚਾਉਣ ਲਈ ਟੀਮ ਵੱਲੋਂ ਪ੍ਰਸ਼ਾਸਨ ਨਾਲ ਸੰਪਰਕ ਕੀਤਾ ਗਿਆ। ਇਹ ਪਿੱਪਲ ਦਾ ਦਰਖਤ ਪੁਲ਼ ਤੋਂ ਲਗਭਗ 40 ਕਰਮਾਂ ਦੀ ਦੂਰੀ 'ਤੇ ਹੈ ਅਤੇ ਟ੍ਰੈਫਿਕ ਵੀ ਇਸ ਤੋਂ ਕਰੀਬ 22 ਕਰਮਾਂ ਦੂਰ ਘੁੰਮਦੀ ਹੈ। ਇਸ ਦੇ ਬਾਵਜੂਦ ਕੁਝ ਖ਼ਤਰੇ ਦੀ ਸੰਭਾਵਨਾ ਦੱਸਦੇ ਹੋਏ ਦਰੱਖਤ ਨੂੰ ਕੱਟਣ ਦੀ ਗੱਲ ਚੱਲ ਰਹੀ ਸੀ, ਜਿਸ ਨੂੰ ਰੋਕਣ ਲਈ ਅੱਜ ਗਰੀਨ ਪੰਜਾਬ ਮਿਸ਼ਨ ਦੀ ਟੀਮ ਐਸ.ਡੀ.ਐਮ ਨੂੰ ਮਿਲਣ ਪਹੁੰਚੀ। ਐਸ.ਡੀ.ਐਮ. ਦੇ ਉਪਲਬਧ ਨਾ ਹੋਣ ਕਾਰਨ ਟੀਮ ਨੇ ਸੁਪਰਡੈਂਟ ਸਰਬਜੀਤ ਸਿੰਘ ਨਾਲ ਮੁਲਾਕਾਤ ਕੀਤੀ। ਟੀਮ ਦੇ ਮੈਂਬਰਾਂ ਨੇ ਦੱਸਿਆ ਕਿ ਪਿੱਪਲ ਦਾ ਦਰੱਖਤ ਕਾਫੀ ਦੂਰ ਸਥਿਤ ਹੈ ਅਤੇ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਟ੍ਰੈਫਿਕ ਖ਼ਤਰਾ ਨਹੀਂ ਬਣਦਾ, ਫਿਰ ਵੀ ਜੇ ਪ੍ਰਸ਼ਾਸ਼ਨ ਨੂੰ ਕੋਈ ਚਿੰਤਾ ਹੈ ਤਾਂ ਗਰੀਨ ਪੰਜਾਬ ਮਿਸ਼ਨ ਦੀ ਟੀਮ ਪਿੱਪਲ ਦੇ ਚਾਰੋਂ ਪਾਸੇ ਬਾਊਂਡਰੀ ਬਣਾਉਣ ਤੇ ਰਿਫਲੈਕਟਰ ਲਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਟੀਮ ਨੇ ਸਿਰਫ਼ ਪ੍ਰਸ਼ਾਸਨ ਤੋਂ ਮਨਜ਼ੂਰੀ ਦੀ ਮੰਗ ਕੀਤੀ ਤੇ ਹਰ ਕੀਮਤ 'ਤੇ ਇਸ ਪੁਰਾਤਨ ਪਿੱਪਲ ਦੇ ਦਰੱਖਤ ਨੂੰ ਬਚਾਉਣ ਦੀ ਅਪੀਲ ਕੀਤੀ।

## ਅਕਾਲੀ ਦਲ ਦੀ ਤਾਕਤ ਤੋਂ ਬੁਖਲਾਹਟ 'ਚ ਹਨ ਮੁੱਖ ਮੰਤਰੀ : ਢਿੱਲੋਂ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੀ ਉੱਭਰ ਰਹੀ ਤਾਕਤ ਨੂੰ ਦੇਖ ਕੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬੁਖਲਾਹਟ ਵਿੱਚ ਆ ਚੁੱਕੀ ਹੈ।ਅੱਜ ਪੰਜਾਬ ਵਿੱਚ ਅਮਨ, ਕਾਨੂੰਨ ਦੀ ਸਥਿਤੀ ਬੇਹੱਦ ਸ਼ਰਮਨਾਕ ਪੱਧਰ 'ਤੇ ਜਾਣ ਕਰਕੇ ਹਰ ਪਾਸੇ ਹਾਹਾਕਾਰ ਮੱਚੀ ਹੋਈ ਹੈ। ਨਸ਼ੇ, ਕਤਲ, ਫਿਰੌਤੀਆਂ, ਮਾਰਧਾੜ, ਲੁੱਟ-ਖੋਹ ਨੇ ਪੰਜਾਬੀਆਂ ਦਾ ਜੀਣਾ ਦੁੱਭਰ ਕੀਤਾ ਹੋਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਰਨਜੀਤ ਸਿੰਘ ਢਿੱਲੋਂ ਸਾਬਕਾ ਮੰਤਰੀ ਪੰਜਾਬ ਨੇ ਸਾਰੇ ਹਲਕਾ ਇੰਚਾਰਜਾਂ ਤੇ ਸਮੁੱਚੀ ਲੀਡਰਸ਼ਿਪ ਵੱਲੋਂ ਕੀਤੀ ਮੀਟਿੰਗ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਬਦਲਾਅ ਦਾ ਨਾਅਰਾ ਲੈ ਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਰਜ਼ੇ ਦੀਆਂ ਹੱਦਾਂ ਤੋੜਦੇ ਹੋਏ ਸੂਬੇ ਦਾ ਖਜ਼ਾਨਾ ਉਜਾੜ ਸਿਰਫ਼ ਮਸ਼ਹੂਰੀਆਂ 'ਤੇ ਵਿਕਾਸ ਦਿਖਾਇਆ ਹੈ।ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਲਸ ਜ਼ਿਲ੍ਹਾ ਖੰਨਾ ਤੇ ਹਲਕਾ ਇੰਚਾਰਜ ਸਮਰਾਲਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀਆਂ ਖਾਮੀਆਂ ਲੁਕਾਉਣ ਲਈ ਪੰਥਕ ਮਸਲਿਆਂ ਤੇ ਘਟੀਆ ਸਿਆਸਤ ਖੇਡ ਪੰਥ ਤੇ ਪੰਜਾਬ ਦੇ ਸੇਵਾਦਾਰ ਸ਼੍ਰੋਮਣੀ ਅਕਾਲੀ ਦਲ ਨੂੰ ਨਿਸ਼ਾਨਾ ਬਣਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਰੁੱਧ ਭੰਡੀ-ਤੰਤਰ ਚਲਾਇਆ ਜਾ ਰਿਹਾ ਹੈ।ਯਾਦਵਿੰਦਰ ਸਿੰਘ ਯਾਦੂ ਹਲਕਾ ਇੰਚਾਰਜ ਖੰਨਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਦਖਲ ਦੇਣ ਲਈ ਸਿੱਟ ਦਾ ਗਠਨ ਕੀਤਾ ਹੈ, ਜਿਸ ਸਰਕਾਰੀ ਪੰਥਕ ਮਸਲਿਆਂ ਵਿੱਚ ਸਰਕਾਰੀ ਦਖਲ ਦੇਣਾ ਤੇ ਸਿੱਟ ਵਿੱਚ ਜਾਣਬੁੱਝ ਕੇ ਉਹ ਅਫਸਰ ਲਾਏ ਹਨ, ਜੋ ਆਮ ਆਦਮੀ ਪਾਰਟੀ ਦੇ ਝੋਲੀ ਚੁੱਕ ਹਨ।ਇਸ ਮੌਕੇ ਮਨਜੀਤ ਸਿੰਘ ਮਦਨੀਪੁਰ ਹਲਕਾ ਇੰਚਾਰਜ ਪਾਇਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਗੁੰਮ ਹੋਏ ਸਰੂਪਾਂ ਨੂੰ ਲੈ ਕੇ ਜੋ ਬਿਆਨ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਦਿੱਤੇ ਜਾ ਰਹੇ ਹਨ, ਉਹ ਸਿੱਖ ਕੌਮ ਲਈ ਬਹੁਤ ਹੀ ਸ਼ਰਮਨਾਕ ਹਨ ਤੇ ਜਾਣਬੁੱਝ ਕੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਬੁਲਾਰਿਆਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਦੀ ਉੱਭਰ ਰਹੀ ਤਾਕਤ ਉੱਤੇ ਤਸੱਲੀ ਪ੍ਰਗਟ ਕੀਤੀ, ਹੁਣ ਪੰਜਾਬ ਦੇ ਲੋਕਾਂ ਨੂੰ ਵੀ ਵਿਸ਼ਵਾਸ ਹੋ ਚੁੱਕਾ ਹੈ ਕਿ ਜੇਕਰ ਪੰਜਾਬ ਦੇ ਹਿੱਤਾਂ ਲਈ ਖੜਨ ਵਾਲਾ ਹੈ, ਉਹ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਹੈ।

## ਸਿਹਤ ਬੀਮਾ ਯੋਜਨਾ ਪੰਜਾਬ ਵਾਸੀਆਂ ਲਈ ਨਵੇਂ ਸਾਲ ਦਾ ਤੋਹਫਾ : ਬਿਲਾਸਪੁਰ



**ਬੱਧਨੀ ਕਲਾਂ (ਨਛੱਤਰ ਸੰਧੂ)**

ਮੁੱਖ ਮੰਤਰੀ ਭਗਵੰਤ ਸਿੰਘ ਜੀ ਮਾਨ ਵੱਲੋਂ ਮੁੱਖ ਮੰਤਰੀ ਦੀ ਕੁਰਸੀ ਸੰਭਾਲਣ ਤੋਂ ਲੈ ਕੇ ਹੁਣ ਤੱਕ ਪੰਜਾਬ ਵਾਸੀਆਂ ਲਈ ਅਨੇਕਾਂ ਹੀ ਇਤਿਹਾਸਕ ਫੈਸਲੇ ਲਏ ਹਨ, ਫੇਰ ਭਾਵੇਂ ਉਹ 600 ਯੂਨਿਟ ਮੁਫਤ ਬਿਜਲੀ ਦੀ ਗੱਲ ਹੋਵੇ, ਭਾਵੇਂ ਖੇਤਾਂ ਦੀ ਬਿਜਲੀ ਦਿਨ ਸਮੇਂ ਆਉਣ ਦੀ ਗੱਲ ਹੋਵੇ, ਭਾਵੇਂ ਨਹਿਰੀ ਪਾਣੀ ਲਈ ਕੱਸੀਆਂ, ਖਾਲ਼ ਬਣਾਉਣ ਦੀ ਗੱਲ ਹੋਵੇ ਇਸੇ ਲੜੀ ਤਹਿਤ ਮਾਨ ਸਰਕਾਰ ਪੰਜਾਬ ਵਾਸੀਆਂ ਨੂੰ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਸ਼ੁਰੂ ਕਰਕੇ ਨਵੇਂ ਸਾਲ ਦਾ ਤੋਹਫਾ ਦੇਣ ਜਾ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ, ਜ਼ਿਲ੍ਹਾ ਪ੍ਰੈਸ ਸਕੱਤਰ ਅੰਮ੍ਰਿਤਪਾਲ ਸਿੰਘ ਖਾਲਸਾ ਦੀਨਾ ਸਾਹਿਬ ਤੇ ਬਲਾਕ ਸੰਮਤੀ ਮੈਂਬਰ ਕੁਲਵੰਤ ਸਿੰਘ ਗਰੇਵਾਲ ਨੇ ਕੀਤਾ ।'ਆਪ' ਆਗੂਆਂ ਨੇ ਇਸ ਯੋਜਨਾ ਨੂੰ 15 ਜਨਵਰੀ ਤੋਂ ਸ਼ੁਰੂ ਕਰਨ 'ਤੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਹ ਫੈਸਲਾ ਪੰਜਾਬ ਵਾਸੀਆਂ ਖਾਸਕਰ ਮੱਧ ਵਰਗੀ ਤੇ ਗ਼ਰੀਬ ਪਰਵਾਰਾਂ ਲਈ ਬਹੁਤ ਵੱਡੀ ਰਾਹਤ ਹੋਵੇਗੀ।ਉਨ੍ਹਾਂ ਦੱਸਿਆ ਕਿ ਇਸ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਵਿੱਚ ਵਸਦੇ ਹਰੇਕ ਪਰਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਇਲਾਜ ਮੁਹੱਈਆ ਕਰਾਇਆ ਜਾਵੇਗਾ। ਇਹ ਯੋਜਨਾ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਲਾਗੂ ਹੋਵੇਗੀ ਲੋੜਵੰਦ ਵਿਅਕਤੀ ਜਿੱਥੋਂ ਮਰਜ਼ੀ ਆਪਣਾ ਇਲਾਜ ਕਰਾ ਸਕਦਾ ਹੈ, ਜਿਸ ਨਾਲ ਆਪਣਿਆਂ ਦੇ ਇਲਾਜ ਦਾ ਖਰਚਾ ਉਨ੍ਹਾਂ ਦੀ ਜੇਬ 'ਤੇ ਨਹੀਂ ਪਵੇਗਾ। 'ਆਪ' ਆਗੂਆਂ ਨੇ ਕਿਹਾ ਕਿ ਅਕਸਰ ਗੰਭੀਰ ਬਿਮਾਰੀਆਂ ਕਾਰਨ ਗ਼ਰੀਬ ਤੇ ਮੱਧਵਰਗੀ ਪਰਵਾਰ ਕਰਜ਼ੇ ਦੇ ਬੋਝ ਹੇਠ ਆ ਜਾਂਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਹਿਤੈਸ਼ੀ ਨੀਤੀਆਂ ਲਾਗੂ ਕਰ ਰਹੀ ਹੈ ਤੇ ਸਿਹਤ ਖੇਤਰ ਵਿੱਚ ਇਹ ਇੱਕ ਇਤਿਹਾਸਕ ਕਦਮ ਹੈ।ਇਸ ਯੋਜਨਾ ਨਾਲ ਦਿਲ ਦੀਆਂ ਬਿਮਾਰੀਆਂ, ਕੈਂਸਰ, ਕਿਡਨੀ ਰਾਹ ਰੋਗ, ਐਕਸੀਡੈਂਟ ਤੇ ਹੋਰ ਗੰਭੀਰ ਬਿਮਾਰੀਆਂ ਦਾ ਇਲਾਜ ਬਿਨਾਂ ਕਿਸੇ ਵਿੱਤੀ ਚਿੰਤਾ ਦੇ ਕਰਾਇਆ ਜਾ ਸਕੇਗਾ।ਖਾਸਕਰ ਪਿੰਡਾਂ ਵਿੱਚ ਰਹਿਣ ਵਾਲੇ ਲੋਕ ਅਕਸਰ ਵੱਡੇ ਹਸਪਤਾਲਾਂ ਦੇ ਖਰਚਿਆਂ ਤੋਂ ਡਰਦੇ ਹਨ, ਜੋ ਹੁਣ ਨਿਸ਼ਚਿਤ ਹੋ ਕੇ ਸਮੇਂ ਸਿਰ ਆਪਣਾ ਇਲਾਜ ਕਰਾ ਸਕਣਗੇ।'ਆਪ' ਦੇ ਸੀਨੀਅਰ ਆਗੂਆਂ ਨੇ ਦੱਸਿਆ ਕਿ 15 ਜਨਵਰੀ ਤੋਂ ਇਸ ਯੋਜਨਾ ਦੀ ਪ੍ਰਕਿਰਿਆ ਸਰਕਾਰ ਵੱਲੋਂ ਸ਼ੁਰੂ ਕੀਤੀ ਜਾ ਰਹੀ ਹੈ ਤੇ ਇਸਦੀ ਰਜਿਸਟਰੇਸ਼ਨ ਸਬੰਧੀ ਪੂਰੀ ਜਾਣਕਾਰੀ ਲੋਕਾਂ ਨਾਲ ਸਾਂਝੀ ਕੀਤੀ ਜਾਵੇਗੀ।ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਸਹੀ ਜਾਣਕਾਰੀ ਲੈ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

## ਸਹਿਕਾਰੀ ਸੁਸਾਇਟੀਆਂ 'ਚ ਅਸਲ ਅਲਾਟੀਆਂ ਲਈ ਸਟੈਂਪ ਡਿਊਟੀ ਤੋਂ ਛੋਟ

ਚੰਡੀਗੜ੍ਹ, (ਗੁਰਜੀਤ ਬਿੱਲਾ)-ਜਾਇਦਾਦ ਦੇ ਅਧਿਕਾਰਾਂ ਦੀ ਰਾਖੀ ਅਤੇ ਲੰਬੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਬੇਯਕੀਨੀ ਨੂੰ ਦੂਰ ਕਰਨ ਦੇ ਉਦੇਸ਼ ਨਾਲ ਇਕ ਇਤਿਹਾਸਕ ਫੈਸਲੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਿੱਚ ਰਹਿਣ ਵਾਲੇ ਨਿਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਵੱਡੇ ਨਾਗਰਿਕ ਕੇਂਦਰਿਤ ਸੁਧਾਰ ਪੇਸ਼ ਕੀਤੇ ਹਨ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਵਿੱਚ ਜਾਇਦਾਦ ਦੇ ਤਬਾਦਲੇ ਨੂੰ ਕਾਨੂੰਨੀ ਰੂਪ ਦੇਣ ਲਈ ਦੂਰਗਾਮੀ ਕਦਮ ਚੁੱਕੇ ਹਨ। ਇਨ੍ਹਾਂ ਵਿੱਚੋਂ ਬਹੁਤੀਆਂ ਸੁਸਾਇਟੀਆਂ ਦਹਾਕਿਆਂ ਤੋਂ ਗੈਰ ਰਜਿਸਟਰਡ ਟਰਾਂਸਫਰਾਂ ਵਰਗੀਆਂ ਆ ਰਹੀਆਂ ਹਨ। ਬੁਲਾਰੇ ਨੇ ਦੱਸਿਆ ਕਿ ਸਹਿਕਾਰੀ ਹਾਊਸਿੰਗ ਸੁਸਾਇਟੀਆਂ ਦੁਆਰਾ ਉਨ੍ਹਾਂ ਦੇ ਅਸਲ ਮੈਂਬਰਾਂ ਦੇ ਹੱਕ ਵਿੱਚ ਕੀਤੇ ਗਏ ਅਸਲ ਅਲਾਟਮੈਂਟ ਦੇ ਦਸਤਾਵੇਜ਼ਾਂ ਨੂੰ ਸਟੈਂਪ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਗਈ ਹੈ। ਮੁੱਖ ਮੰਤਰੀ ਦਫ਼ਤਰ ਨੇ ਦੱਸਿਆ, ਅਜਿਹੀਆਂ ਰਜਿਸਟ੍ਰੇਸ਼ਨਾਂ ਨੂੰ ਦਰਸਾਏ ਮੁੱਲ 'ਤੇ ਸਿਰਫ਼ ਇਕ ਮਾਮੂਲੀ ਰਜਿਸਟਰੇਸ਼ਨ ਫੀਸ ਨਾਲ ਇਜਾਜ਼ਤ ਦਿੱਤੀ ਜਾਵੇਗੀ।

# ਵਿਧਾਇਕ ਨੇ ਜਲਾਲਾਬਾਦ ਦੇ ਸੇਮ ਪ੍ਰਭਾਵਤ ਲੋਕਾਂ ਨੂੰ ਦਿੱਤਾ ਤੋਹਫਾ

### ਸੇਮ ਗ੍ਰਸਤ ਜ਼ਮੀਨ ਦੇ ਸੁਧਾਰ ਦੇ ਪ੍ਰੋਜੈਕਟ ਦਾ ਰੱਖਿਆ ਨੀਂਹ-ਪੱਥਰ

ਫਾਜ਼ਿਲਕਾ (ਨਿਸ਼ਾ ਸ਼ਰਮਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਵਿਕਾਸ ਲਈ ਤਤਪਰ ਹੈ ਤੇ ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਲੋਹੜੀ ਦੇ ਤਿਉਹਾਰ ਤੋਂ ਪਹਿਲਾਂ ਹੀ ਹਲਕਾ ਜਲਾਲਾਬਾਦ ਦੇ ਪਿੰਡ ਸਜਰਾਣਾ, ਅਲਿਆਣਾ ਤੇ ਘੱਟਿਆਂ ਵਾਲੀ ਬੋਦਲਾ ਵਿਖੇ 5 ਕਰੋੜ 57 ਲੱਖ ਦੀ ਲਾਗਤ ਨਾਲ ਜ਼ਮੀਨ ਦੋਜ਼ ਪਾਇਪ ਲਾਈਨ ਡਰੇਨੇਜ ਸਿਸਟਮ ਸੋਲਰ ਪੰਪ ਰਾਹੀਂ ਸੇਮ ਗ੍ਰਸਤ ਜ਼ਮੀਨਾਂ ਦਾ ਸੁਧਾਰ ਹੋਵੇਗਾ।ਇਹ ਪ੍ਰਗਟਾਵਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਸੇਮ ਗ੍ਰਸਤ ਜ਼ਮੀਨਾਂ ਦੇ ਸੁਧਾਰ ਦੇ ਇਸ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਵਿਧਾਇਕ ਗੋਲਡੀ ਕੰਬੋਜ ਨੇ ਇਸ ਪ੍ਰਾਜੈਕਟ ਲਈ ਉਹ ਕੈਬਨਿਟ ਮੰਤਰੀ ਭੂਮੀ ਤੇ ਜਲ ਸੰਭਾਲ ਵਿਭਾਗ ਪੰਜਾਬ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਉਪਰਾਲੇ ਸਦਕਾ ਹਲਕਾ ਜਲਾਲਾਬਾਦ ਦੇ ਪਿੰਡ ਸਜਰਾਣਾ ਵਿਖੇ 2 ਕਰੋੜ 34 ਲੱਖ, ਅਲਿਆਣਾ 1 ਕਰੋੜ 42 ਲੱਖ ਤੇ ਘੱਟਿਆਂ ਵਾਲੀ ਬੋਦਲਾ ਵਿਖੇ 1 ਕਰੋੜ 81 ਲੱਖ ਦੀ ਲਾਗਤ ਨਾਲ ਬਣਨ ਵਾਲੇ ਇਨ੍ਹਾਂ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ ਹਨ। ਇਹ ਪ੍ਰੋਜੈਕਟ ਮਹਿੰਦਰ ਸਿੰਘ ਸੈਣੀ, ਮੁੱਖ ਭੂਮੀ ਪਾਲ, ਪੰਜਾਬ, ਸ੍ਰੀ ਜਸਵੀਰ ਸਿੰਘ, ਭੂਮੀ ਪਾਲ, ਫਿਰੋਜ਼ਪੁਰ ਦੀ ਦਿਸ਼ਾ ਨਿਰਦੇਸ਼ ਤੇ ਸ੍ਰੀ ਗੁਰਬਿੰਦਰ ਸਿੰਘ, ਮੰਡਲ ਭੂਮੀ ਰੱਖਿਆ ਅਫ਼ਸਰ, (ਇੰਜ.) ਮੁੱਖ ਦਫ਼ਤਰ ਚੰਡੀਗੜ੍ਹ ਦੀ ਦੇਖ-ਰੇਖ ਅਧੀਨ ਲਾਗੂ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ 24 ਪਿੰਡਾਂ ਵਿੱਚ ਇਹ ਪ੍ਰਾਜੈਕਟ ਉਲੀਕੇ ਗਏ ਹਨ, ਜੋ ਲਗਭਗ 27 ਕਰੋੜ 78 ਲੱਖ ਦੀ ਲਾਗਤ ਨਾਲ ਬਣਨਗੇ।ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਜਮੀਨ ਵਿੱਚ ਪਾਇਪ ਲਾਈਨ ਡਰੇਨਜ ਸਿਸਟਮ ਸੋਲਰ ਪੰਪ ਰਾਹੀਂ ਸੇਮ ਗ੍ਰਸਤ ਜਮੀਨਾਂ ਦਾ ਸੁਧਾਰ ਹੋਵੇਗਾ।ਉਨ੍ਹਾਂ ਕਿਹਾ ਕਿ 25-25 ਏਕੜ ਤੇ ਇਹ ਸੋਲਰ ਪੰਪ ਲੱਗਣਗੇ ਤੇ ਇਹ ਜ਼ਮੀਨਾਂ ਦੇ ਪਾਣੀ ਦੇ ਪੱਧਰ ਨੂੰ ਹੇਠਾਂ ਲੈ ਕੇ ਜਾਣਗੇ ਤੇ ਫਿਰ ਤੋਂ ਜ਼ਮੀਨਾਂ ਆਬਾਦ ਦੇ ਹਰੀਆਂ ਭਰੀਆਂ ਨਜ਼ਰ ਆਉਣਗੀਆਂ।ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ 1970 ਵਿੱਚ ਸੇਮ ਆਈ ਸੀ ਤੇ ਹੁਣ ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਅਧੀਨ ਲੋਹੜੀ ਤੋਂ ਪਹਿਲਾ ਇਨ੍ਹਾਂ ਸੇਮ ਗ੍ਰਸਤ ਪਿੰਡਾਂ ਦੇ ਕਿਸਾਨਾਂ ਨੂੰ ਜੋ ਖੁਸ਼ੀ ਦਿੱਤੀ ਹੈ ਉਸ ਨਾਲ ਇਨ੍ਹਾਂ ਕਿਸਾਨਾਂ ਦੇ ਚਿਹਰੇ ਤੇ ਖੁਸ਼ੀ ਆਵੇਗੀ। ਉਨ੍ਹਾਂ ਇਸ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਤੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਉਹ ਸਮਾਂ ਨੇੜੇ ਹੈ ਜਦੋਂ ਉਹ ਸੇਮ ਗ੍ਰਸਤ ਜ਼ਮੀਨਾਂ ਵਿੱਚ ਫਸਲਾਂ ਬੀਜ ਸਕਣਗੇ।ਹਲਕਾ ਜਲਾਲਾਬਾਦ ਦੇ ਸੇਮ ਗ੍ਰਸਤ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨ ਸਬੰਧੀ ਡਿਪਟੀ ਕਮਿਸ਼ਨਰ ਫ਼ਾਜ਼ਿਲਕਾ ਅਮਰਪ੍ਰੀਤ ਕੌਰ ਸਿੱਧੂ ਦਾ ਇਨ੍ਹਾਂ ਪ੍ਰੋਜੈਕਟਾਂ ਵਿੱਚ ਵਿਸ਼ੇਸ਼ ਧਿਆਨ ਦੇਣ ਸਬੰਧੀ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਵੱਲੋਂ ਧੰਨਵਾਦ ਕੀਤਾ ਗਿਆ।

# ਸਰਕਾਰ ਨੇ ਰੇਬੀਜ਼ ਦੇ ਖ਼ਤਰੇ ਨਾਲ ਨਜਿੱਠਣ ਲਈ ਕੀਤੇ ਵਿਆਪਕ ਸੁਧਾਰ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਵਿੱਚ ਕੁੱਤੇ ਦੇ ਕੱਟਣ ਦੇ ਨਤੀਜੇ ਇਕ ਜ਼ਖ਼ਮ ਤੋਂ ਕਿਤੇ ਜ਼ਿਆਦਾ ਗੰਭੀਰ ਹੁੰਦੇ ਸਨ। ਹਰ ਸਾਲ ਕੁੱਤਿਆਂ ਦੇ ਕੱਟਣ ਦੇ ਲਗਭਗ ਤਿੰਨ ਲੱਖ ਮਾਮਲੇ ਸਾਹਮਣੇ ਆਉਂਦੇ ਹਨ, ਜਿਸ ਨਾਲ ਹਜ਼ਾਰਾਂ ਪਰਵਾਰਾਂ 'ਤੇ ਰੇਬੀਜ਼ ਦਾ ਖ਼ਤਰਾ ਬਣਿਆ ਰਹਿੰਦਾ ਸੀ। ਜੇਕਰ ਇਸ ਦਾ ਇਲਾਜ ਨਾ ਕੀਤਾ ਜਾਵੇ ਤਾਂ ਇਹ ਬਿਮਾਰੀ 100 ਫ਼ੀਸਦੀ ਘਾਤਕ ਹੁੰਦੀ ਹੈ ਪਰ ਸਮੇਂ ਸਿਰ ਟੀਕਾਕਰਨ ਨਾਲ ਇਸ ਦੀ ਪੂਰੀ ਤਰ੍ਹਾਂ ਰੋਕਥਾਮ ਕੀਤੀ ਜਾ ਸਕਦੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੁਣ ਇਸ ਹਕੀਕਤ ਨੂੰ ਨਿਰਣਾਇਕ ਢੰਗ ਨਾਲ ਨਵਾਂ ਰੂਪ ਦਿੱਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ, ਪੰਜਾਬ ਸਰਕਾਰ ਪਹੁੰਚਯੋਗ ਅਤੇ ਕਿਫਾਇਤੀ ਸਿਹਤ ਸੰਭਾਲ ਸੇਵਾਵਾਂ ਰਾਹੀਂ ਸੂਬੇ ਦੇ ਹਰ ਵਿਅਕਤੀ ਦੀ ਰੱਖਿਆ ਲਈ ਵਚਨਬੱਧ ਹੈ। ਹਰ ਸਾਲ ਕੁੱਤਿਆਂ ਦੇ ਕੱਟਣ ਦੇ ਲਗਭਗ 3 ਲੱਖ ਮਾਮਲੇ ਸਾਹਮਣੇ ਆਉਂਦੇ ਹਨ ਅਤੇ ਸੂਬੇ ਨੇ 881 ਆਮ ਆਦਮੀ ਕਲੀਨਿਕਾਂ ਵਿੱਚ ਐਂਟੀ-ਰੇਬੀਜ਼ ਟੀਕਾਕਰਨ ਸੇਵਾਵਾਂ ਯਕੀਨੀ ਬਣਾ ਕੇ ਜਨਤਕ ਸਿਹਤ ਖੇਤਰ ਵਿੱਚ ਇਕ ਅਹਿਮ ਮੀਲ ਪੱਥਰ ਸਥਾਪਤ ਕੀਤਾ ਹੈ।'

# 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਰੋਡ ਮਾਰਚ



ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ) ਜਲੰਧਰ ਵੈਸਟ ਦੇ ਵਾਰਡ ਨੰਬਰ 51 ਵਿੱਚ ਯੁੱਧ ਨਸ਼ੇ ਵਿਰੁੱਧ ਰੋਡ ਮਾਰਚ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਸ਼ਾਮਲ ਹੋਣਾ ਸੀ ਪਰ ਨਹੀਂ ਪਹੁੰਚੇ।ਇਹ ਪ੍ਰੋਗਰਾਮ ਗੀਤਾ ਕਾਲੋਨੀ ਗੋਰੀਆ ਕੰਪਲੈਕਸ ਵਿੱਚ ਆਮ ਆਦਮੀ ਪਾਰਟੀ ਦੀ ਵਾਰਡ ਨੰਬਰ 51 ਦੀ ਇੰਚਾਰਜ ਪ੍ਰਵੀਣ ਗੋਰੀਆ ਅਤੇ ਐਂਟੀ ਕ੍ਰਾਈਮ ਸਮਾਜ ਸੁਰੱਖਿਆ ਸੈਲ ਪੰਜਾਬ ਦੇ ਚੇਅਰਮੈਨ ਸੁਭਾਸ਼ ਗੋਰੀਆਂ ਦੀ ਅਗਵਾਈ ਹੇਠ ਰੱਖਿਆ ਗਿਆ ਜਿਸ ਵਿੱਚ ਸੈਂਕੜਿਆਂ ਮਹਿਲਾਵਾਂ ਤੇ ਨਗਰ ਨਿਵਾਸੀਆਂ ਨੇ ਭਾਗ ਲਿਆ, ਪਰ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਜਲੰਧਰ ਵੈਸਟ ਦੇ ਸੰਗਠਨ ਕੋਆਰਡੀਨੇਟਰ ਤੇ ਵਿਧਾਇਕ ਤੇ ਨਾ ਕੋਈ ਪੁਲਸ ਅਧਿਕਾਰੀ ਸ਼ਾਮਲ ਸੀ।ਲੋਕਾਂ ਨੇ ਆਪਣੇ ਤੌਰ 'ਤੇ ਹੀ ਪੈਦਲ ਮਾਰਚ ਕੱਢਦਿਆਂ ਨਸ਼ਾ ਮਾਫੀਆ ਦੇ ਖ਼ਿਲਾਫ਼ ਹੱਥਾਂ ਵਿਚ ਤਖਤੀਆਂ ਫੜਕੇ ਨਾਅਰੇਬਾਜ਼ੀ ਕੀਤੀ ।ਸੁਭਾਸ਼ ਗੋਰੀਆ ਜ਼ਿੰਦਾਬਾਦ ਦੇ ਨਾਅਰੇ ਲਗਾਏ। ਲੋਕਾਂ ਵਿੱਚ ਨਸ਼ਾ ਮਾਫੀਆ ਖ਼ਿਲਾਫ਼ ਕਾਫ਼ੀ ਰੋਸ ਸੀ। ਇਸ ਮੌਕੇ ਨਾਰੀ ਸ਼ਕਤੀ ਨੇ ਸੁਭਾਸ਼ ਗੋਰੀਆ ਨੂੰ ਸਮਰਥਨ ਦਿੰਦਿਆਂ ਕਿਹਾ ਕਿ ਨਸ਼ਾ ਮਾਫੀਆ ਨੂੰ ਜੜ ਤੋਂ ਖ਼ਤਮ ਕਰਨ ਲਈ ਮਹਿਲਾ ਸ਼ਕਤੀ ਸੁਭਾਸ਼ ਗੋਰੀਆ ਦੇ ਨਾਲ ਚੱਟਾਨ ਵਾਂਗ ਖੜੀ ਹੋਵੇਗੀ। ਇਸ ਮੌਕੇ ਨਗਰ ਨਿਵਾਸੀਆਂ ਨੇ ਚੇਅਰਮੈਨ ਸੁਭਾਸ਼ ਗੋਰੀਆ ਤੇ ਉਨ੍ਹਾਂ ਦੀ ਧਰਮਪਤਨੀ ਪ੍ਰਵੀਣ ਗੋਰੀਆ ਦਾ ਫੁੱਲਾਂ ਦੇ ਹਾਰ ਤੇ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਤੇ ਐਲਾਨ ਕੀਤਾ ਕਿ ਉਹ ਆਪਣੇ ਵਾਰਡ ਵਿੱਚ ਨਸ਼ੇ ਦਾ ਕਾਰੋਬਾਰ ਨਹੀਂ ਚੱਲਣ ਦੇਣਗੇ। ਸੰਤ ਦੇਵਰਾਜ ਪੱਪੂ ਸਾਈਂ ਨੇ ਦੱਸਿਆ ਕਿ ਨਸ਼ਾ ਕੋੜ੍ਹ ਵਾਂਗ ਫੈਲ ਰਿਹਾ ਹੈ ਜੇ ਇਸ ਨੂੰ ਨਾ ਰੋਕਿਆ ਤਾ ਪੰਜਾਬ ਵਿੱਚ ਨੌਜਵਾਨ ਪੀੜੀ ਦਾ ਭਵਿੱਖ ਖ਼ਤਮ ਹੋ ਜਾਵੇਗਾ। ਇਸ ਮੌਕੇ ਤੇ ਨਗਰ ਨਿਗਮ ਦੇ ਸੁਪ੍ਰਿੰਟੈਂਡੈਂਟ ਸੰਜੀਵ ਕਾਲੀਆ, ਸਤਿਗੁਰੂ ਕਬੀਰ ਸੈਨਾ ਪੰਜਾਬ ਦੇ ਪ੍ਰਧਾਨ ਵਿਜੈ ਮਿੰਟੂ, ਭਗਤ ਭੂਸ਼ਣ ਸਕੋਲੀਆ, ਵਿਜੈ ਕੁਮਾਰ, ਪਿਆਰਾ ਲਾਲ, ਵਿਕਾਸ ਭਗਤ ਸੋਨੂ, ਕਿਰਨਾ ਰਾਣੀ, ਗੁਰਜੀਤ ਕੌਰ, ਆਸ਼ਾ ਡੋਗਰਾ, ਸੁਭਾਸ਼, ਸ਼ਿਵ ਕੁਮਾਰ, ਰਵੀ ਮੇਅਰ, ਸੁਰਿੰਦਰ ਬਾਜਵਾ, ਪ੍ਰਵੀਣ ਬਾਲਾ, ਸੁਮਿਤਰਾ ਦੇਵੀ, ਸੁਰਜੀਤ ਕੌਰ, ਕਾਂਤਾ ਰਾਣੀ, ਪੁਸ਼ਪਾ, ਮੋਹਿੰਦਰ ਕੌਰ, ਹਰਜੀਤ ਕੌਰ, ਅਮਿਤ ਠਾਕੁਰ, ਗੁਰਬਚਨ ਸਿੰਘ, ਹਰਦੀਪ ਸਿੰਘ,ਸੰਤ ਸਮਾਜ ਵੈਲਫੇਅਰ ਸੋਸਾਇਟੀ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੰਤ ਦੇਵਰਾਜ ਪੱਪੂ ਸਾਈਂ, ਸੰਤ ਰਮਣ ਸਾਂਈ ਅਜੈ ਪਾਲ ਵਾਲਮੀਕੀ, ਰਵੀ ਪਾਲ ਵਾਲਮੀਕੀ,ਸੂਰਜ ਪਾਲ ਵਾਲਮੀਕੀ, ਰਕੇਸ਼ ਕੁਮਾਰ ਕਬੂਲ,ਜਾਵੇਦ ਖਾਨ, ਡਾਕਟਰ ਚਮਨ ਲਾਲ, ਆਦਿ ਹੋਰ ਵੀ ਬਹੁਤ ਸਾਰੇ ਨਗਰ ਨਿਵਾਸੀ ਹਾਜ਼ਰ ਸਨ।

## PUBLIC NOTICE

It is for the information of **General Public** that our project namely **"CM Luxury Homes"** developed by **M/s CM Luxury Homes** been accorded Environmental Clearance by SEIAA Punjab Vide EC Identification No EC24C3801PB5271602N, dated: 27.07.2024.

## ਜਨਤਕ ਸੂਚਨਾ

ਸੂਚਿਤ ਕੀਤਾ ਜਾਂਦਾ ਹੈ ਕਿ ਕਲੋਨੀ **CM Valley** ਪਿੰਡ ਜੈਨਪੁਰ/ਤਲਵਾੜਾ ਜਿਲਾ ਲੁਧਿਆਣਾ (ਆਨਲਾਈਨ ਨੰਬਰ 544472) (ਕੁੱਲ ਰਕਬਾ 23.71 ਏਕੜ) ਨੂੰ ਇਸ ਦਫਤਰ ਵਲੋਂ ਰੈਗੂਲਰਾਈਜੇਸ਼ਨ ਪਾਲਿਸੀ ਮਿਤੀ 18.10.2018 ਤਹਿਤ ਪੱਤਰ ਨੰ 8885 ਮਿਤੀ 20.12.2022 ਰਾਹੀਂ ਇਕ ਸਾਲ ਲਈ ਪ੍ਰੋਵੀਜ਼ਨਲ ਤੌਰ ਤੇ ਰੈਗੂਲਰਾਈਜ ਕੀਤਾ ਗਿਆ ਹੈ ਇਸ ਕਲੋਨੀ ਦੇ ਕਲੋਨੀਕਾਰ ਵਲੋਂ ਸੂਚਿਤ ਕੀਤਾ ਗਿਆ ਕਿ ਕਲੋਨੀ ਦੇ ਪਹਿਲਾਂ ਪ੍ਰਵਾਨਤ ਲੇ-ਆਊਟ ਪਲਾਨ ਵਿਚ ਗਲਤੀ ਨਾਲ ਕਲੱਬ ਦੀ ਜਗ੍ਹਾ ਕਮਿਊਨਿਟੀ ਸੈਂਟਰ ਅਤੇ ਪਾਰਕ ਲਿਖਿਆ ਗਿਆ ਸੀ। ਇਸ ਤੋਂ ਇਲਾਵਾ ਪਲਾਟ ਨੰ 75, 76 ਅਤੇ 77 ਨੂੰ ਵੀ ਨਾਲ ਲਗਦੀ ਸੜਕ ਦੇ ਨਾਲ **Vice-Versa** ਕਰਦੇ ਹੋਏ ਰਿਵਾਈਜ਼ਡ ਲੇ-ਆਊਟ ਪਲਾਨ ਜਾਰੀ ਕਰਨ ਦੀ ਬੇਨਤੀ ਕੀਤੀ ਗਈ ਹੈ। ਇਸ ਲਈ ਉਕਤ ਕਲੋਨੀ ਦੇ ਲੇ-ਆਊਟ ਪਲਾਨ ਵਿਚ ਉਪਰੋਕਤ ਤਬਦੀਲੀ ਕਰਨ ਦੀ ਪ੍ਰਵਾਨਗੀ ਜਾਰੀ ਕਰਨ ਤੋਂ ਪਹਿਲਾਂ ਪਬਲਿਕ ਤੋਂ ਇਤਰਾਜ਼ ਮੰਗਣ ਲਈ ਇਸ ਜਨਤਕ ਸੂਚਨਾ ਰਾਹੀ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਲੇ-ਆਊਟ ਪਲਾਨ ਵਿਚ ਤਬਦੀਲੀ ਕਰਨ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ 10 ਦਿਨਾਂ ਦੇ ਅੰਦਰ-ਅੰਦਰ ਲਿਖਤੀ ਤੌਰ ਤੇ ਦਫਤਰ ਜਿਲਾ ਨਗਰ ਯੋਜਨਾਕਾਰ (ਰੈਗੂਲੇਟਰੀ), ਲੁਧਿਆਣਾ ਵਿਖੇ ਪੇਸ਼ ਕਰ ਸਕਦਾ ਹੈ। ਇਸ ਨਿਸ਼ਚਿਤ ਮਿਤੀ ਤੋਂ ਬਾਅਦ ਪ੍ਰਾਪਤ ਇਤਰਾਜ਼ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਇਸ ਕਲੋਨੀ ਦੇ ਲੇ-ਆਊਟ ਪਲਾਨ ਵਿਚ ਲੋੜੀਂਦੀ ਤਬਦੀਲੀ ਕਰਨ ਦੀ ਪ੍ਰਵਾਨਗੀ ਜਾਰੀ ਕਰ ਦਿੱਤੀ ਜਾਵੇਗੀ।

## COURT NOTICE

(U/O 5 Rule 20 CPC)
In The Court of Ms. Arpna
Civil Judge (Junior Division)-15, Jalandhar
CNR No. PBJL02-002306-2025
Next Date :- 12-03-2026
Ramesh Chand
Vs.
Charanjit Singh

Suit for grant of decree of declaration as prayed for. Suit for grant of decree of Permanent Injunction as prayed for

Publication Issued To:
1. Charanjit Singh, 2. Kamaljit Singh, 3. Malkit Singh S/O Piara Singh, 4. Satpal Kaur W/O Ajit Singh. All R/O Ladhewali, Tehsil and Distt. Jalandhar.

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 12-03-2026 at 10:00 a.m.

For details logon to https://highcourtchd.gov.in/?mod=district_notice&district=Jalandhar

Civil Judge (Junior Division)-15 Jalandhar
Dated, this day of 12-01-2026

## COURT NOTICE

(U/o 5 Rule 20 CPC)
In The Court of Gurkirat Singh
Civil Judge (Junior Division) Amritsar
CNR No. PBAS02-005261-2024
Next Date:- 27-01-2026
Pardeep Kumar S/o Shri Mahesh Kumar R/o Gali Sarkari, Tehsil Majitha, District Amritsar
Vs.
(1) Navjot Singh Gill S/o Gurmeet Singh R/o Near Old Bus Stand, Ward No. 6, Majitha Asr Etc.....
CS POSS PINJ

Publication Issued To:
Def No. 1. Navjot Singh Gill S/O Gurmeet Singh R/O Near Old Bus Stand, Ward No.6, Majitha, Amritsar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27-01-2026 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Dated, this day of 12-01-2026

## COURT NOTICE

(U/o 5 Rule 20 CPC)
In The Court of
**Ms. Daljeet Kaur**
Additional Civil Judge (Senior Division), Dhuri
CNR No. PBSGB0-000816-2025
Next Date:- 06-02-2026
Ranjit Kaur
Vs.
General Public
Publication Issued To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 06-02-2026 at 10:00 a.m.

For details logon to https://highcourtchd.gov.in/?mod=district_notice&district=Sangrur

Additional Civil Judge (Senior Division) Dhuri
Dated, this day of 02-01-2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੂਜਾ, ਗੜ੍ਹਸ਼ੰਕਰ

ਵਿਸ਼ਾ:-ਦਰਖਾਸਤ ਬਾਬਤ ਖਾਨਗੀ ਵਸੀਅਤ ਰਜਿਸਟਰਡ ਕਰਨ ਸੰਬੰਧੀ

ਇਸ਼ਤਿਹਾਰ ਬਨਾਮ ਆਮ ਜਨਤਾ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਦਲਜੀਤ ਸਿੰਘ ਪੁੱਤਰ ਬੰਕਾ ਸਿੰਘ, ਵਾਸੀ ਮਹਿਰਮਪੁਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਨਿਮਨ ਹਸਤਾਖਰ ਦੇ ਦਰਖਾਸਤ ਸਮੇਤ ਦਸਤਾਵੇਜ਼ (ਖਾਨਗੀ ਵਸੀਅਤ) ਮਿਤੀ 10.10.2017 ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦੇ ਦਾਦਾ ਸ੍ਰੀ ਗੁਰਦਿਆਲ ਸਿੰਘ ਉਰਫ ਦਿਆਲ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਮਹਿਰਮਪੁਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਿਤੀ 11.11.2017 ਨੂੰ ਮੌਤ ਹੋ ਚੁੱਕੀ ਹੈ। ਮੌਤ ਤੋਂ ਪਹਿਲਾਂ ਉਸ ਦੇ ਦਾਦਾ ਸ੍ਰੀ ਗੁਰਦਿਆਲ ਸਿੰਘ ਉਰਫ ਦਿਆਲ ਸਿੰਘ ਵੱਲੋਂ ਇੱਕ ਖਾਨਗੀ ਵਸੀਅਤ ਵਾਕਿਆ ਰਕਬਾ ਪਿੰਡ ਮਹਿਰਮਪੁਰ ਜ਼ਿਲ੍ਹਾ ਨਵਾਂਸ਼ਹਿਰ ਆਪਣੇ ਪੋਤਿਆਂ ਬਲਜੀਤ ਸਿੰਘ, ਦਲਜੀਤ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ ਪੁੱਤਰਾਨ ਬੰਕਾ ਸਿੰਘ ਪੁੱਤਰ ਗੁਰਦਿਆਲ ਸਿੰਘ ਦੇ ਹੱਕ ਵਿੱਚ ਕੀਤੀ ਹੈ। ਇਸ ਲਈ ਪ੍ਰਾਰਥੀ ਵੱਲੋਂ ਉਪਰੋਕਤ ਖਾਨਗੀ ਵਸੀਅਤ ਰਜਿਸਟਰਡ ਕਰਨ ਵਾਸਤੇ ਦਰਖਾਸਤ ਪੇਸ਼ ਕੀਤੀ ਹੈ।

ਪ੍ਰਾਰਥੀ ਵੱਲੋਂ ਪੇਸ਼ ਕੀਤੀ ਗਈ ਦਰਖਾਸਤ ਬਾਬਤ ਖਾਨਗੀ ਵਸੀਅਤ ਰਜਿਸਟਰਡ ਕਰਨ ਸੰਬੰਧੀ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਇਸ ਸੰਬੰਧੀ ਕੋਈ ਵੀ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਇਸ ਇਸ਼ਤਿਹਾਰ ਛਪਣ ਦੇ 20 ਦਿਨ ਦੇ ਅੰਦਰ- ਅੰਦਰ ਨਿਮਨਹਸਤਾਖਰ ਦੇ ਦਫਤਰ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਦਾ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਨਿਯਮਾਂ/ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਇਸ਼ਤਿਹਾਰ ਅੱਜ ਮਿਤੀ 13.1.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ ਹੈ।

ਨੰਬਰ : 1353/ਆਰ.ਸੀ ਮਿਤੀ 13.1.2026
ਸਹੀ/-ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਦੂਜਾ, ਗੜ੍ਹਸ਼ੰਕਰ।

## PUBLIC NOTICE

It is brought to the notice of Public at large that Mr. Simran Jeet Singh, s/o Kawal Jeet Singh, r/o Village Namgal, Salempur, Simran Enterprises, Dhogri Road, Jalandhar, Jalandhar, Punjab 144001, Simran Enterprises Dhogri Road Jalandhar Namgal Salempur, Jalandhar, Punjab, India has applied for credit facilities amounting to Rs. 90000000/- which is paying interest every month and renewal every year from my client i.e. HDFC Bank Limited, Jalandhar (branch) by creating equitable mortgage of Property Plot/land measuring about 07 Marlas as comprised in Khasra no. 2390/5-10, 2391/1/4-6, 2392/1/4-18, 2385/1-17, 2386/7-0, 2387/2/6-17, 2388/3-7, 2389/2-2, 2393/1/6-6 Which is bounded as East: 42'-9"/Arora Owner, West: 44'-2"/Other owner, North: Road/18' and South : 29'-6"/Arora Owner situated at Village Kapurthala Garbi, Rose Avenue, Jammu Colony Area Tehsil and District Kapurthala Mrs. POONAM w/o KANWALJIT SINGH r/o House No. 349/112 Rose Avenue Kapurthala, Kapurthala, Punjab, India borrower has stated to the HDFC Bank Limited that previous title deed bearing number 225 dated 23/04/2002 as executed and registered in favour of Sh. Saravpreet Singh is lost and he has also got registered one police report regarding loss of said document on LRN : 661268/2025 with the police authorities. It is further claimed by said borrower that above mentioned documents are not involved in any dispute/litigation and charge and are stated to be not mortgaged with any Bank or Financial Institution. If anybody have any objection regarding this publication or the mortgage of above said property with HDFC Bank Limited may respond within 15 Days to Mr. Susheel Kumar Pandita working as BBG with HDFC Bank Limited, Marble Market Branch Jammu at his mobile number 8530142556 or may contact to Sh. Vikas Kumar Gupta, Advocate Jalandhar for the HDFC Bank Limited at his mobile number 9463182928. After expiry of stipulated period no claim would be entitled regarding any charge of any Bank or Financial Institution on Said Documents.

## ਦੀ ਮੰਡੀ ਨਿਹਾਲ ਸਿੰਘ ਵਾਲਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ, ਨਿਹਾਲ ਸਿੰਘ ਵਾਲਾ

### ਨੋਟਿਸ ਆਮ ਇਜਲਾਸ

ਬੈਂਕ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਮੰਡੀ ਨਿਹਾਲ ਸਿੰਘ ਵਾਲਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ ਨਿਹਾਲ ਸਿੰਘ ਵਾਲਾ ਦਾ ਆਮ ਅਜਲਾਸ ਮਿਤੀ 13-02-2026 ਦਿਨ ਸ਼ੁੱਕਰਵਾਰ ਨੂੰ ਸਵੇਰੇ 11-00 ਵਜੇ ਬੈਂਕ ਦੀ ਬਿਲਡਿੰਗ ਵਿਖੇ ਹੋਵੇਗਾ। ਇਸ ਲਈ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਆਮ ਇਜਲਾਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ। ਆਮ ਇਜਲਾਸ ਦਾ ਏਜੰਡਾ ਹੇਠ ਲਿਖੇ ਅਨੁਸਾਰ ਹੈ :-

1. ਪਿਛਲੇ ਆਮ ਇਜਲਾਸ ਦੀ ਕਾਰਵਾਈ ਦੀ ਪੁਸ਼ਟੀ ਕਰਨ 'ਤੇ ਵਿਚਾਰ।
2. ਮਾਨਯੋਗ ਰਜਿਸਟਰਾਰ ਸਾਹਿਬ ਸਹਿਕਾਰੀ ਸਭਾਵਾਂ ਚੰਡੀਗੜ੍ਹ ਪੰਜਾਬ ਜੀ ਵੱਲੋਂ ਸਮੇਂ ਸਮੇਂ ਸਿਰ ਬਾਈਲਾਜ ਵਿਚ ਕੀਤੀਆਂ ਸੋਧਾਂ, ਤਰਮੀਮਾਂ, ਦਿਸ਼ਾ-ਨਿਰਦੇਸ਼ਾਂ ਨੂੰ ਅਪਨਾਉਣ 'ਤੇ ਵਿਚਾਰ।
3. ਸਾਲ 2024-2025 ਦੀਆਂ ਸਾਲਾਨਾ ਰਿਪੋਰਟਾਂ, ਇੰਸਪੈਕਸ਼ਨ ਰਿਪੋਰਟਾਂ, ਬੈਲਿਸ ਸੀਟਾਂ, ਚਿੱਠਾ ਲਾਭ ਹਾਨੀ, ਜੋ ਕਿ ਸਟੈਚੂਰੀ ਆਡੀਟਰ ਵੱਲੋਂ ਤਸਦੀਕ ਕੀਤਾ ਗਿਆ ਹੈ, ਨੂੰ ਵਾਚਣ ਉਪਰੰਤ ਪ੍ਰਵਾਨ ਕਰਨ 'ਤੇ ਵਿਚਾਰ।
4. ਸਾਲ 2024-2025 ਦੌਰਾਨ ਬੈਂਕ ਦੇ ਕੀਤੇ ਕਾਰੋਬਾਰ ਅਤੇ ਕਾਰੋਬਾਰ ਸੰਬੰਧੀ ਕੀਤੇ ਖਰਚੇ ਨੂੰ ਪ੍ਰਵਾਨਗੀ ਦੇਣ 'ਤੇ ਵਿਚਾਰ।
5. ਪਿਛਲੇ ਆਮ ਇਜਲਾਸ ਤੋਂ ਤਾ-ਤਾਰੀਖ ਤੱਕ ਪ੍ਰਬੰਧਕ ਕਮੇਟੀ ਵੱਲੋਂ ਪਾਸ ਕੀਤੇ ਗਏ ਮਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ ਕਰਨ 'ਤੇ ਵਿਚਾਰ।
6. ਆਮ ਇਜਲਾਸ ਕਰਵਾਉਣ 'ਤੇ ਹੋਏ ਖਰਚੇ ਨੂੰ ਪ੍ਰਵਾਨਗੀ ਦੇਣ 'ਤੇ ਵਿਚਾਰ।

ਨੰਬਰ 215-227 ਮਿਤੀ 13-01-2026 ਸਹੀ-ਮੈਨੇਜਰ, ਪੀ ਏ ਡੀ ਬੀ ਨਿਹਾਲ ਸਿੰਘ ਵਾਲਾ

## UMMEED HOUSING FINANCE PVT. LTD

CIN: U64990HR2016PTC057984
Regd. Off.: 2009-2014, 20th Floor, Magnum Global Park, Golf Course Extn. Road, Sector 58, Gurugram-122011

### ਅਚੱਲ ਜਾਇਦਾਦਾਂ ਦੀ ਵਿਕਰੀ ਲਈ ਨੋਟਿਸ

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ਦੇ ਰੂਲ 8 (6) ਤਹਿਤ ਅਚੱਲ ਐਸੇਟਸ ਦੀ ਵਿਕਰੀ ਵਾਸਤੇ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ, ਜਿਸ ਦਾ ਵੇਰਵਾ ਹੇਠਾਂ ਦਰਸਾਈ ਸਾਰਣੀ 'ਚ ਦਿੱਤਾ ਗਿਆ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਜੋ ਸਕਿਉਰਡ ਕ੍ਰੈਡੀਟਰ ਕੋਲ ਰਹਿਣ/ਚਾਰਜਡ ਹੈ, ਦਾ ਭੌਤਿਕ ਕਬਜ਼ਾ ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈ: ਲਿਮ: ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਯੂ ਐੱਚ ਐੱਫ ਪੀ ਐੱਲ 'ਚ ਕਰਜ਼ਾ ਇਕਰਾਰਨਾਮੇ ਦੀ ਪਾਲਣਾ 'ਚ 12.01.2026 ਨੂੰ ਪ੍ਰਾਪਤ ਕੀਤਾ ਜਾ ਚੁੱਕਾ ਹੈ, ਦੀ ਕੰਪਨੀ ਦੇ ਬਕਾਇਆ ਵਸੂਲਣ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ 'ਤੇ 20.02.2026 ਨੂੰ ਵਿਕਰੀ ਕੀਤੀ ਜਾਵੇਗੀ। ਜਾਣਕਾਰੀ 'ਚ ਜੇਕਰ ਕੋਈ ਜੋਖਮ ਹੈ ਨਾਲ ਅਚੱਲ ਜਾਇਦਾਦ ਦਾ ਵੇਰਵਾ :

ਜਾਇਦਾਦ ਰਕਬਾ 60 ਵਰਗ ਗਜ਼, ਖਸਰਾ ਨੰ. ਐੱਨ 371/1//2 ਖੱਤਾ ਨੰ. 477/558, ਜਮ੍ਹਾਂਬੰਦੀ ਸਾਲ 2009-2010, ਪਿੰਡ ਲੋਹਾਰਾਂ, ਹੱਦਬਸਤ ਨੰ. 260, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢੀ, ਪੱਛਮ : ਗੁਰਪ੍ਰੀਤ ਸਿੰਘ, ਉੱਤਰ : ਖਾਲੀ ਪਲਾਟ, ਦੱਖਣ : ਗਲੀ।

| ਕਰਜ਼ਦਾਰਾਂ ਅਤੇ ਗਰੰਟਰਾਂ ਦੇ ਨਾਂਅ ਤੇ ਪਤਾ | 1. ਈ-ਨਿਲਾਮੀ ਦੀ ਮਿਤੀ ਤੇ ਸਮਾਂ 2. ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 3. ਜਾਇਦਾਦ ਦੇ ਨਿਰੀਖਣ ਕਰਨ ਦੀ ਮਿਤੀ ਤੇ ਸਮਾਂ | 1. ਰਾਖਵੀ ਕੀਮਤ 2. ਜਾਇਦਾਦ ਦੀ ਈ ਐੱਮ ਡੀ 3. ਬੋਲੀ ਵਾਧਾ |
|---|---|---|
| (1) ਅਜੇ ਗੋਂਦੀ ਪੁੱਤਰ ਸੁਰਿੰਦਰ ਗੋਂਦੀ (ਕਰਜ਼ਦਾਰ) (2) ਊਸ਼ਾ ਰਾਣੀ ਪਤਨੀ ਸੁਰਿੰਦਰ ਕੁਮਾਰ (ਸਹਿ-ਕਰਜ਼ਦਾਰ) ਉਕਤ ਦੋਨਾਂ ਦਾ ਪਤਾ : ਨੇੜੇ ਸਤਿਸੰਗ ਘਰ ਸਤਿਗੁਰੂ ਨਗਰ, ਲੋਹਾਰਾ, ਲੁਧਿਆਣਾ-141016, ਨਾਲ ਹੀ : ਗਲੀ ਨੰ. 2, ਹਰਿਗੋਬਿੰਦ ਨਗਰ, ਡਾਬਾ ਰੋਡ, ਹਰਕ੍ਰਿਸ਼ਨ ਸਕੂਲ ਲੁਧਿਆਣਾ, ਪੰਜਾਬ-141016 Lan No. LXLUD02922-230023060 ਕਰਜ਼ਾ ਇਕਰਾਰਨਾਮਾ ਮਿਤੀ : 28 ਫਰਵਰੀ 2023, ਕਰਜ਼ਾ ਰਕਮ ਰੁਪਏ : 11,56,000/- | 1) ਨਿਲਾਮੀ ਮਿਤੀ : 20.02.2026 ਦੁਪਹਿਰ 12.00 ਵਜੇ ਤੋਂ ਦੁਪਹਿਰ 1.00 ਵਜੇ ਦਰਮਿਆਨ 5 ਮਿੰਟਾਂ ਦੇ ਅਸੀਮਤ ਵਾਧੇ ਨਾਲ। 2) ਕੇ ਵਾਈ ਸੀ ਨਾਲ ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ ਅਤੇ ਸਮਾਂ 18.02.2026 ਨੂੰ ਸ਼ਾਮ 7.00 ਵਜੇ (ਆਈ ਐੱਸ ਟੀ) 3) ਨਿਰੀਖਣ ਦੀ ਮਿਤੀ 16.02.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 4.00 ਵਜੇ ਤੱਕ (ਆਈ ਐੱਸ ਟੀ) | 1. ਰਾਖਵੀਂ ਕੀਮਤ : ਰੁਪਏ 10,48,300/- 2. ਬਿਆਨਾ ਰਕਮ ਜਮ੍ਹਾਂ ਰੁਪਏ : 1,04,830/- 3. ਬੋਲੀ ਵਾਧਾ : ਰੁਪਏ 15,000/- ਅਤੇ ਇਸ ਦੇ ਗੁਣਾਂਕ। |

12-01-2026 ਨੂੰ ਕੁੱਲ ਬਕਾਇਆ ਰੁਪਏ 13,84,086.01/- + 13.01.2026 ਤੋਂ ਹੋਰ ਵਿਆਜ ਅਤੇ ਹੋਰ ਚਾਰਜਿਜ਼।

ਸਥਾਨ : ਗੁੜਗਾਓਂ
ਮਿਤੀ : 14.01.2026
ਅਧਿਕਾਰਤ ਅਫਸਰ, ਗੌਰਵ ਤ੍ਰਿਪਾਠੀ, ਮੋਬਾਇਲ-9650055701
ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 18.02.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਮੈਸਰਜ਼ ਪ੍ਰਸੋਨੈਲਟੀ ਗਾਰਮੈਂਟਸ, 375 ਵਿਖੇ ਸਥਿਤ, ਅਕਾਲ ਮਾਰਕਿਟ, ਲੁਧਿਆਣਾ ਰਾਹੀਂ ਇਸ ਦੇ ਮਾਲਕ ਸ੍ਰੀ ਜੋਗਿੰਦਰ ਪਾਲ; ਸ੍ਰੀ ਜੋਗਿੰਦਰ ਪਾਲ ਪੁੱਤਰ ਸ੍ਰੀ ਸਰੂਪ ਲਾਲ ਵਾਸੀ ਮਕਾਨ ਨੰ. 20, ਫੇਜ਼-5, ਅਮਨ ਪਾਰਕ, ਥਰੀਕੇ ਰੋਡ, ਲੁਧਿਆਣਾ, ਪੰਜਾਬ-141001 (ਕਰਜ਼ਦਾਰ); ਸ੍ਰੀਮਤੀ ਜਿਓਤੀ ਬਾਂਸਲ ਪਤਨੀ ਸ੍ਰੀ ਜੋਗਿੰਦਰ ਪਾਲ, ਮਕਾਨ ਨੰ. 20, ਫੇਜ਼-5, ਅਮਨ ਪਾਰਕ, ਥਰੀਕੇ ਰੋਡ, ਲੁਧਿਆਣਾ, ਪੰਜਾਬ-141001; ਸ੍ਰੀ ਤੀਰਥ ਰਾਜ ਪੁੱਤਰ ਸ੍ਰੀ ਸਰੂਪ ਲਾਲ ਵਾਸੀ ਮਕਾਨ ਨੰ. 20, ਫੇਜ਼-5, ਅਮਨ ਪਾਰਕ, ਥਰੀਕੇ ਰੋਡ, ਲੁਧਿਆਣਾ, ਪੰਜਾਬ-141001 (ਗਰੰਟਰ) |
| ਬਕਾਇਆ ਰਾਸ਼ੀ OD/090400000003; ਡਬਲਯੂ ਸੀ ਟੀ ਐਲ-ਈ ਸੀ ਐਲ ਜੀ ਐੱਸ 1/090612000031; ਡਬਲਯੂ ਸੀ ਟੀ ਐਲ-ਈ ਸੀ ਐਲ ਜੀ ਐੱਸ 2/090612000047 | Rs. 31,69,109/-; Rs. 4,84,657/-; Rs. 2,62,674/- (ਅਤੇ ਮਿਤੀ 01.01.2026 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ 21240 ਮਿਤੀ 15-03-2007 ਅਨੁਸਾਰ ਸ੍ਰੀ ਜੋਗਿੰਦਰ ਪਾਲ ਪੁੱਤਰ ਸ੍ਰੀ ਸਰੂਪ ਲਾਲ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 180 ਵਰਗ ਗਜ਼, ਪਿੰਡ ਤਰਫ ਸੈਦਾਂ ਵਿਖੇ ਸਥਿਤ, ਹੱਦਬਸਤ ਨੰ. 172, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। |
| ਰਾਖਵੀਂ ਕੀਮਤ | 1. ਰੁਪਏ 32.00 ਲੱਖ (ਬੱਤੀ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 18-02-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜੋ ਹੈ ਜਿਵੇਂ ਹੈ", "ਉਥੇ ਜੋ ਵੀ ਹੈ" ਆਧਾਰ 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ (ਬਿਆਨਾ ਰਕਮ) ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 18.02.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਮਿਹਰਬਾਨ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 13.01.2026 ਅਧਿਕਾਰਤ ਅਫਸਰ

## ਦਫਤਰ ਤਹਿਸੀਲਦਾਰ, ਮੋਗਾ

### ਨੋਟਿਸ ਬਨਾਮ ਆਮ ਪਬਲਿਕ

ਸ੍ਰੀ ਅਵਤਾਰ ਸਿੰਘ ਸਹਾਰਨ ਪੁੱਤਰ ਲੇਟ ਸ੍ਰੀ ਨਿਰਪਾਲ ਸਿੰਘ ਵਾਸੀ ਪਿੰਡ ਸਲੀਣਾ ਤਹਿ. ਵਾ ਜ਼ਿਲ੍ਹਾ ਮੋਗਾ ਵੱਲੋਂ ਦਰਖਾਸਤ ਰਾਹੀਂ ਬੇਨਤੀ ਕੀਤੀ ਗਈ ਕਿ ਮਾਲ ਮਹਿਕਮੇ ਵਿੱਚ ਪ੍ਰਾਰਥੀ ਦੀ ਨਾਨੀ ਦੇ ਪਿਤਾ ਦਾ ਨਾਂਅ ਨਿਹਾਲ ਸਿੰਘ ਪੁੱਤਰ ਸਾਊਨ ਸਿੰਘ ਦਰਜ ਹੈ, ਜਦੋਂ ਕਿ ਮੌਤ ਸਰਟੀਫਿਕੇਟ ਵਿੱਚ ਉਸ ਦਾ ਨਾਂਅ ਦੀਦਾਰ ਸਿੰਘ ਦਰਜ ਹੈ। ਪ੍ਰਾਰਥੀ ਦੇ ਨਾਨੀ ਦੇ ਪਿਤਾ ਨੂੰ ਨਿਹਾਲ ਸਿੰਘ ਉਰਫ ਦੀਦਾਰ ਸਿੰਘ ਪੁੱਤਰ ਸਾਊਨ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਫੀਲਡ ਅਮਲੇ ਦੀ ਰਿਪੋਰਟ ਮੁਤਾਬਿਕ ਪ੍ਰਾਰਥੀ ਦੀ ਨਾਨੀ ਦੇ ਪਿਤਾ ਦਾ ਨਾਂਅ ਦਰੁਸਤ ਕਰਨ ਲਈ ਰਿਪੋਰਟ ਕੀਤੀ ਗਈ ਹੈ। ਪ੍ਰਾਰਥੀ ਵੱਲੋਂ ਤਸਦੀਕਸ਼ੁਦਾ ਹਲਫੀਆ ਬਿਆਨ ਪੇਸ਼ ਕੀਤਾ ਗਿਆ ਹੈ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਅਵਤਾਰ ਸਿੰਘ ਸਹਾਰਨ ਪੁੱਤਰ ਲੇਟ ਸ੍ਰੀ ਨਿਰਪਾਲ ਸਿੰਘ ਵਾਸੀ ਪਿੰਡ ਸਲੀਣਾ, ਤਹਿ. ਵਾ ਜ਼ਿਲ੍ਹਾ ਮੋਗਾ ਵੱਲੋਂ ਦਰਖਾਸਤ ਰਾਹੀਂ ਬੇਨਤੀ ਕੀਤੀ ਗਈ ਕਿ ਪੰਜਾਬ ਲੈਂਡ ਮੈਨੂਅਲ ਦੇ ਪਹਿਰਾ ਨੰਬਰ 7.28 ਅਧੀਨ ਪ੍ਰਾਰਥੀ ਵੱਲੋਂ ਆਪਣਾ ਨਾਂਅ ਤਬਦੀਲੀ ਸੰਬੰਧੀ ਦਰਖਾਸਤ ਪ੍ਰਾਪਤ ਹੋਈ ਹੈ। ਜਿਸ ਵਿੱਚ ਪ੍ਰਾਰਥੀ ਦੀ ਨਾਨੀ ਦੇ ਪਿਤਾ ਦਾ ਨਾਂਅ ਜੋ ਕਿ ਮਹਿਕਮਾ ਮਾਲ ਵਿੱਚ ਨਿਹਾਲ ਸਿੰਘ ਪੁੱਤਰ ਸਾਊਨ ਸਿੰਘ ਦਰਜ ਹੈ, ਤੋਂ ਬਦਲ ਕੇ ਨਿਹਾਲ ਸਿੰਘ ਉਰਫ ਦੀਦਾਰ ਸਿੰਘ ਪੁੱਤਰ ਸਾਊਨ ਸਿੰਘ ਕਰਨ ਪਰ ਜੇਕਰ ਕਿਸੇ ਵੀ ਵਿਅਕਤੀ/ਧਿਰ ਨੂੰ ਕਿਸੇ ਤਰ੍ਹਾਂ ਦਾ ਇਤਰਾਜ਼ ਹੈ ਤਾਂ ਉਹ ਇਸ਼ਤਿਹਾਰ ਜਾਰੀ ਹੋਣ ਤੋਂ 10 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰ ਦੇ ਦਫਤਰ ਵਿੱਚ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰੇ। ਮਿਆਦ ਖਤਮ ਹੋਣ ਤੋਂ ਬਾਅਦ ਕਿਸੇ ਤਰ੍ਹਾਂ ਦਾ ਕੋਈ ਇਤਰਾਜ਼ ਨਹੀਂ ਲਿਆ ਜਾਵੇਗਾ ਅਤੇ ਨਾਂਅ ਤਬਦੀਲੀ ਸੰਬੰਧੀ ਹੁਕਮ ਸੁਣਾ ਦਿੱਤੇ ਜਾਣਗੇ।

ਨੰਬਰ 36/ਰੀਡਰ-1 ਮਿਤੀ: 13/01/2026 ਸਹੀ/-ਤਹਿਸੀਲਦਾਰ, ਮੋਗਾ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਗੁਰਪ੍ਰੀਤ ਸਿੰਘ ਢਿੱਲੋਂ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਸਟ ਟ੍ਰੈਕ ਕੋਰਟ (ਐੱਨ.ਆਰ.ਆਈ) ਤਰਨ ਤਾਰਨ।

ਕੇਸ ਨੰਬਰ - Other/06/2024 ਤੋਂ Other/11/2024 ਤਾਰੀਖ ਪੇਸ਼ੀ : 20.01.2026
ਕਿਸਮ : ਕੇਸ ਤਕਸੀਮ ਪਿੰਡ : ਢੋਟੀਆਂ ਤਹਿਸੀਲ : ਤਰਨ ਤਾਰਨ

ਅਨੁਵਾਨ ਕੇਸ:- ਸੁਖਬੀਰ ਸਿੰਘ ਪੁੱਤਰ ਅਤਰ ਸਿੰਘ ਪੁੱਤਰ ਲੱਖਾ ਸਿੰਘ ਵਾਸੀ ਪਿੰਡ ਢੋਟੀਆਂ ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਹਾਲ ਵਾਸੀ United State of America ਰਾਹੀਂ ਬਜਰੀਆ ਮੁਖਤਾਰਖਾਸ ਹਰਪ੍ਰੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਭੁੱਲਰ ਹਾਂਸ ਵੱਡੇ ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ। (ਸਾਇਲ ਧਿਰ)

ਬਨਾਮ

1. ਤੇਜਿੰਦਰ ਸਿੰਘ ਪੁੱਤਰ ਅਤਰ ਸਿੰਘ 2) ਬਿਕਰਮਜੀਤ ਸਿੰਘ ਪੁੱਤਰ ਅਤਰ ਸਿੰਘ 3) ਮਹਿੰਦਰ ਸਿੰਘ ਪੁੱਤਰ ਕਰਮ ਸਿੰਘ 4) ਬੀਰ ਕੌਰ ਵਿਧਵਾ ਬਾਰ ਸਿੰਘ 5) ਗੁਰਪ੍ਰੀਤ ਸਿੰਘ ਪੁੱਤਰ ਸਵਿੰਦਰ ਸਿੰਘ 6) ਜਸਵੰਤ ਕੌਰ ਵਿਧਵਾ ਦਲੀਪ ਸਿੰਘ 7) ਸੁਰਜੀਤ ਸਿੰਘ ਪੁੱਤਰ ਦਲੀਪ ਸਿੰਘ 8) ਰਛਪਾਲ ਸਿੰਘ ਪੁੱਤਰ ਸਵਰਨ ਸਿੰਘ 9) ਬੁੱਕਣ ਸਿੰਘ ਪੁੱਤਰ ਹਜਾਰਾ ਸਿੰਘ 10) ਰਜਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ 11) ਹਰਜਿੰਦਰ ਕੌਰ ਪੁੱਤਰੀ ਗੁਰਬਚਨ ਸਿੰਘ 12) ਸੁਖਚੈਨ ਸਿੰਘ ਪੁੱਤਰ ਮਹਿੰਦਰ ਸਿੰਘ 13) ਦਲਬੀਰ ਸਿੰਘ ਪੁੱਤਰ ਨਰੈਣ ਸਿੰਘ 14) ਪ੍ਰਤਾਪ ਸਿੰਘ 15) ਜੋਗਿੰਦਰ ਸਿੰਘ 16) ਮੁਤਾਬ ਸਿੰਘ ਪੁੱਤਰਾਨ ਚੰਨਣ ਸਿੰਘ 17) ਪਰਮਜੀਤ ਸਿੰਘ 18) ਧਰਮਜੀਤ ਸਿੰਘ ਪੁੱਤਰਾਨ ਇੰਦਰ ਸਿੰਘ 19) ਮਹਿੰਦਰ ਕੌਰ ਵਿਧਵਾ ਇੰਦਰ ਸਿੰਘ 20) ਕਸ਼ਮੀਰ ਸਿੰਘ ਪੁੱਤਰ ਭਜਨ ਸਿੰਘ 21) ਪ੍ਰਤਾਪ ਸਿੰਘ ਪੁੱਤਰ ਕਰਤਾਰ ਸਿੰਘ 22) ਨਿਰਮਲ ਸਿੰਘ ਪੁੱਤਰ ਨਰੰਜਣ ਸਿੰਘ 23) ਸਵਰਨ ਸਿੰਘ ਪੁੱਤਰ ਭਜਨ ਸਿੰਘ 24) ਦਲਬੀਰ ਕੌਰ ਪੁੱਤਰੀ ਭਜਨ ਸਿੰਘ 25) ਯਾਦਵਿੰਦਰ ਸਿੰਘ 26) ਹਰਿੰਦਰਬੀਰ ਸਿੰਘ ਪੁੱਤਰਾਨ ਬਾਰਾ ਸਿੰਘ 27) ਅਮਰਜੀਤ ਸਿੰਘ 28) ਹਰਪ੍ਰੀਤ ਸਿੰਘ ਪੁੱਤਰਾਨ ਸਵਿੰਦਰ ਸਿੰਘ 29) ਹਰਭੇਜ ਸਿੰਘ 30) ਸੁਖਦੇਵ ਸਿੰਘ ਪੁੱਤਰਾਨ ਪ੍ਰਤਾਪ ਸਿੰਘ 31) ਪ੍ਰਤਾਪ ਸਿੰਘ ਪੁੱਤਰ ਅਵਤਾਰ ਸਿੰਘ 32) ਬਲਵਿੰਦਰ ਸਿੰਘ ਪੁੱਤਰ ਸਵਰਨ ਸਿੰਘ 33) ਨਰਿੰਦਰ ਕੌਰ ਪਤਨੀ ਪ੍ਰਤਾਪ ਸਿੰਘ 34) ਨਿਸ਼ਾਨ ਸਿੰਘ ਪੁੱਤਰ ਹਰਬੰਸ ਸਿੰਘ 35) ਕਰਮ ਸਿੰਘ 36) ਇੰਦਰਜੀਤ ਸਿੰਘ 37) ਅਮਰ ਸਿੰਘ ਪੁੱਤਰਾਨ ਚੰਨਣ ਸਿੰਘ 38) ਮੁਖਤਾਰ ਸਿੰਘ 39) ਜਗਤਾਰ ਸਿੰਘ 40) ਅਵਤਾਰ ਸਿੰਘ 41) ਸਲਵੰਤ ਸਿੰਘ ਪੁੱਤਰਾਨ ਲਾਭ ਸਿੰਘ 42) ਜਸਬੀਰ ਕੌਰ ਵਿਧਵਾ ਸਵਰਨ ਸਿੰਘ 43) ਜਗਰੂਪ ਸਿੰਘ 44) ਜਸਬੀਰ ਸਿੰਘ 45) ਜਸਪਾਲ ਸਿੰਘ ਪੁੱਤਰਾਨ ਸਵਰਨ ਸਿੰਘ 46) ਸਰੂਪ ਸਿੰਘ ਪੁੱਤਰ ਸਲਵੰਤ ਸਿੰਘ 47) ਸਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ 48) ਜਗੀਰ ਕੌਰ ਵਿਧਵਾ ਅਤਰ ਸਿੰਘ 49) ਕੁਲਦੀਪਰਾਜ ਕੌਰ ਪੁੱਤਰੀ ਅਤਰ ਸਿੰਘ 50) ਹਰਦੇਵ ਸਿੰਘ ਪੁੱਤਰ ਗੁਰਦੀਪ ਸਿੰਘ ਸਮੂਹ ਵਾਸੀਆਨ ਪਿੰਡ ਢੋਟੀਆਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ 51) ਮਨਜੀਤ ਕੌਰ ਪੁੱਤਰੀ ਅਤਰ ਸਿੰਘ ਵਾਸੀ ਪਿੰਡ ਮੁੰਡਾ ਪਿੰਡ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ। (ਉੱਤਰਵਾਦੀ ਧਿਰਾਂ)

ਉਪਰੋਕਤ ਅਨੁਵਾਨ ਕੇਸ ਵਿਚ ਖੇਵਟ ਨੰਬਰ 781, 830, 835, 837, 851, 853, ਖਤੌਨੀ ਨੰਬਰ 2428 ਤੋਂ 2436, 2589 ਤੋਂ 2599, 2604 ਤੋਂ 2610, 2613 ਤੋਂ 2617, 2634 ਅਤੇ 2636 ਰਕਬਾ 489 ਕਨਾਲ 10 ਮਰਲੇ ਮੁਤਾਬਕ ਜਮਾਂਬੰਦੀ 2020-21 ਵਾਕਿਆ ਰਕਬਾ ਪਿੰਡ ਢੋਟੀਆਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਦਾ ਤਕਸੀਮ ਕੇਸ ਨਿਮਨਹਸਤਾਖਰ ਦੀ ਅਦਾਲਤ ਵਿਖੇ ਚੱਲ ਰਿਹਾ ਹੈ।ਇਸ ਲਈ ਮਿਤੀ 20/01/2026 ਨੂੰ 12:00 ਵਜੇ ਤਾਰੀਖ ਪੇਸ਼ੀ ਨਿਯਤ ਕਰਕੇ ਇਸ ਨੋਟਿਸ ਅਖਬਾਰ ਇਸ਼ਤਿਹਾਰ ਰਾਹੀਂ ਉਪਰੋਕਤ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਉੱਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਇਆ ਜਾਵੇ।ਹਾਜ਼ਰ ਨਾ ਆਉਣ ਦੀ ਸੂਰਤ ਵਿਚ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਅਖਬਾਰ ਇਸ਼ਤਿਹਾਰ ਮਿਤੀ 06/01/2026 ਨੂੰ ਜਾਰੀ ਕੀਤਾ ਗਿਆ।

ਸਹੀ/-ਜ਼ਿਲ੍ਹਾ ਮਾਲ ਅਫਸਰ-ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ, ਤਰਨ ਤਾਰਨ
ਨੰਬਰ : ਰੀਡਰ/ਡੀ ਆਰ ਓ/03 ਮਿਤੀ : 7/1/2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਵਿਸ਼ਾ : ਤਕਸੀਮ ਕੇਸ ਮਨਪ੍ਰੀਤ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਧੂੜਕੋਟ ਰਣਸੀਂਹ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਖੇਵਟ ਨੰ: 28/27, 502/487, 117/112,120/115, 121/116, 203/198, 235/230, 473/458, 474/459, 487/472, 488/473 501/486, 504/489 ਖਤੌਨੀ ਨੰ: 38, 732,196,197, 202, 203, 204, 325 ਤੋਂ 329, 365, 692, 693, 710, 711, 731, 734 ਜਮ੍ਹਾਂਬੰਦੀ ਸਾਲ 2022-2023 ਪਿੰਡ ਧੂੜਕੋਟ ਰਣਸੀਂਹ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 21-01-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਹਨਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

1) ਜਗਦੇਵ ਸਿੰਘ (2) ਗੁਰਪ੍ਰੀਤ ਸਿੰਘ ਪੁੱਤਰਾਨ ਅਵਤਾਰ ਸਿੰਘ ਪੁੱਤਰ ਬੰਤਾ ਸਿੰਘ (3) ਗੁਰਦੇਵ ਕੌਰ ਵਿਧਵਾ (4) ਸੁਖਵਿੰਦਰ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਬੰਤਾ ਸਿੰਘ (5) ਮਨਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਗੁਰਦਿਆਲ ਸਿੰਘ (6) ਡੋਗਰ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਅਗੜ ਸਿੰਘ (7) ਚਮਕੌਰ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਭੋਲਾ ਸਿੰਘ (8) ਜਰਨੈਲ ਕੌਰ ਪਤਨੀ ਅਵਤਾਰ ਸਿੰਘ ਪੁੱਤਰ ਚਮਕੌਰ ਸਿੰਘ (9) ਵੀਰਪਾਲ ਕੌਰ ਪਤਨੀ ਮਨਮੋਹਨ ਸਿੰਘ ਪੁੱਤਰ ਚਮਕੌਰ ਸਿੰਘ (10) ਗੁਰਪ੍ਰੀਤ ਸਿੰਘ (11) ਹਰਪਿੰਦਰ ਸਿੰਘ (13) ਹਰਦੀਪ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਜੀਤ ਸਿੰਘ (14) ਅਵਤਾਰ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਕਿਸ਼ਨ ਸਿੰਘ (15) ਗੁਜਰ ਸਿੰਘ ਪੁੱਤਰ ਘੋਗੂ ਸਿੰਘ ਪੁੱਤਰ ਸਰਦਾਰਾ ਸਿੰਘ (16) ਹਰਦੇਵ ਸਿੰਘ ਪੁੱਤਰ ਦਲੀਪ ਸਿੰਘ ਪੁੱਤਰ ਸੁੰਦਰ ਸਿੰਘ (17) ਗੁਰਨਾਮ ਕੌਰ ਵਿਧਵਾ (18) ਲਛਮਣ ਸਿੰਘ (19) ਦਰਸ਼ਨ ਸਿੰਘ ਪੁੱਤਰਾਨ (20) ਮਹਿੰਦਰ ਕੌਰ (21) ਛੋਟੋ (22) ਗੁੱਡੀ ਪੁੱਤਰੀਆਂ ਸੋਹਣ ਸਿੰਘ ਪੁੱਤਰ ਥੰਮਣ ਸਿੰਘ (23) ਪਰੀਤਾ ਸਿੰਘ ਉਰਫ ਜੀਤਾ ਸਿੰਘ ਪੁੱਤਰ ਥੰਮਣ ਸਿੰਘ (24) ਗੁਰਦੀਪ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਗੁਰਮੁੱਖ ਸਿੰਘ (25) ਗਿਆਨ ਕੌਰ ਵਿਧਵਾ (26) ਧਰਮਿੰਦਰ ਸਿੰਘ ਪੁੱਤਰ (27) ਕਿਰਨਜੀਤ ਕੌਰ ਪੁੱਤਰੀ ਸੁਰਜੀਤ ਸਿੰਘ ਪੁੱਤਰ ਗੁਰਮੁੱਖ ਸਿੰਘ (28) ਬਲਦੇਵ ਸਿੰਘ ਪੁੱਤਰ ਬਾਰਾ ਸਿੰਘ ਪੁੱਤਰ ਕਰਤਾਰ ਸਿੰਘ (29) ਗੁਰਮੀਤ ਕੌਰ ਵਿਧਵਾ (30) ਸੁਖਮੰਦਰ ਸਿੰਘ (31) ਅੰਗਰੇਜ਼ ਸਿੰਘ (31) ਨਵਤੇਜ ਸਿੰਘ ਪੁੱਤਰ ਬਿੱਕਰ ਸਿੰਘ ਪੁੱਤਰ ਸੋਹਣ ਸਿੰਘ (32) ਮਨਜੀਤ ਕੌਰ (33) ਗੁਰਮੀਤ ਕੌਰ ਪੁੱਤਰੀਆਂ ਕਰਤਾਰ ਸਿੰਘ ਪੁੱਤਰ ਛੁੰਮਣ ਸਿੰਘ (34) ਜਸਪਾਲ ਸਿੰਘ ਪੁੱਤਰ ਬਾਰਾ ਸਿੰਘ ਪੁੱਤਰ ਕਰਤਾਰ ਸਿੰਘ (35) ਗੁਰਮੇਲ ਕੌਰ ਵਿਧਵਾ (36) ਗੁਰਪ੍ਰੀਤ ਸਿੰਘ ਪੁੱਤਰ ਸਰਬਜੀਤ ਸਿੰਘ ਪੁੱਤਰ ਬਾਰਾ ਸਿੰਘ (37) ਪਲਵਿੰਦਰ ਸਿੰਘ (38) ਗੁਰਮੀਤ ਸਿੰਘ (39) ਅਜੀਤ ਸਿੰਘ (40) ਸੁਰਜੀਤ ਸਿੰਘ ਪੁੱਤਰਾਨ ਇੰਦਰ ਸਿੰਘ ਪੁੱਤਰ ਘੁੰਮਨ ਸਿੰਘ (41) ਹਰਨੇਕ ਸਿੰਘ (42) ਸੁਖਦੇਵ ਸਿੰਘ (43) ਨਛੱਤਰ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਮੰਗਲ ਸਿੰਘ (44) ਬਾਬੂ ਸਿੰਘ ਉਰਫ ਸ਼ੇਰ ਸਿੰਘ ਪੁੱਤਰ ਅਰਜਨ ਸਿੰਘ ਪੁੱਤਰ ਮੰਗਲ ਸਿੰਘ (45) ਨਛੱਤਰ ਕੌਰ ਵਿਧਵਾ ਮਹਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ (46) ਗੁਰਦਿਆਲ ਕੌਰ (47) ਹਰਵਿੰਦਰ ਕੌਰ ਪੁੱਤਰੀ ਰਜਿੰਦਰ ਸਿੰਘ ਪੁੱਤਰ ਜੰਗੀਰ ਸਿੰਘ (48) ਅਮਰਜੀਤ ਕੌਰ (49) ਹਰਬੰਸ ਕੌਰ (50) ਕੁਲਵੰਤ ਕੌਰ ਪੁੱਤਰੀ ਜੰਗੀਰ ਸਿੰਘ ਪੁੱਤਰ ਅਨੋਖ ਸਿੰਘ (51) ਪਰਮਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਜੰਗੀਰ ਸਿੰਘ (52) ਦਵਿੰਦਰਜੀਤ ਕੌਰ (53) ਸੁਰਿੰਦਰ ਕੌਰ ਪੁੱਤਰੀਆਂ ਜੰਗੀਰ ਸਿੰਘ ਪੁੱਤਰ ਅਨੋਖ ਸਿੰਘ, ਸਾਰੇ ਵਾਸੀਆਨ ਪਿੰਡ ਧੂੜਕੋਟ ਰਣਸੀਂਹ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ (54) ਪ੍ਰੋਵਿਸਨਲ ਗੌਰਮਿੰਟ ਮਾਲਕ ਰਾਹੀਂ ਚੀਫ ਸੈਕਟਰੀ ਪੰਜਾਬ, ਚੰਡੀਗੜ੍ਹ (55) ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨਿਹਾਲ ਸਿੰਘ ਵਾਲਾ (56) ਮੈਨੇਜਰ ਸਟੇਟ ਬੈਂਕ ਆਫ ਇੰਡੀਆ (57) ਸਟੇਟ ਬੈਂਕ ਆਫ ਇੰਡੀਆ ਤਖਤੂਪੁਰਾ (58) ਮੈਨੇਜਰ ਪੰਜਾਬ ਨੈਸ਼ਨਲ ਬੈਂਕ ਪੱਤੋ ਹੀਰਾ ਸਿੰਘ (59) ਮੈਨੇਜਰ ਦੀ ਮੋਗਾ ਸੈਂਟਰਲ ਕੋਆਪਰੇਟਿਵ ਬੈਂਕ ਲਿਮ. ਨਿਹਾਲ ਸਿੰਘ ਵਾਲਾ (60) ਮੈਨੇਜਰ ਐਕਸਿਸ ਬੈਂਕ ਬਰਨਾਲਾ ਰੋਡ ਨਿਹਾਲ ਸਿੰਘ ਵਾਲਾ (62) ਮੈਨੇਜਰ ਬੈਂਕ ਆਫ ਇੰਡੀਆ ਹਠੂਰ, ਤਹਿ. ਜਗਰਾਓਂ, ਜ਼ਿਲ੍ਹਾ ਲੁਧਿਆਣਾ (63) ਮੈਨੇਜਰ ਓਰੀਐਂਟਲ ਬੈਂਕ ਆਫ ਇੰਡੀਆ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਨਿਹਾਲ ਸਿੰਘ ਵਾਲਾ (ਮੋਗਾ)

## Bank of India BOI — LUDHIANA SSI BRANCH, 223, INDUSTRIAL AREA, LUDHIANA, PUNJAB

### ਅੰਤਿਕਾ IV [(ਦੇਖੋ ਰੂਲ 8 (1)]

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂਕਿ ਨਿਮਨਹਸਤਾਖਰੀ ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਧੀਨ ਬੈਂਕ ਆਫ ਇੰਡੀਆ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਸ੍ਰੀ ਹਰਜਿੰਦਰ ਪ੍ਰਤਾਪ ਸਿੰਘ ਪੁੱਤਰ ਸਵ. ਸ੍ਰੀ ਬੰਸੀ ਲਾਲ ਚੌਧਰੀ (ਮੁਢਲੇ ਕਰਜ਼ਦਾਰ ਸਵ. ਸ੍ਰੀ ਬੰਸੀ ਲਾਲ ਚੌਧਰੀ ਦਾ ਪੁੱਤਰ ਅਤੇ ਸਹਿ-ਕਰਜ਼ਦਾਰ) ਅਤੇ ਸ੍ਰੀਮਤੀ ਮੀਨਾਕਸ਼ੀ ਜੀਵਨ ਕਨੌਜੀਆ ਪਤਨੀ ਸ੍ਰੀ ਜੀਵਨ ਕਨੌਜੀਆ (ਮੁਢਲੇ ਕਰਜ਼ਦਾਰ ਸਵ. ਸ੍ਰੀ ਬੰਸੀ ਲਾਲ ਦੀ ਪੁੱਤਰੀ) ਨੂੰ ਨੋਟਿਸ 'ਚ ਦਰਸਾਈ ਰਾਸ਼ੀ ਰੁਪਏ 8,76,449.45 (ਅੱਠ ਲੱਖ ਛਿਹੱਤਰ ਹਜ਼ਾਰ ਚਾਰ ਸੌ ਉਨੰਜਾ ਰੁਪਏ ਅਤੇ ਪੰਜਤਾਲੀ ਪੈਸੇ ਕੇਵਲ) (ਨੋਟਿਸ ਦੀ ਮਿਤੀ ਤੱਕ ਠੇਕੇ ਦੀ ਬਕਾਇਆ) ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ ਮਿਤੀ 06.08.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫ਼ਲ ਰਹੇ ਹਨ ਅਤੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਹੇਠਾਂ ਦਰਸਾਈ ਜਾਇਦਾਦ ਦਾ 8 ਜਨਵਰੀ 2026 ਨੂੰ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਬੈਂਕ ਆਫ ਇੰਡੀਆ ਨੂੰ ਰਕਮ ਰੁਪਏ 8,76,449.45/- (ਅੱਠ ਲੱਖ ਛਿਹੱਤਰ ਹਜ਼ਾਰ ਚਾਰ ਸੌ ਉਨੰਜਾ ਰੁਪਏ ਅਤੇ ਪੰਜਤਾਲੀ ਪੈਸੇ ਕੇਵਲ) (ਨੋਟਿਸ ਦੀ ਮਿਤੀ ਤੱਕ ਠੇਕੇ ਦੀ ਬਕਾਇਆ ਰਕਮ) ਅਤੇ ਇਸ 'ਤੇ ਵਿਆਜ ਦੀ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟ ਨੂੰ ਪੁਨਰ ਗ੍ਰਹਿਣ ਕਰਨ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

ਵਸੀਕਾ ਨੰ. 4378 ਮਿਤੀ 06.06.2007 ਅਨੁਸਾਰ ਸ੍ਰੀ ਬੰਸੀ ਲਾਲ ਚੌਧਰੀ, ਸ੍ਰੀ ਹਰਜਿੰਦਰ ਪ੍ਰਤਾਪ ਸਿੰਘ ਅਤੇ ਸ੍ਰੀ ਗੁਰਪ੍ਰਤਾਪ ਸਿੰਘ ਦੇ ਨਾਂਅ ਰਿਹਾਇਸ਼ੀ ਇਮਾਰਤ ਰਕਬਾ 70 ਵਰਗ ਗਜ਼, ਬੀ-11-218/5 ਵਿਖੇ ਸਥਿਤ, ਮੁਹੱਲਾ ਫਤਹਿਗੰਜ, ਨੇੜੇ ਬਾਬਾ ਥਾਨ ਸਿੰਘ ਚੌਕ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨਾਲ ਸੰਬੰਧਤ ਸਭ ਕੁੱਝ। ਜਾਇਦਾਦ ਦੀਆਂ ਹੱਦਾਂ ਸਾਈਟ ਅਨੁਸਾਰ :- ਪੂਰਬ : ਗਲੀ (15'-0"), ਪੱਛਮ : ਗੁਆਂਢ (15'-0"), ਉੱਤਰ : ਗੁਆਂਢ (43'-0"), ਦੱਖਣ : ਗੁਆਂਢ (43'-0")

ਮਿਤੀ : 08.01.2026 ਅਧਿਕਾਰਤ ਅਫ਼ਸਰ
ਸਥਾਨ : ਲੁਧਿਆਣਾ ਬੈਂਕ ਆਫ ਇੰਡੀਆ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਜਾਇਦਾਦ ਵਿਕਰੀ ਨੋਟਿਸ

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 05.02.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | ਸ੍ਰੀ ਸ਼ਿਫੂ ਗੋਇਲ ਪੁੱਤਰ ਸ੍ਰੀ ਜੈ ਚੰਦ ਰਾਏ ਵਾਸੀ ਮਕਾਨ ਨੰ. 145-ਬੀ, ਵਾਰਡ ਨੰ. 02, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001; ਸ੍ਰੀਮਤੀ ਰੀਨਾ ਗੋਇਲ ਪਤਨੀ ਸ਼ਿਫੂ ਗੋਇਲ ਵਾਸੀ ਮਕਾਨ ਨੰ. 145-ਬੀ, ਵਾਰਡ ਨੰ. 02, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001 (ਕਰਜ਼ਦਾਰ); ਸ੍ਰੀ ਮਾਨਵ ਬਾਂਸਲ ਪੁੱਤਰ ਪ੍ਰਦੀਪ ਬਾਂਸਲ ਵਾਸੀ ਮਕਾਨ ਨੰ. 145, ਵਾਰਡ ਨੰ. 02, ਫਰੈਂਡਜ਼ ਕਲੋਨੀ, ਮੋਗਾ, ਪੰਜਾਬ-142001 (ਗਰੰਟਰ) |
| ਬਕਾਇਆ ਰਾਸ਼ੀ LAP/069602000115 | Rs. 29,59,637/- (ਅਤੇ ਮਿਤੀ 01.01.2026 ਤੋਂ ਭਵਿੱਖੀ ਵਿਆਜ) |
| ਜਾਇਦਾਦ ਦਾ ਵੇਰਵਾ | ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2021-22/2/1/2026 ਮਿਤੀ 26.08.2021 ਅਨੁਸਾਰ ਸ੍ਰੀਮਤੀ ਰੀਨਾ ਗੋਇਲ ਪਤਨੀ ਸ਼ਿਫੂ ਗੋਇਲ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 5 ਮਰਲਾ 5 ਸਰਸਾਈ, ਮੋਗਾ ਵਿਖੇ ਸਥਿਤ, ਮਹਿਲਾ ਸਿੰਘ-I, ਤਹਿਸੀਲ ਮੋਗਾ, ਜ਼ਿਲ੍ਹਾ ਮੋਗਾ। |
| ਰਾਖਵੀਂ ਕੀਮਤ | 1. 25.00 ਲੱਖ (ਪੱਚੀ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 05.02.2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ, ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜੋ ਹੈ ਜਿਵੇਂ ਹੈ" ਅਤੇ "ਉੱਥੇ ਜੋ ਹੈ ਦੇ ਆਧਾਰ" 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ (ਬਿਆਨਾ ਰਕਮ) ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 05.02.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫ਼ਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਮੋਗਾ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 13.01.2026 ਅਧਿਕਾਰਤ ਅਫਸਰ

# ਕਲਾਸੀਫਾਈਡ ਇਸ਼ਤਿਹਾਰ

## Change of Name

I Gonika Aggarwal W/o Honey Aggarwal R/o H. No. B-13/336 Smadh Road, Gopal Nagar, Batala, Distt. Gurdaspur. I have changed my name from Gonika Aggarwal to Gonika. Please concerned note.

I, Sukhpal Singh S/o Karnail Singh R/o Village Umra Nangal, Tehsil Baba Bakala, Distt. Amritsar, Punjab have changed my name from Sukhpal Singh to Sukhpal Singh Gill.

I, Manpreet Kaur W/o Shivam Khanna and D/o Hardeep Singh R/o PO. Rahimpur, Jalandhar at present residing at House No. 35, Kamal Park, Aman Nagar, Jalandhar have changed my name after Marriage Manpreet Khanna. Please note.

I, Sandeep Kumar Kalia S/O Ayodhya Parkash R/O H No. 19-20 , Kailash Nagar , Sodal Road , Jalandhar, Punjab Have Changed My Minor Daughter Name From Karitika Kalia To Kritika Kalia. All Note.

I, Soma Rani W/o Kulvir Singh R/o V.PO.Samipur, Distt.Jalandhar, Punjab have changed my name from Soma Rani to Given name as Soma and Rani as Surname. All please note.

I Satwant Singh S/o Charan Singh R/o Village Dhadiala Natt Tehsil Batala District Gurdaspur, declare that at my passport, my father name wrongly mentioned as Chunni Lal, but my father real name is Charan Singh.

I, Hardeep Kaur W/O Pardeep Singh R/O Vpo Manuke, Tara Patti ,Ganga Ki Pahi, Teh Nihal Singh Wala, Moga-142045, Punjab Have Changed My Name To Given Name As Hardeep & Surname As Kaur. All Please Note.

I, Pardeep Singh S/O Malkit Singh R/O Patti Tara, Vpo Manuke, Gange Ki Pahi, Teh Nihal Singh Wala, Moga-142045, Punjab Have Changed My Minor Son's Name From Mahtab Singh To Singh Mahtab (Singh As Surname). All Please Note.

I, Kamalpreet Singh Saini S/O Amarjit Singh R/O Vill. Nangal Khurd,PO. Behram Sarishta, Jalandhar-144201, Punjab have changed my name from Kamalpreet Singh Saini to Kamalpreet Singh As given name and Saini as Surname. All note.

I Jagvir Singh S/O Charanjit Singh R/O Dingrian Distt. Jalandhar punjab 144102 have changed my name Jagvir Singh to Jagvir Kumar.

I, Chaman Lal S/O Gurbachan Dass R/O Vill Mand Mour,P.O Rahimpur, Jalandhar-144002, Punjab Have Changed My Name To Given Name As Chaman & Surname As Lal. All Please Note.

## Change of Name

I, Gurmeet Kaur W/O Chaman Lal R/O Vill Mand Mour, P.O Rahimpur, Jalandhar144801 Punjab Have Changed My Name To Given Name As Gurmeet & Surname As Kaur. All Please Note.

I Sunita Devi W/o Charan Dass R/o Manko, Distt. Jalandhar (Punjab) . I have changed my minor Daughter Name from Arichal to Arichal Kaur.

I, Inder Pal Singh Saini s/o Rabinder Singh r/o H.No.6, Jyoti Nagar Extension, Jalandhar have changed my name from Inder Pal Singh Saini to Inder Pal Singh. All Please Note.

I, Balkar Ram s/o Sucha Ram r/o VPO. Jadla, Distt. S.B.S Nagar, Punjab have changed my name from Balkar Ram to Kala Ram. All Please Note.

I, Kuljit Singh S/o Mohinder Singh Hayer r/o H.No.60-A, Garden Colony, Po.Tower Town Colony, Jalandhar, Punjab have changed my name to Kuljit Singh Hayer. All Please Note.

I, Abhishek Mehndhirata S/o Vijay Kumar R/o H.No. 237, Street No. 6, Shiv Vihar, Jalandhar, Punjab have changed my name from Abhishek Mehndhirata to Abhishek Mendhiratta. All Please Note.

I, Misha Mehndhirata D/o Vijay Kumar R/o H.No. 237, Street No. 6, Shiv Vihar, Jalandhar, Punjab have changed my name from Misha Mehndhirata to Misha Mendhiratta. All Please Note.

I, Pardeep Singh S/O Malkit Singh R/O Patti Tara, Vpo Manuke, Gange Ki Pahi, Teh Nihal Singh Wala, Moga-142045 Punjab Have Changed My Minor Daughter's Name From Khushdeep Kaur To Kaur Khushdeep (Kaur As Surname). All Please Note.

## ਬੇਦਖਲੀ ਨੋਟਿਸ

ਮੈਂ, ਇੰਦਰਜੀਤ ਕੁਮਾਰ ਪੁੱਤਰ ਗੋਪਾਲ ਸ਼ਾਹ ਵਾਸੀ ਪਿੰਡ ਤੇ ਡਾਕਖਾਨਾ ਨਾਗਰਾ ਨੇੜੇ ਪ੍ਰਾਮਰੀ ਸਕੂਲ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਨੁਭਵ ਸ਼ਾਹ ਉਮਰ ਕਰੀਬਨ 17 ਸਾਲ ਕੁਆਰਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਮਰਜੀਤ ਕੌਰ ਪਤਨੀ ਸ਼੍ਰੀ ਰੂਪ ਚੰਦ ਵਾਸੀ ਵਾਰਡ ਨੰਬਰ 10, ਮਕਾਨ ਨੰਬਰ 392, ਨਵੀਂ ਅਬਾਦੀ ਭੋਗਪੁਰ, ਤਹਿਸੀਲ ਆਦਮਪੁਰ ਜਿਲ੍ਹਾਂ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਨਰੇਸ਼ ਕੁਮਾਰ ਅਤੇ ਉਸਦੀ ਪਤਨੀ ਅੰਜੂ ਬਾਲਾ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸ਼ਮਸੇਰ ਸਿੰਘ ਪੁੱਤਰ ਮੱਘਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਗੋਦਪੁਰ, ਤਹਿਸੀਲ ਗੜ੍ਹਸ਼ੰਕਰ, ਜਿਲ੍ਹਾ ਹੁਸ਼ਿਆਰਪੁਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰੀ ਲੜਕੀ 'ਹਰਜਿੰਦਰ ਕੌਰ' ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ।ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ ਹੈ।ਜੇਕਰ ਕੋਈ ਵਿਅਕਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ।ਸਾਰੇ ਸਬੰਧਤ ਨੋਟ ਕਰਨ।

ਮੈਂ, ਚਰਨਜੀਤ ਪੁੱਤਰ ਮੰਗਲ ਰਾਮ, ਵਾਸੀ ਪੱਤੋ ਖੁਰਦ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਦੇਵ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਭੋਲਾ ਸਿੰਘ ਪੁੱਤਰ ਲਛਮਣ ਸਿੰਘ, ਵਾਸੀ ਹਾਊਸ ਨੰਬਰ 304 ਗਲੀ ਨੰਬਰ 07 ਏ, ਗੁਰਦੁਆਰਾ ਕਲਗੀਧਰ ਸਾਹਿਬ ਦਸਮੇਸ਼ ਨਗਰ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਵਿੰਦਰ ਸਿੰਘ ਅਤੇ ਨੂੰਹ ਮਨਪ੍ਰੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਿਕੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਤਖਤੂਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਾਜਵੀਰ ਕੌਰ (ਕੁਆਰੀ) ਮੇਰੇ ਕਹਿਣੇ ਤੋਂ ਬਾਹਰ ਹੈ, ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਰਾਮ ਕਿਸ਼ਨ ਪੁੱਤਰ ਸ਼ਿਵ ਰਾਮ,ਵਾਸੀ ਮੁਹੱਲਾ ਰਹਿਮਾਨਪੁਰਾ, ਨਕੋਦਰ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਦੀਪ ਕੁਮਾਰ ਚੰਦੜ ਅਤੇ ਉਸ ਦੀ ਪਤਨੀ ਰੇਖਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਜਸਪਾਲ ਸਿੰਘ ਢਿੱਲੋਂ ਪੁੱਤਰ ਇੰਦਰ ਸਿੰਘ ਵਾਸੀ ਪਿੰਡ ਨੰਗਲ ਸਲੇਮਪੁਰ, ਡਾਕਖਾਨਾ ਨੂਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੋਨੀਆ ਢਿੱਲੋਂ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ, ਮੋਹਿਤ ਪੁੱਤਰ ਨਿਰਮਲ ਚੰਦ ਵਾਸੀ ਪਿੰਡ ਬੂਥਗੜ੍ਹ, ਰਾਮ ਕਲੋਨੀ ਕੈਂਪ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ (ਪੰਜਾਬ) ਨੇ ਆਪਣਾ ਨਾਮ ਮੋਹਿਤ ਤੋਂ ਬਦਲ ਕੇ ਮੋਹਿਤ ਸਿੰਘ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਇਕ ਟਿਊਬਵੈਲ ਕੁਨੈਕਸ਼ਨ ਖਾਤਾ ਨੰ.ਏ.ਪੀ.27 (3003039823) ਜੋ ਗੁਰਚਰਨ ਸਿੰਘ ਪੁੱਤਰ ਸ੍ਰ. ਪ੍ਰੇਮ ਸਿੰਘ ਵਾਸੀ ਨਰੈਣਗੜ੍ਹ, ਛੇਹਰਟਾ,ਅੰਮ੍ਰਿਤਸਰ ਦੇ ਨਾਮ ਤੇ ਚਲ ਰਿਹਾ ਹੈ। ਹੁਣ ਇਸਨੂੰ ਤਨਵੀਰ ਸਿੰਘ ਪੁੱਤਰ ਮਨਿੰਦਰ ਸਿੰਘ ਦੇ ਨਾਮ ਤੇ ਤਬਦੀਲ ਕੀਤਾ ਜਾ ਰਿਹਾ ਹੈ। ਜੇਕਰ ਕਿਸੇ ਨੂੰ ਇਸ ਨਾਮ ਦੇ ਤਬਦੀਲ ਹੋਣ ਸਬੰਧੀ ਕੋਈ ਇਤਰਾਜ ਹੋਵੇ ਤਾਂ ਉਹ ਆਪਣਾ ਇਤਰਾਜ 15 ਦਿਨਾਂ ਦੇ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਉਪ ਮੰਡਲ ਅਫਸਰ ਪੀ.ਐਸ.ਪੀ.ਸੀ. ਐਲ. ਨੂੰ ਕਰ ਸਕਦਾ ਹੈ। ਬਾਅਦ ਵਿਚ ਕੋਈ ਵੀ ਇਤਰਾਜ ਸਵੀਕਾਰ ਯੋਗ ਨਹੀਂ ਹੋਵੇਗਾ।

ਮੈਂ, ਸੁਖਬੀਰ ਸਿੰਘ ਪੁੱਤਰ ਰਣਧੀਰ ਸਿੰਘ ਨਿਵਾਸੀ ਵੀਪੀਓ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ ਨੇ ਘੋਸ਼ਣਾ ਕੀਤੀ ਹੈ ਕਿ ਮੈਂ ਜਾਇਦਾਦ ਦਾ ਮਾਲਕ ਸੀ, ਪਲਾਟ ਨੰਬਰ 26, ਪਰਾਈਵੇਟ ਖੇਤਰ 250 ਯਾਰਡ ਸਿਲਵਰ ਕਾਲੋਨੀ ਲੋਹਾਰਕਾ ਰੋਡ, ਅੰਮ੍ਰਿਤਸਰ ਮਿਤੀ 09.12.2025 ਸਮਾਂ 11:00 ਵਜੇ ਮੇਰਾ ਵਿਕਰੀ ਡੀਡ ਦਸਤਾਵੇਜ਼ ਨੰ. 2025-26/93/1/997 ਰਾਣੀ ਕਾ ਬਾਗ ਅੰਮ੍ਰਿਤਸਰ ਵਿਖੇ ਗੁੰਮ ਹੋ ਗਿਆ ਹੈ, ਜੇਕਰ ਕਿਸੇ ਨੂੰ ਮਿਲੇ ਤਾਂ ਮੈਨੂੰ ਉੱਪਰ ਦਿੱਤੇ ਪਤੇ 'ਤੇ ਭੇਜੋ।

ਮੈਂ, ਹਰਬੰਸ ਕੌਰ ਪਤਨੀ ਛੋਟਾ ਸਿੰਘ ਵਾਸੀ ਪਿੰਡ ਲੋਪੋ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੈਂ ਆਪਣੀ ਲੜਕੀ ਕਰਮਜੀਤ ਕੌਰ (ਸ਼ਾਦੀਸ਼ੁਦਾ) ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰੀ ਲੜਕੀ ਮੇਰੇ ਕਹਿਣੇਕਾਰ ਹੈ ਅਤੇ ਮੇਰੀ ਹਰ ਗੱਲ ਨਾਲ ਸਹਿਮਤ ਹੈ। ਇਸ ਲਈ ਹੁਣ ਮੈਂ ਆਪਣੇ ਵੱਲੋਂ ਉਸ ਨੂੰ ਦਿੱਤੀ ਬੇਦਖਲੀ ਨੂੰ ਰੱਦ ਕਰਦੀ ਹਾਂ। ਹੁਣ ਮੇਰੀ ਲੜਕੀ ਕਰਮਜੀਤ ਕੌਰ ਮੇਰੀ ਚੱਲ ਵਾ ਅਚੱਲ ਜਾਇਦਾਦ ਦੀ ਬਰਾਬਰ ਦੀ ਹੱਕਦਾਰ ਹੋਵੇਗੀ।

## PUBLIC NOTICE

I, Dev Bharti W/o Thakur Deepak R/o Village Changarwan, PO. Talwara, Tehsil Mukerian, District Hoshiarpur declare that I am the owner of the property House Measuring 1 Marlas 146 Sq ft. (272 Sq Feet) Bearing Khata No. 444/486, Khasra No. 10//8/2, 12/1, 13/2, 18/2, 22/1, 23/2, Situated at Kabir Vihar Basti Bawa Khel, Distt. Jalandhar, the Sale Deed No.154 Dated-7-4-2008 has been lost from me and DDR was reported before Police vide DDR ID No. 948078 Dated 11.08.2015 of missing Article. that above Said Sale Deed is not Mortgaged with any other Bank or any other Financial Institution or any litigation in respect of the said Sale Deed.

We, Jaswant Singh S/o Mukhtiar Singh & Paramjit Kaur W/o Jaswant Singh both R/o VPO. Khusropur, Jalandhar Cantt., Jalandhar declare that our elder son Daljit Singh and his wife Gurjit Kaur and Younger son Sandeep Singh and his wife Jasmeen are out of our control. We disinherit them from our moveable and immovable properties. We and our family shall not be held responsible for any of them acts, deeds and things.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

14 Jan Page 8.qxd 1/13/2026 10:15 PM Page 1



# ਮਾਨ ਵੱਲੋਂ ਅੰਬੇਡਕਰ ਨਗਰ ਵਾਸੀਆਂ ਨੂੰ ਭਰੋਸਾ, ਪਿਛਲੇ 50 ਸਾਲਾਂ ਤੋਂ ਬਣੇ ਘਰ ਨਹੀਂ ਟੁੱਟਣਗੇ : ਨਿਤਿਨ ਕੋਹਲੀ

ਜਲੰਧਰ (ਨ ਜ਼ ਸ) ਜਲੰਧਰ ਸੈਂਟਰਲ ਵਿਧਾਨ ਸਭਾ ਖੇਤਰ ਦੇ ਇੰਚਾਰਜ ਨਿਤਿਨ ਕੋਹਲੀ ਨੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰਕੇ ਖੇਤਰ ਨਾਲ ਸੰਬੰਧਿਤ ਕਈ ਅਹਿਮ ਲੋਕ-ਹਿੱਤ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਨ੍ਹਾ ਦੇ ਸਾਹਮਣੇ ਰੱਖਿਆ।ਮੁੱਖ ਮੰਤਰੀ ਨੇ ਸਮੂਹ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਦੇ ਹੋਏ ਸਕਾਰਾਤਮਕ ਰੁਖ ਦਿਖਾਇਆ ਅਤੇ ਜਲਦ ਕਾਰਵਾਈ ਦਾ ਭਰੋਸਾ ਦਿੱਤਾ।ਨਿਤਿਨ ਕੋਹਲੀ ਨੇ ਦੱਸਿਆ ਕਿ ਅੰਬੇਡਕਰ ਨਗਰ ਦੇ ਸੰਦਰਭ ਵਿੱਚ ਭਗਵੰਤ ਮਾਨ ਨੇ ਸਪੱਸ਼ਟ ਭਰੋਸਾ ਦਿੱਤਾ ਹੈ ਕਿ ਕਿਸੇ ਵੀ ਹਾਲਤ ਵਿੱਚ ਕਿਸੇ ਦਾ ਬਣਿਆ ਹੋਇਆ ਘਰ ਨਹੀਂ ਟੁੱਟੇਗਾ ਅਤੇ ਕਿਸੇ ਪਰਵਾਰ ਨੂੰ ਬੇਘਰ ਨਹੀਂ ਹੋਣ ਦਿੱਤਾ ਜਾਵੇਗਾ। ਮੰਤਰੀ ਸੰਜੀਵ ਅਰੋੜਾ ਵੱਲੋਂ ਅੰਬੇਡਕਰ ਨਗਰ ਦੇ ਹਿੱਤ ਵਿੱਚ ਲਏ ਗਏ ਫ਼ੈਸਲੇ 'ਤੇ ਵੀ ਮੁੱਖ ਮੰਤਰੀ ਨੇ ਸਹਿਮਤੀ ਜਤਾਈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਲੱਦੇਵਾਲੀ ਫਲਾਈਓਵਰ ਦੇ ਮਸਲੇ 'ਤੇ ਮੁੱਖ ਮੰਤਰੀ ਨੇ ਤੁਰੰਤ ਡੀ ਸੀ ਅਤੇ ਨਗਰ ਨਿਗਮ ਕਮਿਸ਼ਨਰ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਫਲਾਈਓਵਰ ਨੂੰ ਜਲਦੀ



ਠੀਕ ਕਰਕੇ ਆਮ ਲੋਕਾਂ ਲਈ ਖੋਲ੍ਹਣ ਦੀ ਪ੍ਰਕਿਰਿਆ ਤੇਜ਼ ਕਰਨ ਦੇ ਆਦੇਸ਼ ਦਿੱਤੇ, ਤਾਂ ਜੋ ਲੋਕਾਂ ਨੂੰ ਟ੍ਰੈਫਿਕ ਦੀ ਪ੍ਰੇਸ਼ਾਨੀ ਤੋਂ ਰਾਹਤ ਮਿਲ ਸਕੇ।ਨਿਤਿਨ ਕੋਹਲੀ ਨੇ ਸਿਵਲ ਹਸਪਤਾਲ ਵਿੱਚ ਮੈਡੀਕੋ-ਲੀਗਲ ਮਾਮਲਿਆਂ ਲਈ ਵੱਖਰਾ (ਵੱਖਰਾ) ਵਾਰਡ ਬਣਾਉਣ ਦੀ ਮਹੱਤਵਪੂਰਨ ਮੰਗ ਵੀ ਰੱਖੀ, ਤਾਂ ਜੋ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਬਿਹਤਰ ਸੁਵਿਧਾਵਾਂ ਮਿਲ ਸਕਣ ਅਤੇ ਅਜਿਹੇ ਮਾਮਲਿਆਂ ਦਾ ਨਿਪਟਾਰਾ ਹੋਰ ਸੁਚੱਜੇ ਢੰਗ ਨਾਲ ਹੋ ਸਕੇ। ਮੁੱਖ ਮੰਤਰੀ ਨੇ ਇਸ ਮੰਗ ਨੂੰ ਵੀ ਗੰਭੀਰਤਾ ਨਾਲ ਲੈਂਦਿਆਂ ਸਕਾਰਾਤਮਕ ਪ੍ਰਤੀਕਿਰਿਆ ਦਿੱਤੀ।ਇਸ ਦੇ ਨਾਲ ਹੀ ਚੁਗਿੱਟੀ ਸਰਕਾਰੀ ਸਕੂਲ ਨੂੰ ਤੰਗ ਅਤੇ ਭੀੜ-ਭਾੜ ਵਾਲੀਆਂ ਗਲੀਆਂ ਤੋਂ ਕੱਢ ਕੇ ਕਿਸੇ ਖੁੱਲ੍ਹੀ ਅਤੇ ਉਚਿਤ ਥਾਂ 'ਤੇ ਸ਼ਿਫਟ ਕਰਨ ਦਾ ਮੁੱਦਾ ਵੀ ਮਜ਼ਬੂਤੀ ਨਾਲ ਉਠਾਇਆ ਗਿਆ। ਮੁੱਖ ਮੰਤਰੀ ਦੀ ਪ੍ਰਸ਼ੰਸਾ ਕਰਦੇ ਹੋਏ ਨਿਤਿਨ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਇੱਕ ਦੂਰਦਰਸ਼ੀ, ਸੰਵੇਦਨਸ਼ੀਲ ਅਤੇ ਵਿਕਾਸ-ਕੇਂਦਰਤ ਨੇਤਾ ਹਨ, ਜੋ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹਨ ਅਤੇ ਜ਼ਮੀਨੀ ਪੱਧਰ 'ਤੇ ਠੋਸ ਫ਼ੈਸਲੇ ਲੈਣ ਵਿੱਚ ਵਿਸ਼ਵਾਸ ਰੱਖਦੇ ਹਨ। ਨਿਤਿਨ ਕੋਹਲੀ ਨੇ ਵਿਸ਼ਵਾਸ ਜਤਾਇਆ ਕਿ ਅਗਲੇ ਦਿਨਾਂ ਵਿੱਚ ਜਲੰਧਰ ਸੈਂਟਰਲ ਖੇਤਰ ਵਿੱਚ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਅੱਗੇ ਵਧਣਗੇ ਅਤੇ ਮੁੱਖ ਮੰਤਰੀ ਦੀ ਵਿਕਾਸ-ਉਪਕ ਸੋਚ ਦਾ ਸਿੱਧਾ ਲਾਭ ਲੋਕਾਂ ਤੱਕ ਪਹੁੰਚੇਗਾ।



# ਬੰਦੀ ਸਿੰਘਾਂ ਦੀ ਰਿਹਾਈ ਲਈ ਕਾਠਗੜ੍ਹ ਟੋਲ ਪਲਾਜ਼ਾ 3 ਘੰਟੇ ਲਈ ਕੀਤਾ ਫਰੀ

ਬਲਾਚੌਰ (ਜਸਵਿੰਦਰ ਬੈਂਸ)- ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦੀ ਸਿੰਘਾਂ ਤੇ ਸਿਆਸੀ ਕਾਰਕੁੰਨਾਂ ਦੀ ਰਿਹਾਈ ਲਈ ਦਿੱਤੇ ਗਏ ਦੇਸ਼-ਵਿਆਪੀ ਸੱਦੇ ਦੇ ਤਹਿਤ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਾਠਗੜ੍ਹ ਟੋਲ ਪਲਾਜ਼ਾ ਨੂੰ ਤਕਰੀਬਨ ਤਿੰਨ ਘੰਟਿਆਂ ਲਈ ਪੂਰੀ ਤਰ੍ਹਾਂ ਫਰੀ ਕਰ ਦਿੱਤਾ ਗਿਆ। ਇਸ ਮੌਕੇ ਵੱਖ-ਵੱਖ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ—ਭੁਪਿੰਦਰ ਸਿੰਘ ਵੜੈਚ, ਸੁਰਿੰਦਰ ਸਿੰਘ ਬੈਂਸ, ਬਾਬਾ ਜਰਨੈਲ ਸਿੰਘ ਅਤੇ ਹੋਰਾਂ ਨੇ ਕਿਹਾ ਕਿ ਪਿਛਲੇ 30-35 ਸਾਲਾਂ ਤੋਂ ਕਈ ਬੰਦੀ ਸਿੰਘ ਤੇ ਸਿਆਸੀ ਕਾਰਕੁੰਨ ਜੇਲ੍ਹਾਂ ਵਿੱਚ ਬੰਦ ਹਨ।ਅਦਾਲਤਾਂ ਵੱਲੋਂ ਦਿੱਤੀਆਂ ਗਈਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਕੇਂਦਰ ਸਰਕਾਰ ਉਨ੍ਹਾਂ ਨੂੰ ਰਿਹਾਅ ਨਹੀਂ ਕਰ ਰਹੀ।ਆਗੂਆਂ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਆਰ ਐੱਸ ਐੱਸ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦੇਸ਼ ਦੇ ਬੁੱਧੀਜੀਵੀਆਂ, ਜੁਝਾਰੂ ਵਿਦਿਆਰਥੀਆਂ ਅਤੇ ਸਵਾਲ ਪੁੱਛਣ ਵਾਲਿਆਂ ਨੂੰ ਬਿਨਾਂ ਕਿਸੇ ਜੁਰਮ ਦੇ ਜੇਲ੍ਹਾਂ ਵਿੱਚ ਡੱਕ ਰਹੀ ਹੈ। ਮੁਲਾਜ਼ਮ ਆਗੂਆਂ ਅਤੇ ਕਿਸਾਨ ਆਗੂਆਂ ਨੇ ਅਦਾਲਤੀ ਪ੍ਰਬੰਧ 'ਤੇ ਵੀ ਤਿੱਖੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਅਦਾਲਤਾਂ ਇਨਸਾਫ਼ ਦੇਣ ਦੀ ਬਜਾਏ ਸਰਕਾਰ ਦੇ ਪ੍ਰਭਾਵ ਹੇਠ ਕੰਮ ਕਰ ਰਹੀਆਂ ਹਨ, ਜਿਸ ਕਾਰਨ ਲੋਕਤੰਤਰ ਖਤਰੇ ਵਿੱਚ ਹੈ। ਇਸ ਰੋਸ ਪ੍ਰਦਰਸ਼ਨ ਵਿੱਚ ਕੁਲਵਿੰਦਰ ਸਿੰਘ ਚਾਹਲ, ਸੁਖਵੰਤ ਸਿੰਘ, ਪਵਨ ਸ਼ਰਮਾ, ਕੁਲਵੀਰ ਸਿੰਘ ਸ਼ਾਹਪੁਰ, ਨਿਰਮਲ ਸਿੰਘ ਔਜਲਾ, ਸਵਰਨ ਸਿੰਘ, ਰਣਬੀਰ ਸਿੰਘ ਭੱਟੀ, ਡਾ. ਕਸ਼ਮੀਰ ਸਿੰਘ ਢਿੱਲੋਂ, ਦਰਸ਼ਨ ਸਿੰਘ, ਅਵਤਾਰ ਸਿੰਘ ਤਾਰੀ, ਨਿਰਮਲ ਜੰਡੀ, ਗੁਰਬਖ਼ਸ਼ ਸਿੰਘ ਖਾਲਸਾ, ਮੁਕੇਸ਼ ਕੁਮਾਰ ਅਤੇ ਚੰਦਰ ਸ਼ੇਖਰ ਸਮੇਤ ਸਰਪੰਚ ਸਤਨਾਮ ਸਿੰਘ ਚੱਕ ਗੁਰੂ ਅਤੇ ਰਾਮਜੀਦਾਸ ਸਿੰਘ ਦੇਨੋਵਾਲ ਕਲਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਲੋਹੜੀ ਤੇ ਮਾਘੀ ਦੀਆਂ ਮੁਬਾਰਕਾਂ

ਬੰਗਾ (ਅਵਤਾਰ ਕਲੇਰ)- ਹਲਕੇ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਦੋਆਬਾ ਜ਼ੋਨ ਇੰਚਾਰਜ ਹਰਜੋਤ ਕੌਰ ਲੋਹਟੀਆ ਤੇ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਲੋਂ ਲੋਹੜੀ ਤੇ ਮਾਘੀ ਦੇ ਪਾਵਨ ਤਿਉਹਾਰ ਮੌਕੇ ਬੰਗਾ ਹਲਕੇ ਦੇ ਸਮੂਹ ਨਿਵਾਸੀਆਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਭੇਜੀਆਂ। ਡਾ. ਸੁੱਖੀ ਨੇ ਹਲਕਾ ਵਾਸੀਆਂ ਨੂੰ ਲੋਹੜੀ ਤੇ ਮਾਘੀ ਦੇ ਪਾਵਨ ਤਿਉਹਾਰਾਂ ਦੀਆਂ ਦਿਲੋਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਲੋਹੜੀ ਅਤੇ ਮਾਘੀ ਸਾਡੀ ਪੰਜਾਬੀ ਸਭਿਆਚਾਰ ਦੀ ਧਰੋਹਰ ਹਨ, ਜੋ ਆਪਸੀ ਭਾਈਚਾਰੇ, ਖੁਸ਼ਹਾਲੀ ਅਤੇ ਨਵੀਂ ਉਮੀਦ ਦਾ ਸੰਦੇਸ਼ ਦੇਂਦੇ ਹਨ। ਹਰਜੋਤ ਲੋਹਟੀਆ ਨੇ ਕਿਹਾ ਕਿ ਲੋਹੜੀ ਦੀ ਅੱਗ ਚਾਰੋਂ ਪਾਸੇ ਬੈਠ ਕੇ ਖੁਸ਼ੀਆਂ ਮਨਾਉਣਾ ਸਾਡੀ ਏਕਤਾ ਤੇ ਸਮਾਜਕ ਮਜ਼ਬੂਤੀ ਦੀ ਨਿਸ਼ਾਨੀ ਹੈ। ਕੁਲਜੀਤ ਸਰਹਾਲ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਹਿਤੈਸ਼ੀ ਨੀਤੀਆਂ ਰਾਹੀਂ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਹਲਕੇ ਦੇ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਨਿਰੰਤਰ ਯਤਨ ਜਾਰੀ ਰਹਿਣਗੇ।



## ਹੈਰੋਇਨ ਸਮੇਤ ਨੌਜਵਾਨ ਕਾਬੂ



ਬੰਗਾ (ਅਵਤਾਰ ਕਲੇਰ)- ਥਾਣਾ ਸਦਰ ਬੰਗਾ ਵੱਲੋਂ 6 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਬੰਗਾ ਦੇ ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਏ ਐਸ ਆਈ ਬਲਜਿੰਦਰ ਕੁਮਾਰ ਸਾਥੀ ਮੁਲਾਜ਼ਮਾਂ ਨੂੰ ਨਾਲ ਲੈ ਕੇ ਬੰਗਾ ਤੋਂ ਜੀ ਟੀ ਰੋਡ ਖਟਕੜ ਕਲਾ ਹੁੰਦੇ ਹੋਏ ਧਾਰਮਿਕ ਸਥਾਨ ਬਾਬਾ ਝੰਡਾ ਜੀ ਵੱਲ ਦੀ ਰੇਲਵੇ ਸਟੇਸ਼ਨ ਖਟਕੜ ਕਲਾਂ ਵੱਲ ਨੂੰ ਜਾ ਰਹੇ ਸੀ। ਜਦੋਂ ਪੁਲਿਸ ਪਾਰਟੀ ਰੇਲਵੇ ਲਾਈਨ ਤੇ ਪਹੁੰਚੇ ਤਾਂ ਇੱਕ ਵਿਅਕਤੀ ਖੜਾ ਦਿਖਾਈ ਦਿੱਤਾ ਜੋ ਪੁਲਿਸ ਪਾਰਟੀ ਦੀ ਗੱਡੀ ਨੂੰ ਦੇਖ ਕੇ ਇੱਕ ਦਮ ਘਬਰਾ ਗਿਆ ਤੇ ਉਸ ਨੇ ਆਪਣੇ ਸੱਜੇ ਹੱਥ ਵਿੱਚ ਫੜੀ ਮੋਮੀ ਲਿਫਾਫੀ ਘਾਹ ਫੂਸ ਵਿੱਚ ਸੁੱਟ ਦਿੱਤੀ। ਏ ਐਸ ਆਈ ਬਲਜਿੰਦਰ ਕੁਮਾਰ ਨੇ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਉਸ ਵਿਅਕਤੀ ਨੂੰ ਕਾਬੂ ਕੀਤਾ। ਜਿਸ ਨੇ ਆਪਣਾ ਨਾਮ ਮੁਕੇਸ਼ ਕੁਮਾਰ ਪੁੱਤਰ ਸੁੰਦਰ ਲਾਲ ਵਾਸੀ ਖਟਕੜ ਕਲਾਂ ਥਾਣਾ ਸਦਰ ਬੰਗਾ ਦੱਸਿਆ। ਉਸ ਵੱਲੋਂ ਸੁੱਟੇ ਹੋਏ ਲਿਫਾਫੇ ਨੂੰ ਚੁੱਕ ਕੇ ਚੈੱਕ ਕੀਤਾ ਤਾਂ ਉਸ ਵਿੱਚੋਂ 6 ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਉਸ ਨੌਜਵਾਨ ਨੂੰ ਕਾਬੂ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



## ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ

ਅੱਡਾ ਸਰਾਂ (ਜਸਵੀਰ ਕਾਜਲ)- ਬਲਾਕ ਟਾਂਡਾ ਅਧੀਨ ਪੈਂਦੇ ਪਿੰਡ ਬਸੀ ਜਲਾਲ ਦੀ ਪੰਚਾਇਤ ਵੱਲੋਂ ਸਰਕਾਰੀ ਹਦਾਇਤਾਂ ਅਨੁਸਾਰ ਲੋਕਾਂ ਨੂੰ ਨਸ਼ਾ ਨਾ ਕਰਨ ਦੇ ਸੰਬੰਧ ਵਿੱਚ ਸਰਪੰਚ ਜਸਵਿੰਦਰ ਸਿੰਘ ਬੀ ਡੀ ਓ ਹਰਪਾਲ ਸਿੰਘ ਬਲਾਕ ਟਾਂਡਾ ਫਤਿਹ ਪਿੰਡ ਦੇ ਲੋਕਾਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ ਗਿਆ। ਨਸ਼ਾ ਕਰਨਾ ਇਕ ਸਮਾਜਿਕ ਬੁਰਾਈ ਹੈ ਜਿਸ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ ਨਸ਼ੇ ਨੂੰ ਜੜੋਂ ਖਤਮ ਕੀਤਾ ਜਾਏਗਾ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਦੇ ਪਹਿਲੇ ਪੜਾਅ ਨੂੰ ਸ਼ਾਨਦਾਰ ਸਫਲਤਾ ਮਿਲੀ ਹੈ ਜਿਸ ਨਾਲ ਲੋਕਾਂ ਦਾ ਸਰਕਾਰ ਪ੍ਰਤੀ ਵਿਸ਼ਵਾਸ ਵਧਿਆ ਹੈ।ਇਸ ਮੌਕੇ ਉਹਨਾਂ ਨਾਲ ਪਿੰਡ ਦੀ ਪੰਚਾਇਤ ਤੇ ਪਿੰਡ ਵਾਸੀ ਮੌਜੂਦ ਸਨ।

# ਫੁੱਟਬਾਲ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਨਾ ਅਤੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਯੋਗ ਅਗਵਾਈ ਹੇਠ ਸੰਤ



ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਚ ਆਯੋਜਿਤ ਨਾਰਥ ਜੋਨ ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਬੜੀ ਸ਼ਾਨੋ-ਸ਼ੌਕਤ ਤੇ ਖੇਡ ਭਾਵਨਾ ਨਾਲ ਸਫਲਤਾ ਪੂਰਵਕ ਸੰਪੰਨ ਹੋ ਗਿਆ। ਇਸ ਟੂਰਨਾਮੈਂਟ ਵਿੱਚ ਨਾਰਥ ਜੋਨ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਦੀਆਂ ਟੀਮਾਂ ਨੇ ਹਿੱਸਾ ਲਿਆ ਤੇ ਉੱਚ ਕੋਟੀ ਦੀ ਫੁੱਟਬਾਲ ਖੇਡ ਦਾ ਪ੍ਰਦਰਸ਼ਨ ਕੀਤਾ।ਟੂਰਨਾਮੈਂਟ ਦੇ ਫਾਈਨਲ ਮੁਕਾਬਲਿਆਂ ਤੋਂ ਬਾਅਦ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ।ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੂਸਰੇ ਸਥਾਨ 'ਤੇ ਰਹੀ,ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਤੀਜਾ ਸਥਾਨ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਚੌਥਾ ਸਥਾਨ ਹਾਸਲ ਕੀਤਾ। ਇਨਾਮ ਵੰਡ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਪਵਨ ਕੁਮਾਰ ਟੀਨੂੰ (ਸਾਬਕਾ ਵਿਧਾਇਕ, ਹਲਕਾ ਇੰਚਾਰਜ ਆਦਮਪੁਰ ਆਮ ਆਦਮੀ ਪਾਰਟੀ) ਨੇ ਸ਼ਿਰਕਤ ਕੀਤੀ। ਇਸ ਮੌਕੇ ਸਤਿਕਾਰਯੋਗ ਸੰਤ ਬਾਬਾ ਮਨਮੋਹਨ ਸਿੰਘ ਜੀ, ਸੰਤ ਬਾਬਾ ਜਨਕ ਸਿੰਘ ਜੀ, ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਧਰਮਜੀਤ ਸਿੰਘ ਪਰਮਾਰ, ਮਨਪ੍ਰੀਤ ਸਿੰਘ (ਸੁਸਾਇਟੀ ਮੈਂਬਰ), ਕੈਪਟਨ ਸੁਖਦੇਵ ਸਿੰਘ, ਕੁਲਵੰਤ ਸਿੰਘ (ਸਰਪੰਚ), ਗੁਰਦਿਆਲ ਸਿੰਘ (ਕੈਨੇਡਾ), ਹਰਜੀਤ ਸਿੰਘ (ਸਰਪੰਚ) ਤੇ ਸ਼ਰਮਾ ਸਪੋਰਟਸ ਦੇ ਨੁਮਾਇੰਦਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਸਮਾਰੋਹ ਦੌਰਾਨ ਜੇਤੂ ਟੀਮਾਂ ਨੂੰ ਟ੍ਰਾਫੀਆਂ ਤੇ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਤ ਕੀਤਾ ਗਿਆ।

# ਮਾਤਾ ਨਾਨਕੀ ਜੀ ਮਹਿਲਾ ਮੰਡਲ ਭੱਲੜੀ ਨੇ ਲੜਕੀਆਂ ਦੀ ਲੋਹੜੀ ਮਨਾਈ



ਭਲਾਣ (ਹਰਭਜਨ ਢਿੱਲੋਂ)- ਪਿਛਲੇ ਕਈ ਸਾਲਾਂ ਤੋਂ ਲੜਕੀਆਂ ਦੀ ਲੋਹੜੀ ਪਾਉਣ ਦੇ ਕੀਤੇ ਜਾ ਰਹੇ ਉਪਰਾਲੇ ਨਾਲ ਸਮਾਜ ਦੀ ਸੋਚ ਬਦਲ ਰਹੀ ਹੈ, ਜੋ ਕਿ ਇੱਕ ਚੰਗੀ ਗੱਲ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਮਾਤਾ ਨਾਨਕੀ ਜੀ ਮਹਿਲਾ ਮੰਡਲ ਭੱਲੜੀ ਦੇ ਪ੍ਰਧਾਨ ਬਲਵਿੰਦਰ ਕੌਰ ਵਾਇਸ ਪ੍ਰਧਾਨ ਮਨਜੀਤ ਕੌਰ, ਸਕੱਤਰ ਸੁਰਿੰਦਰ ਕੌਰ, ਕੈਸ਼ੀਅਰ ਸ਼ੰਮੀ ਸ਼ਰਮਾ ਤੇ ਜਸਵਿੰਦਰ ਕੌਰ ਵੱਲੋਂ ਧੀਆਂ ਦੀ ਲੋਹੜੀ ਦੀਆਂ ਮੁਬਾਰਕਬਾਦ ਦਿੰਦਿਆਂ ਕੀਤਾ। ਉਹਨਾਂ ਕਿਹਾ ਕਿ ਲੋਹੜੀ ਦਾ ਤਿਉਹਾਰ ਪੰਜਾਬੀ ਸੱਭਿਆਚਾਰ ਦਾ ਅਨਿਖੜਵਾਂ ਅੰਗ ਹੈ। ਸਾਨੂੰ ਧੀਆਂ ਤੇ ਪੁੱਤਰਾਂ ਦਾ ਫਰਕ ਨਹੀਂ ਕਰਨਾ ਚਾਹੀਦਾ। ਉਹਨਾਂ ਕਿਹਾ ਕਿ ਹੁਣ ਸਮਾਜ ਦੀ ਸੋਚ ਬਦਲ ਰਹੀ ਹੈ। ਸਮਾਜਿਕ ਕੁਰੀਤੀਆਂ ਦੇ ਖਿਲਾਫ ਧੀਆਂ ਦੀ ਲੋਹੜੀ ਪਾ ਕੇ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ। ਇਸ ਮੌਕੇ ਆਸ਼ਾ ਦੇਵੀ, ਸੰਤੋਸ਼ ਕੁਮਾਰੀ, ਨੀਲਮ, ਪ੍ਰਧਾਨ ਬਲਵਿੰਦਰ ਕੌਰ, ਵਾਈਸ ਪ੍ਰਧਾਨ ਮਨਜੀਤ ਕੌਰ, ਸਕੱਤਰ ਸੁਰਿੰਦਰ ਕੌਰ, ਜਸਵਿੰਦਰ ਕੌਰ, ਹਰਜਿੰਦਰ ਕੌਰ, ਮਨਜੀਤ ਕੌਰ ਧਾਲੀਵਾਲ,ਅਮਰਜੀਤ, ਬਿੰਦਰ ਧਾਲੀਵਾਲ, ਜੋਤੀ, ਪੁਸ਼ਪਾ ਦੇਵੀ, ਸ਼ਮੀ ਸ਼ਰਮਾ ਭੱਲੀ, ਗੁਰਦੇਵ ਕੌਰ, ਮੇਨਕਾ ਸ਼ਰਮਾ, ਦੇਵਕੀ, ਭਾਗਵੰਤੀ, ਅੰਨੂ, ਕੁਲਵੀਰ ਕੌਰ, ਚਰਨ ਕੌਰ, ਮਾਇਆ ਕੌਰ, ਅਮਰਜੀਤ ਕੌਰ, ਹਰਸ਼, ਜੋਤੀ, ਪੂਜਾ ਨੇਹਾ, ਸੁਰਿੰਦਰ ਕੌਰ ਤੰਬੜ, ਬੱਬੂ ਤੰਬੜ, ਚੰਚਲ ਦੇਵੀ ਆਦਿ ਤੋਂ ਇਲਾਵਾ ਔਰਤਾਂ ਅਤੇ ਬੱਚਿਆਂ ਦਾ ਵੱਡਾ ਇਕੱਠ ਸੀ। ਇਸ ਮੌਕੇ ਧੀਆਂ ਨੂੰ ਮੂੰਗਫਲੀ ਅਤੇ ਰੇਵੜੀਆਂ ਦੀ ਲੋਹੜੀ ਪਾਈ ਗਈ ਤੇ ਚਾਹ ਸਮੋਸੇ ਦਾ ਅਤੁੱਟ ਲੰਗਰ ਵਰਤਾਇਆ ਗਿਆ।

## 22 ਤੋਂ ਹੋਵੇਗੀ ਪੰਜਾਬ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਰਸਮੀ ਸ਼ੁਰੂਆਤ : ਸਿਹਤ ਮੰਤਰੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)- ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ



ਪੰਜਾਬ ਭਰ ਵਿੱਚ 22 ਜਨਵਰੀ ਤੋਂ ਰਸਮੀ ਸ਼ੁਰੂਆਤ ਕੀਤੀ ਜਾਵੇਗੀ। ਇਸ ਯੋਜਨਾ ਤਹਿਤ ਪੰਜਾਬ ਦੇ ਹਰ ਪਰਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਮੋਹਾਲੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਨਾਲ ਰਜਿਸਟ੍ਰੇਸ਼ਨ ਪ੍ਰਕਿਰਿਆ ਸਬੰਧੀ ਸਮੀਖਿਆ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਿਹਤ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਮੋਹਾਲੀ ਵਿੱਚ ਅੱਠ ਥਾਵਾਂ ਤੇ ਪਾਇਲਟ ਰਜਿਸਟ੍ਰੇਸ਼ਨ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਆਧਾਰ ਕਾਰਡ ਅਤੇ ਵੋਟਰ ਕਾਰਡ ਰੱਖਣ ਵਾਲੇ ਨਿਵਾਸੀ ਇਸ ਯੋਜਨਾ ਦੇ ਲਾਭਪਾਤਰੀ ਹੋਣਗੇ।

## ਲੋਹੜੀ ਧੂਮਧਾਮ ਨਾਲ ਮਨਾਈ



ਗੁਰਾਇਆ (ਬਿੰਦਰ ਸੁਮਨ)- ਸ੍ਰੀ ਹਨੂੰਮਾਨ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਵਿਦਿਆਰਥੀ ਅਤੇ ਅਧਿਆਪਕ ਲੋਹੜੀ ਮਨਾਉਣ ਲਈ ਇਕੱਠੇ ਹੋਏ, ਤੇ ਪੂਰਾ ਕੈਂਪਸ ਰਵਾਇਤੀ ਜੋਸ਼ ਨਾਲ ਜੀਵੰਤ ਹੋ ਗਿਆ। ਸੱਭਿਆਚਾਰਕ ਕਮੇਟੀ ਦੁਆਰਾ ਆਯੋਜਿਤ, ਕੇਂਦਰੀ ਵਿਹੜੇ ਵਿੱਚ ਇੱਕ ਸ਼ਾਨਦਾਰ ਅੱਗ ਬਾਲੀ ਗਈ, ਜੋ ਨਿੱਘ ਅਤੇ ਖੁਸ਼ਹਾਲੀ ਦਾ ਪ੍ਰਤੀਕ ਹੈ। ਵਿਦਿਆਰਥੀਆਂ ਨੇ ਭੰਗੜਾ ਤੇ ਗਿੱਧਾ ਪੇਸ਼ ਕੀਤਾ, ਜਦੋਂ ਕਿ ਕਾਲਜ ਸੰਗੀਤ ਕਮੇਟੀ ਨੇ ਲੋਕ ਗੀਤ ਗਾਏ ਜੋ ਪੂਰੇ ਕੈਂਪਸ ਵਿੱਚ ਗੂੰਜਦੇ ਸਨ। ਪ੍ਰਿੰਸੀਪਲ ਪ੍ਰੋਫੈਸਰ (ਡਾ.) ਪਲਵਿੰਦਰ ਕੁਮਾਰ ਨੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੂੰ ਲੋਹੜੀ ਤੇ ਮਕਰ ਸੰਕ੍ਰਾਂਤੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਤਿਉਹਾਰਾਂ ਦੀ ਮਹੱਤਤਾ ਬਾਰੇ ਦੱਸਿਆ। ਮਾਘੀ ਜਿਸ ਨੂੰ ਮਕਰ ਸੰਕ੍ਰਾਂਤੀ ਵੀ ਕਿਹਾ ਜਾਂਦਾ ਹੈ, ਧਰਮ ਦੀ ਰੱਖਿਆ ਲਈ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਦੇ ਚਾਲੀ ਪੈਰੋਕਾਰਾਂ ਦੇ ਜੀਵਨ ਦੀ ਕੁਰਬਾਨੀ ਨੂੰ ਯਾਦ ਦਿਵਾਉਂਦਾ ਹੈ। ਉਨ੍ਹਾਂ ਦੱਸਿਆ ਕਿ ਮਕਰ ਸੰਕ੍ਰਾਂਤੀ ਦਾ ਤਿਉਹਾਰ ਪ੍ਰਾਚੀਨ ਸਮੇਂ ਤੋਂ ਦੇਸ਼ ਭਰ ਵਿੱਚ ਵੱਖ-ਵੱਖ ਨਾਵਾਂ ਨਾਲ ਮਨਾਇਆ ਜਾਂਦਾ ਰਿਹਾ ਹੈ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਲੋਹੜੀ ਦਾ ਤਿਉਹਾਰ ਮਨਾਇਆ

ਸੁਲਤਾਨਪੁਰ ਲੋਧੀ, (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿੱਚ ਵਿਦਿਆਰਥੀਆਂ ਤੇ ਸਕੂਲ ਸਟਾਫ ਦੁਆਰਾ ਮਿਲ ਕੇ ਆਨਲਾਈਨ ਲੋਹੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ



ਤੇ ਪ੍ਰਾਇਮਰੀ ਵਿੰਗ ਦੇ ਬੱਚਿਆਂ ਦੁਆਰਾ ਲੋਹੜੀ ਥੀਮ ਨੂੰ ਮੁੱਖ ਰੱਖ ਕੇ ਪੋਸਟਰ ਮੇਕਿੰਗ ਕੀਤੀ ਗਈ ਤੇ ਇਸੇ ਤਰ੍ਹਾਂ ਹੀ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੋਨ ਫਾਇਰ ਕਰਾਫਟ ਤਿਆਰ ਕੀਤੇ। ਇਸ ਮੌਕੇ ਤੇ ਸਕੂਲ ਦੇ ਪ੍ਰਧਾਨ ਗੁਰਪ੍ਰੀਤ ਕੌਰ ਨੇ ਆਪਣਾ ਸੰਦੇਸ਼ ਵਿਦਿਆਰਥੀਆਂ ਨੂੰ ਦਿੰਦੇ ਹੋਏ ਕਿਹਾ ਕਿ ਲੋਹੜੀ ਖੁਸ਼ੀਆਂ ਦਾ ਤਿਉਹਾਰ ਹੈ ਅਤੇ ਸਾਨੂੰ ਸਾਰਿਆਂ ਨੂੰ ਹੀ ਮਿਲ ਜੁਲ ਕੇ ਅਤੇ ਪਿਆਰ ਨਾਲ ਇਹ ਤਿਉਹਾਰ ਮਨਾਉਣਾ ਚਾਹੀਦਾ ਹੈ। ਸਕੂਲ ਦੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ,ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਲੋਹੜੀ ਦੀ ਵਧਾਈ ਦਿੱਤੀ।

# ਸਰਪੰਚ ਨੇ ਸ੍ਰੀ ਅਖੰਡ ਪਾਠ ਸਾਹਿਬ ਦੇ ਨਾਲ ਕੀਤਾ ਪੁੱਤਰ ਦੀ ਦਾਤ ਦਾ ਸ਼ੁਕਰਾਨਾ

ਫਗਵਾੜਾ (ਡਾ. ਰਮਨ)- ਪਿੰਡ ਅਠੌਲੀ ਦੇ ਸਰਪੰਚ ਕੁਲਵਿੰਦਰ ਸਿੰਘ ਕਾਲਾ ਨੇ ਪੁੱਤਰ ਦੀ ਦਾਤ ਦੇ ਸ਼ੁਕਰਾਨੇ ਵਜੋਂ ਗੁਰਦੁਆਰਾ ਭਾਈ ਦੇਸੂ ਜੀ ਪਿੰਡ ਅਠੌਲੀ ਤਹਿਸੀਲ ਫਗਵਾੜਾ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦਾ



ਪਾਠ ਕਰਵਾਇਆ। ਜਿਸ ਦਾ ਅੱਜ ਸਵੇਰੇ ਭੋਗ ਪਾਇਆ ਗਿਆ। ਭੋਗ ਉਪਰੰਤ ਪ੍ਰਸਿੱਧ ਢਾਡੀ ਸੰਤ ਸਿੰਘ ਪਾਰਸ ਸ਼ਾਹਕੋਟ ਵਾਲਿਆਂ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮੇਜਰ ਸਿੰਘ ਵਲੋਂ ਕੀਤੀ ਗਈ। ਇਸ ਮੌਕੇ ਸਰਪੰਚ ਕੁਲਵਿੰਦਰ ਸਿੰਘ ਕਾਲਾ ਅਠੌਲੀ ਨੂੰ ਸ਼ੁੱਭ ਇੱਛਾਵਾਂ ਦੇਣ ਲਈ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਵਿਧਾਇਕ ਫਗਵਾੜਾ, ਸੀਨੀਅਰ ਆਪ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ, 'ਆਪ' ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਲੁਬਾਣਾ ਤੋਂ ਇਲਾਵਾ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ, ਸ਼੍ਰੋਮਣੀ ਅਕਾਲੀ ਦਲ ਹਲਕਾ ਫਗਵਾੜਾ ਦੇ ਦਿਹਾਤੀ ਪ੍ਰਧਾਨ ਰਾਜਿੰਦਰ ਸਿੰਘ ਚੰਦੀ, ਨਰਿੰਦਰ ਸਿੰਘ ਸਰਪੰਚ ਮਾਧੋਪੁਰ ਪ੍ਰਧਾਨ ਪੰਚਾਇਤ ਯੂਨੀਅਨ ਫਗਵਾੜਾ, ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ, ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ, ਪ੍ਰੈਸ ਸਕੱਤਰ ਗੁਰਪਾਲ ਸਿੰਘ ਪਾਲਾ, ਹਰਭਜਨ ਸਿੰਘ ਬਾਜਵਾ ਸੀਨੀਅਰ ਮੀਤ ਪ੍ਰਧਾਨ, ਸੰਤੋਖ ਸਿੰਘ ਲੱਖਪੁਰ ਸੀਨੀਅਰ ਕਿਸਾਨ ਆਗੂ ਵਿਸ਼ੇਸ਼ ਤੌਰ ਤੇ ਪਹੁੰਚੇ। ਉਹਨਾਂ ਕਾਲਾ ਅਠੌਲੀ ਅਤੇ ਉਹਨਾਂ ਦੀ ਧਰਮ ਪਤਨੀ ਬੀਬੀ ਕਿਰਨਦੀਪ ਕੌਰ ਨੂੰ ਸ਼ੁੱਭ ਇੱਛਾਵਾਂ ਅਤੇ 10 ਮਹੀਨੇ ਦੇ ਪੁੱਤਰ ਪ੍ਰਭਨੂਰ ਸਿੰਘ ਨੂੰ ਅਸ਼ੀਰਵਾਦ ਦਿੱਤਾ।

# 'ਗੁਰਾਂ ਨਾਲ ਪ੍ਰੀਤਾਂ' ਪੋਸਟਰ ਸ੍ਰੀ ਗੁਰੂ ਰਵਿਦਾਸ ਸਭਾ ਬੈਡਫੋਰਡ ਵੱਲੋਂ ਰਿਲੀਜ਼

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਸ੍ਰੀ ਗੁਰੂ ਰਵਿਦਾਸ ਭਵਨ ਬੈਡਫੋਰਡ ਵਿਖੇ ਸਤਿਗੁਰੂ ਰਵਿਦਾਸ ਮਾਹਾਰਾਜ ਜੀ ਦੇ ਆ ਰਹੇ ਗੁਰਪੁਰਬ ਨੂੰ ਸਮਰਪਿਤ ਵਿਸ਼ਵ ਪ੍ਰਸਿੱਧ ਗਾਇਕਾ ਨੀਲਮ ਜੱਸਲ ਜੀ ਦੀ ਅਵਾਜ਼ ਵਿੱਚ ਤਿਆਰ ਕੀਤੇ ਹੋਏ ਦੋ ਗੀਤਾਂ ਦੇ ਪੋਸਟਰ ਸ੍ਰੀ ਗੁਰੂ ਰਵਿਦਾਸ ਸਭਾ ਬੈਡਫੋਰਡ (ਯੂ ਕੇ) ਦੇ



ਪ੍ਰਧਾਨ ਜਸਵਿੰਦਰ ਕੁਮਾਰ, ਵਾਈਸ ਪ੍ਰਧਾਨ ਹੰਸ ਰਾਜ, ਜਨਰਲ ਸਕੱਤਰ ਪ੍ਰਿਥਵੀ ਰਾਜ ਰੰਧਾਵਾ ਤੇ ਗੁਰੂ ਘਰ ਦੇ ਖਜਾਨਚੀ ਦਿਲਬਾਗ ਬੰਗੜ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਰਿਲੀਜ਼ ਕੀਤੇ ਗਏ । ਗੁਰਾਂ ਨਾਲ ਪ੍ਰੀਤਾਂ ਗੀਤ ਦੇ ਬੋਲ ਗੀਤਕਾਰ ਬਿੰਦਰ ਭਰੋਲੀ ਦੀ ਕਲਮ ਤੋ ਲਿਖੇ ਗਏ ਹਨ ਤੇ ਸ਼ਾਖਸ਼ਾਤ ਰੱਬ ਸੰਗਤੇ ਦੇ ਬੋਲ ਮਨਦੀਪ ਭਰੋਲੀ (ਦੁਬਈ ) ਤੋਂ ਦੀ ਕਲਮ ਦੀ ਓਪਜ ਨੇ ਦੋਨਾਂ ਗੀਤਾਂ ਦਾ ਸੰਗੀਤ ਆਰ ਬੀ ਤੇ ਵੀਡੀਓ ਗਮਨੂ ਬਾਈ ਦੀ ਲਾਜਵਾਬ ਮਿਹਨਤ ਦਾ ਨਤੀਜਾ ਹੈ ।ਇਸ ਮੋਕੇ ਤੇ ਗੋਲਡੀ, ਨੰਜੂ ਰਾਮ ਪੋਲ, ਵਰਿੰਦਰ ਕੁਮਾਰ, ਪ੍ਰਸ਼ੋਤਮ ਸਾਂਪਲਾ, ਸੱਤਪਾਲ ਪੋਲ, ਪ੍ਰੀਤੂ ਰਾਮ, ਬਲਦੇਵ ਨਿਗਾਹ, ਮੋਹਨ ਦੁਸ਼ੀਲਾ, ਗਿਆਨੀ ਹਰਬੰਸ ਸਿੰਘ, ਗਿਆਨੀ ਬਲਵੀਰ ਸਿੰਘ, ਮੋਹਣ ਲਾਲ ਟੂਰਾ, ਪਵਨ ਕੁਮਾਰ, ਬੀਬੀ ਅਬੀਨਾਸ਼, ਰਾਣੀ ਕੋਰ, ਗੁਰਦੇਵ ਬੈਂਸ, ਗਿਆਨੋ ਕੋਰ, ਬਿਮਲਾ ਦੇਵੀ,ਸਰੋਜ ਸ਼ੋਧੀ,ਅਮਰਜੀਤ ਸੋਧੀ ਤੇ ਹੋਰ ਸਭ ਸੰਗਤਾਂ ਮੌਜੂਦ ਸਨ ।

## ਹਰਦੀਪ ਸਿੰਘ ਮੁੰਡੀਆਂ ਨੇ ਨਵ-ਨਿਯੁਕਤ ਉਮੀਦਵਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ

ਚੰਡੀਗੜ੍ਹ, (ਗੁਰਜੀਤ ਬਿੱਲਾ)- ਪੰਜਾਬ ਦੇ ਜਲ ਸਪਲਾਈ ਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇੱਥੇ ਪੰਜਾਬ ਭਵਨ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਗਰੁੱਪ-ਡੀ ਦੇ 12 ਨਵ-ਨਿਯੁਕਤ ਮੁਲਾਜ਼ਮਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਹ ਨਿਯੁਕਤੀਆਂ ਘਰ ਦੇ



ਇੱਕੋ-ਇੱਕ ਕਮਾਉਣ ਵਾਲੇ ਮੈਂਬਰ ਦੀ ਮੌਤ ਹੋਣ ਦੀ ਸੂਰਤ ਵਿੱਚ ਵਿੱਤੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਹੇ ਲੋੜਵੰਦ ਪਰਵਾਰਾਂ ਦੀ ਸਹਾਇਤਾ ਲਈ ਤਰਸ ਦੇ ਆਧਾਰ 'ਤੇ ਰੋਜ਼ਗਾਰ ਦੇਣ ਸਬੰਧੀ ਪੰਜਾਬ ਸਰਕਾਰ ਦੀ ਨੀਤੀ ਤਹਿਤ ਦਿੱਤੀਆਂ ਗਈਆਂ ਹਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ 12 ਉਮੀਦਵਾਰਾਂ ਵਿੱਚੋਂ ਇੱਕ ਨੂੰ ਕਲਰਕ, ਅੱਠ ਨੂੰ ਸੇਵਾਦਾਰ, ਇੱਕ ਨੂੰ ਸਫ਼ਾਈ ਸੇਵਕ ਅਤੇ ਦੋ ਨੂੰ ਹੈਲਪਰ ਟੈਕਨੀਕਲ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਭਾਗੀ ਸਮਰੱਥਾ ਨੂੰ ਹੋਰ ਮਜ਼ਬੂਤ ਕਰਨ ਲਈ ਲੋੜਵੰਦ ਪਰਵਾਰਾਂ ਦੀ ਸਮੇਂ ਸਿਰ ਸਹਾਇਤਾ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਇੱਕ ਮਿਸਾਲੀ ਕਦਮ ਹੈ।

# ਮਨਰੇਗਾ ਮਜ਼ਦੂਰਾਂ ਦੀ ਮੀਟਿੰਗ

ਖਰੜ (ਹਰਨਾਮ ਸਿੰਘ ਡੱਲਾ)- ਪਿੰਡ ਚੰਦੋ ਗੋਬਿੰਦਗੜ੍ਹ ਦੇ ਲੋਕਾਂ ਵਲੋਂ ਪ੍ਰਸ਼ਾਸਨ ਉੱਤੇ ਦੋਸ਼ ਲਗਾਇਆ ਹੈ ਕਿ ਉਨ੍ਹਾਂ ਦੇ ਪਿੰਡ ਵਿੱਚ ਵਿਕਾਸ ਲਈ ਵਿਤਕਰਾ ਕੀਤਾ ਜਾ ਰਿਹਾ ਹੈ। ਪਿੰਡ ਦੇ ਸਰਪੰਚ ਸ. ਜਸਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ



ਪਬਲਿਕ ਮੀਟਿੰਗ ਵਿੱਚ ਇਕੱਤਰ ਹੋਏ ਲੋਕਾਂ ਨੂੰ ਸੀ ਪੀ ਆਈ ਤਹਿਸੀਲ ਖਰੜ ਦੇ ਸਕੱਤਰ ਕਾਮਰੇਡ ਹਰਮੇਲ ਸਿੰਘ ਚੋਲਟਾ ਨੇ ਪ੍ਰੈੱਸ ਬਿਆਨ ਦਿੰਦਿਆਂ ਕਿਹਾ ਹੈ ਕਿ ਪਿੰਡ ਵਿੱਚ ਪੰਚਾਇਤ ਦੇ ਨਾਂ 135 ਕਿੱਲੇ ਜ਼ਮੀਨ ਬੋਲਦੀ ਹੈ। ਜਿਸ ਦੀ ਪਿੰਡ ਨੂੰ ਹਰ ਸਾਲ ਲੱਖਾਂ ਰੁਪਏ ਆਮਦਨ ਹੈ। ਪਰ ਪ੍ਰਸ਼ਾਸਨ ਵਲੋਂ ਇਸ ਪਿੰਡ ਵਿੱਚ ਕੋਈ ਕਮਿਊਨਿਟੀ ਸੈਂਟਰ ਤੱਕ ਦੀ ਸਹੂਲਤ ਨਹੀਂ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀ ਆਮਦਨ ਹੋਣ ਦੇ ਬਾਵਜੂਦ ਪਿੰਡ ਦੇ ਨਰੇਗਾ ਮਜ਼ਦੂਰਾਂ ਵਿੱਚ ਬੇਚੈਨੀ ਪਾਈ ਜਾ ਰਹੀ ਹੈ। ਦੂਜੇ ਪਾਸੇ ਪਿੰਡ ਵਿੱਚ ਪਾਣੀ ਦੀ ਨਿਕਾਸੀ ਦਾ ਬੜਾ ਬੁਰਾ ਹਾਲ ਹੈ,ਨਿਕਾਸੀ ਨਾ ਹੋਣ ਕਰਕੇ ਪਿੰਡ ਨਜ਼ਦੀਕ ਖੜਾ ਪਾਣੀ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ। ਮੀਟਿੰਗ ਨੇ ਸਿਹਤ ਵਿਭਾਗ ਨੂੰ ਵੀ ਤੁਰੰਤ ਦਖਲ ਦੇ ਕੇ ਨਿਕਾਸੀ ਕਰਵਾਉਣ ਦੀ ਮੰਗ ਕੀਤੀ। ਕਾਮਰੇਡ ਹਰਮੇਲ ਸਿੰਘ ਨੇ ਦੱਸਿਆ ਕਿ ਜਲਦੀ ਹੀ ਪਿੰਡ ਦੇ ਮਸਲਿਆਂ ਤੇ ਨਰੇਗਾ ਮਜ਼ਦੂਰਾਂ ਦੀਆਂ ਸਮੱਸਿਆਵਾਂ ਬਾਰੇ ਉੱਚ ਅਧਿਕਾਰੀਆਂ ਨੂੰ ਮਿਲਿਆ ਜਾਵੇਗਾ। ਇਸ ਮੀਟਿੰਗ ਵਿੱਚ ਰੁਪਿੰਦਰ ਸਿੰਘ, ਕੈਪਟਨ ਮਲਕੀਅਤ ਸਿੰਘ, ਨਰਿੰਦਰ ਪਾਲ ਸਿੰਘ, ਮਨਦੀਪ ਸਿੰਘ, ਹਰਮਨਪ੍ਰੀਤ ਸਿੰਘ, ਗੁਰਦੀਪ ਸਿੰਘ, ਰਣਜੀਤ ਕੌਰ, ਪਰਮਜੀਤ ਕੌਰ, ਬਲਜੀਤ ਸਿੰਘ ਅਤੇ ਮਨਜੀਤ ਕੌਰ ਵੀ ਹਾਜ਼ਰ ਸਨ।

# ਸੰਚਾਰੀ ਤੇ ਗੈਰ-ਸੰਚਾਰੀ ਬਿਮਾਰੀਆਂ ਦੀ ਜਾਂਚ ਲਈ ਵਿਸ਼ੇਸ਼ ਕੈਂਪ



ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਾਇਮਰੀ ਹੈਲਥ ਸੈਂਟਰ ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਦੀ ਰਹਿਨੁਮਾਈ ਹੇਠ ਸਿਹਤ ਬਲਾਕ ਮੁਜ਼ੱਫਰਪੁਰ ਅਧੀਨ ਆਯੂਸ਼ਮਾਨ ਆਰੋਗਿਆ ਕੇਂਦਰ ਸਲੋਹ ਵਿਖੇ ਸੰਚਾਰੀ ਬਿਮਾਰੀਆਂ ਅਤੇ ਗੈਰ-ਸੰਚਾਰੀ ਬਿਮਾਰੀਆਂ ਦੀ ਜਾਂਚ ਲਈ ਇੱਕ ਵਿਸ਼ੇਸ਼ ਸਿਹਤ ਕੈਂਪ ਜਾਂਚ ਆਯੋਜਿਤ ਕੀਤਾ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਵਿੱਚ ਇਨ੍ਹਾਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਉਚਿਤ ਇਲਾਜ ਨਾਲ ਜੋੜਨਾ ਸੀ।ਇਸ ਸਬੰਧੀ ਪ੍ਰਾਇਮਰੀ ਹੈਲਥ ਸੈਂਟਰ ਮੁਜ਼ੱਫਰਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਲੋਕਾਂ ਨੂੰ ਟੀ.ਬੀ., ਸ਼ੂਗਰ, ਬਲੱਡ ਪ੍ਰੈਸ਼ਰ, ਦਿਲ ਦੀਆਂ ਬਿਮਾਰੀਆਂ, ਕੈਂਸਰ ਆਦਿ ਤੋਂ ਬਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਕੈਂਪ ਦੌਰਾਨ ਲੋਕਾਂ ਦੀ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਆਦਿ ਦੀ ਜਾਂਚ ਕੀਤੀ ਗਈ ਅਤੇ ਟੀ.ਬੀ. ਦੇ ਲੱਛਣਾਂ ਸਬੰਧੀ ਸਕ੍ਰੀਨਿੰਗ ਕੀਤੀ ਗਈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਪ੍ਰੋਗਰਾਮਾਂ ਦਾ ਲਾਭ ਲੈਣ, ਨਿਯਮਿਤ ਸਿਹਤ ਜਾਂਚ ਕਰਵਾਉਣ ਅਤੇ ਸਾਫ਼-ਸੁਥਰੀ ਜੀਵਨਸ਼ੈਲੀ ਅਪਨਾਉਣ। ਸਿਹਤਮੰਦ ਖੁਰਾਕ, ਨਿਯਮਿਤ ਸਰੀਰਕ ਕਸਰਤ ਅਤੇ ਨਸ਼ਿਆਂ ਤੋਂ ਦੂਰ ਰਹਿਣ ਨਾਲ ਕਈ ਗੰਭੀਰ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ।ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਮਨਪ੍ਰੀਤ ਕੌਰ ਤੇ ਏ.ਐੱਨ.ਐੱਮ ਨੀਨਾ ਸ਼ਰਮਾ ਨੇ ਲੋਕਾਂ ਨੂੰ ਗੈਰ-ਸੰਚਾਰੀ ਬਿਮਾਰੀਆਂ ਦੀ ਰੋਕਥਾਮ ਲਈ ਸਿਹਤਮੰਦ ਜੀਵਨਸ਼ੈਲੀ ਅਪਣਾਉਣ, ਟੀ.ਬੀ. ਦੇ ਲੱਛਣਾਂ ਅਤੇ ਸਮੇਂ ਸਿਰ ਇਲਾਜ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ।

# ਧਾਰਮਿਕ ਸਮਾਗਮ ਅੱਜ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)- ਬ੍ਰਹਮਲੀਨ ਸ੍ਰੀਮਾਨ 111 ਸੰਤ ਬਾਬਾ ਦਲੇਲ ਸਿੰਘ ਜੀ ਮਹਾਰਾਜ ਦਾ ਜਨਮ ਦਿਹਾੜਾ 14 ਜਨਵਰੀ (1ਮਾਘ ) ਨੂੰ ਨਿਰਮਲ ਕੁਟੀਆ ਪਿੰਡ ਟੂਟੋਮਜਾਰਾ ਵਿਖੇ ਦੇਸ਼ ਵਿਦੇਸ਼ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੰਚਾਲਕ ਸੰਤ ਬਾਬਾ ਮੱਖਣ ਸਿੰਘ ਅਤੇ ਸੰਤ ਬਾਬਾ ਬਲਬੀਰ ਸਿੰਘ ਸ਼ਾਸਤਰੀ ਨੇ ਦੱਸਿਆ ਕਿ ਜਨਮ ਦਿਹਾੜੇ ਦੇ ਸੰਬੰਧ ਵਿੱਚ 14 ਜਨਵਰੀ ਨੂੰ ਅੰਮ੍ਰਿਤ ਵੇਲੇ 3 ਵਜੇ ਪਾਠ ਦੇ ਭੋਗ ਪਾਏ ਜਾਣਗੇ। ਉਸ ਤੋਂ ਬਾਅਦ ਸਵੇਰੇ 5 ਵਜੇ ਤੋਂ 6 ਵਜੇ ਤੱਕ ਗੁਰਬਾਣੀ ਕਥਾ ਵਿਚਾਰ ਹੋਵੇਗੀ। ਚੱਲ ਰਹੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਦੀ ਸੰਪੂਰਨਤਾ ਸਵੇਰੇ 10 ਵਜੇ ਹੋਵੇਗੀ। ਇਸ ਤੋਂ ਬਾਅਦ 11 ਵਜੇ ਤੋਂ 2 ਵਜੇ ਤੱਕ ਕਥਾ ਕੀਰਤਨ ਹੋਵੇਗਾ। ਸੰਤ ਬਾਬਾ ਮੱਖਣ ਸਿੰਘ ਜੀ ਤੇ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਜੀ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

## ਪ੍ਰਕਾਸ਼ ਪੁਰਬ ਸੰਬੰਧੀ ਜਿੰਪਾ ਦੀ ਪ੍ਰਧਾਨਗੀ 'ਚ ਮੀਟਿੰਗ



ਹੁਸ਼ਿਆਰਪੁਰ, (ਓ ਪੀ ਰਾਣਾ)- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਪ੍ਰਧਾਨਗੀ ਵਿਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਆਯੋਜਿਤ ਹੋਣ ਵਾਲੇ ਪ੍ਰੋਗਰਾਮਾਂ ਨੂੰ ਲੈ ਕੇ ਇਕ ਮਹੱਤਵਪੂਰਨ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦਾ ਉਦੇਸ਼ ਆਉਣ ਵਾਲੇ ਪ੍ਰਕਾਸ਼ ਪਰਬ ਨੂੰ ਸ਼ਰਧਾ, ਉਤਸ਼ਾਹ ਅਤੇ ਯੋਜਨਾਬੱਧ ਢੰਗ ਨਾਲ ਮਨਾਉਣ ਲਈ ਪ੍ਰਸ਼ਾਸਕੀ ਤਿਆਰੀਆਂ ਦੀ ਸਮੀਖਿਆ ਕਰਨਾ ਸੀ।ਮੀਟਿੰਗ ਵਿੱਚ ਸ਼ਹਿਰ ਵਿੱਚ ਕੱਢੇ ਜਾਣ ਵਾਲੇ ਵਿਸ਼ਾਲ ਨਗਰ ਕੀਰਤਨ ਦੌਰਾਨ ਸੁਰੱਖਿਆ ਪ੍ਰਬੰਧਾਂ, ਟ੍ਰੈਫਿਕ ਪ੍ਰਬੰਧਨ, ਸਫ਼ਾਈ, ਪੀਣ ਵਾਲੇ ਪਾਣੀ, ਬਿਜਲੀ ਅਤੇ ਐਮਰਜੈਂਸੀ ਸੇਵਾਵਾਂ ਨਾਲ ਸਬੰਧਤ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕ ਜਿੰਪਾ ਨੇ ਅਧਿਕਾਰੀਆਂ ਨੂੰ ਸ਼ਰਧਾਲੂਆਂ ਦੀ ਸਹੂਲਤ ਤੇ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇਣ ਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕੋਈ ਵੀ ਅਸੁਵਿਧਾ ਨਾ ਹੋਵੇ।ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਤੇ ਪੁਲਿਸ ਸੁਪਰਡੈਂਟ ਮਨਪ੍ਰੀਤ ਸ਼ੀਹਮਾਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵਿਧਾਇਕ ਨੂੰ ਭਰੋਸਾ ਦਿੱਤਾ ਕਿ ਸਾਰੇ ਵਿਭਾਗ ਇਕ-ਦੂਜੇ ਨਾਲ ਤਾਲਮੇਲ ਕਰਕੇ ਆਪਣੀਆਂ ਡਿਊਟੀਆਂ ਨਿਭਾਉਣਗੇ।

# ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਨੇ ਲਗਾਇਆ ਖ਼ੂਨਦਾਨ ਕੈਂਪ

ਫਗਵਾੜਾ (ਡਾ. ਰਮਨ)- ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਸਮਾਜਿਕ ਜਥੇਬੰਦੀ ਵਲੋਂ ਫਾਊਂਡਰ ਪ੍ਰਧਾਨ ਡਾ. ਹਰਜਿੰਦਰ ਸਿੰਘ ਜੱਖੂ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਟੇਟ ਕੋਆਰਡੀਨੇਟਰ ਇੰਜ. ਹੈਪੀ ਕੌਲ ਅਤੇ ਜ਼ਿਲ੍ਹਾ ਪ੍ਰਧਾਨ



ਅਸ਼ਵਨੀ ਬਘਾਣੀਆ ਦੀ ਅਗਵਾਈ ਵਿੱਚ ਪਹਿਲਾ ਖ਼ੂਨਦਾਨ ਕੈਂਪ ਦੋਆਬਾ ਬਲੱਡ ਬੈਂਕ ਜਲੰਧਰ ਦੇ ਸਹਿਯੋਗ ਨਾਲ ਜੱਖੂ ਹਸਪਤਾਲ ਵਿਖੇ ਲਗਾਇਆ ਗਿਆ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਜਥੇਬੰਦੀ ਦੇ ਪ੍ਰਧਾਨ ਡਾ. ਹਰਜਿੰਦਰ ਸਿੰਘ ਜੱਖੂ, ਪ੍ਰਿੰਸੀਪਲ ਕੇਵਲ ਸਿੰਘ ਸਰਪ੍ਰਸਤ, ਮਲਕੀਅਤ ਸਿੰਘ ਰਘਬੋਤਰਾ ਪ੍ਰਧਾਨ ਬਲੱਡ ਬੈਂਕ ਗੁਰੂ ਹਰਿਗੋਬਿੰਦ ਨਗਰ, ਸਾਈਂ ਬਲਕਾਰ ਸਾਬਰੀ, ਕਿਸ਼ੋਰ ਕੁਮਾਰ ਚਾਹਲ ਸ਼ਾਮਲ ਹੋਏ। ਇਸ ਮੌਕੇ ਮਲਕੀਅਤ ਸਿੰਘ ਰਘਬੋਤਰਾ ਨੇ ਸੰਬੋਧਨ ਵਿੱਚ ਕਿਹਾ ਕਿ ਜਥੇਬੰਦੀ ਵਲੋਂ ਖ਼ੂਨਦਾਨ ਕੈਂਪ ਲਗਾਉਣ ਦਾ ਉਪਰਾਲਾ ਬਹੁਤ ਹੀ ਨੇਕ ਤੇ ਉੱਤਮ ਹੈ। ਉਨ੍ਹਾਂ ਨੇ ਕਿਹਾ ਕਿ ਖ਼ੂਨਦਾਨ ਕਰਕੇ ਅਸੀ ਜ਼ਿੰਦਗੀ ਦੇ ਬੁਝਦੇ ਚਿਰਾਗ ਨੂੰ ਜੀਵਨ ਦਾਨ ਦੇ ਸਕਦੇ ਹਾਂ। ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਡਾ. ਹਰਜਿੰਦਰ ਸਿੰਘ ਜੱਖੂ ਨੇ ਕਿਹਾ ਕਿ ਖ਼ੂਨਦਾਨ ਕਰਨ ਨਾਲ ਸਾਡੇ ਸਰੀਰ 'ਤੇ ਕੋਈ ਵੀ ਮਾੜਾ ਪ੍ਰਭਾਵ ਨਹੀਂ ਪੈਂਦਾ, ਸਗੋ ਅਸੀ ਖ਼ੂਨਦਾਨ ਕਰਕੇ ਕਿਸੇ ਲੋੜਵੰਦ ਮਰੀਜ਼ ਨੂੰ ਨਵਾਂ ਜੀਵਨ ਦੇ ਸਕਦੇ ਹਾਂ। ਇਸ ਮੌਕੇ ਡਾ. ਜੱਖੂ ਨੇ ਐਲਾਨ ਕੀਤਾ ਕਿ ਜਥੇਬੰਦੀ ਵਲੋਂ ਸਮਾਜ ਸੇਵਾ ਦੇ ਨਾਲ ਨਾਲ ਇੱਕ ਸਾਲ ਵਿੱਚ ਪੰਜ ਖ਼ੂਨਦਾਨ ਕੈਂਪ ਵੀ ਲਗਾਏ ਜਾਣਗੇ। ਉਨ੍ਹਾਂ ਨੇ ਖ਼ੂਨਦਾਨ ਕੈਂਪ ਵਿੱਚ ਪਹੁੰਚੀਆਂ ਸ਼ਖ਼ਸ਼ੀਅਤਾਂ ਅਤੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਇੰਜ. ਹੈਪੀ ਕੌਲ ਸਟੇਟ ਕੋਆਰਡੀਨੇਟਰ ਅਤੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਬਘਾਣੀਆ ਨੇ ਖ਼ੂਨਦਾਨ ਕੈਂਪ ਵਿੱਚ ਸਵੈ ਇੱਛਤ ਖ਼ੂਨਦਾਨ ਕਰਨ ਪਹੁੰਚੇ ਨੌਜਵਾਨਾਂ ਦਾ ਖ਼ੂਨਦਾਨ ਕੈਂਪ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ। ਜਥੇਬੰਦੀ ਵਲੋਂ ਖ਼ੂਨਦਾਨੀਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਮੈਡਲ ਭੇਟ ਕਰਕੇ ਸਨਮਾਨਤ ਕੀਤਾ ਗਿਆ। ਕੈਂਪ ਦੌਰਾਨ 20 ਨੌਜਵਾਨਾਂ ਨੇ ਖ਼ੂਨਦਾਨ ਕਰਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਈ। ਖ਼ੂਨਦਾਨੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਜੈ ਭੀਮ ਟੀਮ ਪੰਜਾਬ ਵਲੋਂ ਕੀਤਾ ਗਿਆ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸਾਈਂ ਬਲਕਾਰ ਸਾਬਰੀ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਇੰਜ. ਹੈਪੀ ਕੌਲ ਸਟੇਟ ਕੋਆਰਡੀਨੇਟਰ, ਅਸ਼ਵਨੀ ਬਘਾਣੀਆ ਜ਼ਿਲ੍ਹਾ ਪ੍ਰਧਾਨ, ਸੰਜੀਵ ਮੂਲਨਿਵਾਸੀ, ਗੁਰਦੀਪ ਕੁਮਾਰ ਗੁਰਾਇਆ, ਲਵੀ ਪੰਚ, ਕੁਲਵਿੰਦਰ ਬਾਲਾਲੋਂ, ਸੁਰੇਸ਼ ਸਲਹੋਤਰਾ, ਗੁਰਦਿਆਲ ਸਿੰਘ ਮਾਨਾਂਵਾਲੀ, ਰਾਣਾ ਬਜਾਜ, ਪਵਨ ਮੱਲ ਤੋਂ ਇਲਾਵਾ ਸਿਮਰਨਜੀਤ ਕੌਰ ਸਟਾਫ ਸੁਪਰਵਾਈਜ਼ਰ, ਮੈਡਮ ਮਨਜੀਤ ਕੌਰ, ਨਿਰਮਲ ਸਿੰਘ ਚਾਚੋਵਾਲ, ਅੰਜਲੀ ਰਾਜਪੂਤ, ਪੂਜਾ ਅੰਬੇਡਕਰੀ, ਗੁਰਪ੍ਰੀਤ ਸਮਰਾਏ, ਪਰਮਜੀਤ ਜੱਖੂ ਤੋਂ ਇਲਾਵਾ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸਿਟੀ ਡਿਵੀਜ਼ਨ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸਿਟੀ ਡਿਵੀਜ਼ਨ ਦੇ ਪ੍ਰਧਾਨ ਖੁਸ਼ੀ ਰਾਮ ਧੀਮਾਨ ਸਿਟੀ ਡਿਵੀਜ਼ਨ ਦੇ ਪ੍ਰਧਾਨ ਖੁਸ਼ੀ ਰਾਮ ਧੀਮਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਧੀਮਾਨ ਨੇ ਕਿਹਾ ਕਿ ਸਰਕਾਰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਦੀਆਂ ਸਹਿਮਤ ਮੰਗਾਂ ਨੂੰ ਲਾਗੂ ਨਹੀਂ ਕਰ ਰਹੀ ਹੈ। ਸੰਘਰਸ਼ਾਂ ਦੀ ਦਬਾਅ ਅਧੀਨ ਦਿੱਤੀਆਂ ਮੀਟਿੰਗਾਂ ਵਾਰ-ਵਾਰ ਮੁਲਤਵੀ ਕੀਤੀਆਂ ਜਾ ਰਹੀਆਂ ਹਨ, ਜਿਸ ਕਾਰਨ ਕਰਮਚਾਰੀਆਂ ਅਤੇ ਪੈਨਸ਼ਨਰਾਂ ਵਿੱਚ ਵਿਆਪਕ ਰੋਸ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਤੋਸ਼ ਕੁਮਾਰ, ਗੁਰਮਿਤਰ ਪਾਲ ਸਿੰਘ, ਗੀਤ ਪਾਲ ਸਿੰਘ, ਮਨਦੀਪ ਸਿੰਘ, ਜੈਦੇਵ, ਅਸ਼ਵਨੀ ਸ਼ਰਮਾ, ਗੁਰਮੇਲ ਸਿੰਘ, ਦੀਦਾਰ ਸਿੰਘ, ਠਾਕੁਰ ਅਵਤਾਰ ਸਿੰਘ ਤੇ ਮਹਿੰਦਰ ਸਿੰਘ ਨੇ ਪੰਜਾਬ ਸਰਕਾਰ ਨੂੰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਨਾਲ ਮੀਟਿੰਗਾਂ ਕਰਨ ਅਤੇ ਸਹਿਮਤ ਮੰਗਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਆਗੂਆਂ ਨੇ ਮੰਗ ਕੀਤੀ ਕਿ 1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਕਾਏ ਇੱਕਮੁਸ਼ਤ ਦਿੱਤੇ ਜਾਣ,2.59 ਦਾ ਗੁਣਕ ਲਗਾ ਕੇ ਸਕੇਲ ਨੂੰ ਠੀਕ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਨਕਦੀ ਰਹਿਤ ਸਕੀਮ ਲਾਗੂ ਕੀਤੀ ਜਾਵੇ, ਪੈਨਸ਼ਨਰਾਂ ਨੂੰ ਬਿਜਲੀ ਦੀ ਰਿਆਇਤ ਵੀ ਦਿੱਤੀ ਜਾਵੇ,16% ਮਹਿੰਗਾਈ ਭੱਤਾ ਜਲਦੀ ਜਾਰੀ ਕੀਤਾ ਜਾਵੇ, ਨਿੱਜੀਕਰਨ ਦੀ ਨੀਤੀ ਬੰਦ ਕੀਤੀ ਜਾਵੇ। ਇਸ ਮੌਕੇ ਐਸੋਸੀਏਸ਼ਨ ਦਾ ਕੈਲੰਡਰ ਵੀ ਮੈਂਬਰਾਂ ਵਿੱਚ ਵੰਡਿਆ ਗਿਆ।

## ਟ੍ਰੈਫਿਕ ਪੁਲਸ ਦੇ ਸਹਿਯੋਗ ਨਾਲ ਲਗਾਇਆ ਸੈਮੀਨਾਰ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੜਕ ਹਾਦਸਿਆਂ ਵਿੱਚ ਕਮੀ ਲਿਆਉਣ ਅਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਨਿਰਦੇਸ਼ਾਂ



ਤਹਿਤ ਸੜਕ ਸੁਰੱਖਿਆ ਮਹੀਨੇ ਅਧੀਨ ਆਰ ਟੀ ਏ ਵਿਭਾਗ ਵਲੋਂ ਟ੍ਰੈਫਿਕ ਪੁਲਿਸ ਦੇ ਸਹਿਯੋਗ ਨਾਲ ਕੈਮਬ੍ਰਿਜ ਸਕੂਲ ਵਿਖੇ ਸੈਮੀਨਾਰ ਲਗਾਇਆ ਗਿਆ। ਜਿਸ ਵਿੱਚ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸੜਕ ਸੁਰੱਖਿਆ ਪ੍ਰਤੀ ਜਾਗਰੂਕ ਕੀਤਾ ਗਿਆ। ਆਰ.ਟੀ.ਏ ਇੰਦਰਪਾਲ ਨੇ ਕਿਹਾ ਕਿ ਸੜਕ ਹਾਦਸੇ ਸਿਰਫ਼ ਅੰਕੜਿਆਂ ਤੱਕ ਸੀਮਿਤ ਨਹੀਂ ਹੁੰਦੇ, ਸਗੋਂ ਇਹ ਅਨੇਕਾਂ ਪਰਿਵਾਰਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੇ ਹਨ ਅਤੇ ਕੀਮਤੀ ਮਨੁੱਖੀ ਜਾਨਾਂ ਦੇ ਨੁਕਸਾਨ ਨਾਲ ਜੁੜੇ ਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਸੜਕ ਸੁਰੱਖਿਆ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਨਾਗਰਿਕ ਦੀ ਵੀ ਸਾਂਝੀ ਜ਼ਿੰਮੇਵਾਰੀ ਹੈ।

# ਧੀਆਂ ਦੀ ਲੋਹੜੀ ਸਮਾਜ 'ਚ ਧੀ ਪ੍ਰਤੀ ਬਦਲ ਰਹੀ ਸਕਾਰਾਤਮਕ ਸੋਚ ਦਾ ਪ੍ਰਤੀਕ : ਡਾ. ਬਲਜੀਤ ਕੌਰ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਬੇਟੀ ਬਚਾਓ-ਬੇਟੀ ਪੜ੍ਹਾਓ ਦੇ ਉਦੇਸ਼ ਨੂੰ ਹੋਰ ਮਜ਼ਬੂਤ ਕਰਦੇ ਹੋਏ ਪਿੰਡ ਘੁੜਕਾ ਦੇ ਜੋਹਲ ਫਾਰਮ ਵਿਖੇ 5100 ਨਵਜੰਮੀਆਂ ਧੀਆਂ ਦੇ ਸਨਮਾਨ ਵਿੱਚ ਲੋਹੜੀ ਦਾ ਵਿਸ਼ਾਲ ਸਮਾਗਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਤੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਤੇ ਪੰਜਾਬ ਐਗਰੀ ਫੂਡ ਕਾਰਪੋਰੇਸ਼ਨ ਲਿਮਿਟੇਡ ਦੇ ਚੇਅਰਮੈਨ ਮੰਗਲ ਸਿੰਘ ਬੱਸੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ, ਜਿਨ੍ਹਾਂ ਨੇ ਧੀ ਬਚਾਓ-ਬੇਟੀ ਪੜ੍ਹਾਓ ਦੇ ਸੰਦੇਸ਼ ਨੂੰ ਸਮਾਜ ਤੱਕ ਹੋਰ ਮਜ਼ਬੂਤੀ ਨਾਲ ਪਹੁੰਚਾਇਆ।ਇਸ ਮੌਕੇ ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਕਿਹਾ ਕਿ 5100 ਨਵਜੰਮੀਆਂ ਧੀਆਂ ਦੀ ਲੋਹੜੀ ਮਨਾਉਣਾ ਸਮਾਜ ਵਿੱਚ ਧੀ ਪ੍ਰਤੀ ਬਦਲ ਰਹੀ ਸਕਾਰਾਤਮਕ ਸੋਚ ਦਾ ਸਪੱਸ਼ਟ ਪ੍ਰਤੀਕ ਹੈ। ਉਨ੍ਹਾਂ ਨਵਜੰਮੀਆਂ ਧੀਆਂ ਦੇ ਮਾਪਿਆਂ ਨੂੰ ਲੋਹੜੀ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ।ਕੈਬਨਿਟ ਮੰਤਰੀ ਨੇ ਕਿਹਾ ਕਿ ਧੀ ਦੇ ਜਨਮ ਨੂੰ ਤਿਉਹਾਰ ਵਜੋਂ ਮਨਾਉਣਾ ਬਦਲ ਰਹੀ ਸਮਾਜਿਕ ਸੋਚ ਦੀ ਅਸਲ ਨਿਸ਼ਾਨੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬੱਚੀਆਂ ਦੀ ਸੁਰੱਖਿਆ, ਸਿੱਖਿਆ ਅਤੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਕਈ ਲੋਕ-ਹਿੱਤੈਸ਼ੀ ਯੋਜਨਾਵਾਂ ਲਾਗੂ ਕਰ ਰਹੀ ਹੈ, ਤਾਂ ਜੋ ਹਰ ਧੀ ਨੂੰ ਇੱਜ਼ਤ, ਬਰਾਬਰੀ ਅਤੇ ਅੱਗੇ ਵਧਣ ਦੇ ਸਮਾਨ ਮੌਕੇ ਮਿਲ ਸਕਣ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰੀ ਉਪਰਾਲਿਆਂ ਦੇ ਨਾਲ-ਨਾਲ ਸਮਾਜਿਕ ਸੰਸਥਾਵਾਂ ਅਤੇ ਪਿੰਡ ਪੱਧਰ 'ਤੇ ਲੋਕਾਂ ਦੀ ਸਰਗਰਮ ਭਾਗੀਦਾਰੀ ਹੀ ਧੀ ਬਚਾਓ ਅਭਿਆਨ ਨੂੰ ਕਾਮਯਾਬ ਬਣਾ ਸਕਦੀ ਹੈ। ਇਸ ਤਰ੍ਹਾਂ ਦੇ ਸਮੂਹਿਕ ਸਮਾਗਮ ਨਵੀਂ ਪੀੜ੍ਹੀ ਵਿੱਚ ਸਮਾਨਤਾ, ਸਨਮਾਨ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਇਸ ਉਪਰਾਲੇ ਲਈ ਜੋਹਲ ਫਾਰਮ ਸੇਵਾ ਸੁਸਾਇਟੀ ਅਤੇ ਸਮਾਗਮ ਨਾਲ ਜੁੜੇ ਹੋਰ ਸਹਿਯੋਗੀਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੇ ਸਮਾਜਿਕ ਉਪਰਾਲੇ ਧੀ ਪ੍ਰਤੀ ਸਕਾਰਾਤਮਕ ਮਾਹੌਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਕਿਸਾਨ 2 ਲੱਖ ਨਾਲ ਸਥਾਪਤ ਕਰ ਸਕਦੇ ਛੋਟਾ ਮਸ਼ਰੂਮ ਉਤਪਾਦਨ ਯੂਨਿਟ : ਮੋਹਿੰਦਰ ਭਗਤ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਨੂੰ ਰਿਵਾਇਤੀ ਖੇਤੀ ਤੋਂ ਬਾਗਬਾਨੀ ਵੱਲ ਪ੍ਰੇਰਿਤ ਕਰਨ ਅਤੇ ਉਨ੍ਹਾਂ ਦੀ ਆਮਦਨ ਵਧਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ ਜਿਸ ਨਾਲ ਬਾਗਬਾਨੀ ਹੋਰ ਲਾਭਕਾਰੀ ਅਤੇ ਟਿਕਾਊ ਬਣ ਰਹੀ ਹੈ।ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਕਿ 2 ਲੱਖ ਦੀ ਲਾਗਤ ਵਾਲੇ ਛੋਟੇ ਮਸ਼ਰੂਮ ਉਤਪਾਦਨ ਯੂਨਿਟ ਸਥਾਪਿਤ ਕਰਨ ਲਈ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ 80,000 ਤੱਕ ਦੀ ਸਬਸਿਡੀ ਦਿੱਤੀ ਜਾ ਰਹੀ ਹੈ। ਬਾਗਬਾਨੀ ਮੰਤਰੀ ਭਗਤ ਨੇ ਦੱਸਿਆ ਕਿ ਕਿਸਾਨ ਮਸ਼ਰੂਮ ਦੀ ਖੇਤੀ ਵਿੱਚ ਘੱਟ ਨਿਵੇਸ਼ ਕਰਕੇ ਵੱਧ ਮੁਨਾਫ਼ਾ ਕਮਾ ਸਕਦੇ ਹਨ ਅਤੇ ਇਸ ਕੰਮ ਲਈ ਘੱਟ ਜ਼ਮੀਨ ਅਤੇ ਘੱਟ ਪਾਣੀ ਦੀ ਲੋੜ ਹੁੰਦੀ ਹੈ। ਉਨ੍ਹਾ ਦੱਸਿਆ ਕਿ ਇੱਕ ਛੋਟਾ ਮਸ਼ਰੂਮ ਯੂਨਿਟ ਆਮ ਤੌਰ 'ਤੇ ਲਗਭਗ 200 ਵਰਗ ਫੁੱਟ ਖੇਤਰ ਵਿੱਚ ਸਥਾਪਤ ਕੀਤਾ ਜਾ ਸਕਦਾ ਹੈ।ਪੰਜਾਬ ਦੇ ਬਾਗਬਾਨੀ ਵਿਭਾਗ ਵੱਲੋਂ ਇਸ ਪ੍ਰੋਜੈਕਟ ਲਈ 2 ਲੱਖ ਦੀ ਲਾਗਤ ਤੇ 40 ਫ਼ੀਸਦੀ ਤੱਕ ਦੀ ਸਬਸਿਡੀ ਦਿੱਤੀ ਜਾ ਰਹੀ ਹੈ।ਸਬਸਿਡੀ ਲੈਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਬਾਗਬਾਨੀ ਮੰਤਰੀ ਨੇ ਕਿਹਾ ਕਿ ਇਸ ਕੰਮ ਵਿੱਚ ਰੁਚੀ ਰੱਖਣ ਵਾਲੇ ਕਿਸਾਨ ਆਪਣੇ ਨਜ਼ਦੀਕੀ ਜ਼ਿਲ੍ਹਾ ਬਾਗਬਾਨੀ ਅਫਸਰ ਨਾਲ ਸੰਪਰਕ ਕਰਕੇ ਯੋਜਨਾ ਅਧੀਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਕਿਸਾਨਾਂ ਨੂੰ ਆਧਾਰ ਕਾਰਡ, ਜ਼ਮੀਨ ਸੰਬੰਧੀ ਜਾਣਕਾਰੀ, ਬੈਂਕ ਖਾਤੇ ਦੇ ਵੇਰਵੇ ਅਤੇ ਫ਼ੋਟੋਗ੍ਰਾਫ਼ ਜਮ੍ਹਾਂ ਕਰਵਾਉਣੇ ਹੋਣਗੇ। ਵਿਭਾਗ ਵੱਲੋਂ ਕਿਸਾਨ ਨੂੰ ਤਕਨੀਕੀ ਸਹਾਇਤਾ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ।

# 10 ਕਰੋੜ ਦੀ ਲਾਗਤ ਨਾਲ ਹਲਕੇ 'ਚ ਸੋਲਰ ਲਾਈਟਾਂ ਲਗਾਈਆਂ ਜਾਣਗੀਆਂ : ਬੈਂਸ

**ਨੰਗਲ (ਸੁਰਜੀਤ ਢੇਰ)**

ਬਲਾਕ ਸੰਮਤੀ ਚੋਣਾਂ ਵਿੱਚੋਂ ਜਿੱਤ ਪ੍ਰਾਪਤ ਕਰਨ ਉਪਰੰਤ ਲੋਅਰ ਦੜੌਲੀ ਤੋਂ ਬਲਾਕ ਸੰਮਤੀ ਉਮੀਦਵਾਰ ਊਸ਼ਾ ਦੇਵੀ ਪਤਨੀ ਰਾਕੇਸ਼ ਕੁਮਾਰ ਕਾਲਾ ਵੱਲੋਂ ਬਲਾਕ ਵੱਲੋਂ ਪਰਮਾਤਮਾ ਦਾ ਸ਼ੁਕਰਾਨਾ ਅਦਾ ਕਰਨ ਲਈ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੀ ਸ਼ਾਮਿਲ ਹੋਏ ਤੇ ਉਨ੍ਹਾਂ ਨੇ ਗੁਰੂ ਸਾਹਿਬ ਅੱਗੇ ਮੱਥਾ ਟੇਕ ਕੇ ਖੇਤਰ ਦੀ ਚੜ੍ਹਦੀ ਕਲਾ ਅਤੇ ਵਿਕਾਸ ਲਈ ਅਰਦਾਸ ਕੀਤੀ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ, ਆਪ ਵਲੰਟੀਅਰ ਅਤੇ ਪਾਰਟੀ ਆਗੂ ਹਾਜ਼ਰ ਸਨ। ਇਸ ਮੌਕੇ ਊਸ਼ਾ ਦੇਵੀ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਭਰੋਸਾ ਦਿਵਾਇਆ ਗਿਆ ਕਿ ਲੋਕਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਨਿਭਾਇਆ ਜਾਵੇਗਾ। ਸਮਾਗਮ ਦਾ ਮਾਹੌਲ ਧਾਰਮਿਕਤਾ ਅਤੇ ਉਤਸ਼ਾਹ ਨਾਲ ਭਰਪੂਰ ਰਿਹਾ।



ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੇਨ ਰੋਡ ਤੋਂ ਪਿੰਡ ਜਾਂਦਲਾ ਅੱਪਰ ਤੱਕ 18 ਫੁੱਟ ਚੌੜੀ ਸੜਕ ਤਿਆਰ ਕੀਤੀ ਜਾ ਰਹੀ ਹੈ, ਜਿਸ ਨਾਲ ਆਵਾਜਾਈ ਨੂੰ ਸੁਚੱਜਾ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਮਾਘੀ ਦੇ ਤਿਉਹਾਰ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਵਿੱਚ ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ ਸੋਲਰ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਇਸ ਦੇ ਨਾਲ ਨਾਲ ਪਿੰਡਾਂ ਵਿੱਚ ਖੇਡ ਗਰਾਊਂਡ ਤਿਆਰ ਕੀਤੇ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ।ਇਸ ਮੌਕੇ ਡਾ.ਸੰਜੀਵ ਗੌਤਮ ਜ਼ਿਲ੍ਹਾ ਪ੍ਰਧਾਨ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਜਸਪਾਲ ਸਿੰਘ ਢਾਹੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਮਲੇਸ਼ ਨੱਡਾ, ਅੰਜਨਾ ਦੇਵੀ,ਦਲਜੀਤ, ਬਲਾਕ ਪ੍ਰਧਾਨ ਸਰਪੰਚ ਪੱਪੂ ਢਿੱਲੋਂ, ਵਿਕਾਸ ਸਰਪੰਚ ਭਾਲੋਵਾਲ, ਸ਼ਿਵ ਕੁਮਾਰ ਸਰਪੰਚ ਦੜੋਲੀ ਉੱਪਰ, ਭਾਗ ਸਿੰਘ ਸਰਪੰਚ ਦੜੋਲੀ ਲੋਅਰ, ਰੋਕੀ ਸਰਪੰਚ ਸੁਖਸਾਲ, ਪਰਮਜੀਤ ਪੱਪੂ ਮੰਗਲੂਰ ਸਰਪੰਚ, ਰਾਹੁਲ ਸੋਨੀ, ਮਨੂ ਪੁਰੀ, ਰਾਜ ਕੁਮਾਰ ਦੜੋਲੀ, ਸਾਬਕਾ ਸਰਪੰਚ ਪ੍ਰਤਾਪ ਦੜੋਲੀ, ਰਾਜ ਕੁਮਾਰ ਲੋਅਰ ਦੜੋਲੀ, ਜੋਤੀ ਪ੍ਰਕਾਸ਼ ਲੋਅਰ ਦੜੋਲੀ, ਤਰਸੇਮ ਲਾਲ ਅਜੋਲੀ, ਰਿੰਕੂ ਸਰਪੰਚ ਸੈਣੀ ਮਾਜਰਾ, ਰਵੀ ਸੂਦ ਜਾਂਦਲਾ, ਸੰਨੀ ਕੁਮਾਰ ਭਾਲੋਵਾਲ ਸਮੇਤ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਲੋਕ ਮੌਜੂਦ ਸਨ।

# ਸੀ ਟੀ ਗਰੁੱਪ ਆਫ ਇੰਸਟੀਟਿਊਸ਼ਨਜ਼ ਵੱਲੋਂ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਟਿਊਸ਼ਨਜ਼ ਨੇ ਨਵੇਂ ਅਕਾਦਮਿਕ ਸੈਸ਼ਨ ਦੀ ਅਰਥਪੂਰਨ ਸ਼ੁਰੂਆਤ 'ਗਿਆਨ ਚੇਤਨਾ' ਨਾਮਕ ਪ੍ਰਤੀਕਾਤਮਕ ਪੈਨ ਪ੍ਰਤੀਮਾ ਦੇ ਉਦਘਾਟਨ ਨਾਲ ਕੀਤੀ। ਇਹ ਪ੍ਰਤੀਮਾ ਗਿਆਨ, ਜਾਗਰੂਕਤਾ, ਸਮਰਪਣ ਤੇ ਸਿੱਖਣ ਦੀ ਯਾਤਰਾ ਵਿੱਚ ਸਰਗਰਮ ਭਾਗੀਦਾਰੀ ਦਾ ਪ੍ਰਤੀਕ ਹੈ। ਇਸ ਪ੍ਰਤੀਮਾ ਦਾ ਉਦਘਾਟਨ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਅਤੇ ਵਾਈਸ-ਚੇਅਰਮੈਨ ਹਰਪ੍ਰੀਤ ਸਿੰਘ ਵੱਲੋਂ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਹ ਪਹਿਲ ਕਦਮ ਸੀ ਟੀ ਗਰੁੱਪ ਦੀ ਮੁੱਲ-ਆਧਾਰਿਤ ਅਤੇ ਸਚੇਤ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। 'ਗਿਆਨ ਚੇਤਨਾ' ਦੀ ਸੰਕਲਪਨਾ ਜਾਗ੍ਰਿਤ ਗਿਆਨ ਅਤੇ ਚੇਤਨਾ ਦਾ ਪ੍ਰਤੀਕ ਹੈ, ਜੋ ਸਿੱਖਿਆ ਨੂੰ ਕੇਵਲ ਕਿਤਾਬਾਂ ਤੱਕ ਸੀਮਿਤ ਨਹੀਂ ਰੱਖਦੀ, ਸਗੋਂ ਚਰਿੱਤਰ ਨਿਰਮਾਣ, ਨੈਤਿਕ ਮੁੱਲਾਂ ਅਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਦੀ ਹੈ। ਕਲਮ ਗਿਆਨ, ਵਿਚਾਰ ਤੇ ਅਭਿਵਿਅਕਤੀ ਦੀ ਤਾਕਤ ਦਾ ਪ੍ਰਤੀਕ ਹੈ, ਜੋ ਜਾਗਰੂਕ ਵਿਅਕਤੀਆਂ ਅਤੇ ਤਰੱਕੀਸ਼ੀਲ ਸਮਾਜ ਦੀ ਰਚਨਾ ਕਰਦਾ ਹੈ। ਉਦਘਾਟਨ ਸਮਾਰੋਹ ਦੇ ਮੌਕੇ 'ਤੇ ਵਿਦਿਆਰਥੀਆਂ ਨੇ ਪ੍ਰਬੰਧਨ ਅਤੇ ਫੈਕਲਟੀ ਨਾਲ ਮਿਲ ਕੇ ਨਵੇਂ ਸੈਸ਼ਨ ਲਈ ਆਪਣੀਆਂ ਆਸਾਂ, ਸੁਪਨੇ ਅਤੇ ਲਕਸ਼ ਆਕਾਸ਼ ਵੱਲ ਗੁਬਾਰਿਆ ਦੇ ਰੂਪ 'ਚ ਛੱਡੇ। ਇਹ ਪਲ ਏਕਤਾ, ਆਸ਼ਾਵਾਦ ਅਤੇ ਸਾਂਝੀ ਤਰੱਕੀ ਦਾ ਪ੍ਰਤੀਕ ਬਣਿਆ। ਇਸ ਮੌਕੇ ਚੇਅਰਮੈਨ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਕਿਹਾ, 'ਗਿਆਨ ਚੇਤਨਾ' ਕਲਮ ਪ੍ਰਤੀਮਾ ਸਚੇਤ ਸਿੱਖਣ ਦਾ ਪ੍ਰਤੀਕ ਹੈ, ਜਿੱਥੇ ਗਿਆਨ ਭਗਤੀ, ਅਨੁਸ਼ਾਸਨ ਅਤੇ ਸਰਗਰਮ ਭਾਗੀਦਾਰੀ ਨਾਲ ਦਿਸ਼ਾ ਪ੍ਰਾਪਤ ਕਰਦਾ ਹੈ। ਸਿੱਖਿਆ ਸਿਰਫ਼ ਅਕਾਦਮਿਕ ਸਫਲਤਾਵਾਂ ਤੱਕ ਸੀਮਿਤ ਨਹੀਂ, ਸਗੋਂ ਨੌਜਵਾਨ ਮਨਾਂ ਵਿੱਚ ਜਾਗਰੂਕਤਾ, ਮੁੱਲ ਅਤੇ ਜ਼ਿੰਮੇਵਾਰੀ ਜਗਾਉਂਦੀ ਹੈ। ਨਵੇਂ ਸੈਸ਼ਨ ਦੀ ਸ਼ੁਰੂਆਤ ਨਾਲ ਸੀਟੀ ਗਰੁੱਪ ਸੋਚਵਾਨ ਸਿੱਖਿਆਰਥੀਆਂ ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਲਈ ਪ੍ਰਤੀਬੱਧ ਹੈ। ਇਸ ਸਮਾਰੋਹ ਵਿੱਚ ਡਾਇਰੈਕਟਰ ਕੈਂਪਸ ਡਾ. ਸ਼ਿਵ ਕੁਮਾਰ, ਡਾਇਰੈਕਟਰ ਅਕਾਦਮਿਕ ਓਪਰੇਸ਼ਨਜ਼ ਡਾ. ਸੰਗਰਾਮ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਸਮੇਤ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਰਹੇ। ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਅਤੇ ਵਾਈਸ-ਚੇਅਰਮੈਨ ਹਰਪ੍ਰੀਤ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਜਿਗਿਆਸਾ, ਇਮਾਨਦਾਰੀ ਅਤੇ ਉਦੇਸ਼ ਨਾਲ ਸਿੱਖਣ ਲਈ ਪ੍ਰੇਰਿਤ ਕੀਤਾ, ਜੋ ਸੀਟੀ ਗਰੁੱਪ ਦੀ ਸਮੱਗਰੀਕ ਅਤੇ ਭਵਿੱਖ-ਤਿਆਰ ਸਿੱਖਿਆ ਦੀ ਦ੍ਰਿਸ਼ਟੀ ਨੂੰ ਮਜ਼ਬੂਤ ਕਰਦਾ ਹੈ।ਇਹ ਸਮਾਗਮ ਨਵੇਂ ਸੈਸ਼ਨ ਲਈ ਪ੍ਰੇਰਨਾਦਾਇਕ ਅਤੇ ਸਕਾਰਾਤਮਕ ਮਾਹੌਲ ਬਣਾਉਂਦਾ ਹੈ ਅਤੇ ਸੀਟੀ ਗਰੁੱਪ ਦੇ ਅਰਥਪੂਰਨ ਸਿੱਖਣ, ਵਿਦਿਆਰਥੀ ਸਸ਼ਕਤੀਕਰਨ ਅਤੇ ਮੁੱਲ-ਕੇਂਦਰਿਤ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ।

# ਮਾਹਿਲਪੁਰ 'ਚ ਥਾਂ-ਥਾਂ ਲੱਗੇ ਗੰਦਗੀ ਦੇ ਢੇਰ, ਬੀਮਾਰੀਆਂ ਫੈਲਣ ਦਾ ਖਤਰਾ

**ਮਾਹਿਲਪੁਰ (ਸ.ਫਰੀ)**

ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ,ਕਸ਼ਮੀਰ ਕੌਰ ਅਤੇ ਭੁਪਿੰਦਰ ਸਿੰਘ ਨੇ ਮਾਹਿਲਪੁਰ ਨਗਰ ਪੰਚਾਇਤ ਦੇ ਖੇਤਰ ਅੰਦਰ ਥਾਂ ਕਾਂ ਫੈਲੀ ਗੰਦਗੀ ਅਤੇ ਪਲਾਸਟਿਕ ਦੇ ਲਿਫਾਫਿਆਂ ਵਿਚ ਪਏ ਘਰਾਂ ਦੇ ਕੂੜੇ ਨਾਲ ਫੈਲੀ ਬਦਬੂ ਮਾਰਦੀ ਗੰਦਗੀ ਢੇਰਾਂ ਪ੍ਰਤੀ ਨਗਰ ਪੰਚਾਇਤ ਦੇ ਅਵੇਸਲੇਪਨ ਕਾਰਨ ਨਾ ਧਿਆਨ ਦੇਣ ਤੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਇਹ ਕੂੜੇ ਦੇ ਢੇਰ ਨਾ ਤਾਂ ਕਾਰਜ ਸਾਧਕ ਅਫਸਰ ਅਤੇ ਨਾ ਹੀ ਸਿਹਤ ਵਿਭਾਗ ਨੂੰ ਨਜਰ ਆ ਰਹੇ ਹਨ।ਧੀਮਾਨ ਨੇ ਕਿਹਾ ਕਿ ਸਵੱਛਤਾ ਭਾਰਤ ਮਿਸ਼ਨ ਵਿਚ ਲੋਕਾਂ ਦੇ ਖੂਨ ਪਸੀਨੇ ਦੀ ਕਮਾਈ ਦਾ ਕਰੋੜਾਂ ਰੁਪਇਆ ਖਰਚ ਕੀਤਾ ਵਿਖਾਇਆ ਜਾ ਰਿਹਾ ਹੈ ਤੇ ਮਿਸ਼ਨ ਫਿਰ ਅਧੂਰੇ ਦਾ ਅਧੂਰਾ ਵੇਖਣ ਨੂੰ ਮਿਲਦਾ ਹੈ।ਲੋਕ ਮਹਿਗਾਈ ਦੇ ਦੌਰ ਵਿਚ ਬੜੀ ਮੁਸ਼ਕਲ ਨਾਲ ਟੈਕਸ ਅਦਾ ਕਰਦੇ ਹਨ ਪਰ ਫਿਰ ਵੀ ਸ਼ਹਿਰ ਅੰਦਰ ਸਫਾਈ ਵੇਖਣ ਨੂੰ ਨਹੀਂ ਲਭ ਰਹੀ।ਇਸੇ ਥਾਂ ਦੇ ਨਾਲ ਬਣੀ ਪਬਲਿਕ ਟੁਆਲਿਟ ਵੀ ਪੂਰੀ ਤਰ੍ਹਾਂ ਗੰਦਗੀ ਨਾਲ ਭਰੀ ਪਈ ਹੈ ,ਉਥੇ ਵੀ ਸਫਾਈ ਨਾਮ ਦੀ ਕੋਈ ਚੀਜ਼ ਨਹੀਂ।ਗੰਦਗੀ ਬੀਮਾਰੀਆਂ ਦੀ ਜਨਮ ਦਾਤਾ ਹੈ।ਲੋਕਾਂ ਦਾ ਸਰਦੀ ਦੇ ਮੌਸਮ ਵਿਚ ਬੀਮਾਰੀਆਂ ਵਿਚ ਜਕੜਣ ਨਾਲ, ਲੋਕਾਂ ਦੀਆਂ ਜੇਬਾਂ ਉਤੇ ਵਾਧੂ ਆਰਥਿਕ ਬੋਝ ਵੱਧ ਰਿਹਾ ਹੈ।ਧੀਮਾਨ ਨੇ ਦਸਿਆ ਕਿ ਇਸੇ ਤਰ੍ਹਾਂ ਸ਼ਹਿਰ ਅੰਦਰ ਸੜਕ ਦੇ ਆਲੇ ਦੁਆਲੇ ਬਣੇ ਗੰਦੇ ਪਾਣੀ ਦੀ ਨਿਕਾਸੀ ਲਈ ਨਾਲੇ ਵੀ ਗੰਦਗੀ ਨਾਲ ਭਰੇ ਪਏ ਹਨ।ਉਨ੍ਹਾਂ ਵੀ ਗੰਦਗੀ ਨਾਲ ਭਰੇ ਲਿਫਾਫੇ ਆਮ ਵੇਖੇ ਜਾ ਸਕਦੇ ਹਨ ਤੇ ਸ਼ਹਿਰ ਅੰਦਰ ਸੜਕਾਂ ਦੇ ਆਲੇ ਦੁਆਲੇ ਰੇਹੜੀਆਂ ਖੜੀਆਂ ਹੋਣ ਕਰਕੇ ਟ੍ਰੈਫਿਕ ਦੀਆਂ ਮੁਸ਼ਕਿਲਾਂ ਵਿਚ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਗੰਦਗੀ ਫੈਲਣ ਦੀ ਸ਼ਿਕਾਇਤ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਵੀ ਭੇਜੀ।



# ਪੁਲਸ ਕਮਿਸ਼ਨਰ ਵੱਲੋਂ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਸੰਬੰਧੀ ਹੁਕਮ ਜਾਰੀ

**ਜਲੰਧਰ (ਸੁਰਿੰਦਰ ਕੁਮਾਰ)**-ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਪਬਲਿਕ ਐਮਰਜੈਂਸੀ ਨੂੰ ਛੱਡ ਕੇ ਸਾਇਲੈਂਸ ਜ਼ੋਨਾਂ ਜਾਂ ਰਿਹਾਇਸ਼ੀ ਖੇਤਰਾਂ ਅੰਦਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਹਾਰਨ ਵਜਾਉਣ 'ਤੇ ਪਾਬੰਦੀ ਲਗਾਈ ਹੈ। ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਸ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਤਹਿਤ ਜਨਤਕ ਥਾਵਾਂ ਦੀ ਸੀਮਾ 'ਤੇ ਜਿਥੇ ਲਾਊਡ ਸਪੀਕਰ ਜਾਂ ਪਬਲਿਕ ਐਡਰੈੱਸ ਸਿਸਟਮ ਜਾਂ ਕੋਈ ਵੀ ਆਵਾਜ਼ ਪੈਦਾ ਕਰਨ ਵਾਲਾ ਸਰੋਤ ਵਰਤਿਆ ਜਾ ਰਿਹਾ ਹੈ, ਦੀ ਆਵਾਜ਼ ਖੇਤਰ ਲਈ ਨਿਸ਼ਚਿਤ ਆਵਾਜ਼ ਮੁਤਾਬਕ ਰੱਖਣ ਦੇ ਆਦੇਸ਼ ਦਿੱਤੇ ਗਏ ਹਨ। ਹੁਕਮਾਂ ਅਨੁਸਾਰ ਕੋਈ ਵੀ ਵਿਅਕਤੀ ਰਾਤ 10 ਵਜੇ ਤੋਂ ਸਵੇਰੇ 6 ਵਜੇ ਦੇ ਦਰਮਿਆਨ (ਸਿਵਾਏ ਪਬਲਿਕ ਐਮਰਜੈਂਸੀ ਦੇ) ਮੈਰਿਜ ਪੈਲੇਸਾਂ ਤੇ ਹੋਟਲਾਂ ਵਿੱਚ ਢੋਲ ਜਾਂ ਭੋਂਪੂ , ਆਵਾਜ਼ ਪੈਦਾ ਕਰਨ ਵਾਲਾ ਕੋਈ ਯੰਤਰ, ਸਾਊਂਡ ਐਂਪਲੀਫਾਇਰ ਅਤੇ ਡੀ.ਜੇਜ਼ ਆਦਿ ਨਹੀਂ ਵਜਾਏਗਾ। ਇਸੇ ਤਰ੍ਹਾਂ ਪ੍ਰਾਈਵੇਟ ਮਾਲਕੀ ਵਾਲੇ ਸਾਊਂਡ ਸਿਸਟਮ ਜਾਂ ਆਵਾਜ਼ ਪੈਦਾ ਕਰਨ ਵਾਲੇ ਯੰਤਰ ਦਾ ਸ਼ੋਰ ਦਾ ਪੱਧਰ ਪ੍ਰਾਈਵੇਟ ਥਾਂ ਦੇ ਹੱਦ ਖੇਤਰ ਲਈ ਤੈਅ ਸ਼ੋਰ ਮਾਪਦੰਡਾਂ 5 ਡੀ.ਬੀ.(ਏ) ਤੋਂ ਵੱਧ ਨਹੀਂ ਹੋਵੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਤੋਂ ਬਾਹਰ ਨਾ ਸੁਣਾਈ ਦੇਵੇ। ਜੇਕਰ ਇਨ੍ਹਾਂ ਹੁਕਮਾਂ ਦੀ ਉਲੰਘਣਾ ਪਾਈ ਜਾਂਦੀ ਹੈ ਤਾਂ ਅਜਿਹਾ ਕਰਨ ਵਾਲੇ ਸਾਊਂਡ ਯੰਤਰ ਜ਼ਬਤ ਕਰ ਲਏ ਜਾਣਗੇ। ਇਹ ਹੁਕਮ ਮਿਤੀ 8.3.2026 ਤੱਕ ਲਾਗੂ ਰਹੇਗਾ।

# ਨਾਰਥ ਜ਼ੋਨ ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਸਫਲਤਾਪੂਰਵਕ ਸੰਪੰਨ

**ਆਦਮਪੁਰ (ਪਰਮਜੀਤ ਸਿੰਘ)**

ਸਤਿਕਾਰਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ, ਚਾਂਸਲਰ ਸੰਤ ਮਨਮੋਹਨ ਸਿੰਘ ਦੀ ਪ੍ਰੇਰਣਾ ਅਤੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ ਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਯੋਗ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਚ ਆਯੋਜਿਤ ਨਾਰਥ ਜ਼ੋਨ ਅੰਤਰ-ਯੂਨੀਵਰਸਿਟੀ ਫੁੱਟਬਾਲ ਟੂਰਨਾਮੈਂਟ ਬੜੀ ਸ਼ਾਨੋ-ਸ਼ੌਕਤ ਅਤੇ ਖੇਡ ਭਾਵਨਾ ਨਾਲ ਸਫਲਤਾ ਪੂਰਵਕ ਸੰਪੰਨ ਹੋ ਗਿਆ। ਇਸ ਟੂਰਨਾਮੈਂਟ ਵਿੱਚ ਨਾਰਥ ਜ਼ੋਨ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਦੀਆਂ ਟੀਮਾਂ ਨੇ ਹਿੱਸਾ ਲਿਆ ਅਤੇ ਉੱਚ ਕੋਟੀ ਦੀ ਫੁੱਟਬਾਲ ਖੇਡ ਦਾ ਪ੍ਰਦਰਸ਼ਨ ਕੀਤਾ।ਟੂਰਨਾਮੈਂਟ ਦੇ ਫਾਈਨਲ ਮੁਕਾਬਲਿਆਂ ਤੋਂ ਬਾਅਦ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ।ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੂਸਰੇ ਸਥਾਨ 'ਤੇ ਰਹੀ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਤੀਜਾ ਸਥਾਨ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਚੌਥਾ ਸਥਾਨ ਹਾਸਲ ਕੀਤਾ।ਇਨਾਮ ਵੰਡ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂਪਵਨ ਕੁਮਾਰ ਟੀਨੂੰ (ਸਾਬਕਾ ਵਿਧਾਇਕ, ਹਲਕਾ ਇੰਚਾਰਜ ਆਦਮਪੁਰ - ਆਮ ਆਦਮੀ ਪਾਰਟੀ) ਨੇ ਸ਼ਿਰਕਤ ਕੀਤੀ। ਉਨ੍ਹਾਂ ਜੇਤੂ ਅਤੇ ਭਾਗੀਦਾਰ ਟੀਮਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ, ਮਾਨਸਿਕ ਅਤੇ ਨੈਤਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਮੌਕੇ ਸਤਿਕਾਰਯੋਗ ਸੰਤ ਬਾਬਾ ਮਨਮੋਹਨ ਸਿੰਘ, ਸੰਤ ਬਾਬਾ ਜਨਕ ਸਿੰਘ, ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਧਰਮਜੀਤ ਸਿੰਘ ਪਰਮਾਰ, ਮਨਪ੍ਰੀਤ ਸਿੰਘ (ਸੁਸਾਇਟੀ ਮੈਂਬਰ), ਕੈਪਟਨ ਸੁਖਦੇਵ ਸਿੰਘ, ਕੁਲਵੰਤ ਸਿੰਘ (ਸਰਪੰਚ), ਸਰਦਾਰ ਗੁਰਦਿਆਲ ਸਿੰਘ (ਕੈਨੇਡਾ), ਸਰਦਾਰ ਹਰਜੀਤ ਸਿੰਘ (ਸਰਪੰਚ) ਅਤੇ ਸ਼ਰਮਾ ਸਪੋਰਟਸ ਦੇ ਨੁਮਾਇੰਦਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਸਮਾਰੋਹ ਦੌਰਾਨ ਜੇਤੂ ਟੀਮਾਂ ਨੂੰ ਟ੍ਰਾਫੀਆਂ ਅਤੇ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ।



# ਵਰਿੰਦਰ ਸ਼ਰਮਾ ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ ਦੇ ਪ੍ਰਧਾਨ ਬਣੇ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**-ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ ਫਗਵਾੜਾ ਦੀ ਇੱਕ ਵਿਸ਼ੇਸ਼ ਮੀਟਿੰਗ ਫੇਅਰਵੇਅ ਸੇਲਜ਼ ਕਾਰਪੋਰੇਸ਼ਨ ਦੇ ਦਫ਼ਤਰ ਵਿਖੇ ਹੋਈ, ਜਿੱਥੇ ਵਰਿੰਦਰ ਸ਼ਰਮਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਵਰਿੰਦਰ ਸ਼ਰਮਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ ਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਇੰਜਣ ਪਾਰਟਸ ਦਾ ਕਾਰੋਬਾਰ ਲੰਬੇ ਸਮੇਂ ਤੋਂ ਆਪਣੇ ਸਭ ਤੋਂ ਮਾੜੇ ਦੌਰ ਵਿੱਚੋਂ ਲੰਘ ਰਿਹਾ ਹੈ ਤੇ ਸਰਕਾਰ ਇਸ ਵੱਲ ਕੋਈ ਧਿਆਨ ਨਹੀਂ ਦੇ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਇੰਜਣ ਪਾਰਟਸ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾਉਂਦੇ ਰਹਿਣਗੇ ਅਤੇ ਉਨ੍ਹਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਕਰਨਗੇ। ਜ਼ਿਕਰਯੋਗ ਹੈ ਕਿ ਵਰਿੰਦਰ ਸ਼ਰਮਾ ਲਗਾਤਾਰ 17 ਸਾਲ ਲੋਕ ਸੇਵਾ ਦਲ (ਰਜਿਸਟਰਡ) ਦੇ ਮੁਖੀ ਰਹੇ ਹਨ ਤੇ ਉਨ੍ਹਾਂ ਦੀ ਅਗਵਾਈ ਹੇਠ ਲੋਕ ਸੇਵਾ ਦਲ (ਰਜਿਸਟਰਡ) ਨੇ ਸਮਾਜ ਸੇਵਾ ਵਿੱਚ ਨਵੇਂ ਆਯਾਮ ਸਥਾਪਤ ਕੀਤੇ ਹਨ। ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ ਦੇ ਸਾਰੇ ਮੈਂਬਰਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਜਿਸ ਤਰ੍ਹਾਂ ਉਨ੍ਹਾਂ ਨੇ ਲੋਕ ਸੇਵਾ ਦਲ (ਰਜਿਸਟਰਡ) ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਯੋਗਦਾਨ ਪਾਇਆ ਹੈ, ਉਸੇ ਤਰ੍ਹਾਂ ਉਹ ਰੇਲਵੇ ਰੋਡ ਇੰਜਣ ਪਾਰਟਸ ਐਸੋਸੀਏਸ਼ਨ ਨੂੰ ਵੀ ਇੱਕ ਨਵੀਂ ਦਿਸ਼ਾ ਦੇਣਗੇ। ਇਸ ਮੌਕੇ 'ਤੇ ਪੁਨੀਤ ਕਪੂਰ, ਸੁਧੀਰ ਪਾਲ, ਸੰਜੀਵ ਅਰੋੜਾ, ਅਜੇ ਕਵਾਤਰਾ, ਅਸ਼ੋਕ ਸ਼ਰਮਾ, ਗੌਰਵ ਭੱਲਾ, ਗੌਰਵ ਢੀਂਗਰਾ, ਹਰਸ਼ ਜੁਨੇਜਾ ਅਤੇ ਗੁਰਦੀਪ ਸਿੰਘ ਪਰਮਾਰ ਵੀ ਮੌਜੂਦ ਸਨ।



# ਰਿਆਤ-ਬਾਹਰਾ 'ਵਰਸਿਟੀ ਵਿਖੇ ਲੋਹੜੀ ਦਾ ਤਿਉਹਾਰ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਨੇ ਆਪਣੇ ਓਪਨ-ਏਅਰ ਥੀਏਟਰ ਵਿਖੇ ਲੋਹੜੀ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਸੱਭਿਆਚਾਰਕ ਜੋਸ਼ ਨਾਲ ਮਨਾਇਆ, ਜਿਸ ਵਿੱਚ ਪੰਜਾਬੀ ਪਰੰਪਰਾ ਅਤੇ ਭਾਈਚਾਰਕ ਸਾਂਝ ਦੀ ਜੀਵੰਤ ਭਾਵਨਾ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਸਮਾਗਮ ਵਿੱਚ ਵਿਦਿਆਰਥੀਆਂ, ਫੈਕਲਟੀ ਮੈਂਬਰਾਂ ਤੇ ਮਹਿਮਾਨਾਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨਾਲ ਇੱਕ ਰੰਗੀਨ ਤੇ ਖੁਸ਼ੀ ਭਰਿਆ ਮਾਹੌਲ ਬਣਿਆ।ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਅਤੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਗਰੁੱਪ ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਪ੍ਰੋ. ਵਾਈਸ ਚਾਂਸਲਰ ਪ੍ਰੋ. (ਡਾ.) ਐਸ.ਕੇ. ਬਾਂਸਲ ਨੇ ਲੋਹੜੀ ਜਲਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਲੋਹੜੀ ਦੇ ਇਸ ਮੌਕੇ 'ਤੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ,ਜਿਸ ਦੌਰਾਨ ਵਿਦਿਆਰਥਣਾਂ ਵੱਲੋਂ ਪੰਜਾਬੀ ਬੋਲੀਆਂ ਨਾਲ ਪੇਸ਼ ਕੀਤੇ ਗਏ ਗਿੱਧੇ ਨਾਲ ਮਾਹੌਲ ਨੂੰ ਹੋਰ ਵੀ ਰੰਗਮਈ ਬਣਾ ਦਿੱਤਾ।ਗੁਰਵਿੰਦਰ ਸਿਘ ਬਾਹਰਾ ਨੇ ਸਮੂਹ ਟੀਚਿੰਗ ਤੇ ਨਾਨ ਟੀਚਿੰਗ ਸਟਾਫ ਤੋਂ ਇਲਾਵਾ ਵਿਦਿਆਰਥੀਆਂ ਨੂੰ ਲੋਹੜੀ ਦੀ ਵਧਾਈ ਦਿੱਤੀ ਤੇ ਕਿਹਾ ਕਿ ਪ੍ਰਮਾਤਮਾ ਸਾਰੀਆਂ ਲੜਕੀਆਂ ਨੂੰ ਉਹ ਸਾਰੀਆਂ ਖੁਸ਼ੀਆਂ ਬਖਸ਼ੇ ਜਿਸ ਨਾਲ ਉਹ ਆਪਣੇ ਜੀਵਨ ਦਾ ਟੀਚਾ ਜਲਦੀ ਤੋਂ ਜਲਦੀ ਪ੍ਰਾਪਤ ਕਰ ਸਕਣ।ਇਹ ਜਸ਼ਨ ਰਵਾਇਤੀ ਲੋਹੜੀ ਦੇ ਪਕਵਾਨਾਂ, ਜਿਨ੍ਹਾਂ ਵਿੱਚ ਮੂੰਗਫਲੀ, ਰੇੜੀਆਂ ਅਤੇ ਗਜਕ ਸ਼ਾਮਲ ਹਨ, ਨੂੰ ਸਾਂਝਾ ਕਰਨ ਨਾਲ ਸਮਾਪਤ ਹੋਇਆ। ਕੁੱਲ ਮਿਲਾ ਕੇ, ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਲੋਹੜੀ ਦੇ ਜਸ਼ਨਾਂ ਨੇ ਇੱਕ ਯਾਦਗਾਰੀ ਅਨੁਭਵ ਪੇਸ਼ ਕੀਤਾ, ਜਿਸ ਵਿੱਚ ਪਰੰਪਰਾ, ਸੱਭਿਆਚਾਰ ਅਤੇ ਭਾਈਚਾਰਕ ਸਦਭਾਵਨਾ ਨੂੰ ਸੁੰਦਰਤਾ ਨਾਲ ਮਿਲਾਇਆ ਗਿਆ ਇਸ ਮੌਕੇ ਹੋਰਨਾਂ ਤੋਂ ਇਲਾਵਾ ਸਮੂਹ ਕਾਲਜਾਂ ਦੇ ਡੀਨ, ਡਾਇਰੈਕਟਰ ਅਤੇ ਫੈਕਲਟੀ ਮੈਂਬਰ ਵੀ ਮੌਜੂਦ ਰਹੇ।



# ਸੈਣੀ ਭਵਨ 'ਚ ਉਤਸ਼ਾਹ ਨਾਲ ਮਨਾਇਆ ਲੋਹੜੀ ਦਾ ਤਿਉਹਾਰ



**ਰੂਪਨਗਰ (ਨ ਜ ਸ)**

ਸੈਣੀ ਭਵਨ ਵਿਖੇ ਲੋਹੜੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਸਮਾਜਿਕ ਏਕਤਾ ਦੇ ਪ੍ਰਤੀਕ ਇਸ ਪਵਿੱਤਰ ਤਿਉਹਾਰ ਮੌਕੇ ਸਭ ਨੇ ਪ੍ਰਮਾਤਮਤ ਨੂੰ ਯਾਦ ਕਰਦਿਆ ਮਿਲਕੇ ਲੋਹੜੀ ਬਾਲੀ ਅਤੇ ਇਕ ਦੂਜੇ ਨੂੰ ਲੋਹੜੀ ਦੀਆ ਮੁਬਾਰਕਾਂ ਦਿੱਤੀਆ। ਇਸ ਮੌਕੇ ਸੈਣੀ ਭਵਨ ਸੰਸਥਾ ਦੇ ਪ੍ਰਧਾਨ ਡਾ. ਅਜਮੇਰ ਸਿੰਘ ਤੰਬੜ, ਐਕਟਿੰਗ ਪ੍ਰਧਾਨ ਰਾਜਿੰਦਰ ਸਿੰਘ ਨਨੂਆ, ਸੈਣੀ ਐਜੂਕੇਸ਼ਨ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਰਾਜਿੰਦਰ ਸੈਣੀ ਵਲੋਂ ਲੋਹੜੀ ਦੀ ਵਧਾਈ ਦਿੰਦੇ ਹੋਏ ਇਸ ਤਿਉਹਾਰ ਦੇ ਸਮਾਜਿਕ ਪਿਛੋਕੜ ਤੇ ਚਾਨਣਾ ਪਾਇਆ ਗਿਆ। ਸੰਸਥਾ ਦੀਆ ਸਿੱਖਾਰਥਣਾ ਨੇ ਨੱਚ ਟੱਪ ਕੇ ਆਪਣੀ ਖੁਸ਼ੀ ਦਾ ਖੁੱਲ੍ਹ ਕੇ ਇਜ਼ਹਾਰ ਕੀਤਾ। ਅੰਤ ਵਿੱਚ ਸਭ ਨੇ ਮਿਲਕੇ ਮੁੰਗਫਲੀ, ਰਿਉੜੀਆ, ਭੁਗਾ, ਬਰੇਡ ਪਕੌੜਿਆ ਦਾ ਅੰਨਦ ਮਾਨਿਆ। ਇਸ ਮੌਕੇ ਸੰਸਥਾ ਦੇ ਟਰੱਸਟੀ ਬਲਬੀਰ ਸਿੰਘ ਸੈਣੀ, ਇੰਜ. ਹਰਜੀਤ ਸਿੰਘ, ਦਲਜੀਤ ਸਿੰਘ, ਜਗਦੇਵ ਸਿੰਘ, ਰਾਜਿੰਦਰ ਸਿੰਘ ਗਿਰਨ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਅਮਰਜੀਤ ਸਿੰਘ, ਡਾ. ਜਸਵੰਤ ਕੌਰ ਸੈਣੀ, ਰਾਵਿੰਦਰ ਕੌਰ, ਮਨਮੋਹਨ ਕੌਰ, ਹਰਜੀਤ ਕੌਰ,ਹਰਮਿੰਦਰ ਕੌਰ, ਹਰਦੀਪ ਸਿੰਘ ਆਦਿ ਹਾਜ਼ਰ ਸਨ।

# ਮਾਤਾ-ਪਿਤਾ ਦੀ ਸੇਵਾ ਸਭ ਤੋਂ ਉਤਮ ਸੇਵਾ : ਸੰਤ ਬਾਬਾ ਜੀਤ ਸਿੰਘ

**ਆਦਮਪੁਰ, (ਪਰਮਜੀਤ ਸਿੰਘ)**

ਜਿਸ ਇਨਸਾਨ ਨੇ ਇਸ ਸੰਸਾਰ ਤੇ ਆ ਕੇ ਪ੍ਰਮਾਤਮਾ ਦਾ ਨਾਮ ਜਪਣ ਦੇ ਨਾਲ ਨਾਲ ਆਪਣੇ ਮਾਤਾ ਪਿਤਾ ਦੀ ਸੇਵਾ ਕੀਤੀ ਹੈ ਉਸਨੇ ਸੰਸਾਰ ਦੇ ਹਰ ਸੁੱਖ ਦੀ ਪ੍ਰਾਪਤੀ ਕੀਤੀ ਹੈ। ਮਾਤਾ ਪਿਤਾ ਦੀ ਸੇਵਾ ਸਭ ਤੋਂ ਉਤਮ ਸੇਵਾ ਹੈ। ਜੋ ਇਨਸਾਨ ਮਾਤਾ ਪਿਤਾ ਦੀ ਸੇਵਾ ਕਰਦਾ ਹੈ ਉਹ ਇਨਸਾਨ ਸੰਸਾਰ ਦਾ ਹਰ ਸੁੱਖ ਪ੍ਰਾਪਤ ਕਰਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਤ ਬਾਬਾ ਜੀਤ ਸਿੰਘ ਜੀ ਮੁੱਖੀ ਨਿਰਮਲ ਕੁਟੀਆਂ ਜੋਹਲਾਂ ਨੇ ਪਿੰਡ ਬੁਡਿਆਣਾ ਵਿਖੇ ਸੰਧਰ ਪਰਵਾਰ ਵੱਲੋਂ ਕਰਵਾਏ ਗੁਰਮਤਿ ਸਮਾਗਮ ਵਿੱਚ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਜਿਵੇਂ ਇਨਸਾਨ ਜਿਉਣ ਲਈ ਭੋਜਨ ਖਾਂਦਾ ਹੈ ਉਸੇ ਤਰ੍ਹਾਂ ਅਕਾਲ ਪੁਰਖ ਪ੍ਰਮਾਤਮਾ ਦਾ ਆਸ਼ੀਰਵਾਦ ਪ੍ਰਾਪਤ ਕਰਨ, ਆਪਣੇ ਪਰਵਾਰ ਤੇ ਸਰਬੱਤ ਦੇ ਭਲੇ ਲਈ ਨਾਮ ਬਾਣੀ ਨਾਲ ਜੁੜਨਾਂ ਵੀ ਉਸ ਲਈ ਬਹੁਤ ਜ਼ਰੂਰੀ ਹੈ ਤੇ ਬਾਣੀ ਦਾ ਜਾਪ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਮਹਾਂਪੁਰਸ਼ਾਂ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦਾ ਇਤਿਹਾਸ ਵੀ ਸਮਾਗਮ ਵਿੱਚ ਜੁੜੀਆਂ ਸੰਗਤਾਂ ਨੂੰ ਸਰਵਣ ਕਰਵਾਇਆ। ਜਿਕਰਯੋਗ ਹੈ ਕਿ ਬੀਤੇ ਦਿਨ ਪਿੰਡ ਬੁਡਿਆਣਾ ਵਿਖੇ ਬਲਵਿੰਦਰ ਸਿੰਘ ਸੰਧਰ, ਮਨਜੀਤ ਸਿੰਘ ਸੰਧਰ ਤੇ ਪ੍ਰਿਤਪਾਲ ਸਿੰਘ ਸੰਧਰ ਦੇ ਪਰਵਾਰ ਵਲੋਂ ਸਤਿਗੁਰਾਂ ਦਾ ਸ਼ੁਕਰਾਨਾ ਕਰਦੇ ਹੋਏ ਆਪਣੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਜਾਪ ਕਰਵਾਏ ਗਏ। ਇਸ ਮੌਕੇ ਤੇ ਨਿਰਮਲ ਕੁਟੀਆਂ ਜੋਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਜੀ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੋਰ ਤੇ ਪੁੱਜੇ। ਇਸ ਮੌਕੇ ਰਾਗੀ ਭਾਈ ਸਰਬਜੀਤ ਸਿੰਘ ਚੋਹਕਾਂ ਤੇ ਢਾਡੀ ਲਖਵਿੰਦਰ ਸਿੰਘ ਪਾਰਸ ਅੰਬਾਲਾ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰ ਇਤਿਹਾਸਕ ਵਾਰਾਂ ਸਰਵਣ ਕਰਵਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਹਲਕਾ ਆਦਮਪੁਰ ਇੰਚਾਰਜ਼ ਆਮ ਆਦਮੀ ਪਾਰਟੀ ਪਵਨ ਕੁਮਾਰ ਟੀਨੂੰ, ਜਥੇਦਾਰ ਦਵਿੰਦਰ ਸਿੰਘ ਲੰਬਰਦਾਰ ਬੁਡਿਆਣਾ, ਜਥੇਦਾਰ ਕੁਲਵਿੰਦਰ ਸਿੰਘ ਕਬੂਲਪੁਰ, ਜਥੇਦਾਰ ਦਲਜੀਤ ਸਿੰਘ, ਜਥੇਦਾਰ ਗੁਰਦੇਵ ਸਿੰਘ ਬੁਡਿਆਣਾ ਵੀ ਉਚੇਚੇ ਤੋਰ ਤੇ ਪੁੱਜੇ। ਇਸ ਮੌਕੇ ਤੇ ਬਲਵਿੰਦਰ ਸਿੰਘ ਸੰਧਰ, ਮਨਜੀਤ ਸਿੰਘ ਸੰਧਰ ਤੇ ਪ੍ਰਿਤਪਾਲ ਸਿੰਘ ਸੰਧਰ ਵੱਲੋਂ ਮਹਾਂਪੁਰਸ਼ ਸੰਤ ਜੀਤ ਸਿੰਘ ਜੀ ਤੇ ਇਨ੍ਹਾਂ ਪਤਵੰਤੇ ਸੱਜਣਾਂ ਦਾ ਨਿੱਘਾ ਸਵਾਗਤ ਕੀਤਾ। ਸਮਾਗਮ ਮੌਕੇ ਤੇ ਪਲਵਿੰਦਰ ਕੌਰ, ਰਾਜਵੀਰ ਕੌਰ, ਮਨਪ੍ਰੀਤ ਕੌਰ, ਅਗਮਜੋਤ ਸਿੰਘ ਸੰਧਰ, ਪਰਨੀਤ ਕੌਰ, ਜਸਨੀਤ ਕੌਰ, ਅਵਤਾਰ ਸਿੰਘ ਈਸ਼ਰਵਾਲ, ਸੁਖਵਿੰਦਰ ਸਿੰਘ ਖਾਲਸਾ, ਦਲਜੀਤ ਸਿੰਘ ਚੋਹਕਾਂ, ਪਰਮਜੀਤ ਸਿੰਘ ਸ਼ਾਲੀਮਾਰ, ਸੁਖਵੀਰ ਸਿੰਘ ਕੁੱਕੜ ਪਿੰਡ, ਮਦਨ ਲਾਲ ਬਾਘਾ, ਤਾਰਾ ਚੰਦ, ਸ਼ਤੀਸ਼ ਕੁਮਾਰ, ਅਮਨ, ਸਾਵਨ, ਪਰਮਜੀਤ ਸਿੰਘ ਬੁਡਿਆਣਾ, ਡਾ. ਦਲਵਿੰਦਰ ਸਿੰਘ, ਗੁਰਮੇਲ ਸਿੰਘ ਗੇਲਾ ਤੇ ਹੋਰ ਇਲਾਕਾ ਵਾਸੀ ਤੇ ਪਤਵੰਤੇ ਹਾਜ਼ਰ ਸਨ।





# ਨੈਸ਼ਨਲ ਯੂਥ ਡੇਅ ਮੌਕੇ ਮਰੀਜ਼ਾਂ ਨੂੰ 35 ਹਾਈਜੈਨਿਕ ਕਿੱਟਾਂ ਵੰਡੀਆਂ

**ਮੋਹਾਲੀ, (ਗੁਰਜੀਤ ਬਿੱਲਾ)**

ਜ਼ਿਲ੍ਹਾ ਰੈਡ ਕਰਾਸ ਸੁਸਾਇਟੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਨੈਸ਼ਨਲ ਯੂਥ ਡੇਅ ਦੇ ਮੌਕੇ ਜ਼ਿਲ੍ਹਾ ਨਸ਼ਾ ਮੁਕਤੀ ਕੇਂਦਰ, ਸੈਕਟਰ-66, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਦਾਖਲ ਮਰੀਜ਼ਾਂ ਨੂੰ ਨਿੱਜੀ ਸਫਾਈ ਨੂੰ ਉਤਸ਼ਾਹਿਤ ਕਰਨ ਲਈ 35 ਹਾਈਜੈਨਿਕ ਕਿੱਟਾਂ ਵੰਡੀਆਂ ਗਈਆਂ।ਇਹ ਕਿੱਟਾਂ ਸ੍ਰੀ ਹਰਬੰਸ ਸਿੰਘ, ਸਕੱਤਰ, ਰੈਡ ਕਰਾਸ ਵੱਲੋਂ ਵੰਡੀਆਂ ਗਈਆਂ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਰੈਡ ਕਰਾਸ ਸੁਸਾਇਟੀ ਹਮੇਸ਼ਾ ਲੋਕ ਭਲਾਈ ਅਤੇ ਮਨੁੱਖੀ ਸੇਵਾ ਦੇ ਕੰਮਾਂ ਲਈ ਵਚਨਬੱਧ ਹੈ। ਉਨ੍ਹਾਂ ਨੇ ਮਰੀਜ਼ਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਨੇਕ ਰਾਮ, ਮੈਨੇਜਰ ਤੇ ਸੋਨਿਕਾ, ਕਾਊਂਸਲਰ, ਨਸ਼ਾ ਮੁਕਤੀ ਕੇਂਦਰ ਵੀ ਮੌਜੂਦ ਸਨ।



# ਕੈਂਪ ਦੌਰਾਨ 150 ਮਰੀਜ਼ਾਂ ਦੀਆਂ ਅੱਖਾਂ ਦੀ ਕੀਤੀ ਜਾਂਚ

**ਜਲੰਧਰ (ਸੁਰਿੰਦਰ ਕੁਮਾਰ)**-ਸੜਕ ਸੁਰੱਖਿਆ ਮਹੀਨੇ ਤਹਿਤ ਡਰਾਈਵਿੰਗ ਟਰੈਕ ਵਿਖੇ ਲਗਾਇਆ ਅੱਖਾਂ ਦਾ ਜਾਂਚ ਕੈਂਪ ਸੜਕ ਹਾਦਸਿਆਂ ਨੂੰ ਰੋਕਣ ਤੇ ਆਮ ਲੋਕਾਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨਾ-2026 ਤਹਿਤ ਸਥਾਨਕ ਡਰਾਇਵਿੰਗ ਟਰੈਕ ਵਿਖੇ ਰੀਜਨਲ ਟਰਾਂਸਪੋਰਟ ਦਫ਼ਤਰ ਵਲੋਂ ਅੱਖਾਂ ਦਾ ਵਿਸ਼ੇਸ਼ ਜਾਂਚ ਕੈਂਪ ਲਗਾਇਆ ਗਿਆ, ਜਿਸ ਦੌਰਾਨ 150 ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਕੈਂਪ ਦਾ ਜਾਇਜ਼ਾ ਲੈਂਦਿਆਂ ਰੀਜਨਲ ਟਰਾਂਸਪੋਰਟ ਅਫ਼ਸਰ ਅਮਨਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਤਹਿਤ ਵਾਹਨ ਚਾਲਕਾਂ ਦੀਆਂ ਅੱਖਾਂ ਦੀ ਜਾਂਚ ਅਤੇ ਸੜਕ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਇਸ ਮੌਕੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਦਿਆਂ ਹਰੇਕ ਲਈ ਸੁਰੱਖਿਅਤ ਸਫ਼ਰ ਯਕੀਨੀ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਵਾਹਨ ਚਾਲਕਾਂ ਨੂੰ ਆਪਣੀਆਂ ਅੱਖਾਂ ਦੀ ਨਿਯਮਿਤ ਤੌਰ 'ਤੇ ਜਾਂਚ ਕਰਵਾਉਣ ਲਈ ਵੀ ਕਿਹਾ।ਉਨ੍ਹਾਂ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਵੱਖ-ਵੱਖ ਹਦਾਇਤਾਂ ਦੀ ਪਾਲਣਾ ਕਰਦਿਆਂ ਸੜਕੀ ਦੁਰਘਟਨਾਵਾਂ ਨੂੰ ਰੋਕਣ ਵਿੱਚ ਸਰਗਰਮ ਭੂਮਿਕਾ ਨਿਭਾਈ ਜਾਵੇ। ਇਸ ਮੌਕੇ ਸਹਾਇਕ ਰੀਜਨਲ ਟਰਾਂਸਪੋਰਟ ਅਫ਼ਸਰ ਵਿਸ਼ਾਲ ਗੋਇਲ ਵਲੋਂ ਵਾਹਨ ਚਾਲਕਾਂ ਨੂੰ ਟ੍ਰੈਫਿਕ ਨਿਯਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

# ਮਮਤਾ ਜੈਨ ਦੀ ਅਗਵਾਈ ਹੇਠ 40 ਕਾਂਗਰਸੀ ਪਰਵਾਰਾਂ ਨੇ ਫੜਿਆ 'ਆਪ' ਦਾ ਪੱਲਾ



**ਮੋਹਾਲੀ ,(ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਉਸ ਸਮੇਂ ਵੱਡਾ ਵਾਧਾ ਹੋਇਆ ਜਦੋਂ ਮਮਤਾ ਜੈਨ ਦੀ ਅਗਵਾਈ ਹੇਠ ਲਗਭਗ 40 ਪਰਵਾਰਾਂ ਨੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਇਨ੍ਹਾਂ ਸਾਰੇ ਪਰਵਾਰਾਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦਾ ਪਰਵਾਰ ਲਗਾਤਾਰ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਵੇਂ-ਜਿਵੇਂ ਸਰਕਾਰ ਦਾ ਸਮਾਂ ਬੀਤ ਰਿਹਾ ਹੈ ਅਤੇ ਚੋਣਾਂ ਨੇੜੇ ਆ ਰਹੀਆਂ ਹਨ, ਲੋਕ ਦੂਜੀਆਂ ਪਾਰਟੀਆਂ ਨੂੰ ਛੱਡ ਕੇ 'ਆਪ' ਨਾਲ ਜੁੜ ਰਹੇ ਹਨ ਕਿਉਂਕਿ ਲੋਕਾਂ ਨੇ ਸਰਕਾਰ ਦੀ ਵਧੀਆ ਕਾਰਗੁਜ਼ਾਰੀ ਨੂੰ ਅੱਖੀਂ ਵੇਖਿਆ ਹੈ। ਉਨ੍ਹਾਂ ਕਿਹਾ ਕਿ ਜੋ ਵਾਅਦੇ ਲੋਕਾਂ ਨਾਲ ਕੀਤੇ ਗਏ ਸਨ, ਉਹ ਬਕਾਇਦਾ ਤੌਰ 'ਤੇ ਪੂਰੇ ਕੀਤੇ ਗਏ ਹਨ।

# ਸਰਵਾਈਕਲ ਕੈਂਸਰ ਦੀ ਰੋਕਥਾਮ ਸੰਬੰਧੀ ਟ੍ਰੇਨਿੰਗ ਕੈਂਪ

**ਬਲਾਚੌਰ, (ਜਸਵਿੰਦਰ ਬੈਂਸ)**

ਸਿਵਲ ਸਰਜਨ ਦਫ਼ਤਰ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਿੰਦਰਜੀਤ ਕੌਰ ਦੀ ਰਹਿਨੁਮਾਈ ਹੇਠ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਹਿਊਮਨ ਪੈਪੀਲੋਮਾ ਵਾਇਰਸ (ਐੱਚ.ਪੀ.ਵੀ.) ਵੈਕਸੀਨੇਸ਼ਨ ਸਬੰਧੀ ਐੱਲ ਐੱਚਵੀਜ਼ ਅਤੇ ਏ ਐੱ ਐੱਮਜ਼ ਦੀ ਬਲਾਕ ਪੱਧਰ 'ਤੇ ਇੱਕ ਦਿਨਾ ਵਿਸ਼ੇਸ਼ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਰਵਾਈਕਲ ਕੈਂਸਰ, ਜਿਸਨੂੰ 'ਬੱਚੇਦਾਨੀ ਦੇ ਮੂੰਹ' ਦਾ ਕੈਂਸਰ ਵੀ ਕਿਹਾ ਜਾਂਦਾ ਹੈ, ਤੋਂ ਬਚਾਉਣਾ ਹੈ।ਇਸ ਮੌਕੇ ਐੱਸ ਐੱਮ ਓ ਡਾ. ਸਤਿੰਦਰਜੀਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ 'ਬੱਚੇਦਾਨੀ ਦੇ ਮੂੰਹ' ਦੇ ਕੈਂਸਰ ਦੀ ਰੋਕਥਾਮ ਲਈ ਐੱਚ ਪੀ ਵੀ ਟੀਕਾਕਰਣ ਬਹੁਤ ਅਹਿਮ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਟੀਕਾਕਰਣ ਦੌਰਾਨ ਮਾਪਿਆਂ ਨੂੰ ਵੈਕਸੀਨ ਦੀ ਮਹੱਤਤਾ, ਸੁਰੱਖਿਆ ਅਤੇ ਇਸ ਦੇ ਲਾਭਾਂ ਬਾਰੇ ਸਪੱਸ਼ਟ ਅਤੇ ਵਿਗਿਆਨਕ ਜਾਣਕਾਰੀ ਦੇਣੀ ਯਕੀਨੀ ਬਣਾਈ ਜਾਵੇ, ਤਾਂ ਜੋ ਟੀਕਾਕਰਣ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਵਿਸ਼ਵ ਸਿਹਤ ਸੰਗਠਨ (ਡਬਲਿਊ ਐੱਚ ਓ) ਅਨੁਸਾਰ ਸਰਵਾਈਕਲ ਕੈਂਸਰ ਔਰਤਾਂ ਵਿੱਚ ਹੋਣ ਵਾਲਾ ਚੌਥਾ ਸਭ ਤੋਂ ਆਮ ਕੈਂਸਰ ਹੈ, ਜਦਕਿ ਭਾਰਤ ਵਿੱਚ ਇਹ ਦੂਜਾ ਸਭ ਤੋਂ ਆਮ ਕੈਂਸਰ ਹੈ। ਭਾਵੇਂ ਕਿ ਇਹ ਕੈਂਸਰ ਟੀਕਾਕਰਣ ਰਾਹੀਂ ਰੋਕਿਆ ਜਾ ਸਕਦਾ ਹੈ, ਪਰ ਫਿਰ ਵੀ ਇਹ ਭਾਰਤ ਵਿੱਚ ਔਰਤਾਂ ਦੀ ਮੌਤ ਦਾ ਇੱਕ ਵੱਡਾ ਕਾਰਨ ਬਣਿਆ ਹੋਇਆ ਹੈ। ਅੰਕੜਿਆਂ ਮੁਤਾਬਕ ਹਰ ਅੱਠ ਮਿੰਟਾਂ ਵਿੱਚ ਇੱਕ ਔਰਤ ਦੀ ਮੌਤ ਸਰਵਾਈਕਲ ਕੈਂਸਰ ਕਾਰਨ ਹੋ ਜਾਂਦੀ ਹੈ।ਇਸ ਮੌਕੇ ਬੱਚਿਆਂ ਦੇ ਮਾਹਿਰ ਡਾ. ਸਕੰਧਾ ਰਾਣਾ ਨੇ ਕਿਹਾ ਕਿ ਐੱਚ ਪੀ ਵੀ ਇੱਕ ਆਮ ਜਿਨਸੀ ਤੌਰ 'ਤੇ ਸੰਚਾਰਿਤ ਲਾਗ ਹੈ ਜੋ ਚਮੜੀ ਦੇ ਸੰਪਰਕ ਰਾਹੀਂ ਫੈਲਦੀ ਹੈ। ਕੁਝ ਐੱਚ ਪੀ ਵੀ ਲਾਗਾਂ ਸਮੇਂ ਦੇ ਨਾਲ ਆਪਣੇ ਆਪ ਠੀਕ ਨਹੀਂ ਹੁੰਦੀਆਂ ਅਤੇ ਅੱਗੇ ਚੱਲ ਕੇ ਕੈਂਸਰ ਦਾ ਰੂਪ ਧਾਰ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਨਿਯਮਤ ਸਕ੍ਰੀਨਿੰਗ ਜਿਵੇਂ ਪੈਪ ਟੈਸਟ ਅਤੇ ਐੱਚ.ਪੀ.ਵੀ. ਟੈਸਟ ਰਾਹੀਂ ਬਿਮਾਰੀ ਦੀ ਸ਼ੁਰੂਆਤੀ ਪਛਾਣ ਸੰਭਵ ਹੈ। ਟੀਕਾਕਰਣ, ਸਕ੍ਰੀਨਿੰਗ ਅਤੇ ਸਿਹਤਮੰਦ ਜੀਵਨ-ਸ਼ੈਲੀ ਅਪਣਾ ਕੇ ਸਰਵਾਈਕਲ ਕੈਂਸਰ ਤੋਂ ਪ੍ਰਭਾਵਸ਼ਾਲੀ ਬਚਾਅ ਕੀਤਾ ਜਾ ਸਕਦਾ ਹੈ।



# ਟ੍ਰੈਫਿਕ ਪੁਲਸ ਵੱਲੋਂ ਜਾਗਰੂਕਤਾ ਮੁਹਿੰਮ

**ਮੋਹਾਲੀ, (ਗੁਰਜੀਤ ਬਿੱਲਾ)**-ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ ਏ ਐਸ ਨਗਰ ਹਰਮਨਦੀਪ ਸਿੰਘ ਹਾਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਟ੍ਰੈਫਿਕ ਪੁਲਸ ਮੋਹਾਲੀ ਵੱਲੋ ਕੌਮੀ ਰਾਸ਼ਟਰੀ ਸੜਕ ਸੁਰੱਖਿਆ ਅਭਿਆਨ (2026) 'ਜ਼ੀਰੋ ਮੌਤ ਰਹਿਤ ਪ੍ਰਣਾਲੀ ਯੋਜਨਾ' ਥੀਮ ਅਧੀਨ ਮਿਤੀ 01.01.2026 ਤੋਂ ਲੈ ਕੇ ਮਿਤੀ 31.01.2026 ਤੱਕ ਵੱਖ ਵੱਖ ਕਾਲਜਾਂ, ਸਕੂਲਾਂ ਆਦਿ ਵਿੱਚ ਮਨਾਇਆ ਜਾ ਰਿਹਾ ਹੈ। ਜਿਸ ਦੌਰਾਨ ਵਿਦਿਆਰਥੀਆਂ, ਅਧਿਆਪਕਾਂ, ਵਹੀਕਲ ਚਾਲਕਾਂ ਆਦਿ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਵਾਲੇ ਵਹੀਕਲ ਚਾਲਕਾਂ ਨੂੰ ਗੁਲਾਬ ਦੇ ਫੁੱਲਾਂ ਅਤੇ ਚਾਕਲੇਟਸ ਆਦਿ ਨਾਲ ਸਨਮਾਨਤ ਕੀਤਾ ਗਿਆ। ਜਿਸ ਦੀ ਲੜੀ ਵਿੱਚ ਕਰਨੈਲ ਸਿੰਘ, ਉਪ ਕਪਤਾਨ ਪੁਲਸ, ਟ੍ਰੈਫਿਕ ਵੱਲੋਂ ਟ੍ਰੈਫਿਕ ਕਰਮਚਾਰੀਆਂ ਦੀ ਮਦਦ ਨਾਲ ਮਿੱਲ ਕੇ ਕਰਮਸੀਅਲ ਵਹੀਕਲਾਂ (ਟਰੱਕ, ਟੈਂਪੂ, ਟਰੈਕਟਰ ਟਰਾਲੀ,ਬੱਸਾ, ਟਿੱਪਰ ਆਦਿ) ਤੇ ਰਿਫਲੈਕਟਰ ਲਗਾਏ ਗਏ ਤਾਂ ਜੋ ਧੁੰਦ ਦੇ ਸੀਜ਼ਨ ਦੌਰਾਨ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

## ਚੇਅਰਮੈਨ ਹਡਾਣਾ ਵੱਲੋਂ ਨਵੇਂ ਟਰੇਡ ਵਿੰਗ ਦੇ ਅਹੁਦੇਦਾਰਾਂ ਦਾ ਸਨਮਾਨ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਇੰਚਾਰਜ ਸਨੌਰ ਤੇ ਚੇਅਰਮੈਨ ਪੀ.ਆਰ.ਟੀ.ਸੀ. ਵੱਲੋਂ ਆਪਣੇ ਗ੍ਰਹਿ ਵਿਖੇ ਆਮ ਆਦਮੀ ਪਾਰਟੀ ਦੇ ਨਵੇਂ ਬਣੇ ਟਰੇਡ ਵਿੰਗ ਦੇ ਨਵ-ਨਿਯੁਕਤ ਚੇਅਰਪਰਸਨ, ਹਲਕਾ ਕੋਆਰਡੀਨੇਟਰ ਤੇ ਨਵ-ਨਿਯੁਕਤ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਟਰੇਡ ਵਿੰਗ ਆਮ ਆਦਮੀ ਪਾਰਟੀ ਦੀ ਇੱਕ ਮਹੱਤਵਪੂਰਨ ਕੜੀ ਹੈ, ਜੋ ਵਪਾਰੀ ਵਰਗ ਨੂੰ ਸੰਗਠਨ ਨਾਲ ਜੋੜਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਰਕਾਰ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਪਾਰਟੀ ਦੀ ਪਹਿਲ ਹੈ ਤੇ ਟਰੇਡ ਵਿੰਗ ਇਸ ਦਿਸ਼ਾ ਵਿੱਚ ਇੱਕ ਮਜ਼ਬੂਤ ਮੰਚ ਸਾਬਤ ਹੋਵੇਗਾ।ਇਸ ਮੌਕੇ ਨਵੇਂ ਨਿਯੁਕਤ ਚੇਅਰਪਰਸਨ, ਹਲਕਾ ਕੋਆਰਡੀਨੇਟਰ ਤੇ ਮੈਂਬਰਾਂ ਨੇ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਨੀਤੀ ਅਨੁਸਾਰ ਲੋਕਾਂ ਦੀ ਸੇਵਾ ਕਰਨਗੇ ਤੇ ਵਪਾਰੀ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਵਾਉਣ ਲਈ ਲਗਾਤਾਰ ਯਤਨ ਕਰਦੇ ਰਹਿਣਗੇ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਨੇ ਕੰਬਲ ਤੇ ਗਰਮ ਕੱਪੜੇ ਵੰਡੇ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਪਿਛਲੇ ਕਈ ਦਿਨਾਂ ਤੋਂ ਗ਼ਰੀਬ ਬਸਤੀਆਂ ਤੇ ਭੱਠਿਆਂ ਆਦਿ 'ਤੇ ਜਾ ਕੇ ਲੋੜਵੰਦਾਂ ਨੂੰ ਕੜਾਕੇ ਦੀ ਠੰਢ ਵਿੱਚ ਗਰਮ ਕੱਪੜੇ ਤੇ ਕੰਬਲ਼ ਵੰਡੇ ਗਏ।ਜਾਣਕਾਰੀ ਦਿੰਦੇ ਹੋਏ ਮਾਸਟਰ ਕੁਲਵੰਤ ਸਿੰਘ ਤੇ ਸੁਖਦਰਸ਼ਨ ਸਿੰਘ ਕੁਲਾਨਾ ਨੇ ਦੱਸਿਆ ਕਿ ਸ਼ਹਿਰ ਦੇ ਦਾਨੀ ਸੱਜਣਾਂ ਵੱਲੋਂ ਵੱਡੀ ਗਿਣਤੀ ਵਿੱਚ ਪੁਰਾਣੇ ਤੇ ਨਵੇਂ ਗਰਮ ਕੱਪੜੇ ਸੰਸਥਾ ਨੂੰ ਦਾਨ ਵਜੋਂ ਦਿੱਤੇ ਗਏ।ਇਸੇ ਤਰ੍ਹਾਂ ਚੰਡੀਗੜ੍ਹ ਰਹਿੰਦੇ ਮਹਿੰਦਰ ਸਿੰਘ ਕਟੋਦੀਆ ਬਰੇਟਾ ਵਾਲਿਆਂ ਵੱਲੋਂ ਕਾਫ਼ੀ ਗਿਣਤੀ ਵਿੱਚ ਕੰਬਲ਼ ਦਿੱਤੇ ਗਏ।ਸੰਸਥਾ ਮੈਂਬਰਾਂ ਵੱਲੋਂ ਕਈ ਦਿਨਾਂ ਵਿੱਚ ਇਹ ਕੰਬਲ ਤੇ ਗਰਮ ਕੱਪੜੇ ਗਰੀਬ ਬਸਤੀਆਂ ਤੇ ਭੱਠਿਆਂ ਆਦਿ 'ਤੇ ਜਾ ਕੇ ਲੋੜਵੰਦਾਂ ਨੂੰ ਵੰਡੇ ਗਏ। ਸੰਸਥਾ ਵੱਲੋਂ ਦਾਨੀ ਸੱਜਣਾਂ ਤੇ ਮਹਿੰਦਰ ਸਿੰਘ ਕਟੋਦੀਆ ਦਾ ਤਹਿਦਿਲੋਂ ਧੰਨਵਾਦ ਕੀਤਾ ਗਿਆ।ਕੰਬਲ ਤੇ ਕੱਪੜੇ ਵੰਡਣ ਮੌਕੇ ਉਪਰੋਕਤ ਤੋਂ ਇਲਾਵਾ ਬਲਬੀਰ ਸਿੰਘ ਕੈਂਥ, ਕਾਮਰੇਡ ਹਰਦਿਆਲ ਸਿੰਘ, ਬਲਜਿੰਦਰ ਸ਼ਰਮਾ, ਦਵਿੰਦਰਪਾਲ ਸਿੰਘ, ਮਨਦੀਪ ਸਿੰਘ ਲੱਕੀ, ਨੱਥਾ ਸਿੰਘ, ਮਹਿੰਦਰਪਾਲ ਸਿੰਘ, ਕਮਲਪ੍ਰੀਤ ਸਿੰਘ ਆਦਿ ਸੰਸਥਾ ਮੈਂਬਰ ਹਾਜ਼ਰ ਸਨ।

## ਅਕਾਲ ਤਖ਼ਤ ਸਾਹਿਬ 'ਤੇ ਸਪੱਸ਼ਟੀਕਰਨ ਲਈ ਬੁਲਾਵਾ, ਨਾ ਕਿ ਹਿਸਾਬ-ਕਿਤਾਬ ਲਈ : ਢਿੱਲੋਂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਐੱਸ.ਓ.ਆਈ. ਦੇ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਹੈ ਕਿ ਜਥੇਦਾਰ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਉਸ ਦੇ ਹਾਲੀਆ ਬਿਆਨਾਂ ਤੇ ਗੱਲਾਂ ਦੇ ਸਬੰਧ ਵਿੱਚ ਸਪੱਸ਼ਟੀਕਰਨ ਦੇਣ ਲਈ ਬੁਲਾਇਆ ਗਿਆ ਹੈ, ਨਾ ਕਿ ਕਿਸੇ ਤਰ੍ਹਾਂ ਦਾ ਹਿਸਾਬ-ਕਿਤਾਬ ਕਰਨ ਲਈ।ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਇਹ ਮਾਮਲਾ ਸਿੱਖ ਮਰਿਆਦਾ, ਆਦਰ ਤੇ ਸੰਵੇਦਨਸ਼ੀਲਤਾ ਨਾਲ ਜੁੜਿਆ ਹੋਇਆ ਹੈ, ਜਿਸ ਨੂੰ ਸਿਆਸੀ ਰੰਗ ਦੇਣ ਦੀ ਥਾਂ ਧਾਰਮਿਕ ਸੰਜੀਦਗੀ ਨਾਲ ਲੈਣਾ ਚਾਹੀਦਾ ਹੈ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦੀ ਸਰਵਉੱਚ ਧਾਰਮਿਕ ਅਸਥਾ ਹੈ, ਜਿੱਥੇ ਸਿੱਖ ਮਰਿਆਦਾ ਅਨੁਸਾਰ ਹਰ ਵਿਅਕਤੀ ਨੂੰ ਨਿਮਰਤਾ ਤੇ ਸ਼ਰਧਾ ਨਾਲ ਪੇਸ਼ ਆਉਣਾ ਚਾਹੀਦਾ ਹੈ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਕਿ ਉਹ ਸਿੱਖ ਬਣ ਕੇ, ਪੂਰੀ ਸ਼ਰਧਾ ਤੇ ਨਿਮਰਤਾ ਨਾਲ ਅਕਾਲ ਤਖ਼ਤ ਸਾਹਿਬ 'ਤੇ ਹਾਜ਼ਰ ਹੋਣ ਅਤੇ ਆਪਣੇ ਬਿਆਨਾਂ ਬਾਰੇ ਸਪੱਸ਼ਟੀਕਰਨ ਦੇਣ।ਉਨ੍ਹਾਂ ਕਿਹਾ ਕਿ ਇਹ ਮੰਚ ਬਹਿਸਬਾਜ਼ੀ, ਦਲੀਲਾਂ ਜਾਂ ਸਿਆਸੀ ਅਪੀਲਾਂ ਲਈ ਨਹੀਂ ਹੈ।ਉਨ੍ਹਾਂ ਆਖਿਆ ਕਿ ਅਜਿਹੇ ਮਾਮਲਿਆਂ ਵਿੱਚ ਲਾਈਵ ਵੀਡੀਓਜ਼, ਮੀਡੀਆ ਟਰਾਇਲ ਜਾਂ ਜਨਤਕ ਬਹਿਸਾਂ ਕਰਨਾ ਸਥਿਤੀ ਨੂੰ ਹੋਰ ਗੰਭੀਰ ਬਣਾ ਸਕਦਾ ਹੈ।ਅਕਾਲ ਤਖ਼ਤ ਸਾਹਿਬ 'ਤੇ ਪੇਸ਼ੀ ਦਾ ਮਤਲਬ ਹੈ ਆਪਣੇ ਅੰਦਰ ਝਾਕਣਾ, ਗਲਤਫ਼ਹਿਮੀਆਂ ਨੂੰ ਦੂਰ ਕਰਨਾ ਤੇ ਪੰਥਕ ਮਰਿਆਦਾ ਦੀ ਪਾਲਣਾ ਕਰਨੀ।ਇਸ ਲਈ ਜ਼ਰੂਰੀ ਹੈ ਕਿ ਮੁੱਖ ਮੰਤਰੀ ਆਪਣੇ ਅਹੁਦੇ ਦੀ ਮਰਿਆਦਾ ਨੂੰ ਵੀ ਧਿਆਨ ਵਿੱਚ ਰੱਖਣ।ਗੁਰਦਿੱਤ ਸਿੰਘ ਢਿੱਲੋਂ ਨੇ ਕਿਹਾ ਕਿ ਸਿੱਖ ਸੰਸਥਾਵਾਂ ਤੇ ਧਾਰਮਿਕ ਅਸਥਾਵਾਂ ਨੂੰ ਸਿਆਸੀ ਵਿਵਾਦਾਂ ਤੋਂ ਦੂਰ ਰੱਖਣਾ ਸਮੇਂ ਦੀ ਲੋੜ ਹੈ।ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਦਾ ਆਦਰ ਕਰਦੇ ਹੋਏ ਸਪੱਸ਼ਟੀਕਰਨ ਦੇਣਗੇ, ਤਾਂ ਜੋ ਪੰਥਕ ਏਕਤਾ ਤੇ ਸਦਭਾਵਨਾ ਕਾਇਮ ਰਹੇ।

## ਪੰਜਾਬੀ ਸਾਹਿਤ ਸਭਾ ਖੰਨਾ ਦੀ ਮੀਟਿੰਗ 'ਚ ਚੱਲਿਆ ਰਚਨਾਵਾਂ ਦਾ ਦੌਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਇਕੱਤਰਤਾ ਏ. ਐੱਸ. ਸੀਨੀ. ਸੈਕੰ. ਸਕੂਲ ਖੰਨਾ ਵਿਖੇ ਸਭਾ ਦੇ ਪ੍ਰਧਾਨ ਨਰਿੰਦਰ ਮਣਕੂ ਤੇ ਸਰਪ੍ਰਸਤ ਮਨਜੀਤ ਸਿੰਘ ਧੰਜਲ ਦੀ ਅਗਵਾਈ ਹੇਠ ਹੋਈ।ਸਭਾ ਵਿੱਚ ਦੂਰੋਂ-ਨੇੜਿਓਂ ਆਏ ਸਾਹਿਤਕਾਰਾਂ ਨੇ ਵੱਖ- ਵੱਖ ਵੰਨਗੀਆਂ ਵਿੱਚ ਭਾਗ ਲਿਆ।ਇਸ ਤੋਂ ਬਾਅਦ ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਸੁਖਵਿੰਦਰ ਸਿੰਘ ਬਿੱਟੂ ਖੰਨੇ ਵਾਲੇ ਨੇ ਗੀਤ 'ਕਰਮਾਂ ਦੀ ਗੱਲ', ਮਨਜੀਤ ਸਿੰਘ ਧੰਜਲ ਨੇ ਗੀਤ 'ਧੀਆਂ ਦੀਆਂ ਲੋਹੜੀਆਂ', ਗੁਰੀ ਤੁਰਮਰੀ ਗੀਤ 'ਮਾਲਕਾ ਰੋਕ ਲੈ', ਨਰਿੰਦਰ ਮਣਕੂ ਨੇ ਕਵਿਤਾ 'ਮਾਂ', ਹਰਬੰਸ ਸਿੰਘ ਸ਼ਾਨ ਬਗਲੀ ਕਲਾਂ ਨੇ ਮਿੰਨੀ ਕਹਾਣੀ 'ਰਖ਼ਵਾਲੀ', ਹਰਿੰਦਰ ਸਿੰਘ ਢਿੱਲੋਂ ਨੇ ਗੀਤ 'ਬਦਲ ਰਿਹਾ ਸੰਸਾਰ', ਅਵਤਾਰ ਸਿੰਘ ਉਟਾਲਾਂ ਗੀਤ 'ਉਡੀਕਦਾ ਵਕੀਲ', ਸੁਖਦੇਵ ਸਿੰਘ ਕਲੇਰ ਨੇ ਕਵਿਤਾ 'ਨੀਲਾ ਤਾਰਾ' ਤੇ ਬਾਵਾ ਹੋਲੀਆ ਨੇ ਗੀਤ 'ਲੰਘ ਜਾਣ ਦੇ' ਸੁਣਾ ਕੇ ਵਾਹ-ਵਾਹ ਖੱਟੀ।ਇਨ੍ਹਾਂ ਸਾਰੀਆਂ ਰਚਨਾਵਾਂ ਉੱਤੇ ਉਸਾਰੂ ਬਹਿਸ ਹੋਈ, ਜਿਸ 'ਚ ਮਨਜੀਤ ਸਿੰਘ ਧੰਜਲ, ਹਰਬੰਸ ਸਿੰਘ ਸਾਨ ਬਗਲੀ ਕਲਾਂ, ਸੁਖਦੇਵ ਸਿੰਘ ਕਲੇਰ, ਤਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ ਬਗਲੀ ਕਲਾਂ ਨੇ ਭਾਗ ਲਿਆ।ਸਭਾ ਦੀ ਕਾਰਵਾਈ ਗੁਰੀ ਤੁਰਮਰੀ ਨੇ ਬਾਖ਼ੂਬੀ ਨਿਭਾਈ। ਆਏ ਸਾਰੇ ਸਾਹਿਤਕਾਰਾਂ ਦਾ ਮਨਜੀਤ ਸਿੰਘ ਧੰਜਲ ਵੱਲੋਂ ਧੰਨਵਾਦ ਕੀਤਾ ਗਿਆ।

## ਆਰੀਅਨਜ਼ ਇੰਸਟੀਚਿਊਟ ਆਫ ਨਰਸਿੰਗ ਵੱਲੋਂ 'ਪਰਿਆਵਰਣ ਸੁਰੱਖਿਆ ਯੋਜਨਾ' ਦਾ ਆਯੋਜਨ



**ਰਾਜਪੁਰਾ (ਰਮੇਸ਼ ਕਟਾਰੀਆ)**-ਆਰੀਅਨਜ਼ ਇੰਸਟੀਚਿਊਟ ਆਫ ਨਰਸਿੰਗ ਰਾਜਪੁਰਾ ਨੇੜੇ ਚੰਡੀਗੜ੍ਹ ਨੇ ਆਰੀਅਨਜ਼ ਕੈਂਪਸ ਵਿਖੇ ਪਰਿਆਵਰਣ ਸੁਰੱਖਿਆ ਯੋਜਨਾ ਦਾ ਆਯੋਜਨ ਕੀਤਾ।ਪ੍ਰੋਗਰਾਮ ਵਿੱਚ ਨਰਸਿੰਗ, ਇੰਜੀਨੀਅਰਿੰਗ, ਕਾਨੂੰਨ, ਫਾਰਮੇਸੀ, ਪੈਰਾ-ਮੈਡੀਕਲ, ਬੀਪੀਟੀ ਤੇ ਮੈਨੇਜਮੈਂਟ ਆਦਿ ਦੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ।ਪ੍ਰਿੰਸੀਪਲ ਸ੍ਰੀਮਤੀ ਨਿਧੀ ਚੋਪੜਾ ਨੇ ਦੱਸਿਆ ਕਿ ਇਹ ਪਹਿਲ ਵਾਤਾਵਰਣ ਸੁਰੱਖਿਆ ਤੇ ਟਿਕਾਊ ਵਿਕਾਸ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਰੁੱਖ ਲਗਾਉਣ ਤੇ ਵਾਤਾਵਰਣ-ਜਾਗਰੂਕਤਾ ਗਤੀਵਿਧੀਆਂ 'ਤੇ ਕੇਂਦ੍ਰਿਤ ਸੀ।ਵਿਦਿਆਰਥੀਆਂ ਨੇ ਉਤਸ਼ਾਹ ਨਾਲ ਪੌਦੇ ਲਗਾਏ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਈ।ਪ੍ਰੋਗਰਾਮ ਵਿਦਿਆਰਥੀਆਂ ਤੇ ਸਟਾਫ ਦੁਆਰਾ ਇੱਕ ਸਾਫ਼, ਹਰਾ ਤੇ ਟਿਕਾਊ ਵਾਤਾਵਰਣ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਸਹੁੰ ਨਾਲ ਸਮਾਪਤ ਹੋਇਆ।

## ਬਿੱਗ ਹੋਪ ਫਾਊਂਡੇਸ਼ਨ ਵੱਲੋਂ ਬੈਟਰੀ ਵਾਲੇ ਹੱਥ ਲਗਾਉਣ ਸੰਬੰਧੀ ਕੈਂਪ



**ਬਰੇਟਾ (ਰੀਤਵਾਲ)**-ਬਿੱਗ ਹੋਪ ਫਾਊਂਡੇਸ਼ਨ ਬਰੇਟਾ ਵੱਲੋਂ ਇਨਾਲੀ ਫਾਊਂਡੇਸ਼ਨ ਪੁਣੇ ਮਹਾਰਾਸ਼ਟਰ ਦੇ ਸਹਿਯੋਗ ਨਾਲ ਬੈਟਰੀ ਵਾਲੇ ਬਾਂਹ ਲਗਾਉਣ ਦਾ ਮੁਫ਼ਤ ਕੈਂਪ ਅਗਰਵਾਲ ਧਰਮਸ਼ਾਲਾ ਬਰੇਟਾ ਵਿਖ਼ੇ ਲਗਾਇਆ ਗਿਆ, ਜਿਸ ਵਿੱਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਤੇ ਹੋਰ ਸੂਬਿਆਂ ਦੇ ਲੋੜਵੰਦ ਵਿਅਕਤੀਆਂ ਨੇ ਵੀ ਹਿੱਸਾ ਲਿਆ।ਇਸ ਸਮਾਗਮ ਦੌਰਾਨ ਰਾਮਪਾਲ ਸੇਖੋਂ ਚੇਅਰਮੈਨ ਗਿਆਨ ਸਾਗਰ ਸਕੂਲ ਕਾਹਨਗੜ੍ਹ, ਗਗਨਦੀਪ ਸ਼ਰਮਾ ਤੇ ਸਟੇਟ ਐਵਾਰਡ ਜੋਗਿੰਦਰ ਸਿੰਘ ਲਾਲੀ ਆਲਮਪੁਰ ਮੰਦਰਾਂ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਇਹ ਉਪਰਾਲਾ ਬਹੁਤ ਹੀ ਸ਼ਾਲਾਘਾਯੋਗ ਹੈ।ਸਾਡੇ ਸਮਾਜ ਦੇ ਸਾਰੇ ਲੋਕਾਂ ਨੂੰ ਰਲ ਕੇ ਅਜਿਹੇ ਕੈਂਪ ਲਗਾਉਣ ਵਾਲੀਆਂ ਸੰਸਥਾਵਾਂ, ਕਲੱਬਾਂ ਤੇ ਮਨਿੰਦਰ ਸਿੰਗਲਾ ਵਰਗੇ ਸਮਾਜ ਸੇਵੀ ਲੋਕਾਂ ਦੀ ਹੌਂਸਲਾ ਅਫ਼ਜ਼ਾਈ ਤਨ ਮਨ ਧਨ ਨਾਲ ਕਰਨੀ ਬਣਦੀ ਹੈ ਤਾਂ ਜੋ ਅਜਿਹੇ ਸਮਾਜ ਸੇਵੀ ਉਤਸ਼ਾਹਤ ਹੋ ਕੇ ਅੰਗਹੀਣਾਂ, ਬਿਰਧਾਂ ਤੇ ਸਮਾਜ ਦੇ ਹੋਰ ਲੋੜਵੰਦ ਲੋਕਾਂ ਲਈ ਅੱਗੇ ਤੋਂ ਹੋਰ ਜ਼ਿਆਦਾ ਅਜਿਹੇ ਉਪਰਾਲੇ ਕਰਦੇ ਰਹਿਣ।ਸੰਸਥਾ ਦੇ ਪ੍ਰਧਾਨ ਮਨਿੰਦਰ ਸਿੰਗਲਾ ਨੇ ਕੈਂਪ ਵਿੱਚ ਹਾਜ਼ਰ ਸ਼ਖ਼ਸੀਅਤਾਂ ਦਾ ਇਸ ਕੈਂਪ ਨੂੰ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ ਤੇ ਕਿਹਾ ਕਿ ਸੰਸਥਾ ਵੱਲੋਂ ਹੁਣ ਤੱਕ 600 ਦੇ ਲਗਭਗ ਬੈਟਰੀ ਵਾਲੇ ਹੱਥ ਲਗਾਏ ਜਾ ਚੁੱਕੇ ਹਨ।

# ਸ਼ਹਿਰ 'ਚ ਲੱਗੇ ਗੰਦਗੀ ਦੇ ਢੇਰਾਂ ਨੂੰ ਲੈ ਕੇ ਨਗਰ ਸੁਧਾਰ ਸਭਾ ਵੱਲੋਂ ਸਖ਼ਤ ਚਿਤਾਵਨੀ

**ਇਸ ਦਾ ਛੇਤੀ ਹੱਲ ਨਾ ਕੀਤਾ ਤਾਂ ਤਿੱਖਾ ਸੰਘਰਸ਼ ਵਿੱਢਾਂਗੇ**



**ਬੁਢਲਾਡਾ (ਅਸ਼ੋਕ ਲਾਕੜਾ)** ਇੱਥੇ ਨਗਰ ਸੁਧਾਰ ਸਭਾ ਬੁਢਲਾਡਾ ਨੇ ਸ਼ਹਿਰ ਵਿੱਚ ਕੂੜੇ-ਕਰਕਟ ਦੀ ਗੰਦਗੀ ਦੇ ਢੇਰਾਂ ਦੇ ਮਾਮਲੇ ਵਿੱਚ ਸਖ਼ਤ ਰੁਖ਼ ਅਖ਼ਤਿਆਰ ਕਰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਨਗਰ ਕੌਂਸਲ ਤੇ ਪ੍ਰਸ਼ਾਸਨ ਛੇਤੀ ਮਸਲਾ ਹੱਲ ਨਾ ਕੀਤਾ ਤਾਂ ਸ਼ਹਿਰ ਦੇ ਲੋਕਾਂ ਤੇ ਵੱਖ ਵੱਖ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਵਿੱਢੇਗੀ। ਸੰਸਥਾ ਦੇ ਸੀਨੀਅਰ ਆਗੂਆਂ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਤੇ ਪ੍ਰੇਮ ਸਿੰਘ ਦੋਦੜਾ ਨੇ ਕਿਹਾ ਕਿ ਸ਼ਹਿਰ ਦੇ ਲੋਕ ਤਕਰੀਬਨ ਇੱਕ ਮਹੀਨੇ ਤੋਂ ਨਰਕ ਵਾਲੇ ਮਾਹੌਲ ਵਿੱਚ ਰਹਿ ਰਹੇ ਹਨ।ਨਗਰ ਕੌਂਸਲ ਤੇ ਪ੍ਰਸ਼ਾਸਨ ਤਮਾਸ਼ਬੀਨ ਬਣਿਆ ਬੈਠਾ ਹੈ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਕੋਲ ਆਪਣੀ ਮਾਲਕੀ ਵਾਲੀਆਂ ਜ਼ਮੀਨਾਂ ਹਨ, ਪਰ ਇਨ੍ਹਾਂ ਜ਼ਮੀਨਾਂ ਉੱਪਰ ਅਸਰ ਰਸੂਖ ਵਾਲੇ ਸ਼ਖਸਾਂ ਨੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ।ਇਨ੍ਹਾਂ ਜਾਇਦਾਦਾਂ ਉੱਪਰ ਅਕਾਲੀ-ਭਾਜਪਾ ਗੱਠਜੋੜ ਤੇ ਕਾਂਗਰਸ ਪਾਰਟੀ ਦੀਆਂ ਸਰਕਾਰਾਂ ਸਮੇਂ ਤੋਂ ਨਜਾਇਜ਼ ਕਬਜ਼ਾ ਚੱਲਿਆ ਆ ਰਿਹਾ ਹੈ ਅਤੇ ਮੌਜੂਦਾ ਆਮ ਆਦਮੀ ਪਾਰਟੀ ਦੇ ਰਾਜ ਭਾਗ ਵਿੱਚ ਨਜਾਇਜ਼ ਕਬਜ਼ਾ ਪਹਿਲਾਂ ਵਾਂਗ ਕਾਇਮ ਹੈ।ਆਗੂਆਂ ਨੇ ਕਿਹਾ ਕਿ ਪ੍ਰਸ਼ਾਸਨਕ ਅਧਿਕਾਰੀ ਨਗਰ ਕੌਂਸਲ ਦੀਆਂ ਜ਼ਮੀਨਾਂ ਤੋਂ ਨਜਾਇਜ਼ ਕਬਜ਼ਾ ਹਟਾਉਣ ਦੀ ਬਜਾਏ ਧਰਨੇ 'ਤੇ ਬੈਠੇ ਲੋਕਾਂ ਨੂੰ ਧਮਕਾ ਰਹੇ ਹਨ, ਜੋ ਕਿ ਸਰਾਸਰ ਗਲਤ ਤੇ ਨਿੰਦਣਯੋਗ ਹੈ।ਜੇਕਰ ਪ੍ਰਸ਼ਾਸਨ ਅਜਿਹਾ ਰਵੱਈਆ ਅਪਣਾਉਂਦਾ ਹੈ ਤਾਂ ਸ਼ਹਿਰ ਦਾ ਮਾਹੌਲ ਖਰਾਬ ਹੋ ਜਾਵੇਗਾ, ਜਿਸ ਲਈ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੋਵੇਗੀ। ਇਸ ਮੌਕੇ ਨਗਰ ਸੁਧਾਰ ਸਭਾ ਦੇ ਆਗੂਆਂ ਅਵਤਾਰ ਸਿੰਘ ਔਲਖ, ਮਾ. ਰਘੂਨਾਥ ਸਿੰਗਲਾ ਤੇ ਹਰਦਿਆਲ ਸਿੰਘ ਦਾਰਤੇਵਾਸ ਨੇ ਮੰਗ ਕੀਤੀ ਕਿ ਆਵਾਰਾ ਪਸ਼ੂਆਂ ਦਾ ਢੁੱਕਵਾਂ ਹੱਲ ਕੀਤਾ ਜਾਵੇ, ਨਸ਼ਿਆਂ ਸਮੇਤ ਮੈਡੀਕਲ ਨਸ਼ੇ ਨੂੰ ਠੱਲ੍ਹ ਪਾਈ ਜਾਵੇ, ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇ, ਨਗਰ ਕੌਂਸਲ ਸਮੇਤ ਵੱਖ ਵੱਖ ਦਫ਼ਤਰਾਂ ਵਿੱਚ ਫੈਲੇ ਭ੍ਰਿਸ਼ਟਾਚਾਰ ਨੂੰ ਨੱਥ ਪਾਈ ਜਾਵੇ, ਅਵਾਰਾਗਰਦੀ-ਗੁੰਡਾਗਰਦੀ ਤੇ ਚੋਰੀ, ਲੁੱਟ-ਖੋਹ ਦੀ ਵਾਰਦਾਤਾਂ ਨੂੰ ਸਖ਼ਤੀ ਨਾਲ ਰੋਕਿਆ ਜਾਵੇ।

## ਗੁਦਾਮ ਚੋਂ ਲੱਖਾਂ ਦੀ ਕਣਕ ਚੋਰੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਲੁਧਿਆਣਾ-ਬਠਿੰਡਾ ਮੁੱਖ ਮਾਰਗ ਉਪਰ ਮਹਿਲ ਕਲਾਂ ਨੇੜੇ ਪਨਸਪ ਦੇ ਗੁਦਾਮਾਂ 'ਚ ਬੀਤੀ ਰਾਤ ਚੋਰ ਗਰੋਹ ਵੱਲੋਂ ਚੋਰੀ ਦੀ ਵੱਡੀ ਘਟਨਾ ਨੂੰ ਅੰਜਾਮ ਦੇ ਕੇ ਲੱਖਾਂ ਰੁਪਏ ਦੀ ਕਣਕ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪਨਸਪ ਦੇ ਇੰਸਪੈਕਟਰ ਸੰਦੀਪ ਕੁਮਾਰ ਨੇ ਦੱਸਿਆ ਕਿ ਪੜਤਾਲ ਦੌਰਾਨ ਪਤਾ ਲੱਗਿਆ ਕਿ ਚੋਰ ਗੁਦਾਮਾਂ ਦੇ ਪਾਸਿਓਂ ਖੇਤਾਂ ਵੱਲ ਦੀਆਂ ਕੰਧਾਂ ਟੱਪ ਕੇ ਕਣਕ ਦੇ 300 ਦੇ ਕਰੀਬ ਬੋਰੀਆਂ ਕੈਂਟਰ ਵਿੱਚ ਲੱਦ ਕੇ ਫਰਾਰ ਹੋ ਗਏ।ਉਨ੍ਹਾਂ ਦੱਸਿਆ ਕਿ ਕਣਕ ਦੇ ਕੁਲ ਸਟਾਕ ਦੀ ਪੂਰੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ, ਤਾਂ ਜੋ ਪਤਾ ਲਗਾਇਆ ਜਾ ਸਕੇ ਕਿੰਨੀ ਮਾਤਰਾ 'ਚ ਕਣਕ ਚੋਰੀ ਹੋਈ ਹੈ। ਘਟਨਾ ਦਾ ਪਤਾ ਲੱਗਦਿਆਂ ਐਸ ਐਚ ਓ ਸਰਬਜੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਘਟਨਾ ਸਥਾਨ ਤੇ ਪਹੁੰਚ ਕੇ ਪਨਸਪ ਦੇ ਅਧਿਕਾਰੀਆਂ ਦੀ ਹਾਜ਼ਰੀ 'ਚ ਗੁਦਾਮ ਦੀ ਸਥਿਤੀ ਦਾ ਜਾਇਜ਼ਾ ਲਿਆ।ਉਨ੍ਹਾਂ ਕਿਹਾ ਕਿ ਇਸ ਗੁਦਾਮ 'ਚ ਰਾਤ ਅਤੇ ਦਿਨ ਸਮੇਂ ਡਿਊਟੀ 'ਤੇ ਤਾਇਨਾਤ ਰਹਿਣ ਵਾਲੇ ਚੌਕੀਦਾਰਾਂ ਦੀ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਆਲੇ ਦੁਆਲੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਵੀ ਖੰਗਾਲੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਨਸਪ ਅਧਿਕਾਰੀਆਂ ਵੱਲੋਂ ਬਿਆਨ ਦਰਜ ਕਰਵਾਏ ਜਾਣ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਖੰਨਾ ਦੇ ਨਵੇਂ ਐੱਸ ਐੱਸ ਪੀ ਡਾ. ਦਰਪਣ ਆਹਲੂਵਾਲੀਆ ਨੇ ਚਾਰਜ ਸੰਭਾਲਿਆ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਖੰਨਾ ਦੇ ਨਵੇਂ ਸੀਨੀਅਰ ਪੁਲਸ ਕਪਤਾਨ (ਐੱਸ ਐੱਸ ਪੀ) ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਹੈ ਕਿ ਸ਼ਹਿਰਾਂ ਤੇ ਪਿੰਡਾਂ ਵਿੱਚ ਅਪਰਾਧ ਨੂੰ ਰੋਕਣਾ ਤੇ ਠੱਲ੍ਹ ਪਾਉਣ ਦੇ ਨਾਲ-ਨਾਲ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਨੂੰ ਮੁੱਖ ਤਰਜੀਹ ਦਿੱਤੀ ਜਾਵੇਗੀ।ਸੋਮਵਾਰ ਨੂੰ ਦਫਤਰ ਸੀਨੀਅਰ ਪੁਲਸ ਕਪਤਾਨ ਖੰਨਾ ਵਿਖੇ ਆਪਣਾ ਚਾਰਜ ਲੈਣ ਉਪਰੰਤ ਉਨ੍ਹਾਂ ਕਿਹਾ ਕਿ ਦੇਸ਼ ਤੇ ਸਮਾਜ ਦੀ ਸ਼ਾਨਦਾਰ ਸੇਵਾ ਕਰਨ ਦੀ ਪੰਜਾਬ ਪੁਲਸ ਦੀ ਇਕ ਸ਼ਾਨਮੱਤੀ ਰਵਾਇਤ ਹੈ ਤੇ ਇਸ ਨੂੰ ਬਰਕਰਾਰ ਰੱਖਣ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ।ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਵਿੱਚ ਰੱਖਣ ਸਬੰਧੀ ਕੀਤੇ ਜਾਣ ਵਾਲੇ ਯਤਨਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਅਪਰਾਧੀਆਂ 'ਤੇ ਨਕੇਲ ਕੱਸਣ ਲਈ ਠੋਸ ਰਣਨੀਤੀ ਤਿਆਰ ਕੀਤੀ ਜਾਵੇਗੀ ਤੇ ਉਨ੍ਹਾਂ 'ਤੇ ਸਖ਼ਤ ਨਿਗ੍ਹਾ ਰੱਖੀ ਜਾਵੇਗੀ ਨਾਲ ਹੀ ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ਼ ਜੰਗ ਨੂੰ ਸ਼ਹਿਰਾਂ ਤੇ ਪਿੰਡਾਂ ਵਿੱਚ ਹੋਰ ਵੀ ਪ੍ਰਭਾਵੀ ਢੰਗ ਨਾਲ ਚਲਾਇਆ ਜਾਵੇਗਾ ਅਤੇ ਇਸ ਕੋਹੜ ਤੋਂ ਮੁਕਤ ਕਰਵਾਇਆ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰਾਂ ਦੇ ਟ੍ਰੈਫਿਕ ਨੂੰ ਵੀ ਨਿਯੰਤਰਣ ਵਿੱਚ ਕਰਨ ਲਈ ਪ੍ਰਭਾਵੀ ਰਣਨੀਤੀ ਤਿਆਰ ਕੀਤੀ ਜਾਵੇਗੀ, ਜਿਸ ਲਈ ਟ੍ਰੈਫਿਕ ਦੇ ਪ੍ਰਬੰਧਾਂ ਦੀ ਚੰਗੀ ਤਰ੍ਹਾਂ ਨਾਲ ਘੋਖ ਕੀਤੀ ਜਾਵੇਗੀ।ਇਸ ਤੋਂ ਪਹਿਲਾਂ ਡਾ. ਦਰਪਣ ਆਹਲੂਵਾਲੀਆ ਨੂੰ ਦਫਤਰ ਪੁੱਜਣ 'ਤੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ।ਇਸ ਉਪਰੰਤ ਉਨ੍ਹਾਂ ਤਾਇਨਾਤ ਪੁਲਸ ਅਧਿਕਾਰੀ ਐੱਸ.ਪੀਜ਼, ਡੀ.ਐੱਸ.ਪੀਜ਼, ਸਮੂਹ ਐੱਸ.ਐੱਚ.ਓਜ਼ ਨਾਲ ਬੈਠਕ ਕਰ ਕੇ ਸ਼ਹਿਰਾਂ ਤੇ ਪਿੰਡਾਂ ਦੇ ਹਾਲਾਤਾਂ ਦਾ ਜਾਇਜ਼ਾ ਲਿਆ।

## ਗੁੱਡ ਮੌਰਨਿੰਗ ਕਲੱਬ ਨੇ ਭੰਗੜੇ ਪਾ ਕੇ ਲੋਹੜੀ ਦੀ ਖੁਸ਼ੀ ਮਨਾਈ



**ਕੋਟਕਪੂਰਾ (ਰਛਪਾਲ ਭੁੱਲਰ)**-ਲੋਹੜੀ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਲਈ ਸਥਾਨਕ ਫੇਰੂਮਾਨ ਚੌਂਕ ਵਿੱਚ ਸਥਿੱਤ ਇਕ ਨਿੱਜੀ ਹੋਟਲ ਵਿੱਚ ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਵੱਲੋਂ ਕਰਵਾਏ ਗਏ ਪ੍ਰੋਗਰਾਮ ਵਿੱਚ ਸਰਬਸੰਮਤੀ ਨਾਲ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਵੱਲੋਂ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਲਈ ਪ੍ਰਗਟਾਈ ਜਾ ਰਹੀ ਚਿੰਤਾ ਨੂੰ ਦੂਰ ਕਰਨ ਤੇ ਨੌਜਵਾਨਾਂ ਦਾ ਭਵਿੱਖ ਰੁਸ਼ਨਾਉਣ ਲਈ ਉਲੀਕੇ ਪ੍ਰੋਗਰਾਮਾਂ ਵਿੱਚ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਫੈਸਲਾ ਕੀਤਾ ਗਿਆ। ਸੁਪਰਡੈਂਟ ਜਸਕਰਨ ਸਿੰਘ ਭੱਟੀ ਤੇ ਓਮ ਪ੍ਰਕਾਸ਼ ਗੁਪਤਾ ਨੇ ਨਵੇਂ ਬਣੇ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਕਲੱਬ ਦੇ ਰੂਲ ਐਂਡ ਰੈਗੂਲੇਸ਼ਨ ਤੋਂ ਜਾਣੂ ਕਰਵਾਇਆ।ਕਲੱਬ ਦੇ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਕਲੱਬ ਵੱਲੋਂ ਅਤੀਤ ਵਿੱਚ ਕੀਤੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਤੇ ਭਵਿੱਖ ਵਿੱਚ ਉਲੀਕੇ ਜਾਣ ਵਾਲੇ ਪ੍ਰੋਗਰਾਮਾਂ ਦਾ ਜ਼ਿਕਰ ਕੀਤਾ।ਨਵੇਂ ਬਣੇ ਮੈਂਬਰ ਕੁਲਦੀਪ ਸਿੰਘ ਗਿੱਲ ਨੇ ਮੰਨਿਆ ਕਿ ਕਲੱਬ ਨਾਲ ਜੁੜ ਕੇ ਉਸ ਦੀਆਂ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦੂਰ ਹੋ ਗਈਆਂ ਹਨ ਤੇ ਉਹ ਕਲੱਬ ਨਾਲ ਜੁੜਨ ਤੋਂ ਬਾਅਦ ਖੁਦ ਨੂੰ ਹਲਕਾ ਹਲਕਾ ਤੇ ਸੰਤੁਸ਼ਟ ਮਹਿਸੂਸ ਕਰ ਰਿਹਾ ਹੈ।ਨਵੇਂ ਬਣੇ ਮੈਂਬਰਾਂ ਵਿੱਚ ਸ਼ਾਮਲ ਗੁਰਜੀਤ ਸਿੰਘ ਸੋਢੀ ਤੇ ਡਾ. ਕੇ. ਕੇ. ਕਟਾਰੀਆ ਨੇ ਮਾਣ ਮਹਿਸੂਸ ਕੀਤਾ ਕਿ ਉਹ ਇਲਾਕੇ ਦੀ ਨਾਮਵਰ ਸੰਸਥਾ ਨਾਲ ਜੁੜ ਰਹੇ ਹਨ।ਗੁਰਚਰਨ ਸਿੰਘ ਬੱਬੂ ਗੀਤ, ਸ਼ੇਅਰ ਤੇ ਚੁਟਕਲੇ ਸੁਣਾ ਕੇ ਰੰਗ ਬੰਨ੍ਹਿਆ, ਜਦਕਿ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਢੋਲ ਦੀ ਤਾਲ 'ਤੇ ਨੱਚ ਟੱਪ ਕੇ, ਭੰਗੜੇ ਤੇ ਡਾਂਸ ਰਾਹੀਂ ਖੂਬ ਮਨੋਰੰਜਨ ਕਰਨ ਤੋਂ ਬਾਅਦ ਰਾਤ ਦਾ ਖਾਣਾ ਇਕੱਠਿਆਂ ਨੇ ਖਾਧਾ।ਅੰਤ ਵਿੱਚ ਸਾਰਿਆਂ ਨੇ ਇੱਕ ਦੂਜੇ ਨੂੰ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦਿੰਦਿਆਂ ਚੰਗੇਰੇ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।ਨਵੇਂ ਬਣੇ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਉਨ੍ਹਾ ਦਾ ਗਰਮਜੋਸ਼ੀ ਨਾਲ ਸੁਆਗਤ ਵੀ ਕੀਤਾ ਗਿਆ।

## ਡਾ. ਜਯੋਤੀ ਯਾਦਵ ਬੈਂਸ ਨੇ ਐੱਸ ਐੱਸ ਪੀ ਬਠਿੰਡਾ ਵਜੋਂ ਚਾਰਜ ਸੰਭਾਲਿਆ



**ਬਠਿੰਡਾ (ਰਾਜੀਵ ਗੋਇਲ)**-2019 ਬੈਚ ਦੇ ਆਈਪੀਐੱਸ ਅਧਿਕਾਰੀ ਡਾ. ਜਯੋਤੀ ਯਾਦਵ ਬੈਂਸ ਨੇ ਇਥੇ ਐੱਸ ਐੱਸ ਪੀ ਬਠਿੰਡਾ ਵਜੋਂ ਅਹੁਦਾ ਸੰਭਾਲ ਲਿਆ ਹੈ।ਇਸ ਤੋਂ ਪਹਿਲਾਂ ਡਾ. ਜਯੋਤੀ ਯਾਦਵ ਬੈਂਸ ਐੱਸ ਐੱਸ ਪੀ ਖੰਨਾ ਵਜੋਂ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਸਨ।ਇਸ ਦੌਰਾਨ ਉਨ੍ਹਾਂ ਨੂੰ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਗਾਰਡ ਆਫ ਆਨਰ ਨਾਲ ਸਨਮਾਨਤ ਵੀ ਕੀਤਾ ਗਿਆ।ਆਪਣਾ ਅਹੁਦਾ ਸੰਭਾਲਣ ਉਪਰੰਤ ਜ਼ਿਲ੍ਹਾ ਪੁਲਸ ਮੁਖੀ ਡਾ. ਜਯੋਤੀ ਯਾਦਵ ਬੈਂਸ ਨੇ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਕੀਮਤ 'ਤੇ ਬਰਕਰਾਰ ਰੱਖਣਾ ਪੁਲਸ ਦੀ ਸਭ ਤੋਂ ਵੱਡੀ ਤਰਜੀਹ ਹੋਵੇਗੀ।ਉਨ੍ਹਾ ਕਿਹਾ ਕਿ ਨਸ਼ਾ ਤਸਕਰਾਂ ਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਤੱਤਾਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਐੱਸ ਐੱਸ ਪੀ ਡਾ. ਜਯੋਤੀ ਯਾਦਵ ਬੈਂਸ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ, ਸ਼ਾਂਤੀ ਤੇ ਭਰੋਸਾ ਕਾਇਮ ਰੱਖਣਾ ਪੁਲਸ ਦੀ ਮੁੱਖ ਜ਼ਿੰਮੇਵਾਰੀ ਹੈ ਤੇ ਇਸ ਦਿਸ਼ਾ ਵਿੱਚ ਕੋਈ ਵੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਨੇ ਲੋਹੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਸੀਨੀਅਰ ਸਿਟੀਜਨ ਵੈੱਲਫੇਅਰ ਫੋਰਮ ਜਗਰਾਓਂ ਦੇ ਮੈਂਬਰਾਂ ਨੇ ਅਪਣੇ ਪਰਿਵਾਰਾਂ ਸਮੇਤ ਲੋਹੜੀ ਤੇ ਮਾਘੀ ਦਾ ਤਿਉਹਾਰ ਅਪਣੇ ਭਵਨ ਵਿਖੇ ਪ੍ਰਧਾਨ ਮਦਨ ਲਾਲ ਬਾਂਸਲ ਦੀ ਪ੍ਰਧਾਨਗੀ ਹੇਠ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ।ਪ੍ਰਧਾਨ ਮਦਨ ਲਾਲ ਬਾਂਸਲ ਨੇ ਆਏ ਮੈਂਬਰਾਂ ਦਾ ਸੁਆਗਤ ਕਰਦਿਆਂ 1 ਜਨਵਰੀ ਤੋਂ ਲੈ ਕੇ ਅੱਜ ਤੱਕ ਦੇ ਜਨਮ ਦਿਨ ਤੇ ਵਿਆਹ ਦੀ ਵਰ੍ਹੇਗੰਢ ਵਾਲੇ ਮੈਂਬਰਾਂ ਨੂੰ ਵਧਾਈ ਦਿੱਤੀ।ਸਕੱਤਰ ਸ਼ਸ਼ੀ ਭੂਸ਼ਣ ਜੈਨ ਨੇ ਪ੍ਰੋਗਰਾਮ 'ਚ ਪੁੱਜੇ ਮੈਂਬਰਾਂ, ਪਰਵਾਰਾਂ ਤੇ ਮਹਿਮਾਨਾਂ ਦਾ ਨਿੱਘਾ ਸੁਆਗਤ ਕੀਤਾ।ਲੋਹੜੀ ਪ੍ਰੋਗਰਾਮ ਕੋ-ਆਰਡੀਨੇਟਰ ਮੈਡਮ ਵੀਰਪਾਲ ਕੌਰ ਤੇ ਰੋਜ਼ੀ ਗੋਇਲ ਨੇ ਲੋਹੜੀ ਤੇ ਮਾਘੀ ਦੇ ਤਿਉਹਾਰ ਦੀ ਸ਼ੁਰੂਆਤ ਅਤੇ ਮਹਤੱਤਾ ਦਾ ਜ਼ਿਕਰ ਕਰਦਿਆਂ ਸੁੰਦਰੀ, ਮੁੰਦਰੀ ਤੇ ਦੁੱਲਾ ਭੱਟੀ ਵਾਲਾ ਬਾਰੇ ਵਿਸਤਾਰ 'ਚ ਜਾਣਕਾਰੀ ਦਿੱਤੀ ਅਤੇ ਧੂਣੀ ਵਾਲ ਕੇ ਲੋਹੜੀ ਤਿਉਹਾਰ ਦੇ ਪ੍ਰੋਗਰਾਮ ਦੀ ਸ਼ੁਰੂਆਤ ਬੋਲੀਆਂ, ਭੰਗੜੇ ਤੇ ਗਿੱਧੇ ਪਾ ਕੇ ਕਰਦਿਆਂ ਪ੍ਰੋਗਰਾਮ ਨੂੰ ਰੰਗਾਰੰਗ ਬਣਾ ਦਿੱਤਾ।ਸਟੇਜਾਂ ਦੇ ਬਾਦਸ਼ਾਹ ਕੈਪਟਨ ਨਰੇਸ਼ ਵਰਮਾ, ਆਰਵੀ ਅੱਗਰਵਾਲ, ਆਰੀਆ ਝਾਂਜੀ, ਨਰੇਸ਼ ਝਾਂਜੀ, ਅਸ਼ਵਨੀ ਕੁਮਾਰ ਭਾਰਦਵਾਜ ਐਡਵੋਕੇਟ, ਜੋਗਿੰਦਰ ਪਾਲ ਮਹਿਤਾ, ਪ੍ਰੇਮ ਚੰਦ ਗਰਗ, ਚੰਦਰ ਮੋਹਨ ਸੂਦ, ਪ੍ਰਮੋਦ ਸ਼ਰਮਾ ਤੇ ਰਾਜਿੰਦਰ ਕੁਮਾਰ ਗੋਇਲ ਨੇ ਸਭਨਾਂ ਦਾ ਮਨੋਰੰਜਨ ਕਰਵਾਇਆ।ਸਟੇਜ ਦੀ ਭੂਮਿਕਾ ਸੱਕਤਰ ਸ਼ਸ਼ੀ ਭੂਸ਼ਣ ਜੈਨ ਨੇ ਬਖੂਬੀ ਨਿਭਾਈ।ਲੋਹੜੀ ਦੇ ਇਸ ਪ੍ਰੋਗਰਾਮ 'ਚ ਪ੍ਰਧਾਨ ਮਦਨ ਲਾਲ ਬਾਂਸਲ, ਸੱਕਤਰ ਸ਼ਸ਼ੀ ਭੂਸ਼ਣ ਜੈਨ, ਕੈਸ਼ੀਅਰ ਅਰੁਣ ਕੁਮਾਰ ਸਿੰਗਲ ਲਵਲੀ, ਮੀਤ ਪ੍ਰਧਾਨ ਅੰਮ੍ਰਿਤ ਲਾਲ ਗੋਇਲ, ਜੁਆਇੰਟ ਸਕੱਤਰ ਰਵਿੰਦਰ ਜੈਸਵਾਲ, ਪੈਟਰਨ ਪ੍ਰੇਮ ਚੰਦ ਗਰਗ, ਪੀ ਆਰ ਓ ਲਲਿਤ ਅੱਗਰਵਾਲ, ਮੰਜੀਤ ਇੰਦਰਪਾਲ ਸਿੰਘ ਢਿੱਲੋਂ, ਹਰਿ ਸ਼ਰਨ ਸ਼ਰਮਾ, ਰਾਮ ਕ੍ਰਿਸ਼ਨ ਗੁਪਤਾ, ਨਰੇਸ਼ ਗੋਇਲ, ਨਰੇਸ਼ ਝਾਂਜੀ, ਕੈਪਟਨ ਨਰੇਸ਼ ਵਰਮਾ ਆਦਿ ਅਪਣੇ ਪਰਿਵਾਰਾਂ ਸਮੇਤ ਹਾਜ਼ਰ ਹੋਏ।

## ਦੇਵ ਮਾਨ ਨੇ ਦੋਦਾ ਵਿਖੇ ਸੜਕ ਨਿਰਮਾਣ ਦਾ ਰੱਖਿਆ ਨੀਂਹ ਪੱਥਰ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਹਰਮਨ ਪਿਆਰੇ ਤੇ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡਾਂ ਵਿੱਚ ਸੜਕਾਂ ਦਾ ਜਾਲ ਵਿਛਾਇਆ ਜਾ ਰਿਹਾ ਹੈ, ਜਿਸ ਦੇ ਤਹਿਤ ਹਲਕਾ ਨਾਭਾ ਵਿੱਚ ਵੀ ਵੱਡੇ ਪੱਧਰ 'ਤੇ ਸੜਕਾਂ ਦੀ ਮੁਰੰਮਤ ਤੇ ਨਵੀਆਂ ਸੜਕਾਂ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਦੇਵ ਮਾਨ ਨੇ ਪਿੰਡ ਦੋਦਾ ਵਿਖੇ ਸੜਕ ਨਿਰਮਾਣ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਪਿੰਡ ਦੋਦਾ ਵਿਖੇ ਨਾਭਾ-ਮਾਲੇਰਕੋਟਲਾ ਰੋਡ, ਊਧਾ ਤੋਂ ਗੁਰਦਿੱਤਪੁਰਾ (ਐੱਮ ਸੀ ਨਾਭਾ) ਦੇ ਲਿੰਕ ਨਾਲ ਸੜਕ ਜਿਸ ਦੀ ਲੰਬਾਈ 4.31 ਕਿਲੋਮੀਟਰ, ਅੰਦਾਜ਼ਨ ਲਾਗਤ ਤਕਰੀਬਨ- 78.73 ਲੱਖ ਰੁਪਏ ਦੀ ਲਾਗਤ ਬਨਣ ਵਾਲੀ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹਲਕਾ ਨਾਭਾ ਵਿੱਚ ਨਵੀਆਂ ਸੜਕਾਂ ਦੀ ਉਸਾਰੀ ਕੰਮ ਸ਼ੁਰੂ ਕੀਤਾ ਜਾਵੇਗਾ ਅਤੇ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਕਿਸੇ ਪ੍ਰਕਾਰ ਦੀ ਕੋਈ ਕਸਰ ਨਹੀਂ ਛੱਡੀ ਜਾ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਤੇਜਿੰਦਰ ਸਿੰਘ ਖਹਿਰਾ, ਧਰਮਿੰਦਰ ਸਿੰਘ ਸੁੱਖੇਵਾਲ, ਮਨਪ੍ਰੀਤ ਸਿੰਘ ਧਾਰੋਕੀ ਪ੍ਰਧਾਨ, ਸਰਪੰਚ ਦਵਿੰਦਰ ਸਿੰਘ ਕੁਲਾਰਾਂ, ਸੁਖਦੀਪ ਸਿੰਘ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਗੁਰਪ੍ਰੀਤ ਸਿੰਘ ਦੋਦਾ, ਵਿਵੇਕ ਬਾਤਿਸ਼ ਐੱਸ ਡੀ ਓ, ਅਰਮਾਨ ਨਾਭਾ, ਮਨਦੀਪ ਜੇ ਈ, ਪ੍ਰਭ ਨਾਭਾ ਤੇ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਤੇ ਪਿੰਡ ਵਾਸੀ ਮੌਜੂਦ ਸਨ।

# ਪੰਜਾਬ ਕਿਸਾਨ ਯੂਨੀਅਨ ਦੀ 16 ਦੇ ਧਰਨੇ ਸੰਬੰਧੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਇਕਾਈ ਮਾਨਸਾ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਫਫੜੇ ਭਾਈ ਕੇ ਵਿਖੇ ਹੋਈ। ਪਿਛਲੇ ਪ੍ਰੋਗਰਾਮਾਂ ਦੇ ਰੀਵਿਊ ਉਪਰੰਤ 16 ਜਨਵਰੀ ਨੂੰ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਇਕੱਠ 'ਚ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਦੁਕਾਨਦਾਰਾਂ ਦੀਆਂ ਸਾਂਝੀਆਂ ਮੰਗਾਂ ਨੂੰ ਲੈ ਕੇ ਡੀ ਸੀ ਦਫ਼ਤਰ ਮਾਨਸਾ ਵਿਖੇ ਵੱਡੀ ਗਿਣਤੀ ਵਿੱਚ ਧਰਨੇ 'ਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ 24 ਜਨਵਰੀ ਨੂੰ ਪ੍ਰੈੱਸ ਅਜ਼ਾਦੀ ਦੀ ਮੰਗ ਨੂੰ ਲੈ ਕੇ ਪੱਤਰਕਾਰਾਂ ਦੇ ਸਮਰਥਨ 'ਚ ਬਠਿੰਡਾ ਧਰਨੇ 'ਚ ਪਹੁੰਚਣ ਲਈ ਵੀ ਡਿਊਟੀਆਂ ਦੀ ਵੰਡ ਕੀਤੀ ਗਈ। 30 ਜਨਵਰੀ ਨੂੰ ਪਿੰਡ ਕੁਲਰੀਆਂ ਦੇ ਖੇਤਾਂ ਦੀ ਪਹੀ ਵਣ ਵਿਭਾਗ ਤੋਂ ਖਾਲੀ ਕਰਵਾਉਣ ਦੀ ਮੰਗ ਦਾ ਲੰਬੇ ਸਮੇਂ ਤੋਂ ਲਟਕ ਰਿਹਾ ਮਸਲਾ ਹੱਲ ਕਰਵਾਉਣ ਲਈ ਵਣ ਵਿਭਾਗ ਦੇ ਮਾਨਸਾ ਸਥਿਤ ਦਫਤਰ ਦੇ ਘਿਰਾਓ ਦਾ ਵੀ ਐਲਾਨ ਕੀਤਾ ਗਿਆ।ਮੀਟਿੰਗ ਸਮੇਂ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ, ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ, ਨਰਿੰਦਰ ਕੌਰ ਬੁਰਜ ਹਮੀਰਾ, ਕਰਨੈਲ ਸਿੰਘ ਮਾਨਸਾ, ਜ਼ਿਲ੍ਹਾ ਆਗੂ ਪੰਜਾਬ ਸਿੰਘ ਅਕਲੀਆ, ਤਰਸੇਮ ਸਿੰਘ ਅਕਲੀਆ, ਰਣਜੀਤ ਸਿੰਘ ਤਾਮਕੋਟ, ਵਿੰਦਰ ਖੀਵਾ, ਸੁਖਚਰਨ ਦਾਨੇਵਾਲੀਆ, ਬਲਾਕ ਆਗੂ ਅਮਰੀਕ ਸਿੰਘ ਕੋਟਧਰਮੂ, ਅਮੋਲਕ ਸਿੰਘ ਖੀਵਾ, ਗੁਰਤੇਜ ਸਿੰਘ ਵਰ੍ਹੇ ਤੋਂ ਇਲਾਵਾ ਪਿੰਡ ਪ੍ਰਧਾਨ ਤੇ ਵਰਕਰ ਹਾਜ਼ਰ ਸਨ।

## ਬੀ ਕੇ ਯੂ ਲੱਖੋਵਾਲ 16 ਦੇ ਜ਼ਿਲ੍ਹਾ ਪੱਧਰੀ ਧਰਨੇ 'ਚ ਸ਼ਮੂਲੀਅਤ ਕਰੇਗੀ : ਢੀਂਡਸਾ

**ਸਮਰਾਲਾ (ਸੁਰਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਪਰ 16 ਜਨਵਰੀ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਹੈੱਡ ਕੁਆਟਰਾਂ ਉੱਤੇ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਖਿਲਾਫ ਰੋਸ ਧਰਨੇ ਦਿੱਤੇ ਜਾ ਰਹੇ ਹਨ, ਜਿਸ ਵਿੱਚ ਸਮੁੱਚੀਆਂ ਕਿਸਾਨ ਤੇ ਮਜ਼ਦੂਰ ਜਥੇਬੰਦੀਆਂ ਸ਼ਿਰਕਤ ਕਰਨਗੀਆਂ।ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਲੁਧਿਆਣਾ ਦੇ ਡੀ. ਸੀ. ਦਫਤਰ ਅੱਗੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਜਾ ਰਹੇ ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਲੁਧਿਆਣਾ ਦੇ ਸਾਰੇ ਵਰਕਰ ਤੇ ਅਹੁਦੇਦਾਰ ਭਾਗ ਲੈਣਗੇ।ਉਨ੍ਹਾਂ ਕਿਹਾ ਕਿ ਇਸ ਰੋਸ ਧਰਨੇ ਵਿੱਚ ਸਾਰੀਆਂ ਕਿਸਾਨ ਜਥੇਬੰਦੀਆਂ, ਪੈਨਸ਼ਰਜ਼ ਐਸੋਸੀਏਸ਼ਨ, ਬਿਜਲੀ ਮੁਲਾਜ਼ਮ ਜਥੇਬੰਦੀਆਂ, ਨਰੇਗਾ ਯੂਨੀਅਨਾਂ ਤੇ ਸਮਾਜਸੇਵੀ ਜਥੇਬੰਦੀਆਂ ਭਾਗ ਲੈਣਗੀਆਂ।ਇਸ ਰੋਸ ਧਰਨੇ ਵਿੱਚ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025, ਬੀਜ ਸੋਧ ਬਿਲ-2025, ਚਾਰ ਲੇਬਰ ਰੋਡ ਬਿੱਲ, ਮਨੇਰਗਾ ਦਾ ਨਾਮ ਬਦਲੀ ਤੇ ਮਜ਼ਦੂਰਾਂ ਦੇ ਕੰਮ ਦੀ ਕਟੌਤੀ ਕਰਕੇ ਸੂਬੇ ਦੇ ਲੋਕਾਂ ਨਾਲ ਧੱਕਾ ਕੀਤਾ ਜਾ ਰਿਹੈ।ਉਨ੍ਹਾਂ ਕਿਹਾ ਪੰਜਾਬ ਸਰਕਾਰ ਨੂੰ ਅਪੀਲ ਹੈ ਕਿ ਹੜ੍ਹਾਂ ਦਾ ਮੁਆਵਜ਼ਾ ਛੇਤੀ ਤੋਂ ਛੇਤੀ ਦਿੱਤਾ ਜਾਵੇ ਤੇ ਅਵਾਰਾ ਡੰਗਰਾਂ ਤੇ ਕੁੱਤਿਆਂ ਦਾ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ 16 ਜਨਵਰੀ ਦੇ ਧਰਨੇ ਵਿੱਚ ਬੀ. ਕੇ. ਯੂ. (ਲੱਖੋਵਾਲ) ਦੇ ਵਰਕਰ ਵੱਡੀ ਗਿਣਤੀ ਵਿੱਚ ਪੁੱਜਣਗੇ ਤੇ ਕੇਂਦਰ ਸਰਕਾਰ ਨੂੰ ਹਲੂਣਾ ਦੇਣਗੇ, ਜਿਸ ਸਬੰਧੀ ਬਲਾਕ ਪ੍ਰਧਾਨਾਂ ਵੱਲੋਂ ਪਿੰਡ ਪਿੰਡ ਜਾ ਕੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਧਰਨੇ ਸਬੰਧੀ ਲਾਮਬੰਦ ਕੀਤਾ ਜਾ ਰਿਹਾ ਹੈ।

## ਟ੍ਰੈਫ਼ਿਕ ਸਮੱਸਿਆ ਦੇ ਹੱਲ ਲਈ ਪਾਰਕਿੰਗ ਦਾ ਨੀਂਹ ਪੱਥਰ ਰੱਖਿਆ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸ਼ਹਿਰ 'ਚ ਦਿਨੋ-ਦਿਨ ਵਧਦੀ ਟ੍ਰੈਫਿਕ ਦੀ ਸਮੱਸਿਆ ਲੋਕਾਂ ਲਈ ਸਿਰਦਰਦੀ ਦਾ ਕਾਰਨ ਬਣੀ ਹੋਈ ਹੈ।ਸ਼ਹਿਰ ਦੇ ਮੇਨ ਬਾਜ਼ਾਰ ਵਿੱਚ ਲੱਗਦੇ ਭਾਰੀ ਟ੍ਰੈਫਿਕ ਜਾਮ ਕਾਰਨ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹੀਦ ਭਗਤ ਸਿੰਘ ਚੌਕ ਤੋਂ ਕਾਹਨਗੜ੍ਹ ਰੋਡ ਚੌਂਕ ਤੱਕ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸਮੱਸਿਆ ਦੇ ਹੱਲ ਲਈ ਨਗਰ ਕੌਂਸਲ ਵੱਲੋਂ ਸ਼ਹਿਰ ਦੇ ਪੁਰਾਣੇ ਬੱਸ ਅੱਡੇ ਵਿੱਚ ਕਾਰ ਪਾਰਕਿੰਗ ਬਣਾਏ ਜਾਣ ਦੀ ਵਿਵਸਥਾ ਕੀਤੀ ਗਈ ਹੈ।ਨਗਰ ਕੌਂਸਲ ਦੀ ਜਾਣ ਵਾਲੀ ਪਾਰਕਿੰਗ ਦਾ ਨੀਂਹ ਪੱਥਰ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਰੱਖਿਆ।ਨੀਂਹ ਪੱਥਰ ਰੱਖਣ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਲੋਕਾਂ ਨੂੰ ਪੇਸ਼ ਆਉਣ ਵਾਲੀਆਂ ਪ੍ਰੇਸ਼ਾਨੀਆਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਦਿਆਂ ਸਰਕਾਰ ਵੱਲੋਂ ਰਾਜ ਦੇ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਪਾਤੜਾਂ ਸ਼ਹਿਰ ਵਿੱਚੋਂ ਭਾਵੇਂ ਦਿੱਲੀ ਸੰਗਰੂਰ ਨੈਸ਼ਨਲ ਹਾਈਵੇ ਲੰਘਦਾ ਹੈ, ਪਰ ਟ੍ਰੈਫਿਕ ਜਾਮ ਦੀ ਸਮੱਸਿਆ ਕਰਕੇ ਲੋਕਾਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਸਰਕਾਰ ਵੱਲੋਂ ਸ਼ਹਿਰ ਦੇ ਪੁਰਾਣੇ ਬੱਸ ਸਟੈਂਡ ਨੂੰ ਕਾਰ ਪਾਰਕਿੰਗ ਦੇ ਰੂਪ 'ਚ ਵਰਤੇ ਜਾਣ ਲਈ ਫੈਸਲਾ ਲਿਆ ਗਿਆ ਹੈ ਤਾਂ ਜੁ ਲੋਕਾਂ ਨੂੰ ਪੇਸ਼ ਆਉਣ ਦੀ ਮੁਸ਼ਕਲ ਦਾ ਹੱਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ 62 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਜਾਣ ਵਾਲੀ ਇਸ ਕਾਰ ਪਾਰਕਿੰਗ ਦੇ ਬਣਨ ਨਾਲ ਲੋਕਾਂ ਨੂੰ ਸਮੱਸਿਆ ਤੋਂ ਨਿਜ਼ਾਤ ਮਿਲੇਗੀ।

# ਕਲਾਕਾਰਾਂ ਦੀ ਨਰਸਰੀ ਹੈ ਪੰਜਾਬੀ ਯੂਨੀਵਰਸਿਟੀ : ਡਾ. ਜਗਦੀਪ ਸਿੰਘ

**ਨੌਰਥ ਜ਼ੋਨ ਅੰਤਰ-ਯੂਨੀਵਰਸਿਟੀ ਯੁਵਕ ਮੇਲੇ 'ਚ ਸੰਗੀਤ ਦੀ ਓਵਰ-ਆਲ ਟਰਾਫ਼ੀ ਜਿੱਤੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਨੇ 39ਵੇਂ ਏ. ਆਈ. ਯੂ. ਨੌਰਥ ਜ਼ੋਨ ਅੰਤਰ-ਯੂਨੀਵਰਸਿਟੀ ਯੁਵਕ ਮੇਲੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਗੀਤ ਦੀ ਓਵਰ-ਆਲ ਟਰਾਫ਼ੀ ਹਾਸਲ ਕਰ ਲਈ ਹੈ।ਚਿਤਕਾਰਾ ਯੂਨੀਵਰਸਿਟੀ ਰਾਜਪੁਰਾ ਵਿਖੇ ਹੋਏ ਇਸ ਯੁਵਕ ਮੇਲੇ ਵਿੱਚ ਓਵਰਆਲ ਮੇਲੇ ਵਿੱਚੋਂ ਪੰਜਾਬੀ ਯੂਨੀਵਰਸਿਟੀ ਨੇ ਤੀਜਾ ਸਥਾਨ ਹਾਸਲ ਕੀਤਾ ਹੈ।ਫ਼ਾਈਨ ਆਰਟਸ ਦੇ ਖੇਤਰ ਦੀਆਂ ਕਲਾਤਮਿਕ ਵੰਨਗੀਆਂ ਵਿੱਚ ਵੀ ਤੀਜਾ ਸਥਾਨ ਪ੍ਰਾਪਤ ਕੀਤਾ ਹੈ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਯੁਵਕ ਭਲਾਈ ਵਿਭਾਗ ਨੂੰ ਇਸ ਪ੍ਰਾਪਤੀ ਉੱਤੇ ਵਧਾਈ ਦਿੰਦਿਆਂ ਕਿਹਾ ਕਿ ਕਲਾ ਦੇ ਖੇਤਰ ਵਿੱਚ ਪੰਜਾਬੀ ਯੂਨੀਵਰਸਿਟੀ ਦਾ ਵਿਸ਼ੇਸ਼ ਥਾਂ ਹੈ।ਵੱਖ-ਵੱਖ ਕਲਾਤਮਿਕ ਵੰਨਗੀਆਂ ਦੇ ਖੇਤਰ ਵਿੱਚ ਪੰਜਾਬੀ ਯੂਨੀਵਰਸਿਟੀ ਨੇ ਅਣਗਿਣਤ ਫ਼ਨਕਾਰ ਪੈਦਾ ਕੀਤੇ ਹਨ।ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਕਲਾਕਾਰਾਂ ਦੀ ਨਰਸਰੀ ਕਹਿ ਲਿਆ ਜਾਵੇ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ।ਉਨ੍ਹਾਂ ਉਮੀਦ ਪ੍ਰਗਟਾਈ ਕਿ ਰਾਸ਼ਟਰੀ ਯੁਵਕ ਮੇਲੇ ਵਿੱਚ ਵੀ ਪੰਜਾਬੀ ਯੂਨੀਵਰਸਿਟੀ ਚੰਗੀਆਂ ਪ੍ਰਾਪਤੀਆਂ ਕਰੇਗੀ।

ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਪ੍ਰੋ. ਭੀਮਇੰਦਰ ਸਿੰਘ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਨੇ ਕੁੱਲ 19 ਕਲਾਤਮਿਕ ਵੰਨਗੀਆਂ ਵਿੱਚ ਜਿੱਤ ਹਾਸਲ ਕੀਤੀ।ਇਨ੍ਹਾਂ ਵਿੱਚੋਂ ਨੌਂ ਵੰਨਗੀਆਂ ਲਈ ਪੰਜਾਬੀ ਯੂਨੀਵਰਸਿਟੀ ਦੀਆਂ ਟੀਮਾਂ ਹੁਣ ਤਾਮਿਲਨਾਡੂ ਦੇ ਚੇਨਈ ਵਿਖੇ ਹੋਣ ਵਾਲੇ ਏ.ਆਈ. ਯੂ. ਰਾਸ਼ਟਰੀ ਅੰਤਰ-ਯੂਨੀਵਰਸਿਟੀ ਯੁਵਕ ਮੇਲੇ ਵੱਚ ਭਾਗ ਲੈਣ ਲਈ ਜਾਣਗੀਆਂ।

## ਸਰਾਫਾ ਵੈੱਲਫੇਅਰ ਐਸੋਸੀਏਸ਼ਨ ਦੀ ਨਵੀਂ ਟੀਮ ਦਾ ਗਠਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਰਾਫਾ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੀ ਨਵੀਂ ਟੀਮ ਦਾ ਸਰਬਸੰਮਤੀ ਨਾਲ ਗਠਨ ਕਰ ਦਿੱਤਾ ਗਿਆ।ਇਸ ਮੌਕੇ ਪਿਛਲੇ ਲਗਾਤਾਰ 14 ਸਾਲ ਤੋਂ ਪ੍ਰਧਾਨ ਚਲੇ ਆ ਰਹੇ ਮਨੋਜ ਸਿੰਗਲਾ ਨੂੰ ਇੱਕ ਵਾਰ ਫਿਰ ਤੋਂ ਐਸੋਸੀਏਸ਼ਨ ਦਾ ਪ੍ਰਧਾਨ ਬਣਾਇਆ ਗਿਆ ਹੈ।ਇਸ ਦੇ ਨਾਲ ਹੀ ਪਰਮਜੀਤ ਸਿੰਘ ਕਾਲਾ ਨੂੰ ਸੀਨੀ. ਮੀਤ ਪ੍ਰਧਾਨ ਤੇ ਅਸ਼ੋਕ ਗਰਗ ਨੂੰ ਮੁੜ ਤੋਂ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ 200 ਦੇ ਕਰੀਬ ਜਿਊਲਰ ਵਪਾਰੀ ਮੀਟਿੰਗ ਵਿੱਚ ਹਾਜ਼ਰ ਹੋਏ।ਇਸ ਮੌਕੇ ਮਨੋਜ ਸਿੰਗਲਾ, ਅਸ਼ੋਕ ਗਰਗ ਤੇ ਹੋਰ ਨੁਮਾਇੰਦਿਆਂ ਨੇ ਸਾਂਝੇ ਤੌਰ 'ਤੇ ਬੋਲਦਿਆਂ ਕਿਹਾ ਕਿ ਕਿਸੇ ਵੀ ਜਿਊਲਰ ਵਪਾਰੀ ਨੂੰ ਕੋਈ ਵੀ ਦਿੱਕਤ ਆਉਂਦੀ ਹੈ ਤਾਂ ਐਸੋਸੀਏਸ਼ਨ ਸਦਾ ਹੀ ਉਸ ਨਾਲ ਖੜੀ ਹੈ।ਇਸ ਮੌਕੇ ਸਵਰਨਕਾਰ ਐਸੋਸੀਏਸ਼ਨ ਦੀ ਟੀਮ ਵੱਲੋਂ ਸਰਾਫਾ ਐਸੋਸੀਏਸ਼ਨ ਦੀ ਨਵੀਂ ਟੀਮ ਨੂੰ ਮੌਕੇ 'ਤੇ ਪਹੁੰਚ ਕੇ ਸਨਮਾਨਤ ਵੀ ਕੀਤਾ ਗਿਆ। ਨਵੀਂ ਬਣੀ ਟੀਮ ਅਨੁਸਾਰ ਤਿਲਕ ਰਾਜ ਸੀਨੀ. ਪੈਟਰਨ, ਸੰਦੀਪ ਮਿੱਤਲ ਤੇ ਰਕੇਸ਼ ਕਟਾਰੀਆ ਪੈਟਰਨ, ਨਰਿੰਦਰ ਖੰਨਾ ਚੇਅਰਮੈਨ, ਪਰਮਜੀਤ ਸਿੰਘ ਕਾਲਾ ਸੀਨੀ. ਮੀਤ ਪ੍ਰਧਾਨ, ਰਾਜਿੰਦਰ ਮਹਿੰਦਰੂ ਮੀਤ ਪ੍ਰਧਾਨ, ਅਸ਼ੋਕ ਗਰਗ ਜਨਰਲ ਸਕੱਤਰ, ਰਜਿੰਦਰ ਗੋਇਲ ਸਕੱਤਰ, ਗੌਰਵ ਖੰਨਾ ਖਜ਼ਾਨਚੀ, ਗਿਆਨ ਚੰਦ, ਸਤਿੰਦਰ ਗੁਪਤਾ, ਹਰਪ੍ਰੀਤ ਸਿੰਘ ਐਡਵਾਈਜ਼ਰ, ਕ੍ਰਿਸ਼ਨ ਕੁਮਾਰ, ਰਜੇਸ਼, ਅਸ਼ੀਸ਼ ਜੈਨ, ਵਿਵੇਕ, ਨੰਦੀ ਵਰਮਾ, ਕੇਵਲ, ਮੁਨੀਰ ਮਿੱਤਲ, ਕਮਲਜੀਤ ਸਿੰਘ, ਮੁਨੀਸ਼ ਮਿੱਤਲ, ਭਰਤ ਸ਼ਰਮਾ, ਗੋਪਾਲ, ਹਿਮਾਂਸ਼ੂ ਜਿੰਦਲ ਸਾਰੇ ਹੀ ਐਗਜ਼ੀਕਿਊਟਿਵ ਮੈਂਬਰ ਤੇ ਜਸਵਿੰਦਰ ਜੁਲਕਾ ਮੀਡੀਆ ਇੰਚਾਰਜ ਨਿਯੁਕਤ ਕੀਤੇ ਗਏ।

# ਕੇਂਦਰ ਅੱਜ ਹੀ ਧੂਰੀ ਪੁਲ ਲਈ ਐੱਨ ਓ ਸੀ ਦੇਵੇ, ਪੰਜਾਬ ਸਰਕਾਰ ਤੁਰੰਤ ਟੈਂਡਰ ਜਾਰੀ ਕਰ ਦੇਵੇਗੀ : ਢਿੱਲੋਂ, ਘੁੱਲੀ

**ਸਾਬਕਾ ਵਿਧਾਇਕ ਗੋਲਡੀ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ : ਚੇਅਰਮੈਨ**



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਧੂਰੀ ਸ਼ਹਿਰ ਦਾ ਪੁੱਲ ਪੰਜਾਬ ਸਰਕਾਰ ਵੱਲੋਂ ਬਣਾਇਆ ਜਾਣਾ ਹੈ ਤੇ ਇਸ ਸਬੰਧੀ ਸਾਰੀ ਪ੍ਰਸ਼ਾਸਕੀ, ਤਕਨੀਕੀ ਤੇ ਵਿੱਤੀ ਤਿਆਰੀ ਪੂਰੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਸਪਸ਼ਟ ਤੌਰ 'ਤੇ ਕਿਹਾ ਕਿ ਹੁਣ ਕੇਂਦਰ ਸਰਕਾਰ ਵੱਲੋਂ ਸਿਰਫ਼ ਐੱਨਓਸੀ ਜਾਰੀ ਕਰਨੀ ਬਾਕੀ ਹੈ, ਜਿਸ ਦਿਨ ਇਹ ਮਨਜ਼ੂਰੀ ਮਿਲਦੀ ਹੈ, ਉਸੇ ਦਿਨ ਪੰਜਾਬ ਸਰਕਾਰ ਵੱਲੋਂ ਟੈਂਡਰ ਜਾਰੀ ਕਰ ਦਿੱਤਾ ਜਾਵੇਗਾ।ਉਨ੍ਹਾਂ ਇਹ ਪ੍ਰਗਟਾਵਾ ਸਾਬਕਾ ਵਿਧਾਇਕ ਧੂਰੀ ਦਲਬੀਰ ਸਿੰਘ ਗੋਲਡੀ ਵੱਲੋਂ ਧੂਰੀ ਦੇ ਪੁਲ ਸਬੰਧੀ ਕੀਤੀ ਪ੍ਰੈੱਸ ਵਾਰਤਾ ਵਿੱਚ ਦਿੱਤੇ ਗਲਤ ਤੱਥਾਂ ਨੂੰ ਸਪੱਸ਼ਟ ਕਰਨ ਲਈ ਕੀਤੀ ਪ੍ਰੈੱਸ ਵਾਰਤਾ ਦੌਰਾਨ ਕੀਤਾ।

ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਧੂਰੀ ਪੁਲ ਦੇ ਨਿਰਮਾਣ ਲਈ ਪੰਜਾਬ ਇਨਫ਼ਰਾਸਟਰਕਚਰ ਡਿਵੈਲਪਮੈਂਟ ਬੋਰਡ ਕੋਲ 54.76 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਰਿਜ਼ਰਵ ਪਈ ਹੈ, ਜੋ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਪੰਜਾਬ ਸਰਕਾਰ ਇਸ ਪ੍ਰੋਜੈਕਟ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿੱਤੀ ਪੱਖੋਂ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੋ ਹੋਰਨਾਂ ਵਿਭਾਗਾਂ ਦੀਆਂ ਮਨਜ਼ੂਰੀਆਂ ਹਨ, ਉਹ ਵੀ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ, ਜਿਸ ਵਿੱਚ ਜੰਗਲਾਤ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ, ਜਲ ਸਰੋਤ ਵਿਭਾਗ ਦੀਆਂ ਮਨਜ਼ੂਰੀਆਂ ਵੀ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ ਅਤੇ ਵੱਖ-ਵੱਖ ਵਿਭਾਗਾਂ ਵਿੱਚ ਜਮ੍ਹਾਂ ਕਰਵਾਈ ਜਾਣ ਵਾਲੀ ਰਾਸ਼ੀ ਤੇ ਜ਼ਮੀਨ ਦੀ ਤਬਦੀਲੀ ਵੀ ਕੀਤੀ ਜਾ ਚੁੱਕੀ ਹੈ। ਚੇਅਰਮੈਨ ਨੇ ਕਿਹਾ ਕਿ ਪੁਲ ਦੇ ਸਾਈਟ ਮੈਪ ਸਬੰਧੀ ਸਾਰੀ ਕਾਰਵਾਈ ਪੂਰੀ ਹੋ ਚੁੱਕੀ ਹੈ ਤੇ ਹੁਣ ਸਿਰਫ਼ ਰੇਲਵੇ ਦੇ ਚੀਫ਼ ਇੰਜਨੀਅਰ (ਬ੍ਰਿਜ) ਦੇ ਦਸਤਖ਼ਤ ਬਾਕੀ ਹਨ।ਇਸ ਤੋਂ ਬਾਅਦ ਪ੍ਰੋਜੈਕਟ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਕੋਈ ਵੀ ਤਕਨੀਕੀ ਜਾਂ ਪ੍ਰਸ਼ਾਸਕੀ ਰੁਕਾਵਟ ਨਹੀਂ ਰਹੇਗੀ।

ਚੇਅਰਮੈਨ ਨੇ ਕਿਹਾ ਕਿ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ ਧੂਰੀ ਵਾਸੀਆਂ ਨੂੰ ਗਲਤ ਜਾਣਕਾਰੀ ਦੇ ਕੇ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਜੋ ਬਰਦਾਸ਼ਤਯੋਗ ਨਹੀਂ।ਉਨ੍ਹਾਂ ਅਪੀਲ ਕੀਤੀ ਕਿ ਲੋਕ ਝੂਠੇ ਬਿਆਨਾਂ ਤੋਂ ਬਚ ਕੇ ਸੱਚਾਈ ਨੂੰ ਸਮਝਣ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼ਾਮ ਸਿੰਗਲਾ, ਅਨਿਲ ਮਿੱਤਲ, ਹਰਜਿੰਦਰ ਸਿੰਘ ਕਾਂਝਲਾ, ਨਰੇਸ਼ ਸਿੰਗਲਾ ਮੌਜੂਦ ਸਨ।

## ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਸਭ ਦਾ ਸਹਿਯੋਗ ਜ਼ਰੂਰੀ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਟਿਆਲਾ ਸੋਸ਼ਲ ਵੈੱਲਫੇਅਰ ਸੋਸਾਇਟੀ ਵੱਲੋਂ ਪ੍ਰਧਾਨ ਸ੍ਰੀ ਵਿਜੇ ਗੋਇਲ ਦੀ ਅਗਵਾਈ ਹੇਠ ਸਟੇਟ ਕਾਲਜ ਪਟਿਆਲਾ ਵਿਖੇ ਨਵੇਂ ਸਾਲ ਦੀ ਆਮਦ ਦੀ ਖੁਸ਼ੀ ਤੇ ਲੋਹੜੀ ਦੇ ਤਿਉਹਾਰ ਮੌਕੇ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸੋਸਾਇਟੀ ਪ੍ਰਧਾਨ ਵਿਜੇ ਗੋਇਲ ਨੇ ਦੱਸਿਆ ਕਿ ਇਸ ਸਾਲ ਨੂੰ ਸੋਸਾਇਟੀ ਵੱਲੋਂ ਸਿਲਵਰ ਜੁਬਲੀ ਸਾਲ ਵਜੋਂ ਮਨਾਇਆ ਜਾ ਰਿਹਾ ਹੈ ਤੇ ਇਸ ਦੇ ਤਹਿਤ ਸੋਸਾਇਟੀ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਹੋਰ ਵੀ ਵਧੀਆ ਉਪਰਾਲੇ ਕੀਤੇ ਜਾਣਗੇ। ਸਮਾਗਮ ਦੌਰਾਨ ਥੀਏਟਰ ਕਲਾਕਾਰਾਂ ਵੱਲੋਂ ਨਸ਼ਿਆਂ ਖਿਲਾਫ਼ ਇਕ ਪ੍ਰਭਾਵਸ਼ਾਲੀ ਨਾਟਕ ਪੇਸ਼ ਕੀਤਾ ਗਿਆ, ਜਿਸ ਨੂੰ ਦਰਸ਼ਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ।ਇਸ ਮੌਕੇ ਮੁੱਖ ਮਹਿਮਾਨ ਸ. ਹਰਚੰਦ ਸਿੰਘ ਬਰਸਟ ਨੇ ਹੋਣਹਾਰ ਵਿਦਿਆਰਥੀਆਂ ਤੇ ਵੱਖ-ਵੱਖ ਖੇਤਰਾਂ ਵਿੱਚ ਚੰਗਾ ਕਾਰਜ ਕਰਨ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਤ ਕੀਤਾ।ਉਨ੍ਹਾਂ ਸਾਰਿਆਂ ਨੂੰ ਨਵੇਂ ਸਾਲ ਤੇ ਲੋਹੜੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨੂੰ ਸਫਲ ਬਣਾਉਣ ਲਈ ਹਰ ਵਰਗ ਦੇ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਸਾਰਿਆਂ ਨੂੰ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਸ੍ਰ. ਬਰਸਟ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਮੁੱਖ ਮਹਿਮਾਨ ਸ. ਹਰਚੰਦ ਸਿੰਘ ਬਰਸਟ ਨੂੰ ਯਾਦਗਾਰੀ ਚਿਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

14 Jan Page 11.qxd 1/13/2026 10:24 PM Page 1



# ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਧਾਰੀਵਾਲ ਦੇ ਏਐੱਸਆਈ ਨਿਰਮਲ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਮਿੱਲ ਗਰਾਊਂਡ ਧਾਰੀਵਾਲ ਮੌਜੂਦ ਸੀ ਕਿ ਗਰਾਊਂਡ ਦੇ ਖੱਬੇ ਪਾਸਿਓਂ ਝਾੜੀਆਂ 'ਚ ਦੋ ਵਿਅਕਤੀ ਬੈਠੇ ਦਿਖਾਈ ਦਿੱਤੇ। ਸਾਥੀ ਕਰਮਚਾਰੀ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਣ 'ਤੇ ਉਨ੍ਹਾਂ ਆਪਣਾ ਨਾਂਅ ਸੰਨੀ ਪੁੱਤਰ ਸਤਪਾਲ, ਸੰਦੀਪ ਪੁੱਤਰ ਸੁਸ਼ੀਲ ਵਾਸੀ ਧਾਰੀਵਾਲ ਦੱਸਿਆ। ਤਲਾਸ਼ੀ ਲੈਣ 'ਤੇ ਉਨ੍ਹਾਂ ਕੋਲੋਂ ਸਿਲਵਰ ਪੇਪਰ ਅਤੇ 10 ਰੁਪਏ ਦਾ ਨੋਟ ਅਤੇ ਲਾਈਟਰ ਬਰਾਮਦ ਹੋਏ। ਇਸੇ ਤਰ੍ਹਾਂ ਥਾਣਾ ਦੀਨਾਨਗਰ ਦੇ ਏਐੱਸਆਈ ਜਸਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਪੁਰਾਣੀ ਤਹਿਸੀਲ ਦੀਨਾਨਗਰ ਮੌਜੂਦ ਸੀ ਕਿ ਤਹਿਸੀਲ ਦੇ ਵਰਾਂਡੇ 'ਚੋਂ ਨੀਰਜ ਪੁੱਤਰ ਮੋਹਨ ਲਾਲ ਵਾਸੀ ਪੰਡੋਰੀ ਮਹੰਤਾਂ ਥਾਣਾ ਪੁਰਾਣਾ ਸ਼ਾਲਾ ਕੋਲੋਂ ਦੌਰਾਨੇ ਤਲਾਸ਼ੀ ਇਕ ਸਿਲਵਰ ਪੇਪਰ, ਲਾਇਟਰ, 10 ਰੁਪਏ ਦੇ ਨੋਟ ਦੀ ਪੰਨੀ ਬਰਾਮਦ ਹੋਈ ਹੈ। ਥਾਣਾ ਦੀਨਾਨਗਰ ਦੇ ਏਐੱਸਆਈ ਤਰਲੋਕ ਸਿੰਘ ਅਵਾਂਖਾ ਪੁਲੀ ਬਹਿਰਾਮਪੁਰ ਮੌਜੂਦ ਸੀ ਕਿ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੱਜਿਆ ਪਤਨੀ ਗੁਲਸ਼ਨ ਅਤੇ ਗੁਲਸ਼ਨ ਪੁੱਤਰ ਰਵੀ ਕੁਮਾਰ ਵਾਸੀ ਪੁਰਾਣੀ ਆਬਾਦੀ ਅਵਾਂਖਾ ਜ਼ਹਿਰੀਲੇ/ਗੈਰ ਸਿਹਮੰਦ ਪਦਾਰਥਾਂ ਤੋਂ ਤਿਆਰ ਕੀਤੀ ਹੋਈ ਸ਼ਰਾਬ ਵੇਚਣ ਦਾ ਧੰਦਾ ਕਰਦੇ ਹਨ ਜਿਸ ਦੀ ਕੋਈ ਡਿਗਰੀ ਨਹੀਂ ਹੁੰਦੀ। ਤਫ਼ਤੀਸ਼ੀ ਅਫ਼ਸਰ ਨੇ ਸਮੇਤ ਪੁਲਸ ਪਾਰਟੀ ਸੱਜਿਆ ਅਤੇ ਗੁਲਸ਼ਨ ਦੇ ਘਰ ਰੇਡ ਕਰਕੇ 80 ਬੋਤਲਾਂ ਸ਼ਰਾਬ ਨਜਾਇਜ਼ ਸਮੇਤ ਕਾਬੂ ਕੀਤਾ। ਥਾਣਾ ਸਿਟੀ ਗੁਰਦਾਸਪੁਰ ਦੀ ਪੁਲਸ ਦੇ ਏਐੱਸਆਈ ਮਹਿੰਦਰਪਾਲ ਨੇ ਸਮੇਤ ਸਾਥੀ ਕਰਮਚਾਰੀਆਂ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਤੋਂ ਸੁਖਚੈਨ ਸਿੰਘ ਪੁੱਤਰ ਰਾਜਾ ਰਾਮ ਵਾਸੀ ਗੁਰਦਾਸਪੁਰ ਤੋਂ 7 ਗਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਸਾਰੇ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਿਵਲ ਹਸਪਤਾਲ ਪਠਾਨਕੋਟ ਵਿਖੇ ਨਵ-ਜੰਮੀਆਂ ਧੀਆਂ ਦੀ ਮਨਾਈ ਲੋਹੜੀ

**ਪਠਾਨਕੋਟ, (ਦਵਿੰਦਰ ਸਿੰਘ)**- ਲੋਹੜੀ ਦੇ ਇਸ ਪਵਿੱਤਰ ਦਿਹਾੜੇ 'ਤੇ ਜ਼ਿਲ੍ਹਾ ਪਠਾਨਕੋਟ ਅਤੇ ਪੂਰੇ ਪੰਜਾਬ ਨੂੰ ਸ਼ੁਭਕਾਮਨਾਵਾਂ ਦਿੰਦੇ ਹਨ ਅਤੇ ਸਿਵਲ ਹਸਪਤਾਲ ਪਠਾਨਕੋਟ ਦੇ ਪ੍ਰਸ਼ਾਸਨ ਵੱਲੋਂ ਕੀਤੇ ਉਪਰਾਲੇ ਨੂੰ ਧਿਆਨ ਵਿੱਚ ਰੱਖਦਿਆਂ ਸਾਰੇ ਪੰਜਾਬ ਨੂੰ ਇਹ ਸੰਦੇਸ਼ ਦਿੰਦੇ ਹਨ। ਆਓ ਸਾਰੇ ਮਿਲ ਕੇ ਧੀਆਂ ਨੂੰ ਵੀ ਪੁੱਤਰਾਂ ਦਾ ਦਰਜਾ ਦਈਏ, ਜਿਵੇਂ ਪਠਾਨਕੋਟ ਅੰਦਰ ਧੀਆਂ ਦੀ ਲੋਹੜੀ ਮਨਾ ਕੇ ਇੱਕ ਵੱਖਰਾ ਸੰਦੇਸ਼ ਦਿੱਤਾ ਹੈ, ਸਮਾਜ ਨੂੰ ਅਸੀਂ ਵੀ ਇੱਕ ਨਵੀਂ ਪਹਿਲਕਦਮੀ ਕਰੀਏ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਸਿਵਲ ਹਸਪਤਾਲ ਪਠਾਨਕੋਟ ਵਿਖੇ ਆਯੋਜਿਤ ਸਮਾਰੋਹ ਧੀਆਂ ਦੀ ਲੋਹੜੀ ਮੌਕੇ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਮੂਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪਵਨ ਕੁਮਾਰ ਫੌਜੀ ਬਲਾਕ ਸੰਮਤੀ ਮੈਂਬਰ, ਸਰਪੰਚ ਰਵੀ ਸਿੰਘ, ਵਿਜੇ ਕੁਮਾਰ ਕਟਾਰੂਚੱਕ, ਸਿਵਲ ਸਰਜਨ ਡਾ. ਸੁਨੀਤਾ ਸਰਮਾ, ਡਾ. ਸੁਨੀਲ ਚੰਦ ਐੱਸ. ਐੱਮ. ਓ. ਪਠਾਨਕੋਟ, ਡਾ. ਮੁਨੀਸ਼ ਜਮਵਾਲ, ਡੀ. ਐੱਚ. ਓ., ਡਾ. ਗਗਨਦੀਪ ਸਹਾਇਕ ਸਿਵਲ ਸਰਜਨ, ਡਾ. ਸੈਲਾ ਡੀ. ਡੀ. ਐੱਚ.ਓ., ਡਾ. ਮਧੁਰ ਮੱਟੂ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਨੇ ਜ਼ਿਲ੍ਹਾ ਪਠਾਨਕੋਟ ਅਤੇ ਪੰਜਾਬ ਵਾਸੀਆਂ ਨੂੰ ਲੋਹੜੀ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਲੋਹੜੀ ਦਾ ਤਿਉਹਾਰ ਸਾਡੇ ਸੱਭਿਆਚਾਰ ਦੇ ਅੰਦਰ ਇੱਕ ਬਹੁਤ ਵੱਡਾ ਸਥਾਨ ਰੱਖਦਾ ਹੈ, ਇਸ ਤੋਂ ਇਲਾਵਾ ਇਹ ਨਵੀਂ ਰੁੱਤ ਆਉਣ ਅਤੇ ਪੁਰਾਣੀ ਰੁੱਤ ਜਾਣ ਦਾ ਵੀ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਸਿਵਲ ਹਸਪਤਾਲ ਪਠਾਨਕੋਟ ਦੇ ਅੰਦਰ ਧੀਆਂ ਦੀ ਲੋਹੜੀ ਮਨਾ ਕੇ ਵੱਖਰੀ ਪਹਿਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਧੀਆਂ ਸਾਡੇ ਸਮਾਜ ਦਾ ਇੱਕ ਉਹ ਹਿੱਸਾ ਹਨ ਜਿਨ੍ਹਾਂ ਨੂੰ ਪ੍ਰਫੁੱਲਿਤ ਕਰਨ ਲਈ ਅੱਗੇ ਵਧਣ ਲਈ ਸਾਡੇ ਕਾਨੂੰਨ ਅਤੇ ਸਾਡੇ ਗੁਰੂ ਸਾਹਿਬਾਨ ਨੇ ਵੀ ਇੱਕ ਬੜਾ ਵੱਡਾ ਸੰਦੇਸ਼ ਦਿੱਤਾ ਹੈ ਕਿ ਧੀਆਂ ਦਾ ਮਾਨ ਸਨਮਾਨ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਨੂੰ ਵਧੀਆਂ ਸਿੱਖਿਆ ਪ੍ਰਾਪਤੀ ਅਤੇ ਚੰਗੀਆਂ ਸਿਹਤ ਸੇਵਾਵਾਂ ਇਸ ਅਧੀਨ ਸਿਵਲ ਹਸਪਤਾਲ ਅੰਦਰ ਵੀ ਵੱਡੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਜ਼ਿਕਰਯੋਗ ਹੈ ਕਿ ਇਸ ਮੌਕੇ ਸਿਵਲ ਹਸਪਤਾਲ ਪ੍ਰਸ਼ਾਸਨ ਵੱਲੋਂ ਨਵ-ਜਨਮੀਆਂ ਬੱਚੀਆਂ ਨੂੰ ਲੋਹੜੀ ਦਾ ਸਾਮਾਨ, ਗਰਮ ਕੰਬਲ ਅਤੇ ਨਕਦ ਇਨਾਮ ਭੇਟ ਕਰਕੇ ਲੋਹੜੀ ਦਾ ਤਿਉਹਾਰ ਮਨਾਇਆ।



# ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ 'ਤੇ ਤੁਰੰਤ ਪਾਬੰਦੀ ਲਗਾਉਣ ਦੀ ਮੰਗ

**ਹਰ ਸਾਲ ਕਈ ਇਨਸਾਨਾਂ, ਪੰਛੀਆਂ ਤੇ ਜਾਨਵਰਾਂ ਨੂੰ ਕਰ ਦਿੰਦੀ ਹੈ ਲਹੂ-ਲੁਹਾਨ**

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਲੋਹੜੀ ਦੇ ਤਿਉਹਾਰ ਦੌਰਾਨ ਵੱਡੇ ਪੱਧਰ 'ਤੇ ਵਿਕਣ ਵਾਲੀ ਚਾਈਨਾ ਡੋਰ ਲੋਕਾਂ ਲਈ ਵੱਡਾ ਖ਼ਤਰਾ ਬਣਦੀ ਜਾ ਰਹੀ ਹੈ।ਇਸ ਸਭ ਨੂੰ ਰੋਕਣ ਲਈ ਪੁਲਸ ਪ੍ਰਸ਼ਾਸਨ ਵੱਲੋਂ ਡਰੋਨ ਕੈਮਰਿਆਂ ਰਾਹੀਂ ਚਾਈਨਾ ਡੋਰ ਵਰਤਣ ਵਾਲਿਆਂ ਦੀ ਨਿਸ਼ਾਨਦੇਹੀ ਕਰਕੇ ਜੁਰਮਾਨੇ ਵੀ ਲਾਏ ਜਾਂਦੇ ਹਨ ਪਰ ਇਸ ਸਭ ਦੇ ਬਾਵਜੂਦ ਚਾਈਨਾ ਡੋਰ ਦੀ ਵਿਕਰੀ ਧੜੱਲੇ ਨਾਲ ਹੁੰਦੀ ਹੈ।ਇਸ ਸੰਬੰਧੀ ਕਿਲ੍ਹਾ ਦੇਸਾ ਸਿੰਘ ਦੇ ਹਰਜੀਤ ਸਿੰਘ ਬਾਜਵਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚਾਈਨਾ ਡੋਰ ਦੀ ਵਿਕਰੀ 'ਤੇ ਤੁਰੰਤ ਪਾਬੰਦੀ ਲੱਗਣੀ ਚਾਹੀਦੀ ਹੈ।ਇਹ ਇਨਸਾਨਾਂ, ਜਾਨਵਰਾਂ ਤੇ ਪੰਛੀਆਂ ਲਈ ਬਹੁਤ ਘਾਤਕ ਸਿੱਧ ਹੋ ਰਹੀ ਹੈ।ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਸੰਬੰਧ ਵਿਚ ਹੋਰ ਸਖ਼ਤੀ ਕੀਤੀ ਜਾਵੇ।ਕਿਲ੍ਹਾ ਦੇਸਾ ਸਿੰਘ ਦੇ ਹੀ ਨਿਰਮਲ ਸਿੰਘ ਗੁਰਾਇਆ ਨੇ ਕਿਹਾ ਕਿ ਇਹ ਚਾਈਨਾ ਡੋਰ ਹਰ ਸਾਲ ਕਈ ਇਨਸਾਨਾਂ ਦੇ ਨਾਲ ਕਈ ਜਾਨਵਰਾਂ ਤੇ ਪੰਛੀਆਂ ਨੂੰ ਲਹੂ-ਲੁਹਾਨ ਕਰ ਦਿੰਦੀ ਹੈ ... ਹੋ ਰਹੀ ਹੈ ਤੇ ਫਿਰ ਮਾਰਕੀਟ ਵਿਚ ਵਿਕਣ ਲਈ ਪਹੁੰਚ ਜਾਂਦੀ ਹੈ।ਅਗਰ ਇਸ ਹੀ ਇਸ ਡੋਰ ਦੀ ਵਿਕਰੀ ਹੁੰਦੀ ਰਹੀ ਤਾਂ ਇਸਦੇ ਨਤੀਜੇ ਬਹੁਤ ਖ਼ਤਰਨਾਕ ਸਾਬਤ ਹੋਣਗੇ।ਹਰ ਸੀਜ਼ਨ ਦੌਰਾਨ ਇਸ ਨਾਲ ਭਿਆਨਕ ਹਾਦਸੇ ਵਾਪਰਦੇ ਹਨ ਪਰ ਫਿਰ ਵੀ ਅਸੀਂ ਸੁਚੇਤ ਨਹੀਂ ਹੋ ਰਹੇ ਹਾਂ।ਉਥੇ ਹੀ ਇਸ ਬਾਰੇ ਗੱਲ ਕਰਦਿਆਂ ਪਿੰਡ ਮਾਨ ਸੈਂਡਵਾਲ ਦੇ ਸੁਖਬੀਰ ਸਿੰਘ ਸੰਧੂ ਨੇ ਦੱਸਿਆ ਕਿ ਚਾਈਨਾ ਡੋਰ ਇਕ ਤਰ੍ਹਾਂ ਦਾ ਆਤੰਕ ਦਾ ਨਾਮ ਬਣ ਕੇ ਰਹਿ ਗਿਆ ਹੈ।ਇਸਨੂੰ ਰੋਕਣਾ ਤੇ ਇਸਦਾ ਬਹੁਤ ਜ਼ਰੂਰੀ ਹੋ ਗਿਆ ਹੈ।ਜੇ ਕੋਈ ਦੁਕਾਨਦਾਰ ਲਾਲਚ ਵੱਸ ਇਹ ਡੋਰ ਦੀ ਵਿਕਰੀ ਕਰਦਾ ਹੈ ਤਾਂ ਉਸ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।ਇਨ੍ਹਾਂ ਆਗੂਆਂ ਨੇ ਸਾਂਝੇ ਤੌਰ 'ਤੇ ਪੁਲਸ ਪ੍ਰਸ਼ਾਸਨ ਨੂੰ ਬੇਨਤੀ ਕਰਦਿਆਂ ਕਿਹਾ ਕਿ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ 'ਤੇ ਤੁਰੰਤ ਪਾਬੰਦੀ ਲਗਾਈ ਜਾਵੇ।



# ਬਾਗਬਾਨੀ, ਮਧੂਮੱਖੀ ਪਾਲਣ 'ਚ ਹਰਿਆਣਾ ਮੋਹਰੀ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਬਾਗਬਾਨੀ, ਮਧੂਮੱਖੀ ਪਾਲਣ ਤੇ ਟਿਕਾਊ ਖੇਤੀ ਦੇ ਖੇਤਰ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਹੈ। ਹਰਿਆਣਾ ਮਧੂਮੱਖੀ ਪਾਲਣ ਨੀਤੀ ਨੂੰ ਅਪਨਾਉਣ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਇਸ ਨੀਤੀ ਦੇ ਪ੍ਰਭਾਵੀ ਲਾਗੂ ਕਰਨ ਨਾਲ ਰਾਜ ਵਿੱਚ ਸ਼ਹਿਦ ਉਤਪਾਦਨ ਨੂੰ ਪ੍ਰੋਤਸਾਹਨ ਮਿਲਿਆ ਹੈ।ਖੇਤੀਬਾੜੀ ਮੰਤਰੀ ਇੱਥੇ ਬਾਗਬਾਨੀ ਵਿਭਾਗ ਨਾਲ ਸਬੰਧਿਤ ਪ੍ਰੀ-ਬਜਟ ਕੰਸਲਟੇਂਸ਼ਨ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਉਨ੍ਹਾਂ ਨੇ ਪਿਛਲੇ ਸਾਲ ਦੇ ਬਜਟ ਵਿੱਚ ਬਾਗਬਾਨੀ ਵਿਭਾਗ ਨੂੰ ਅਲਾਟ ਬਜਟ ਦੇ ਖਰਚ ਬਾਬਤ ਵਿਸਤਾਰ ਨਾਲ ਚਰਚਾ ਕੀਤੀ।

# ਮਲਟੀਪਰਪਜ਼ ਹੈਲਥ ਵਰਕਰਾਂ ਨੇ ਖੋਲ੍ਹਿਆ ਮੋਰਚਾ

**ਬਲਾਚੌਰ (ਜਸਵਿੰਦਰ ਬੈਂਸ)**- ਮਲਟੀਪਰਪਜ਼ ਹੈਲਥ ਇੰਪਲਾਈਜ਼ (ਫੀਮੇਲ) ਯੂਨੀਅਨ ਪੰਜਾਬ ਵੱਲੋਂ ਪੰਜਾਬ ਸਰਕਾਰ ਵਿਰੁੱਧ ਆਰ-ਪਾਰ ਦੀ ਲੜਾਈ ਦਾ ਬਿਗੁਲ ਵਜਾ ਦਿੱਤਾ ਗਿਆ ਹੈ। ਹਾਈਕੋਰਟ ਦੇ ਫੈਸਲਿਆਂ ਨੂੰ ਲਾਗੂ ਕਰਨ ਵਿੱਚ ਕੀਤੀ ਜਾ ਰਹੀ ਦੇਰੀ ਤੇ ਲੰਬਿਤ ਪਈਆਂ ਮੰਗਾਂ ਨੂੰ ਲੈ ਕੇ ਜਥੇਬੰਦੀ ਨੇ ਐਲਾਨ ਕੀਤਾ ਹੈ ਕਿ 14 ਜਨਵਰੀ, ਦਿਨ ਬੁੱਧਵਾਰ ਨੂੰ ਮਾਘੀ ਮੇਲੇ ਮੌਕੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਯੂਨੀਅਨ ਦੀ ਸੂਬਾ ਪ੍ਰਧਾਨ ਸਰਬਜੀਤ ਕੌਰ ਬੰਗੜ (ਨਵਾਂ ਸ਼ਹਿਰ), ਜਨਰਲ ਸਕੱਤਰ ਗੁਰਦੀਪ ਕੌਰ (ਨਵਾਂ ਸ਼ਹਿਰ) ਤੇ ਸਲਾਹਕਾਰ ਗੁਰਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੀ 28 ਸਤੰਬਰ ਨੂੰ ਸਿਹਤ ਮੰਤਰੀ ਪੰਜਾਬ ਨਾਲ ਹੋਈ ਇੱਕ ਅਹਿਮ ਮੀਟਿੰਗ ਵਿੱਚ ਜਥੇਬੰਦੀ ਦੀਆਂ ਜਾਇਜ਼ ਮੰਗਾਂ ਨੂੰ ਜਲਦ ਹਲ ਕਰਨ ਦਾ ਪੂਰਨ ਭਰੋਸਾ ਦਿੱਤਾ ਗਿਆ ਸੀ। ਪਰ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਵੀ ਠੋਸ ਕਦਮ ਨਹੀਂ ਚੁੱਕਿਆ ਗਿਆ। ਆਗੂਆਂ ਨੇ ਕਿਹਾ ਕਿ ਮਾਨਯੋਗ ਹਾਈਕੋਰਟ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਦਿੱਤੇ ਗਏ ਫੈਸਲਿਆਂ ਨੂੰ ਵੀ ਸਰਕਾਰ ਵੱਲੋਂ ਲਾਗੂ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਸਮੁੱਚੇ ਕੇਡਰ ਵਿੱਚ ਭਾਰੀ ਨਿਰਾਸ਼ਾ ਅਤੇ ਰੋਸ ਪਾਇਆ ਜਾ ਰਿਹਾ ਹੈ। ਜਥੇਬੰਦੀ ਨੇਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਤੁਰੰਤ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 14 ਜਨਵਰੀ ਨੂੰ ਵੱਡੀ ਗਿਣਤੀ ਵਿੱਚ ਸਿਹਤ ਕਰਮਚਾਰੀ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਕੋਠੀ ਅੱਗੇ ਰੋਸ ਪ੍ਰਦਰਸ਼ਨ ਕਰਨਗੇ।



# ਅੰਮ੍ਰਿਤਸਰ ਕਲੱਬ ਨੇ ਪੂਰੇ ਰੀਤੀ ਰਿਵਾਜਾਂ ਨਾਲ ਮਨਾਇਆ ਲੋਹੜੀ ਦਾ ਪਵਿੱਤਰ ਤਿਉਹਾਰ



**ਅੰਮ੍ਰਿਤਸਰ (ਅਰੋੜਾ)** ਗੁਰੂ ਕੀ ਨਗਰੀ ਵਿਖੇ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਹਮੇਸ਼ਾ ਅੱਗੇ ਰਹਿਣ ਵਾਲੇ ਨਗਰ ਦੇ ਪਤਵੰਤਿਆਂ ਅਤੇ ਬੁੱਧੀਜੀਵੀਆਂ ਦੇ ਸੰਗਠਨ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿਖੇ ਲੋਹੜੀ ਦਾ ਪਵਿੱਤਰ ਤਿਉਹਾਰ ਕਲੱਬ ਦੇ ਪ੍ਰਧਾਨ ਸਮਾਜ ਸੇਵਕ ਲਲਿਤ ਮੋਹਨ ਚੰਡੋਕ ਅਤੇ ਸਕੱਤਰ ਅਨਿਲ ਕੁਮਾਰ ਦੀ ਪ੍ਰਧਾਨਗੀ ਵਿੱਚ ਕਲੱਬ ਦੇ ਖੁੱਲ੍ਹੇ ਮੈਦਾਨ ਵਿੱਚ ਬੜੇ ਹੀ ਵਿਧੀ ਵਿਧਾਨ ਅਤੇ ਖੁਸ਼ੀਆਂ ਖੇੜਿਆਂ ਨਾਲ ਮਨਾਇਆ ਗਿਆ। ਸਮਾਗਮ ਦਾ ਸ਼ੁੱਭ ਆਰੰਭ ਪ੍ਰਧਾਨ ਲਲਿਤ ਮੋਹਨ ਚੰਡੋਕ ਨੇ ਲੋਹੜੀ ਬਾਲਣ ਦੀ ਰਸਮ ਅਦਾ ਕਰਕੇ ਕੀਤਾ। ਉਸ ਤੋਂ ਬਾਅਦ ਸਾਰੇ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਇੱਕ ਦੂਸਰੇ ਨੂੰ ਲੋਹੜੀ ਦੀ ਵਧਾਈ ਦਿੱਤੀ।ਮੈਂਬਰਾਂ ਨੂੰ ਸੰਬੋਧਨ ਕਰਦੇ ਲਲਿਤ ਚੰਡੋਕ ਨੇ ਕਿਹਾ ਕਿ ਸਾਡਾ ਦੇਸ਼ ਲੋਕਤੰਤਰ ਦਾ ਦੇਸ਼ ਮੰਨਿਆ ਜਾਂਦਾ ਹੈ।ਸਾਰੇ ਧਾਰਮਿਕ ਤਿਉਹਾਰ ਅਸੀਂ ਮਿਲਜੁਲ ਕੇ ਮਨਾਉਂਦੇ ਹਨ ਜੋ ਕਿ ਭਵਿੱਖ ਵਿੱਚ ਵੀ ਮਨਾਉਂਦੇ ਰਹਾਂਗੇ।ਕਲੱਬ ਦੇ ਮੈਂਬਰਾਂ, ਉਨ੍ਹਾਂ ਦੇ ਪਰਿਵਾਰਾਂ ਦੇ ਲਈ ਗੀਤ-ਸੰਗੀਤ, ਸੱਭਿਆਚਾਰਕ ਪ੍ਰੋਗਰਾਮ ਅੰਤਾਕਸ਼ਰੀ, ਤੰਬੋਲਾ ਆਦਿ ਦਾ ਵੀ ਆਯੋਜਨ ਕੀਤਾ ਗਿਆ।ਉਨ੍ਹਾਂ ਨੇ ਸਾਰੇ ਮੈਂਬਰਾਂ ਨੂੰ ਕਲੱਬ ਵੱਲੋਂ ਤੋਹਫ਼ੇ ਅਤੇ ਖਜੂਰ, ਭੁੱਗਾ, ਮੂੰਗਫ਼ਲੀ, ਰਿਓੜੀਆਂ, ਗੱਚਕ, ਪਾਪਕੌਰਨ ਵੰਡੇ।ਸਾਰੇ ਮੈਂਬਰਾਂ ਨੇ ਲੋਹੜੀ ਦੇ ਅਗਨੀ ਕੁੰਡ ਵਿੱਚ ਆਹੂਤੀਆਂ ਵੀ ਪਾਈਆਂ।ਇਸ ਮੌਕੇ ਕਲੱਬ ਦੇ ਮੀਤ ਪ੍ਰਧਾਨ ਮਨੀਸ਼ ਅਰੋੜਾ, ਵਿਕਰਮ ਸਹਿਗਲ, ਓਮ ਪ੍ਰਕਾਸ਼ ਲਾਟੀ ਸ਼ਾਹ, ਸੁਰਿੰਦਰ ਓਬਰਾਏ, ਰਾਜੇਸ਼ ਮੇਹਰਾ, ਡਾ. ਵੀ. ਐੱਸ. ਬਾਜਵਾ, ਐਡਵੋਕੇਟ ਖੁਸ਼ਬੀਰ ਸਿੰਘ, ਅਰਵਿੰਦਰ ਸਿੰਘ, ਅਨੂਪ ਕਪੂਰ, ਰਾਜੂ ਬਤਰਾ, ਕਲੱਬ ਦੇ ਸੀਨੀਅਰ ਮੈਨੇਜਰ ਮਨੀਸ਼ ਅਰੋੜਾ, ਸਹਾਇਕ ਰਵੀ ਕੁਮਾਰ, ਵਿਨੋਦ ਕੁਮਾਰ ਸਹਿਤ ਵੱਡੀ ਗਿਣਤੀ ਵਿੱਚ ਕਲੱਬ ਦੇ ਸਮੂਹ ਮੈਂਬਰ ਮੌਜੂਦ ਸਨ।

# ਸ਼੍ਰੋਮਣੀ ਭਗਤ ਬਾਬਾ ਨਾਮਦੇਵ ਦਾ ਸਾਲਾਨਾ ਤਿੰਨ ਰੋਜ਼ਾ ਜੋੜ ਮੇਲਾ ਅੱਜ ਤੋਂ ਸ਼ੁਰੂ

**ਮਜੀਠਾ (ਸੋਇਮ ਆਨੰਦ)**- ਸ਼੍ਰੋਮਣੀ ਭਗਤ ਭਗਤ ਬਾਬਾ ਨਾਮਦੇਵ ਜੀ ਦਾ ਸਾਲਾਨਾ ਤਿੰਨ ਰੋਜ਼ਾ ਜੋੜ ਮੇਲਾ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਭਗਤ ਬਾਬਾ ਨਾਮਦੇਵ ਜੀ ਮਰੜੀ ਕਲਾਂ ਵਿਖੇ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਸੱਚਖੰਡ ਵਾਸੀ ਬਾਬਾ ਹਜ਼ਾਰਾ ਸਿੰਘ ਅਤੇ ਸੱਚਖੰਡ ਵਾਸੀ ਬਾਬਾ ਅਜੈਬ ਸਿੰਘ ਗੁਰੂ ਕੇ ਬਾਗ ਵਾਲਿਆਂ ਦੇ ਵਰਸੋਏ ਕਾਰਸੇਵਾ ਗੁਰੂ ਕੇ ਬਾਗ ਦੇ ਮੁੱਖ ਸੇਵਾਦਾਰ ਬਾਬਾ ਸਰਦਾਰਾ ਸਿੰਘ ਨਾਲ ਸੇਵਾਦਾਰ ਬਾਬਾ ਜਗੀਰ ਸਿੰਘ ਕੋਹਾਲੀ ਵਾਲੇ ਅਤੇ ਹੈੱਡ ਗ੍ਰੰਥੀ ਮਰੜੀ ਕਲਾਂ ਬਾਬਾ ਮੇਜਰ ਸਿੰਘ ਅਬਦਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਗਤ ਨਾਮਦੇਵ ਜੀ ਦਾ ਸਾਲਾਨਾ ਜੋੜ ਮੇਲੇ ਸਬੰਧੀ 8 ਜਨਵਰੀ ਤੋਂ ਲੜੀਵਾਰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋ ਰਹੇ ਹਨ ਜਿਨ੍ਹਾਂ ਦੇ ਭੋਗ 16 ਜਨਵਰੀ ਨੂੰ ਪਾਏ ਜਾਣਗੇ।14 ਤੇ 15 ਜਨਵਰੀ ਦਿਨ ਬੁੱਧਵਾਰ ਤੇ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦਿਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਜਸਵੰਤ ਸਿੰਘ ਮੰਜੀ ਸਾਹਿਬ ਵਾਲੇ ਅਤੇ ਗਿਆਨੀ ਬਲਵੰਤ ਸਿੰਘ ਢੰਡੇ ਕਵੀਸ਼ਰੀ ਜਥੇ ਵੱਲੋਂ ਭਗਤ ਨਾਮਦੇਵ ਜੀ ਦੀ ਜੀਵਨੀ ਦੇ ਅਧਾਰਿਤ ਕਥਾ ਵਿਚਾਰਾਂ ਅਤੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ ਅਤੇ 16 ਜਨਵਰੀ ਦਿਨ ਸ਼ੁੱਕਰਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸੰਗਤਾਂ ਦੇ ਸਹਿਯੋਗ ਨਾਲ ਨਗਰ ਕੀਰਤਨ ਸਜਾਇਆ ਜਾਵੇਗਾ ਜਿਸ ਵਿੱਚ ਪੰਥ ਪ੍ਰਸਿੱਧ ਢਾਡੀ ਬੀਬੀ ਕਿਰਨਜੀਤ ਕੌਰ ਖਾਲਸਾ ਅਤੇ ਢਾਡੀ ਬੀਬੀ ਜਸਬੀਰ ਕੌਰ ਜੱਸ ਦੇ ਢਾਡੀ ਜਥਿਆਂ ਵੱਲੋਂ ਪਿੰਡ ਦੀ ਗਰਾਊਂਡ ਵਿੱਚ ਸੰਗਤਾਂ ਨੂੰ ਵਾਰਾਂ ਰਾਹੀਂ ਬਾਬਾ ਜੀ ਅਤੇ ਗੁਰਇਤਿਹਸ ਨਾਲ ਜੋੜਨ ਦਾ ਯਤਨ ਕੀਤਾ ਜਾਵੇਗਾ ਅਤੇ ਨਗਰ ਕੀਰਤਨ ਦੀ ਸਮਾਪਤੀ ਗੁਰਦੁਆਰਾ ਸਾਹਿਬ ਵਿਖੇ ਹੋਏਗੀ।



# ਆਨੰਦ ਗਰੁੱਪ ਆਫ ਕਾਲਜਿਜ਼ ਜੇਠੂਵਾਲ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ

**ਮਜੀਠਾ (ਸੋਇਮ ਆਨੰਦ)**- ਆਨੰਦ ਗਰੁੱਪ ਆਫ ਕਾਲਜਿਜ਼ ਵਿਖੇ ਲੋਹੜੀ ਦਾ ਤਿਉਹਾਰ ਬੜੀ ਹੀ ਖੁਸ਼ੀ, ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ।ਇਸ ਸਮਾਗਮ ਵਿਚ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ ਅਤੇ ਕਵਲਜੀਤ ਕੌਰ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ, ਵਾਇਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਸ਼ਾਮਲ ਸਨ।ਇਸ ਮੌਕੇ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਭਾਗ ਲਿਆ।ਲੋਹੜੀ ਦੀ ਅੱਗ ਦੇ ਆਲੇ-ਦੁਆਲੇ ਇਕੱਠੇ ਹੋ ਕੇ ਸਭ ਨੇ ਤਿਲ, ਰੇਵੜੀਆਂ, ਮੂੰਗਫਲੀ ਅਤੇ ਮੱਕੀ ਦੇ ਦਾਣੇ ਅੱਗ ਵਿੱਚ ਭੇਟ ਕੀਤੇ ਅਤੇ ਲੋਕ ਗੀਤਾਂ ਤੇ ਭੰਗੜੇ ਨਾਲ ਸਮਾਗਮ ਨੂੰ ਰੌਣਕ ਬਖ਼ਸ਼ੀ।ਇਸ ਮੌਕੇ ਚੇਅਰਮੈਨ ਡਾ. ਐੱਮ. ਐੱਮ. ਆਨੰਦ ਸਾਹਿਬ ਨੇ ਵਿਦਿਆਰਥੀਆਂ ਨੂੰ ਲੋਹੜੀ ਦੇ ਮਹੱਤਵ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੋਹੜੀ ਪੰਜਾਬ ਦਾ ਇੱਕ ਪ੍ਰਾਚੀਨ ਤਿਉਹਾਰ ਹੈ ਜੋ ਸੂਰਜ ਦੀ ਉਪਾਸਨਾ ਅਤੇ ਆਪਸੀ ਭਾਈਚਾਰੇ ਦਾ ਪ੍ਰਤੀਕ ਹੈ।ਉਨ੍ਹਾਂ ਨੇ ਕਿਹਾ ਕਿ ਅਜਿਹੇ ਤਿਉਹਾਰ ਸਾਡੀ ਸੰਸਕ੍ਰਿਤੀ ਅਤੇ ਰਵਾਇਤਾਂ ਨਾਲ ਜੁੜੇ ਰਹਿਣ ਦਾ ਸੁਨੇਹਾ ਦਿੰਦੇ ਹਨ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਲੋਕ ਨਾਚ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ, ਜਿਨ੍ਹਾਂ ਨੇ ਸਮੂਹ ਮਾਹੌਲ ਨੂੰ ਰੰਗੀਨ ਬਣਾ ਦਿੱਤਾ।ਅੰਤ ਵਿੱਚ ਸਭ ਨੇ ਇਕ-ਦੂਜੇ ਨੂੰ ਲੋਹੜੀ ਦੀਆਂ ਵਧਾਈਆਂ ਦਿੱਤੀਆਂ ਅਤੇ ਮਿਠਿਆਈਆਂ ਵੰਡ ਕੇ ਸਮਾਗਮ ਦਾ ਸਮਾਪਨ ਕੀਤਾ। ਇਸ ਮੌਕੇ ਮੈਡਮ ਮਨਵਿੰਦਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ, ਰੁਪਨਦੀਪ ਕੌਰ, ਅਰਪਨਜੋਤ ਕੌਰ, ਕੋਮਲਪ੍ਰੀਤ ਕੌਰ, ਪੁਨਰ, ਹਰਮਨਜੋਤ ਕੌਰ, ਹਰਮਨ, ਰਮਨਦੀਪ ਕੌਰ, ਮਨਦੀਪ ਕੌਰ, ਪ੍ਰਿਅੰਕਾ, ਸਰਨਦੀਪ ਕੌਰ, ਨਿਧੀ, ਸਿਮਰਨਜੀਤ ਕੌਰ, ਰੀਤੂ ਕਾਲੀਆ, ਹਰਪ੍ਰੀਤ ਕੌਰ, ਬਲਜੀਤ ਕੌਰ, ਸਰੁਚੀਪਾਲ, ਰਮਿੰਦਰਜੀਤ ਕੌਰ, ਜੋਤੀ ਬਾਲਾ, ਜਗਰੂਪ ਕੌਰ, ਸੋਨਲ ਮਹਾਜਨ, ਭੁਪਿੰਦਰ, ਚੰਨਜਜੀਤ, ਸ਼ੈਲੀ ਸ਼ਰਮਾ ਸਮੇਤ ਹੋਰ ਸਟਾਫ ਅਤੇ ਵਿਦਿਆਰਥੀ ਆਦਿ ਸ਼ਾਮਲ ਸਨ।



# ਲੋਹੜੀ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਕਟਾਰੂਚੱਕ ਬਜ਼ੁਰਗਾਂ ਦੇ ਵਿਹੜੇ ਪਹੁੰਚੇ

**ਪਠਾਨਕੋਟ (ਦਵਿੰਦਰ ਸਿੰਘ)**- ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਲੋਹੜੀ ਦੇ ਪਵਿੱਤਰ ਤਿਉਹਾਰ ਮੌਕੇ ਖੁਸ਼ੀਆਂ ਨੂੰ ਸਾਂਝਾ ਕਰਦਿਆਂ ਬਿਰਧ ਆਸ਼ਰਮ ਝਾਖੋਲਾੜੀ ਵਿਖੇ ਬਜ਼ੁਰਗਾਂ ਨਾਲ ਵਿਸ਼ੇਸ਼ ਸਮਾਂ ਬਿਤਾਇਆ ਗਿਆ।ਇਸ ਮੌਕੇ ਬਜ਼ੁਰਗਾਂ ਨਾਲ ਮਿਲ ਕੇ ਲੋਹੜੀ ਦੀ ਧੂਣੀ ਬਾਲੀ ਗਈ ਅਤੇ ਰਵਾਇਤੀ ਮੂੰਗਫਲੀ ਤੇ ਰਿਓੜੀਆਂ ਵੰਡ ਕੇ ਤਿਉਹਾਰ ਦੀਆਂ ਖੁਸ਼ੀਆਂ ਮਨਾਈਆਂ ਗਈਆਂ।ਬਜ਼ੁਰਗਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਜਦੋਂ ਬਜ਼ੁਰਗ ਕੰਬਦੇ ਹੱਥਾਂ ਨਾਲ ਸਿਰ 'ਤੇ ਹੱਥ ਰੱਖ ਕੇ ਅਸੀਸ ਦਿੰਦੇ ਹਨ ਤਾਂ ਮਹਿਸੂਸ ਹੁੰਦਾ ਹੈ ਕਿ ਦੁਨੀਆ ਦੀ ਸਭ ਤੋਂ ਵੱਡੀ ਦੌਲਤ ਇਨ੍ਹਾਂ ਅਸੀਸਾਂ ਵਿੱਚ ਹੀ ਹੈ।ਬਜ਼ੁਰਗਾਂ ਦੀਆਂ ਦੁਆਵਾਂ ਮਨੁੱਖ ਨੂੰ ਹਰ ਮੁਸ਼ਕਿਲ ਵਿੱਚੋਂ ਨਿਕਲਣ ਦੀ ਤਾਕਤ ਦਿੰਦੀਆਂ ਹਨ।ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਉਹ ਸਰਮਾਇਆ ਹਨ, ਜਿਨ੍ਹਾਂ ਦੇ ਤਜਰਬਿਆਂ ਦੀ ਛਾਂ ਹੇਠ ਅਸੀਂ ਵੱਡੇ ਹੋਏ ਹਾਂ।ਬਜ਼ੁਰਗਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਸਾਡਾ ਸਭ ਦਾ ਇਖ਼ਲਾਕੀ ਫ਼ਰਜ਼ ਹੈ।ਇਹ ਇੱਕ ਅਮੁੱਲੀ ਦਾਤ ਹੈ ਜਿਸ ਦੀ ਕਦਰ ਹਰ ਇੱਕ ਨੂੰ ਕਰਨੀ ਚਾਹੀਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਮੇਰੀ ਹਮੇਸ਼ਾ ਇਹੀ ਅਰਦਾਸ ਰਹੇਗੀ ਕਿ ਸਾਡੇ ਬਜ਼ੁਰਗਾਂ ਦੇ ਚਿਹਰਿਆਂ 'ਤੇ ਇਹ ਮੁਸਕਾਨ ਹਮੇਸ਼ਾ ਬਣੀ ਰਹੇ।ਸਾਡੀ ਸਰਕਾਰ ਅਤੇ ਪ੍ਰਸ਼ਾਸਨ ਬਜ਼ੁਰਗਾਂ ਦੀ ਭਲਾਈ ਅਤੇ ਉਨ੍ਹਾਂ ਦੇ ਮਾਣ-ਸਤਿਕਾਰ ਨੂੰ ਬਰਕਰਾਰ ਰੱਖਣ ਲਈ ਹਮੇਸ਼ਾ ਤਤਪਰ ਹੈ।ਇਸ ਮੌਕੇ ਬਿਰਧ ਆਸ਼ਰਮ ਦਾ ਸਟਾਫ਼ ਅਤੇ ਇਲਾਕੇ ਦੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ, ਜਿਨ੍ਹਾਂ ਨੇ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਾਗਰੂਕਤਾ ਰੈਲੀ ਕੱਢੀ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਯੁੱਧ ਨਸ਼ਿਆਂ ਦੇ ਵਿਰੁੱਧ ਦੂਜੇ ਪੜਾਅ ਤਹਿਤ ਪਿੰਡ ਬੱਡਲਾ ਖੁਰਦ ਵਿਖੇ ਯੁੱਧ ਨਸ਼ਿਆਂ ਵਿਰੁੱਧ ਦੂਜੇ ਪੜਾਅ ਮੌਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਯੁੱਧ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਰੈਲੀ ਮੌਕੇ ਸ਼ਿਰਕਤ ਕੀਤੀ।ਇਸ ਮੌਕੇ ਸਰਪੰਚ ਹੈਪੀ ਬੱਡਲਾ ਖੁਰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਰੰਭੇ ਯੁੱਧ ਨਸ਼ਿਆਂ ਦੇ ਵਿਰੁੱਧ ਦੂਜੇ ਪੜਾਅ ਤਹਿਤ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਦੂਜੀ ਰੈਲੀ ਕੱਢੀ ਗਈ। ਇਸ ਮੌਕੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਦੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਉਪਰਾਲੇ ਕਰ ਰਹੀ ਹੈ। ਇਸ ਮੌਕੇ ਯੁੱਧ ਨਸ਼ਿਆਂ ਦੇ ਵਿਰੁੱਧ ਦੂਜੇ ਪੜਾਅ ਤਹਿਤ ਅੱਜ ਪਿੰਡ ਬੱਡਲਾ ਖੁਰਦ ਵਿਖੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਦੀ ਅਗਵਾਈ ਹੇਠ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਰੈਲੀ ਕੱਢੀ ਗਈ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਯੁੱਧ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਰੈਲੀ ਮੌਕੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਪ੍ਰਮੁੱਖ ਸਖਸ਼ੀਅਤਾਂ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗ੍ਰਾਮ ਪੰਚਾਇਤ ਬੱਡਲਾ ਖੁਰਦ ਵੱਲੋਂ ਸਰਪੰਚ ਸੀਮਾ ਦੇਵੀ, ਹਰਦੀਪ ਸਿੰਘ, ਪੰਚ ਪਰਮਜੀਤ ਕੌਰ ,ਪੰਚ ਅਮਨਦੀਪ ਕੌਰ, ਪੰਚ ਜਸਵਿੰਦਰ ਸਿੰਘ, ਪੰਚ ਸਤਪਾਲ ਸਿੰਘ ਸੱਤੀ, ਪ੍ਰਧਾਨ ਜਸਵੀਰ ਸਿੰਘ ਬੱਡਲਾ ਖੁਰਦ, ਪ੍ਰਧਾਨ ਜਸਵੀਰ ਸਿੰਘ ਰਿੰਕੂ , ਬੱਡਲਾ ਖੁਰਦ ਸਾਬਕਾ ਸਰਪੰਚ ਤਜਿੰਦਰ ਸਿੰਘ, ਬੱਡਲਾ ਤੋਂ ਸਰਪੰਚ ਕਮਲੇਸ਼ ਕੌਰ, ਡਾ.ਰੌਸ਼ਨ, ਜਤਿੰਦਰ ਸਿੰਘ (ਜੱਸੀ), ਲੰਬੜਦਾਰ ਲਾਡੀ, ਨਵਾਂ ਲੰਬੜਦਾਰ ਦੇਸ਼ ਰਾਜ ਆਦਿ ਹਾਜ਼ਰ ਸਨ।



# ਸਮਾਜ ਸੇਵਾ ਨੂੰ ਪ੍ਰਣਾਏ ਉਦਯੋਗਪਤੀ ਸੁਭਾਸ਼ ਅਰੋੜਾ ਸਨਮਾਨਿਤ

**ਅੰਮ੍ਰਿਤਸਰ (ਅਰੋੜਾ)**: ਆਧੁਨਿਕ ਯੁੱਗ ਵਿੱਚ ਜਦੋਂਕਿ ਹਰੇਕ ਨਾਗਰਿਕ ਸਿਰਫ਼ ਆਪਣੇ ਜਾਂ ਆਪਣੇ ਪਰਿਵਾਰਕ ਮੈਂਬਰਾਂ ਦੇ ਬਾਰੇ ਹੀ ਸੋਚਦਾ ਹੈ ਉਥੇ ਸਮਾਜ ਵਿੱਚ ਕੁੱਝ ਅਜਿਹੇ ਲੋਕ ਵੀ ਹਨ ਜੋ ਉਸ ਪਰਮ ਪਿਤਾ ਪਰਮਾਤਮਾ, ਵਾਹਿਗੁਰੂ ਦਾ ਨਾਮ ਜਪਦੇ ਹਨ ਅਤੇ ਆਪਣੇ ਪਰਿਵਾਰ ਦੇ ਨਾਲ ਦੇਸ਼ ਅਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਵੀ ਪੂਰਾ ਯੋਗਦਾਨ ਦਿੰਦੇ ਹਨ। ਇਨ੍ਹਾਂ ਵਿੱਚ ਇੱਕ ਬੁੱਧੀਜੀਵੀ ਨਾਗਰਿਕ ਉਦਯੋਗਪਤੀ ਸੁਭਾਸ਼ ਅਰੋੜਾ ਵੀ ਹਨ ਜੋ ਹਮੇਸ਼ਾ ਲੋੜਵੰਦ ਲੋਕਾਂ ਦੀ ਸਹਾਇਤਾ ਧਾਰਮਿਕ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨਾਲ ਮਿਲ ਕੇ ਚੰਗੇ ਕੰਮ ਕਰਦੇ ਹਨ।ਸੁਭਾਸ਼ ਅਰੋੜਾ ਰਾਮ ਬਾਗ ਸਥਿਤ ਸਰਵਿਸ ਕਲੱਬ ਦੇ ਹੁਣੇ ਹੁਣੇ ਮੀਤ ਪ੍ਰਧਾਨ ਚੁਣੇ ਗਏ। ਇਸ ਤੋਂ ਪਹਿਲਾਂ ਉਹ ਮਹਾਂ ਸਭਾ ਪੰਜਾਬ ਅੰਮ੍ਰਿਤਸਰ ਜ਼ਿਲ੍ਹਾ ਪ੍ਰਧਾਨ ਦੇ ਅਹੁਦੇ 'ਤੇ ਸ਼ਲਾਘਾਯੋਗ ਕੰਮ ਕਰ ਰਹੇ ਹਨ।ਫੋਕਲ ਪੁਆਇੰਟ ਇੰਡਸਟਰੀ ਦੇ ਵੀ ਇਹ ਬਤੌਰ ਸੀਨੀਅਰ ਮੈਂਬਰ ਇੰਡਸਟਰੀ ਦੀਆਂ ਸਮੱਸਿਆਵਾਂ ਦੇ ਸੰਬੰਧ 'ਚ ਕੰਮ ਕਰਦੇ ਆ ਰਹੇ ਹਨ।ਲੋੜਵੰਦ ਪਰਿਵਾਰਾਂ ਦੇ ਵਿਦਿਆਰਥੀਆਂ ਦੀ ਸਹਾਇਤਾ ਕਰਨਾ, ਉਨ੍ਹਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਮੁਹੱਈਆ ਕਰਵਾਉਣ, ਗਰੀਬ ਕੰਨਿਆਵਾਂ ਦੀਆਂ ਸ਼ਾਦੀਆਂ ਵਿਚ ਉਨ੍ਹਾਂ ਦੀ ਸਹਾਇਤਾ ਕਰਨਾ ਸਮਾਜ ਸੇਵਕ ਸੁਭਾਸ਼ ਅਰੋੜਾ ਆਪਣਾ ਕਰਤੱਵ ਮੰਨਦੇ ਹਨ।ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਰਾਮ ਬਾਗ ਸਥਿਤ ਬੁੱਧੀਜੀਵੀ ਨਾਗਰਿਕਾਂ ਵੱਲੋਂ ਉਨ੍ਹਾਂ ਨੂੰ ਮਕਰ ਸਕ੍ਰਾਂਤੀ ਦੇ ਸ਼ੁਭ ਮੌਕੇ 'ਤੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਵਾਲਿਆਂ ਵਿੱਚ ਕੁਲਵਿੰਦਰ ਸਿੰਘ ਅਰੋੜਾ, ਪੈਟਰਨ ਲਾਲੀ ਸੰਧੂ, ਸਕੱਤਰ ਵਿਸ਼ਵ ਬੰਧੂ, ਅਜੇ ਸੇਨ, ਵਿਜੇ ਮਾਮਾ, ਸੀਨੀਅਰ ਮੈਂਬਰ ਨਰਿੰਦਰ ਕਪੂਰ ਸਹਿਤ ਰਾਮ ਬਾਗ ਸੈਰ ਕਰਨ ਵਾਲੇ ਅਤੇ ਸਰਵਿਸ ਕਲੱਬ ਦੇ ਕਈ ਮੈਂਬਰ ਮੌਜੂਦ ਸਨ।



# 45 ਕਿਲੋਮੀਟਰ ਸੜਕਾਂ ਦੇ ਨਿਰਮਾਣ 'ਤੇ ਕਰੀਬ 36 ਕਰੋੜ ਰੁਪਏ ਖਰਚ ਕੀਤੇ ਜਾਣਗੇ : ਕਟਾਰੂਚੱਕ

**ਪਠਾਨਕੋਟ, (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਅੰਦਰ 74 ਸੜਕਾਂ ਦੇ ਨਿਰਮਾਣ ਦਾ ਕਾਰਜ ਪਹਿਲਾ ਹੀ ਚਲ ਰਿਹਾ ਹੈ ਅਤੇ ਇੱਕ ਵੱਡੀ ਖੁਸ਼ਖਬਰੀ ਵਿਧਾਨ ਸਭਾ ਹਲਕਾ ਭੋਆ ਲਈ ਹੈ ਕਿ ਹੋਰ 6 ਵੱਡੀਆਂ ਸੜਕਾਂ ਜਿਨ੍ਹਾਂ ਦੇ ਟੈਂਡਰ ਲਗਾਏ ਜਾ ਚੁੱਕੇ ਹਨ। ਇਨ੍ਹਾਂ 45 ਕਿਲੋਮੀਟਰ ਸੜਕਾਂ ਦੇ ਨਿਰਮਾਣ 'ਤੇ ਕਰੀਬ 36 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਜਸਵਾਲੀ ਰੈਸਟ ਹਾਊਸ ਵਿਖੇ ਆਯੋਜਿਤ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਮੂਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਅਸ਼ਵਨੀ ਕੁਮਾਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸ਼ੁਭਕਰਨ ਸੈਣੀ ਬਲਾਕ ਸੰਮਤੀ ਮੈਂਬਰ, ਕਰਨ ਸਿੰਘ ਬਲਾਕ ਸੰਮਤੀ ਮੈਂਬਰ, ਸਰਪੰਚ ਰਵੀ ਸਿੰਘ, ਰਜਿੰਦਰ ਸਿੰਘ ਭਿੱਲਾ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਹਾਜ਼ਰ ਸਨ।ਪ੍ਰੈੱਸ ਕਾਨਫਰੰਸ ਦੌਰਾਨ ਕਟਾਰੂਚੱਕ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਜੋ ਕਿ ਆਜ਼ਾਦੀ ਤੋਂ ਬਾਅਦ ਬਹੁਤ ਸਾਰੇ ਵਿਕਾਸ ਕਾਰਜਾਂ ਦੇ ਨਾ ਹੋਣ ਕਰਕੇ ਪੱਛੜਿਆ ਰਿਹਾ ਹੈ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਭੋਆ ਅੰਦਰ ਵੱਡੇ ਕਾਰਜ ਕਰਕੇ ਹਲਕੇ ਦੀ ਨੁਹਾਰ ਬਦਲੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਅੰਦਰ ਜਿੱਥੇ ਸੜਕਾਂ ਦੇ ਨਿਰਮਾਣ ਕਾਰਜ ਕੀਤੇ ਜਾ ਰਹੇ ਹਨ ਉਥੇ ਹੀ ਨਾਲ ਦੀ ਨਾਲ ਇਨ੍ਹਾਂ ਸੜਕਾਂ ਦੀ ਚੌੜਾਈ ਵੀ ਵਧਾ ਕੇ 18 ਫੁੱਟ ਕੀਤੀ ਜਾ ਰਹੀ ਹੈ।ਵਿਧਾਨ ਸਭਾ ਹਲਕਾ ਭੋਆ ਦੀਆਂ 6 ਸੜਕਾਂ ਦੇ ਨਿਰਮਾਣ ਤੇ ਕਰੀਬ 36 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਅੰਦਰ ਹੋ ਰਹੇ ਵਿਕਾਸ ਕਾਰਜਾਂ ਵਿੱਚੋਂ ਸਭ ਤੋਂ ਵੱਡਾ ਤੋਹਫਾ ਸੜਕਾਂ ਦਾ ਹੈ ਜਿੱਥੇ ਪਹਿਲਾਂ ਹੀ 74 ਸੜਕਾਂ ਦੇ ਨਿਰਮਾਣ ਕਾਰਜ ਚਲ ਰਹੇ ਹਨ ਹੁਣ ਨਵੀਆਂ 6 ਹੋਰ ਸੜਕਾਂ ਦਾ ਨਿਰਮਾਣ ਕੀਤਾ ਜਾਣਾ ਹੈ ਜਿਨ੍ਹਾ ਵਿੱਚੋਂ ਤਾਰਾਗੜ੍ਹ ਤੋਂ ਸਿਹੋੜਾ ਸੜਕ ਦਾ ਉਦਘਾਟਨ ਵੀ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੜਕਾਂ ਦੇ ਨਿਰਮਾਣ ਕਾਰਜਾਂ ਵਿੱਚ ਛੋਟੂਨਾਥ ਦੇ ਮੰਦਿਰ ਤੋਂ ਲੈ ਕੇ ਢੋਲੋਵਾਲ-ਪਹਾੜੋਚੱਕ-ਬਲੋਰ, ਇਸੇ ਤਰ੍ਹਾਂ ਕੋਠੇ-ਖਿਆਲਾ-ਮਾਜਰਾ-ਜਾਨੀਚੱਕ, ਮਦੀਨਪੁਰ-ਕੋਠੇ ਖਿਆਲਾ, ਤਾਰਾਗੜ੍ਹ ਤੋਂ ਸਿਹੋੜਾ, ਕੋਟਲੀ ਮੁਗਲਾ ਤੋਂ ਵਾਇਆ ਭੋਆ, ਬਨੀਲੋਧੀ ਤੋਂ ਸੁੰਦਰਚੱਕ ਅਤੇ ਦੀਨਾਨਗਰ ਤੋਂ ਤਾਰਾਗੜ੍ਹ ਤੱਕ ਪਲਾਨ ਰੋਡ ਵਿੱਚ ਪਾਇਆ ਗਿਆ ਹੈ। ਇਸ ਤਰ੍ਹਾਂ ਇਨ੍ਹਾਂ ਸੜਕਾਂ ਤੇ 36 ਕਰੋੜ ਰੁਪਏ ਖਰਚ ਕੀਤੇ ਜਾਣੇ ਹਨ ਅਤੇ ਇਨ੍ਹਾਂ ਸੜਕਾਂ ਵਿੱਚੋਂ ਜ਼ਿਆਦਾਤਰ ਸੜਕਾਂ ਦੀ ਚੌੜਾਈ 10 ਫੁੱਟ ਤੋਂ ਵਧਾ ਕੇ 18 ਫੁੱਟ ਬਣਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਤੋਂ ਬਾਅਦ ਰਿਪੇਅਰ ਲਈ ਵੀ ਸਰਕਾਰ ਵੱਲੋਂ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਨਾਲ ਨਾਲ ਹਲਕਾ ਪਠਾਨਕੋਟ ਅਤੇ ਸੁਜਾਨਪੁਰ ਅੰਦਰ ਵੀ ਕਾਫੀ ਵੱਡੀਆਂ ਸੜਕਾਂ ਦੇ ਨਿਰਮਾਣ ਕਾਰਜ ਜਾਰੀ ਹਨ ਜਿਸ ਵਿੱਚ ਪਠਾਨਕੋਟ ਤੋਂ ਸ਼ਾਹਪੁਰ ਕੰਡੀ ਰੋਡ ਅਤੇ ਪੁਲ ਨੰਬਰ 4 ਤੋਂ ਲੈ ਕੇ ਚੌਕਾਂ ਵਾਲਾ ਖੂਹ ਦੀਆਂ ਸੜਕਾਂ ਦੇ ਵੀ ਟੈਂਡਰ ਹੋ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸੜਕਾਂ ਦੇ ਨਿਰਮਾਣ ਕਾਰਜਾਂ ਵਿੱਚ ਪਿੰਡ ਚੋਹਾਣਾ ਤੋਂ ਭੀਮਪੁਰ ਤੱਕ, ਪਰਮਾਨੰਦ ਤੋਂ ਕੋਠੇ ਸੈਣੀਆਂ ਅਤੇ ਗੁੱਜਰਾਂ ਲਾਹੜੀ ਤੱਕ, ਅਮਨ ਭੱਲਾ ਕਾਲਜ ਤੋਂ ਪੁਲ ਤੱਕ, ਨਰੋਟ ਮਹਿਰਾ ਤੋਂ ਬਾਰਠ ਸਾਹਿਬ ਪੁਲ ਤੱਕ, ਬਾਰਠ ਸਾਹਿਬ ਤੋਂ ਲਾਹੜੀ ਬਾਵਿਆਂ-ਭੋਆ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ 18 ਫੁੱਟ ਚੌੜੀਆਂ ਬਣਾਈਆਂ ਜਾ ਰਹੀਆਂ ਹਨ। ਆਉਣ ਵਾਲੇ ਦਿਨ੍ਹਾਂ ਵਿੱਚ ਵੱਡੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣੇ ਹਨ।



# ਬਾਬਾ ਰੰਗੀ ਰਾਮ ਦਾ ਸਾਲਾਨਾ ਜੋੜ ਮੇਲਾ ਭਲਕੇ

**ਅੱਡਾ ਸਰਾਂ (ਜਸਵੀਰ ਕਾਜਲ)**- ਪ੍ਰੈੱਸ ਨੂੰ ਜਾਣਕਾਰੀ ਦਿੰਦੇਆ ਅਵਤਾਰ ਸਿੰਘ ਸੇਖੋ ਨੇ ਦੱਸਿਆ ਹਰੇਕ ਸਾਲ ਦੀ ਤਰਾਂ ਪਿੰਡ ਸੀਕਰੀ ਵਿੱਚ ਧੰਨ ਧੰਨ ਬਾਬਾ ਰੰਗੀ ਰਾਮ ਜੀ ਦਾ ਜੋੜ ਮੇਲਾ ਮਨਾਇਆ ਜਾ ਰਿਹਾ ਹੈ। ਉਹਨਾ ਨੇ ਦੱਸਿਆ ਕੀ ਧੰਨ ਧੰਨ ਬਾਬਾ ਰੰਗੀ ਰਾਮ ਜੀ ਦੇ ਮੁੱਖ ਸੇਵਾਦਾਰ ਮਾਸਟਰ ਕਿਸ਼ਨ ਸਿੰਘ ਨੇ ਦੇਸ਼ ਵਿਦੇਸ਼ ਦੀਆਂ ਤੇ ਨਗਰ ਨਿਵਾਸੀਆ ਅਤੇ ਇਲਾਕੇ ਦੀਆ ਸੰਗਤਾ ਨੂੰ ਲੱਖ ਲੱਖ ਮੁਬਾਰਕ ਦਿੱਤੀਆ ਤੇ ਪਰਿਵਾਰਾ ਸਮੇਤ ਪਹੁੰਚ ਕੇ ਬਾਬਾ ਜੀ ਦਾ ਆਸ਼ੀਰਵਾਦ ਲੈਣ ਲਈ ਸਦਾ ਦਿੱਤਾ। ਜੋ ਸੰਗਤਾ ਬਾਬਾ ਜੀ ਦੇ ਪਾਵਨ ਅਸਥਾਨ ਤੇ ਆ ਕੇ ਮਨੋਕਾਮਨਾਮਾ ਦੀਆ ਅਰਦਾਸਾ ਕਰਵਾਉਂਦੀਆ ਹਨ । ਅਰਦਾਸਾ ਪੁਰੀਆ ਹੋਣ ਉਪਰੰਤ ਹਰੇਕ ਸਾਲ ਦੋ ਵੱਡੇ ਨਿਸ਼ਾਨ ਸਾਹਿਬ 15 ਜਨਵਰੀ ਸਵੇਰੇ 10 ਵਜੇ ਚੜਾਉਂਣੇ ਅਰੰਭ ਕੀਤੇ ਜਾਂਦੇ ਹਨ ਅਤੇ 31 ਹੋਰ ਨਿਸ਼ਾਨ ਸਾਹਿਬ ਇਲਾਕੇ ਦੀਆ ਸੰਗਤਾਂ ਅਤੇ ਨਗਰ ਨਿਵਾਸੀ ਸੰਗਤਾ ਵੱਲੋ ਬੜੀ ਸ਼ਰਧਾ ਨਾਲ ਦੁਪਹਿਰ 3:30 ਤੇ ਆਪਣੇ ਆਪਣੇ ਘਰਾ ਵਿੱਚੋ ਤਿਆਰੀ ਕਰਕੇ ਬਾਬਾ ਜੀ ਦੇ ਸਥਾਨ ਤੇ ਚੜਾਏ ਜਾਦੇ ਹਨ। ਗੁਰੂ ਕੇ ਅਤੁੱਟ ਲੰਗਰ 14 ਜਨਵਰੀ ਤੋ ਅਰੰਭ ਹੋ ਜਾਦੇ ਹਨ ਤੇ ਸ਼ਾਮ ਨੂੰ 5 ਵਜੇ ਤੋ 7 ਵਜੇ ਤਕ ਕੀਰਤਨ ਸਮਾਗਮ ਚੱਲਣਗੇ। ਸੰਗਤਾ ਨੂੰ 14 ਅਤੇ 15 ਜਨਵਰੀ ਨੂੰ ਪਹੁੰਚਣ ਦਾ ਸਦਾ ਦਿੱਤਾ। ਜੋੜ ਮੇਲੇ ਦੇ ਪ੍ਰਬੰਧਾਂ ਨੂੰ ਲੈ ਕੇ ਸੇਵਾਦਾਰ ਸੇਵਾ ਕਰ ਰਹੇ ਹਨ ਜਿਨਾ ਵਿੱਚੋ ਸੇਵਾਦਾਰ ਸਤਨਾਮ ਸਿੰਘ, ਚੈਚਲ ਸਿੰਘ, ਪੱਪੂ ਇਲੈਕਟਰੀਸ਼ਨ, ਅਵਤਾਰ ਸਿੰਘ, ਬੱਗਾ, ਸਾਬੀ, ਭਵਦੀਪ, ਚੰਦਨ, ਸੌਰਵ, ਰੋਹਿਤ, ਦਲਜੀਤ, ਜੱਸੀ, ਅਮਨ, ਸਾਹਿਲ, ਕਰਨੀ, ਸਾਗਰ, ਮੋਨੂ, ਮਨਿੰਦਰ, ਆਰੀਅਨ, ਮਨਜੀਤ ਸਿੰਘ, ਪ੍ਰਭ, ਮੋਨਟੀ, ਸੁਖਰਾਜ, ਮਨੀ,ਹਨੀ,ਸੁਖਮਨ ਆਦਿ ਹਾਜ਼ਰ ਸਨ।

# ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਸ਼ਹਿਜ਼ਾਦਾ ਨੇ 'ਸੰਤੁਲਨ ਪ੍ਰੋਜੈਕਟ' ਤਹਿਤ ਧੀਆਂ ਦੀ ਲੋਹੜੀ ਮਨਾਈ

**ਹਰ ਨਾਰੀ ਦ੍ਰੋਪਦੀ ਦੀ ਤਰ੍ਹਾਂ ਸੁਰੱਖਿਅਤ ਹੋ ਸਕਦੀ ਹੈ ਬਸ਼ਰਤੇ ਉਸ ਕੋਲ ਗਿਆਨ ਦੀ ਸਨਾਤਨ ਵਿਧੀ ਹੋਵੇ : ਸਾਧਵੀ ਸ਼ਾਮਭਵੀ ਭਾਰਤੀ**

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸੰਤੁਲਨ ਪ੍ਰੋਜੈਕਟ ਅਧੀਨ ਸ਼ਹਿਜ਼ਾਦਾ ਸ਼ਾਖਾ ਵਿਖੇ ਲੋਹੜੀ ਬਹੁਤ ਧੂਮਧਾਮ ਨਾਲ ਮਨਾਈ ਗਈ।ਇਹ ਸਮਾਗਮ ਵਿਸ਼ੇਸ਼ ਤੌਰ ਤੇ ਧੀਆਂ ਲਈ ਲੋਹੜੀ ਅਤੇ ਮਹਿਲਾ ਸਸ਼ਕਤੀਕਰਨ ਦੇ ਤਹਿਤ ਆਯੋਜਿਤ ਕੀਤਾ ਗਿਆ ਜਿਸ ਵਿੱਚ ਸਭ ਨੂੰ ਸੰਬੋਧਨ ਕਰਦੇ ਹੋਏ ਪਰਮ ਪੂਜਨੀਕ ਆਸ਼ੂਤੋਸ਼ ਮਹਾਰਾਜ ਦੀ ਸਿਸ਼ ਸਾਧਵੀ ਸ਼ਾਮਭਵੀ ਭਾਰਤੀ ਨੇ ਕਿਹਾ ਕਿ ਵੇਦਾਂ ਵਿੱਚ ਨਾਰੀ ਨੂੰ ਉਸ ਦੇ ਅਲੌਕਿਕ ਗੁਣਾਂ ਸਦਕਾ ਪੁਰੰਧਰੀ ਕਿਹਾ ਜਾਂਦਾ ਹੈ।ਮਹਾਰਿਸ਼ੀ ਪਾਨਿਨੀ ਕਹਿੰਦੇ ਹਨ ਕਿ ਜੋ ਪੁਰਸ਼ ਨਾਰੀ ਤੋਂ ਸਿੱਖਿਆ ਪ੍ਰਾਪਤ ਕਰੇਗਾ ਉਸਨੂੰ ਬੁੱਧੀਮਾਨ ਕਿਹਾ ਜਾਵੇਗਾ।ਸਾਡੇ ਭਾਰਤ ਦੇ ਗੌਰਵਮਈ ਇਤਿਹਾਸ ਅੰਦਰ ਬਹੁਤ ਸਾਰੀਆਂ ਬਹਾਦਰ ਨਾਰੀਆਂ ਦੀਆਂ ਵੀਰ ਗਾਥਾਵਾਂ ਹਨ ਜਿਨ੍ਹਾਂ ਨੇ ਸਾਧਨਾ ਦੀ ਸ਼ਕਤੀ ਨਾਲ ਆਪਣੀ ਅਤੇ ਆਪਣੇ ਪਰਿਵਾਰ ਦੀ ਰੱਖਿਆ ਕੀਤੀ।ਸਤੀ ਅਨੁਸੂਈਆ ਨੇ ਆਪਣੀ ਅਧਿਆਤਮਿਕ ਸ਼ਕਤੀ ਨਾਲ ਆਪਣੀ ਪਵਿੱਤਰਤਾ ਦੀ ਰੱਖਿਆ ਕਰਦੇ ਹੋਏ ਉਸਦੀ ਪ੍ਰੀਖਿਆ ਲੈਣ ਆਏ ਬ੍ਰਹਮਾ, ਵਿਸ਼ਨੂੰ ਅਤੇ ਸ਼ਿਵ ਨੂੰ ਵੀ ਬਾਲਕ ਦੇ ਰੂਪ ਵਿੱਚ ਪਰਿਵਰਤਿਤ ਕਰ ਦਿੱਤਾ।ਮਾਤਾ ਸਤੀ ਨੇ ਦੋ ਦਾਨਵ ਸ਼ੁੰਭ ਅਤੇ ਨਿਸ਼ੁੰਭ ਨੂੰ ਹਰਾਇਆ, ਜਿਨ੍ਹਾਂ ਨੂੰ ਵੱਡੇ-ਵੱਡੇ ਰਾਜੇ ਵੀ ਹਰਾ ਨਹੀਂ ਸਕੇ। ਅਸਲ ਵਿੱਚ ਅਧਿਆਤਮਿਕ ਸ਼ਕਤੀ ਸਭ ਤੋਂ ਵੱਡੀ ਸੁਰੱਖਿਆ ਹੈ। ਇਹ ਸ਼ਕਤੀ ਸਾਡੇ ਸਾਰਿਆਂ ਦੇ ਅੰਦਰ ਵੱਸਦੀ ਹੈ ਅਤੇ ਇਸਨੂੰ ਸਿਰਫ਼ ਪੂਰਨ ਸਤਿਗੁਰੂ ਦੇ ਗਿਆਨ ਰਾਹੀਂ ਹੀ ਜਾਗ੍ਰਿਤ ਕੀਤਾ ਜਾ ਸਕਦਾ ਹੈ।ਝਾਂਸੀ ਦੀ ਰਾਣੀ, ਦ੍ਰੋਪਦੀ, ਅਹਿਲਿਆ ਅਤੇ ਸੀਤਾ ਸਭ ਗਿਆਨਵਾਨ ਨਾਰੀਆਂ ਸਨ ਜਿਨ੍ਹਾਂ ਨੇ ਆਪਣੇ ਅੰਦਰ ਦੁਰਗਾ ਦੀ ਸ਼ਕਤੀ ਨੂੰ ਪ੍ਰਗਟ ਕਰ ਲਿਆ ਸੀ । ਅਧਿਆਤਮਿਕ ਸ਼ਕਤੀ ਦੀ ਇਸ ਢਾਲ ਨਾਲ ਉਨ੍ਹਾਂ ਨੇ ਨਾ ਸਿਰਫ਼ ਆਪਣੀ ਰੱਖਿਆ ਕੀਤੀ ਬਲਕਿ ਆਪਣੇ ਵੰਸ਼ ਦਾ ਨਾਮ ਵੀ ਰੌਸ਼ਨ ਕੀਤਾ।ਅੱਜ ਵੀ ਹਰ ਨਾਰੀ ਦ੍ਰੋਪਦੀ ਦੀ ਤਰ੍ਹਾਂ ਸੁਰੱਖਿਅਤ ਹੋ ਸਕਦੀ ਹੈ, ਪਰ ਸ਼ਰਤ ਇਹ ਹੈ ਕਿ ਉਸ ਕੋਲ ਵੀ ਗਿਆਨ ਦੀ ਸਨਾਤਨ ਪੁਰਾਤਨ ਵਿਧੀ ਹੋਵੇ ਜੋ ਦ੍ਰੋਪਦੀ ਦੇ ਕੋਲ ਸੀ। ਇਸ ਲਈ ਜੇਕਰ ਨਾਰੀ ਦੀ ਆਤਮਿਕ ਸ਼ਕਤੀ ਜਾਗ੍ਰਿਤ ਹੋ ਜਾਵੇ ਤਾਂ ਇਹ ਸਮਾਜ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰ ਸਕਦੀ ਹੈ।ਜ਼ਰੂਰਤ ਹੈ ਕਿ ਹਰ ਨਾਰੀ ਪੂਰਨ ਸਤਿਗੁਰੂ ਦੇ ਗਿਆਨ ਰਾਹੀਂ ਆਪਣੀ ਆਤਮਿਕ ਸ਼ਕਤੀ ਨੂੰ ਪਹਿਚਾਣਦੇ ਹੋਏ ਉਸਨੂੰ ਚਾਰੇ ਪਾਸੇ ਫੈਲਾ ਦੇਵੇ।ਇਸ ਲਈ ਯਾਦ ਰੱਖੋ ਕਿ ਜੇਕਰ ਨਾਰੀ ਦੀ ਦੁਰਦਸ਼ਾ ਹੈ ਤਾਂ ਸੰਸਕ੍ਰਿਤ ਦੀ ਦੁਰਦਸ਼ਾ ਹੈ। ਸੰਸਕ੍ਰਿਤ ਦਾ ਜਾਗਰਣ ਉਦੋਂ ਹੀ ਸੰਭਵ ਹੈ ਜਦੋਂ ਨਾਰੀ ਜਾਗ੍ਰਿਤ ਹੋਵੇਗੀ।ਸਾਧਵੀ ਪਰਮਿੰਦਰ ਭਾਰਤੀ ਨੇ ਮਾਘ ਦੀ ਮਹੱਤਤਾ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਸਾਡੇ ਜੀਵਨ ਵਿੱਚ ਮਾਘੀ ਦਾ ਵਿਸ਼ੇਸ਼ ਸਥਾਨ ਹੈ। ਅਸਲ ਵਿੱਚ ਇੱਕ ਭਗਤ ਅੰਦਰੂਨੀ ਇਸ਼ਨਾਨ ਕਰਦਾ ਹੈ।ਬਾਹਰੀ ਇਸ਼ਨਾਨ ਸਾਡੇ ਸਰੀਰ ਦੀ ਮੈਲ ਨੂੰ ਦੂਰ ਕਰ ਸਕਦਾ ਹੈ, ਪਰ ਆਪਣੇ ਅੰਦਰ ਦੇ ਵਿਕਾਰਾਂ ਨੂੰ ਦੂਰ ਕਰਨ ਲਈ ਸਾਨੂੰ ਗਿਆਨ ਦੀ ਗੰਗਾ ਵਿੱਚ ਇਸ਼ਨਾਨ ਕਰਨਾ ਚਾਹੀਦਾ ਹੈ, ਤਾਂ ਹੀ ਸਾਡੀ ਆਤਮਾ ਸੰਤੁਸ਼ਟ ਹੋ ਸਕਦੀ ਹੈ। ਇਸ ਪ੍ਰੋਗਰਾਮ ਵਿੱਚ ਸਾਧਵੀ ਜਸਪਾਲ ਭਾਰਤੀ ਦੁਆਰਾ ਸੁਰੀਲੇ ਭਜਨ ਵੀ ਗਾਏ ਗਏ ਅਤੇ ਸਾਰਿਆਂ ਨੇ ਭਰਪੂਰ ਆਨੰਦ ਮਾਣਿਆ ਅਤੇ ਉਨ੍ਹਾਂ ਤੋਂ ਪ੍ਰੇਰਨਾ ਪ੍ਰਾਪਤ ਕੀਤੀ ।



# ਪੀਐੱਨਬੀ ਖੇਡ ਮੇਲਾ 2025-26 'ਚ ਗੁਰਦਾਸਪੁਰ ਦੀ ਕ੍ਰਿਕਟ 'ਏ' ਟੀਮ ਬਣੀ ਚੈਂਪੀਅਨ

**ਪਠਾਨਕੋਟ (ਦਵਿੰਦਰ ਸਿੰਘ)**- ਪੰਜਾਬ ਨੈਸ਼ਨਲ ਬੈਂਕ ਵੱਲੋਂ ਆਯੋਜਿਤ ਦੋ ਦਿਨਾ ਪੀਐੱਨਬੀ ਖੇਡ ਮੇਲਾ 2025-26 11 ਜਨਵਰੀ ਨੂੰ ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਸਫਲਤਾਪੂਰਵਕ ਸਮਾਪਤ ਹੋਇਆ।10 ਤੋਂ 11 ਜਨਵਰੀ ਤੱਕ ਚੱਲੇ ਇਸ ਆਯੋਜਨ ਵਿੱਚ ਪਠਾਨਕੋਟ, ਗੁਰਦਾਸਪੁਰ ਅਤੇ ਬਟਾਲਾ ਖੇਤਰਾਂ ਦੀਆਂ ਵੱਖ-ਵੱਖ ਸ਼ਾਖਾਵਾਂ ਦੀ ਨੁਮਾਇੰਦਗੀ ਕਰਦੇ ਹੋਏ 200 ਤੋਂ ਵੱਧ ਪੀਐੱਨਬੀ ਕਰਮਚਾਰੀਆਂ ਨੇ ਭਰਪੂਰ ਉਤਸ਼ਾਹ ਨਾਲ ਭਾਗ ਲਿਆ।ਇਹ ਖੇਡ ਮੇਲਾ ਪੰਜਾਬ ਨੈਸ਼ਨਲ ਬੈਂਕ ਦੇ ਐੱਮਡੀ ਅਤੇ ਸੀਈਓ ਅਸ਼ੋਕ ਚੰਦਰਾ ਦੇ ਵਿਜ਼ਨ ਅਨੁਸਾਰ ਇੱਕ ਪੈਨ ਇੰਡੀਆ ਪਹਿਲ ਤਹਿਤ ਆਯੋਜਿਤ ਕੀਤਾ ਗਿਆ ਸੀ।ਇਸ ਦਾ ਮੁੱਖ ਉਦੇਸ਼ ਕਰਮਚਾਰੀਆਂ ਵਿੱਚ ਸ਼ਾਰੀਰਕ ਤੰਦਰੁਸਤੀ, ਮਾਨਸਿਕ ਸਿਹਤ, ਟੀਮ ਸਪਿਰਟ ਅਤੇ ਸਿਹਤਮੰਦ ਕਾਰਜ-ਜੀਵਨ ਸੰਤੁਲਨ ਨੂੰ ਪ੍ਰੋਤਸਾਹਿਤ ਕਰਨਾ ਸੀ।ਦੋ ਦਿਨਾਂ ਦੌਰਾਨ ਐਥਲੈਟਿਕਸ, ਇੰਡੋਰ ਖੇਡਾਂ, ਰੈਕੇਟ ਖੇਡਾਂ ਅਤੇ ਕ੍ਰਿਕਟ ਸਮੇਤ ਕਈ ਖੇਡ ਮੁਕਾਬਲੇ ਬਹੁਤ ਜੋਸ਼ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਕਰਵਾਏ ਗਏ।ਐਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਸਮੂਹਿਕ ਪ੍ਰਦਰਸ਼ਨ ਲਈ ਹਰਪ੍ਰੀਤ ਦੀ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਕੀਤੀ ਗਈ।ਕ੍ਰਿਕਟ ਵਿੱਚ ਗੁਰਦਾਸਪੁਰ 'ਏ' ਟੀਮ ਨੇ ਰੋਮਾਂਚਕ ਫਾਈਨਲ ਮੁਕਾਬਲਾ ਜਿੱਤ ਕੇ ਚੈਂਪੀਅਨ ਦਾ ਖਿਤਾਬ ਆਪਣੇ ਨਾਮ ਕੀਤਾ।ਸਮਾਪਨ ਸਮਾਰੋਹ ਵਿੱਚ ਪੀਐੱਨਬੀ ਪਠਾਨਕੋਟ ਦੇ ਸਰਕਲ ਹੈੱਡ ਸ਼੍ਰੀ ਸੰਜੀਤ ਕੁਮਾਰ ਮੁੱਖ ਮਹਿਮਾਨ ਵਜੋਂ ਮੌਜੂਦ ਰਹੇ।ਹੋਰ ਖਾਸ ਮਹਿਮਾਨਾਂ ਵਿੱਚ ਹੀਰਾ ਲਾਲ (ਉਪ ਸਰਕਲ ਹੈੱਡ), ਰਾਜਨ ਮਲਹੋਤਰਾ (ਲੀਡ ਡਿਸਟ੍ਰਿਕਟ ਮੈਨੇਜਰ, ਗੁਰਦਾਸਪੁਰ), ਵਿਨੇ ਮਾਰਵਾਹ (ਲੀਡ ਡਿਸਟ੍ਰਿਕਟ ਮੈਨੇਜਰ, ਪਠਾਨਕੋਟ) ਅਤੇ ਸ਼ਸ਼ਾਂਕ ਸ਼ੁਕਲਾ (ਮੁੱਖ ਪ੍ਰਬੰਧਕ, ਪਠਾਨਕੋਟ ਸ਼ਾਖਾ ਅਤੇ ਖੇਡ ਕਮੇਟੀ ਸੰਯੋਜਕ) ਸ਼ਾਮਲ ਸਨ।ਸਭਾ ਨੂੰ ਸੰਬੋਧਨ ਕਰਦੇ ਹੋਏ ਸੰਜੀਤ ਕੁਮਾਰ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪੀਐੱਨਬੀ ਖੇਡ ਮੇਲਾ ਕਰਮਚਾਰੀਆਂ ਵਿਚਕਾਰ ਸਿਹਤ, ਭਾਈਚਾਰਾ ਅਤੇ ਸਾਕਾਰਾਤਮਕਤਾ ਨੂੰ ਵਧਾਉਣ ਲਈ ਇੱਕ ਮਜ਼ਬੂਤ ਮੰਚ ਹੈ ਅਤੇ ਇਹ ਬੈਂਕ ਦੀ ਸਮੁੱਚੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਵੀ ਹੋਰ ਮਜ਼ਬੂਤ ਕਰਦਾ ਹੈ।ਪ੍ਰਤਾਪ ਵਰਲਡ ਸਕੂਲ ਦੇ ਨਿਰਦੇਸ਼ਕ ਸੰਨੀ ਮਹਾਜਨ ਨੇ ਸਮਾਪਨ ਸਮਾਰੋਹ ਦੀ ਮੇਜ਼ਬਾਨੀ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਸਕੂਲ ਨੂੰ ਤੰਦਰੁਸਤੀ, ਅਨੁਸ਼ਾਸਨ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਵਾਲੀ ਇਸ ਪ੍ਰਤਿਸ਼ਠਿਤ ਪੈਨ ਇੰਡੀਆ ਪਹਲ ਨਾਲ ਜੁੜ ਕੇ ਸਨਮਾਨਿਤ ਮਹਿਸੂਸ ਹੋ ਰਿਹਾ ਹੈ।ਪ੍ਰਤਾਪ ਵਰਲਡ ਸਕੂਲ ਦੀ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਹਰ ਉਮਰ ਵਰਗ ਦੇ ਲੋਕਾਂ ਨੂੰ ਖੇਡਾਂ ਨੂੰ ਜੀਵਨਸ਼ੈਲੀ ਵਜੋਂ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ ਅਤੇ ਮਾਨਸਿਕ ਤੇ ਸਰੀਰਕ ਸਿਹਤ ਦੇ ਸੰਦੇਸ਼ ਨੂੰ ਮਜ਼ਬੂਤ ਕਰਦੇ ਹਨ।



# ਮੇਲਾ ਮਾਘੀ 'ਤੇ ਸ੍ਰੀ ਮੁਕਤਸਰ ਸਾਹਿਬ ਤੋਂ ਵਿਸ਼ੇਸ਼ ਸਪਲੀਮੈਂਟ


40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**V.I.P CAR BAZAR**

Deals in: All Type of Cars Sale & Purchase on Commission Base

Note: Finance & Insurance on All Cars Also Available Here

RINKU BAJAJ
98153-63731, 98554-00816
rinkubajaj31@gmail.com
Lavish Bajaj, 98724-60816

Malout Road, Near Taj Palace, Sri Muktsar Sahib-152026 (PB.)

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਗੁਰੂ ਕ੍ਰਿਪਾ ਕਾਰ ਬਜ਼ਾਰ**

ਲੋਨ ਦੀ ਸੁਵਿਧਾ ਉਪਲੱਬਧ ਹੈ

ਇੱਥੇ ਹਰ ਤਰ੍ਹਾਂ ਦੀਆਂ ਕਾਰਾਂ ਜੀਪਾਂ ਦੇ ਸੌਦੇ ਕਮਿਸ਼ਨ ਬੇਸ ਤੇ ਕਰਵਾਏ ਜਾਂਦੇ ਹਨ

ਮਨਦੀਪ ਸਿੰਘ ਰਿਕੂ
97805-33077, 97790-12121

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

ਹੁਣ ਐਨਕਾਂ ਤੋਂ ਸਿਰਫ਼ 10 ਮਿੰਟਾਂ ਵਿੱਚ ਅਜ਼ਾਦੀ

ਅਤਿਆਧੁਨਿਕ ਲੈਸਿਕ ਲੇਜ਼ਰ ਦੁਆਰਾ

ਡਾ. ਯੁਵਰਾਜ ਮਾਰਕਨ
M.D. (Ophth.)
Phaco & Lasik Laser Surgeon

BATHINDA LASIK LASER CENTRE
ਮਾਰਕਨ ਅੱਖਾਂ ਦਾ ਹਸਪਤਾਲ, ਪਾਵਰ ਹਾਊਸ ਰੋਡ, ਬਠਿੰਡਾ

PATIALA EYE HOSPITAL
ਸ੍ਰੀ ਮੁਕਤਸਰ ਸਾਹਿਬ ਮੋਬਾਈਲ : 98159-63405

ਮਾਘੀ ਦੇ ਮੇਲੇ 'ਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ...

ਕੋਟਿਨ-ਕੋਟ ਪ੍ਰਣਾਮ

ਮਹੱਲਾ ਮਿਤੀ 15 ਜਨਵਰੀ 2026 ਦਿਨ ਵੀਰਵਾਰ ਨੂੰ 12 ਵਜੇ

ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਅਨੁਰਾਗ ਸ਼ਰਮਾ**
ਐਡਵੋਕੇਟ
ਸ੍ਰੀ ਮੁਕਤਸਰ ਸਾਹਿਬ

ਖਿਦਰਾਣਾ ਕਰਿ ਮੁਕਤਸਰ ਮੁਕਤ ਮੁਕਤ ਸਭ ਕੀਨ।
ਹੋਇ ਸਾਬਤ ਜੁਝੇ ਸਭੈ, ਬਡੇ ਸਾਹਸ ਲੀਨ।

(ਸ਼ਹੀਦਾਂ ਦੀ ਪਵਿੱਤਰ ਧਰਤੀ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਮਿਤੀ 13,14,15 ਜਨਵਰੀ 2026/30 ਪੋਹ, 1, 2 ਮਾਘ ਸੰਮਤ 557 ਮੁਤਾਬਿਕ ਮੰਗਲਵਾਰ, ਬੁੱਧਵਾਰ, ਵੀਰਵਾਰ

**ਸਲਾਨਾ ਸ਼ਹੀਦੀ ਜੋੜ-ਮੇਲਾ ਮਾਘੀ**

ਗੁਰੂ ਪੰਥ ਦੇ ਦਾਸ

ਸਮੂਹ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜ਼ਿਲਾ ਸ੍ਰੀ ਮੁਕਤਸਰ ਸਾਹਿਬ।
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ।
ਦਾਸ :- ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ | 84370-08006/80542-29298

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ
ਸਵ: ਸ. ਸਰਦੂਲ ਸਿੰਘ ਭੁੱਲਰ

ਮੈ ਸ਼ਮਿੰਦਰਪਾਲ ਸਿੰਘ ਸਟਾਫ਼ ਰਿਪੋਰਟਰ ਨੂੰ ਮੇਲਾ ਮਾਘੀ ਮੌਕੇ ਪੰਜਾਬ ਦੇ ਹਰਮਨ ਪਿਆਰੇ ਅਖ਼ਬਾਰ ਨਵਾਂ ਜ਼ਮਾਨਾ ਵਿਚ ਸਪਲੀਮੈਂਟ ਕੱਢਣ ਤੇ ਦਿਲੋਂ ਵਧਾਈ ਦਿੰਦੀ ਹਾਂ।
ਡਾ. ਜੋਰਾ ਸਿੰਘ
ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ ਗਰੁੱਪ

ਮੈ ਸ਼ਮਿੰਦਰਪਾਲ ਸਿੰਘ ਸਟਾਫ਼ ਰਿਪੋਰਟਰ ਨੂੰ ਮੇਲਾ ਮਾਘੀ ਮੌਕੇ ਪੰਜਾਬ ਦੇ ਹਰਮਨ ਪਿਆਰੇ ਅਖ਼ਬਾਰ ਨਵਾਂ ਜ਼ਮਾਨਾ ਵਿਚ ਸਪਲੀਮੈਂਟ ਕੱਢਣ ਤੇ ਦਿਲੋਂ ਵਧਾਈ ਦਿੰਦਾ ਹਾਂ।
ਵਰੁਣ ਸਹੋਤਾ
ਈ.ਓ. ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ

ਮੈ ਸ਼ਮਿੰਦਰਪਾਲ ਸਿੰਘ ਸਟਾਫ਼ ਰਿਪੋਰਟਰ ਨੂੰ ਮੇਲਾ ਮਾਘੀ ਮੌਕੇ ਪੰਜਾਬ ਦੇ ਹਰਮਨ ਪਿਆਰੇ ਅਖ਼ਬਾਰ ਨਵਾਂ ਜ਼ਮਾਨਾ ਵਿਚ ਸਪਲੀਮੈਂਟ ਕੱਢਣ ਤੇ ਦਿਲੋਂ ਵਧਾਈ ਦਿੰਦਾ ਹਾਂ।
ਬਿਜੇ ਸਿੰਘ
ਸਕੱਤਰ ਧਰਮ ਪ੍ਰਚਾਰ ਕਮੇਟੀ ਅੰਮ੍ਰਿਤਸਰ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਗੁਰਮੀਤ ਮੈਡੀਕਲ ਸਟੋਰ**

ਇਥੇ ਹਰ ਤਰ੍ਹਾਂ ਦੀਆਂ ਦੇਸੀ ਅਤੇ ਅੰਗਰੇਜ਼ੀ ਦਵਾਈਆਂ ਮਿਲਦੀਆਂ ਹਨ।

ਡਾ: ਗੁਰਮੀਤ ਸਿੰਘ ਸੰਧੂ
ਮੋ : 98553-20340
ਕੋਟਲੀ ਰੋਡ, ਨੇੜੇ ਹਨੂੰਮਾਨ ਦੀ ਮੂਰਤੀ, ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਸੰਧੂ ਮੈਡੀਕੋਜ਼**

ਇੱਥੇ ਅੰਗਰੇਜ਼ੀ, ਦੇਸੀ ਅਤੇ ਪਸ਼ੂਆਂ ਦੀਆਂ ਦਵਾਈਆਂ ਮਿਲਦੀਆਂ ਹਨ

ਡਾ ਅਮਰੀਕ ਸੰਧੂ
98768-52305
ਜਲਾਲਾਬਾਦ ਰੋਡ, (ਨੇੜੇ ਸ਼ਿਵ ਸ਼ਕਤੀ ਹਾਲ) ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

ਵਲੋਂ :-

**ਸ਼ਰਮਾ ਕਾਟਨ ਫੈਕਟਰੀ,**
ਬੂੜਾ ਗੁੱਜਰ ਰੋਡ, ਸ੍ਰੀ ਮੁਕਤਸਰ ਸਾਹਿਬ

40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ

**ਭਾਰੀ ਅਕਾਲੀ ਕਾਨਫਰੰਸ**

ਬੁੱਧਵਾਰ, 14 ਜਨਵਰੀ 2026, ਸਵੇਰੇ 10:00 ਵਜੇ

ਸਥਾਨ: ਮਲੋਟ ਰੋਡ ਬਾਈਪਾਸ, ਸ੍ਰੀ ਮੁਕਤਸਰ ਸਾਹਿਬ।

ਕੰਵਰਜੀਤ ਸਿੰਘ ਬਰਕੰਦੀ

**PK JEWELLERS**
SIGN of PURITY & TRUST

ਲੋਹੜੀ ਅਤੇ ਮੇਲਾ ਮਾਘੀ ਦੀ ਲੱਖ-ਲੱਖ ਵਧਾਈ ਹੋਵੇ।

645, BANK ROAD, SHRI MUKTSAR SAHIB (PUNJAB)
+91-9872700015, +91-1633-500990, 501990

**ਧੰਨਵਾਦ**

ਸ਼ਮਿੰਦਰਪਾਲ ਸਿੰਘ ,ਸਟਾਫ਼ ਰਿਪੋਰਟਰ,
ਸ੍ਰੀ ਮੁਕਤਸਰ ਸਾਹਿਬ ,
70090-13100,
90412-31316
email-shaminderpal009@gmail.com
ਪੂਜਾ ਪ੍ਰੈਸ ਫੋਟੋਗ੍ਰਾਫਰ , ਨਵਾਂ ਜ਼ਮਾਨਾ
70096-05872

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**PREMIERE GREENS**
SRI MUKTSAR SAHIB

Prime Residential Plots
Wide Roads
Pollution-Free Environment
Secure Gated Community

BOOK NOW

ਆਗਾਜ਼ ਖ਼ੁਸ਼ਹਾਲ ਪੰਜਾਬ ਦਾ

ਭਾਰਤੀ ਜਨਤਾ ਪਾਰਟੀ

**ਮਾਘੀ ਕਾਨਫਰੰਸ**
ਸ੍ਰੀ ਮੁਕਤਸਰ ਸਾਹਿਬ

ਬੁੱਧਵਾਰ, 14 ਜਨਵਰੀ 2026, ਸਵੇਰੇ 10:00 ਵਜੇ
ਸਤਿਅਮ ਪੈਲੇਸ ਦੀ ਗਰਾਊਂਡ, ਮਲੋਟ ਰੋਡ, ਮੁਕਤਸਰ ਵਿਖੇ ਹੋਵੇਗੀ

ਭਾਜਪਾ ਜ਼ਿਆਖ਼, ਪੰਜਾਬ ਬਰਾਂਚ
ਭਾਰਤ ਭੂਸ਼ਨ ਬਿੰਟਾ

40 ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਮੇਲਾ ਮਾਘੀ 'ਤੇ ਆਈਆਂ ਸਮੂਹ ਸੰਗਤਾਂ ਨੂੰ ਜੀ ਆਇਆਂ

**ਭਾਰੀ ਅਕਾਲੀ ਕਾਨਫਰੰਸ**
14-01-2026

ਦਿਨ ਬੁੱਧਵਾਰ ਸਮਾਂ ਸਵੇਰੇ 10:00 ਵਜੇ
ਸਥਾਨ: ਮਲੋਟ ਰੋਡ ਬਾਈਪਾਸ, ਸ੍ਰੀ ਮੁਕਤਸਰ ਸਾਹਿਬ

ਖੁੱਲ ਗਿਆ ਹੈ ਇੱਕੋ-ਇੱਕ ਮਲਟੀਬਰਾਂਡ ਸਾਈਕਲਾਂ ਦਾ ਨਵਾਂ ਸ਼ੋ-ਰੂਮ, ਸ੍ਰੀ ਮੁਕਤਸਰ

ਜਿੱਥੇ ਤੁਹਾਨੂੰ ਹਰ ਕੰਪਨੀ ਦੇ ਸਾਈਕਲ ਹਰ ਵੇਲੇ ਤਿਆਰ ਮਿਲਦੇ ਹਨ।

**RIDER'S CHOICE BICYCLES**
Deals in: Bicycles & Kids Products Sales & Repair
RALEIGH & SUNCROSS Bikes

ਖਰੀਦੋ, ਵੇਚੋ ਅਤੇ ਬਦਲੋ

ਸੇਲਜ਼ ਅਤੇ ਰਿਪੇਅਰ

Old Ajit Cinema Market, Bathinda Road, Sri Muktsar Sahib (Pb.) 152026

Contact for more information: 97791-07990

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਊਸ਼ਾ ਬਾਂਸਲ ਨਰਸਿੰਗ ਹੋਮ**
24/7 Emergency

ਦੂਰਬੀਨ/ਲੇਜ਼ਰ ਨਾਲ ਆਪ੍ਰੇਸ਼ਨ

ਡਾ. ਮੁਕੇਸ਼ ਬਾਂਸਲ | ਡਾ. ਦੀਪਿਕਾ ਬਾਂਸਲ | ਡਾ. ਰਾਣਾ ਚਾਵਲਾ | ਡਾ. ਦੀਪਾਂਸ਼ੂ ਬੱਬਰ

ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ 98533-09000, 98533-04000

**Bharatgas**
**NAYARA ENERGY**

ਮੁਕਤਸਰ ਗੈਸ ਸੈਂਟਰ,
ਸੱਚਦੇਵਾ ਫਿਊਲ ਸੈਂਟਰ
ਅਤੇ
ਹਰਜਸ ਭਾਰਤ ਗੈਸ ਗ੍ਰਾਮੀਣ ਵਿਤਰਕ
(ਹਰੀ ਕੇ ਕਲਾਂ)

ਵਿਜੈ ਸਚਦੇਵਾ, ਰਾਹੁਲ ਸਚਦੇਵਾ

98140-03909, 99141-17909

ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ-ਕੋਟਿ ਪ੍ਰਣਾਮ

**ਗੁਰੂ ਨਾਨਕ ਕਾਲਜ, ਸ੍ਰੀ ਮੁਕਤਸਰ ਸਾਹਿਬ**

30 ਤੋਂ ਵੱਧ ਵਿਸ਼ਿਆਂ ਵਿੱਚ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਪੱਧਰ ਦੇ ਕੋਰਸ

ਗੁਰੂ ਨਾਨਕ ਕਾਲਜੀਏਟ ਸੀਨੀ. ਸੈਕੰ. ਸਕੂਲ

90569-35996

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਬਲਕਾਰ ਸਿੰਘ**
ਸੈਕਟਰੀ ਮਾਰਕਿਟ ਕਮੇਟੀ
ਸ੍ਰੀ ਮੁਕਤਸਰ ਸਾਹਿਬ

**DBU Desh Bhagat University**
NAAC GRADE A+

**ADMISSIONS OPEN**

LEADING INDUSTRY DRIVEN & RESEARCH INTENSIVE UNIVERSITY
200 PROGRAMMES LEADING TO DIPLOMA, U.G., P.G. & PhD

Desh Bhagat Global School
Come, Learn, Grow, Serve

INTERNATIONAL CERTIFIED EDUCATION IN ASSOCIATION WITH BLE, ESOL

IT CAMPUS, DBU
NURSING
D.PHARMACY

81465-88888, 98556-04100, 98760-20714, 81950-77779

With Best Compliments From

**SATIA INDUSTRIES LTD.**

Manufacturer of Quality Writing & Printing Paper
(An ISO 9001, 14001 & 45001 Company)
Regd. Office & Works
Vill. Rupana, Muktsar-Malout Road, Sri Muktsar Sahib,
Ph 01633-262215, 262001, E-Mail-satiapaper@satiagroup.com

ਮੇਲਾ ਮਾਘੀ ਮੌਕੇ ਪਹੁੰਚੀਆਂ ਸਮੂਹ ਸੰਗਤਾਂ ਨੂੰ ਜੀ ਆਇਆਂ

ਭਾਜਪਾ ਜ਼ਿਆਖ਼, ਪੰਜਾਬ ਬਰਾਂਚ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਰਾਧੇ ਕ੍ਰਿਸ਼ਨਾ ਕਲਾਥ ਹਾਊਸ**

ਬਿੱਟੂ ਦੀ ਕੱਪੜੇ ਦੀ ਥੋਕ ਰੇਟ ਦੀ ਹੱਟੀ

ਇਥੇ ਦਾਜ-ਵਰੀ ਦੇ ਸੂਟ, ਮੁਕਤਸਰੀ ਕੁੜਤਾ ਪਜਾਮਾ, ਫੈਂਸੀ ਸੂਟ, ਪੱਗਾਂ, ਦੁਪੱਟੇ ਆਦਿ ਮਿਲਦੇ ਹਨ।

ਬਿੱਟੂ ਧੂੜੀਆ 98554-99563, ਸਿਰਵ ਧੂੜੀਆ 90411-11506

Congratulation for the core of our heart

BHAI MASTAN SINGH INTERNATIONAL Educational & Charitable Society (Regd.)
Institutions run by the society

**BHAI MASTAN SINGH PUBLIC SCHOOL**
Sri Muktsar Sahib- 152026 (Pb)
Affiliation No. 1630266 | School Code: 20259 | CBSE, New Delhi
Ph.01633-502422,502008,95016-65270

**BHAI MASTAN SINGH PUBLIC SCHOOL**
Pakka Kallan (Bathinda)
Affiliation No. 1631571 | School Code: 23804 | CBSE, New Delhi
Ph. 01655-246300,246200,98555-01668

Mahant Kashmir Singh Ji
Founder & Chairman

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

ਮੁਕਤਸਰ ਜ਼ਿਲ੍ਹੇ ਦੀ ਪਹਿਲੀ ਸਰਕਾਰੀ ਮੈਡੀਕਲ ਤੇ ਰੋਜ਼ਗਾਰ ਦੀ ਨੰ: 1 ਸੰਸਥਾ

**ਗੁਰੂ ਰਾਮਦਾਸ ਮਾਲਵਾ ਕਾਲਜ**

**ਦਾਖਲਾ ਸ਼ੁਰੂ**

ਸਰਕਾਰੀ ਮਾਨਤਾ ਪ੍ਰਾਪਤ ਮੈਡੀਕਲ ਕੋਰਸ

B.Sc. (MLS) | B.Sc. (OT) & (AT) | B.Sc. (RIT)
B.Sc. MLS (LEET) | B.Sc. OT & AT (LEET) | B.Sc. RIT (LEET)

ਸਰਕਾਰੀ ਮਾਨਤਾ ਪ੍ਰਾਪਤ ਕੋਰਸ | ਸਰਕਾਰੀ ਮਾਨਤਾ ਪ੍ਰਾਪਤ ਗ੍ਰੈਜੂਏਸ਼ਨ ਕੋਰਸ

CMLT | B.A. | B.Com

100% ਨਤੀਜੇ
100% ਰੋਜ਼ਗਾਰ

ਮੁਕਤਸਰ-ਬਠਿੰਡਾ ਰੋਡ, ਪਿੰਡ ਭੁੱਟਰ ਸ਼ਰੀਫ (ਸ੍ਰੀ ਮੁਕਤਸਰ ਸਾਹਿਬ)-152026 (ਪੰਜਾਬ)
Call/SMS/Whatsapp 78376-03434, 78377-03434

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

ਸ੍ਰੀ ਮੁਕਤਸਰ ਸਾਹਿਬ ਦੇ ਪਹਿਲੇ ਦਿਲ ਦੇ ਰੋਗਾਂ ਦੇ ਸੁਪਰਸਪੈਸ਼ਲਿਸਟ

ਡਾ. ਗੌਰਵ ਸਿਸੋਦੀਆ
84270-09544

ECHS, CGHS, BSF, CRPF, Ayushman Bharat ...

ਮੁਫ਼ਤ ਇਲਾਜ

Bhawar Singh Janu 97817-11101

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਵਿਨੋਦ ਛਾਬੜਾ**
ਨਵੀਂ ਦਾਣਾ ਮੰਡੀ, ਸ੍ਰੀ ਮੁਕਤਸਰ ਸਾਹਿਬ

**LORAS HOTEL**
Fully AC ROOMS

STAY HERE-BELIVE US-WE ARE THE BEST IN THE HOTEL INDUSTRY

99154-80806
lorashotel
loras9551@gmail.com
Malout - Bathinda By Pass Road, St No.7, Green Avenue, Sri Muktsar Sahib

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**J.D. College of Education**
Bathinda Road, Sri Muktsar Sahib

B.Ed (Affiliated to Panjab University) | D.El.Ed (Affiliated to SCERT, PUNJAB)

**J.D Institute of MGT & TECH.**
BCA/ PGDCA (Affiliated to MRSPTU, Bathinda)

For Information, Contact: 80549-23001

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

**ਸੁੱਖ ਮਨੋਰੋਗ ਅਤੇ ਨਸ਼ਾ ਛੁਡਾਊ ਹਸਪਤਾਲ**

ਪੰਜਾਬ ਸਰਕਾਰ ਤੋਂ ਮਨਜ਼ੂਰਸ਼ੁਦਾ

ਨਸ਼ੇ ਦੀ ਲੱਤ, (ਅਫੀਮ, ਡੋਡੇ, ਪੋਸਤ, ਗਾਂਜਾ, ਚਿੱਟਾ, ਸ਼ਰਾਬ)
ਹਰ ਪ੍ਰਕਾਰ ਦੇ ਮਾਨਸਿਕ ਰੋਗਾਂ ਦਾ ਇਲਾਜ

ਸਮਾਂ: ਸਵੇਰੇ 9 ਵਜੇ ਤੋਂ ਸ਼ਾਮ 6 ਵਜੇ ਤੱਕ,
ਐਤਵਾਰ: ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ

ਮਲੋਟ ਰੋਡ, ਨੇੜੇ ਬੱਸ ਸਟੈਂਡ, ਆਈ.ਟੀ.ਆਈ ਵਾਲੀ ਗਲੀ, ਸ੍ਰੀ ਮੁਕਤਸਰ ਸਾਹਿਬ

ਚਾਲੀ ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ

**ਨਿਊ ਸਦਿਉੜਾ ਜਿਊਲਰਜ਼**

ਇਥੇ ਸੋਨਾ-ਚਾਂਦੀ, KDM ਦੇ ਗਹਿਣੇ ਮਿਲਦੇ ਹਨ ਅਤੇ ਆਰਡਰ 'ਤੇ ਤਿਆਰ ਕੀਤੇ ਜਾਂਦੇ ਹਨ।

ਮੋਬਾ: 78378-00032, 90569-00032, 99887-50632

ਨੇੜੇ ਥਾਣਾ ਸਿਟੀ, ਰੇਲਵੇ ਰੋਡ, ਸ੍ਰੀ ਮੁਕਤਸਰ ਸਾਹਿਬ

ਚਾਲੀ ਮੁਕਤਿਆਂ ਦੀ ਲਾਸਾਨੀ ਸ਼ਹਾਦਤ ਨੂੰ

**ਕੋਟਨਿ-ਕੋਟਿ ਪ੍ਰਣਾਮ**

ਮੇਲਾ ਮਾਘੀ 'ਤੇ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ

**ਨਿੱਘਾ ਸਵਾਗਤ**

ਵੱਲੋਂ: ਸਤਿਗੁਰੂ ਦਰਬਾਰ ਵਾਲੇ

40 ਮੁਕਤਿਆਂ ਦੀ ਸ਼ਹਾਦਤ ਨੂੰ ਕੋਟਿਨ ਕੋਟਿ ਪ੍ਰਣਾਮ

ਇੱਥੇ ਹਰ ਤਰ੍ਹਾਂ ਦੇ ਲੋਨ ਕਰਵਾਏ ਜਾਂਦੇ ਹਨ। ਜਿਵੇਂ ਕਿ ਹੋਮ ਲੋਨ, ਪਰਸਨਲ ਲੋਨ, ਪਰਚੇਜ਼ ਹਾਊਸ ਲੋਨ, ਲਿਮਟ, ਕਾਰ ਲੋਨ, ਐਜੂਕੇਸ਼ਨ ਲੋਨ ਅਤੇ ਹੋਰ ਕਈ ਤਰ੍ਹਾਂ ਦੇ ਲੋਨ ਕਰਵਾਏ ਜਾਂਦੇ ਹਨ। ਬਹੁਤ ਘੱਟ ਵਿਆਜ ਦਰ ਤੇ ਕਰਵਾਏ ਜਾਂਦੇ ਹਨ।

Please Contact for any query
9814111175 Sanjeev Kumar

**VEE GEE FOODS**
Jalalabad Road, Opp. Reliance Pump
Sri Muktsar Sahib - 152026
Mob.: 98147-00869, 70096-89236